@Qpatrika @qaumipatrika punjabi instagram.com/qaumipatrika

Largest Circulated

विश्व भर में सबसे ज्यादा पढ़ा जाने वाला

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 13 June 2025

# ਕੌਮੀ ਪਤ੍ਰਿਕਾ

VISIT: www.qaumipatrika.org
Email: qpatrika@gmail.com

National

ਨਵੀਂ ਦਿੱਲੀ: ਸ਼ੁੱਕਰਵਾਰ 13 ਜੂਨ 2025, 30 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 213, qpatrika@gmail.com ਫੋਨ : 9971359517 www.qaumipatrika.org



# ਜਹਾਜ਼ ਹਾਦਸਾ: 'ਦਿਲ ਦਹਿਲਾ ਦੇਣ ਵਾਲੇ ਹਾਦਸੇ ਨੂੰ ਸ਼ਬਦਾਂ 'ਚ ਬਿਆਨ ਕਰਨਾ ਮੁਸ਼ਕਲ': ਪ੍ਰਧਾਨ ਮੰਤਰੀ ਮੋਦੀ

ਕੌਮੀ ਪਤ੍ਰਿਕਾ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ ਨਵੀਂ ਦਿੱਲੀ, 12 ਜੂਨ: ਅਹਿਮਦਾਬਾਦ ਤੋਂ ਲੰਡਨ ਜਾਣ ਵਾਲੇ ਜਹਾਜ਼ 19171 ਅੱਜ ਉਡਾਣ ਭਰਨ ਦੇ ਕੁਝ ਪਲ ਮਗਰੋਂ ਹਾਦਸੇ ਦਾ ਸ਼ਿਕਾਰ ਹੋ ਗਿਆ। ਜਹਾਜ਼ ਵਿਚ 242 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਸਵਾਰ ਸਨ। 169 ਭਾਰਤੀ ਨਾਗਰਿਕ, 53 ਬ੍ਰਿਟਿਸ਼ ਨਾਗਰਿਕ, 1 ਕੈਨੇਡੀਅਨ ਨਾਗਰਿਕ ਅਤੇ 7 ਪੁਰਤਗਾਲੀ ਨਾਗਰਿਕ ਸਵਾਰ ਸਨ। ਜਹਾਜ਼ ਵਿਚ 217 ਬਾਲਗ, 11 ਬੱਚੇ ਅਤੇ 2 ਨਵਜਨਮੇ ਬੱਚੇ ਸ਼ਾਮਲ ਸਨ। ਇਸ ਦਰਮਿਆਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੀ ਹਮਦਰਦੀ ਜ਼ਾਹਰ ਕੀਤੀ ਹੈ। ਪ੍ਰਧਾਨ ਮੰਤਰੀ ਮੋਦੀ ਨੇ ਟਵੀਟ ਕੀਤਾ ਕਿ ਅਹਿਮਦਾਬਾਦ 'ਚ ਹੋਈ ਤ੍ਰਾਸਦੀ ਨੇ ਸਾਨੂੰ ਹੈਰਾਨ ਅਤੇ ਦੁਖੀ ਕਰ ਦਿੱਤਾ। ਇਹ ਸ਼ਬਦਾਂ ਤੋਂ ਪਰ੍ਹੇ ਦਿਲ ਦਹਿਲਾ ਦੇਣ ਵਾਲੀ ਘਟਨਾ ਹੈ। ਇਸ ਦੁੱਖ ਦੀ ਘੜੀ ਵਿਚ ਮੇਰੀ ਹਮਦਰਦੀ ਇਸ ਤੋਂ ਪ੍ਰਭਾਵਿਤ ਸਾਰੇ ਲੋਕਾਂ ਨਾਲ ਹੈ। ਮੈਂ ਮੰਤਰੀਆਂ ਅਤੇ ਅਧਿਕਾਰੀਆਂ ਦੇ ਸੰਪਰਕ ਵਿਚ ਹਾਂ, ਜੋ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਕੰਮ ਕਰ ਰਹੇ ਹਨ। ਦੱਸ ਦੇਈਏ ਕਿ ਇਸ ਜਹਾਜ਼ ਹਾਦਸੇ ਮਗਰੋਂ ਏਅਰ ਇੰਡੀਆ ਦਾ ਬਿਆਨ ਸਾਹਮਣੇ ਆਇਆ ਹੈ। ਏਅਰ ਏਅਰ ਇੰਡੀਆ ਨੇ ਪੁਸ਼ਟੀ ਕੀਤੀ ਹੈ ਕਿ ਅਹਿਮਦਾਬਾਦ ਤੋਂ ਲੰਡਨ ਜਾਣ ਵਾਲੀ ਫਲਾਈਟ 19171 ਅੱਜ ਉਡਾਣ ਭਰਨ ਤੋਂ ਬਾਅਦ ਹਾਦਸੇ ਦਾ ਸ਼ਿਕਾਰ ਹੋ ਗਈ। ਜਹਾਜ਼ ਵਿਚ 242 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਸਵਾਰ ਸਨ। ਏਅਰ ਇੰਡੀਆ ਮੁਤਾਬਕ ਜਹਾਜ਼ ਵਿਚ 169 ਭਾਰਤੀ ਨਾਗਰਿਕ, 53 ਬ੍ਰਿਟਿਸ਼ ਨਾਗਰਿਕ, 1 ਕੈਨੇਡੀਅਨ ਨਾਗਰਿਕ ਅਤੇ 7 ਪੁਰਤਗਾਲੀ ਨਾਗਰਿਕ ਹਨ। ਜਹਾਜ਼ ਵਿਚ 217 ਬਾਲਗ, 11 ਬੱਚੇ ਅਤੇ 2 ਨਵਜਨਮੇ ਬੱਚੇ ਸ਼ਾਮਲ ਸਨ। ਏਅਰ ਇੰਡੀਆ ਮੁਤਾਬਕ ਅਸੀਂ ਵਧੇਰੇ ਜਾਣਕਾਰੀ ਪ੍ਰਦਾਨ ਕਰਨ ਲਈ ਇਕ ਯਾਤਰੀ ਹੌਟਲਾਈਨ ਨੰਬਰ 1800 5691 444 ਵੀ ਸਥਾਪਤ ਕੀਤਾ ਹੈ। ਏਅਰ ਇੰਡੀਆ ਇਸ ਘਟਨਾ ਦੀ ਜਾਂਚ ਕਰ ਰਹੇ ਅਧਿਕਾਰੀਆਂ ਨੂੰ ਆਪਣਾ ਪੂਰਾ ਸਹਿਯੋਗ ਦੇ ਰਹੀ ਹੈ। ਅਹਿਮਦਾਬਾਦ ਜਹਾਜ਼ ਹਾਦਸੇ 'ਤੇ ਟਾਟਾ ਗਰੁੱਪ ਨੇ ਵੱਡਾ ਐਲਾਨ ਕੀਤਾ ਹੈ। ਟਾਟਾ ਗਰੁੱਪ ਨੇ ਐਲਾਨ ਕੀਤਾ ਹੈ ਕਿ ਹਾਦਸੇ ਵਿੱਚ ਜਾਨ ਗਵਾਉਣ ਵਾਲੇ ਹਰੇਕ ਵਿਅਕਤੀ ਦੇ ਪਰਿਵਾਰ ਨੂੰ 1 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਤੁਹਾਨੂੰ ਦੱਸ ਦੇਈਏ ਕਿ ਏਅਰ ਇੰਡੀਆ ਟਾਟਾ ਗਰੁੱਪ ਦੀ ਮਲਕੀਅਤ ਹੈ। ਟਾਟਾ ਸੰਨਜ਼ ਦੇ ਚੇਅਰਮੈਨ



ਐਨ. ਚੰਦਰਸ਼ੇਖਰਨ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ, ਇਸ ਮੁਸ਼ਕਲ ਸਮੇਂ ਵਿੱਚ ਸ਼ਬਦਾਂ ਦੀ ਘਾਟ ਹੈ। ਸਾਡੀ ਸੰਵੇਦਨਾ ਉਨ੍ਹਾਂ ਪਰਿਵਾਰਾਂ ਨਾਲ ਹੈ ਜਿਨ੍ਹਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ ਅਤੇ ਉਨ੍ਹਾਂ ਲੋਕਾਂ ਨਾਲ ਵੀ ਜੋ ਜ਼ਖਮੀ ਹੋਏ ਹਨ। ਟਾਟਾ ਗਰੁੱਪ ਨੇ ਐਲਾਨ ਕੀਤਾ ਹੈ ਕਿ ਹਾਦਸੇ ਵਿੱਚ ਜਾਨ ਗਵਾਉਣ ਵਾਲੇ ਹਰੇਕ ਵਿਅਕਤੀ ਦੇ ਪਰਿਵਾਰ ਨੂੰ 1 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਟਾਟਾ ਗਰੁੱਪ ਜ਼ਖਮੀ ਯਾਤਰੀਆਂ ਦੇ ਇਲਾਜ ਦਾ ਸਾਰਾ ਖਰਚਾ ਵੀ ਚੁੱਕੇਗਾ ਅਤੇ ਉਨ੍ਹਾਂ ਨੂੰ ਹਰ ਜ਼ਰੂਰੀ ਡਾਕਟਰੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਟਾਟਾ ਗਰੁੱਪ ਅਹਿਮਦਾਬਾਦ ਵਿੱਚ ਬੀਜੇ ਮੈਡੀਕਲ ਕਾਲਜ ਦੇ ਹੋਸਟਲ ਦੇ ਮੁੜ ਨਿਰਮਾਣ ਵਿੱਚ ਵੀ ਮਦਦ ਕਰੇਗਾ। ਕੰਪਨੀ ਨੇ ਇਹ ਵੀ ਕਿਹਾ ਹੈ ਕਿ ਉਹ ਇਸ ਮੁਸ਼ਕਲ ਸਮੇਂ ਵਿੱਚ ਪ੍ਰਭਾਵਿਤ ਪਰਿਵਾਰਾਂ ਅਤੇ ਭਾਈਚਾਰਿਆਂ ਦੇ ਨਾਲ ਮਜ਼ਬੂਤੀ ਨਾਲ ਖੜ੍ਹਾ ਹੈ। ਗੁਜਰਾਤ ਦੇ ਅਹਿਮਦਾਬਾਦ 'ਚ ਵੀਰਵਾਰ ਦੇ ਦਿਨ ਇਕ ਦਰਦਨਾਕ ਹਾਦਸਾ ਵਾਪਰ ਗਿਆ। ਦਰਅਸਲ ਏਅਰ ਇੰਡੀਆ ਦੀ ਫਲਾਈਟ 19 171 ਟੇਕ ਆਫ ਦੇ ਤੁਰੰਤ ਬਾਅਦ ਅਚਾਨਕ ਮੈਡੀਕਲ ਕਾਲਜ ਨਾਲ ਟਕਰਾ ਗਿਆ। ਜਿਸ ਕਾਰਨ ਜਹਾਜ਼ ਨੂੰ ਅੱਗ ਲੱਗ ਗਈ। ਇਹ ਜਹਾਜ਼ ਅਹਿਮਦਾਬਾਦ ਤੋਂ ਲੰਡਨ ਲਈ ਰਵਾਨਾ ਹੋਇਆ ਸੀ। ਜਹਾਜ਼ ਵਿਚ ਕੁੱਲ 242 ਯਾਤਰੀ ਸਵਾਰ ਸਨ। ਇਸ ਦਰਮਿਆਨ ਗੁਜਰਾਤ ਦੇ ਅਹਿਮਦਾਬਾਦ ਪੁਲਸ ਕਮਿਸ਼ਨਰ ਨੇ ਜਹਾਜ਼ ਹਾਦਸੇ ਨੂੰ ਲੈ ਕੇ ਵੱਡੀ ਜਾਣਕਾਰੀ ਦਿੱਤੀ ਹੈ। ਅਹਿਮਦਾਬਾਦ ਪੁਲਸ ਕਮਿਸ਼ਨਰ ਜੀ. ਐੱਸ. ਮਲਿਕ ਨੇ ਕਿਹਾ ਕਿ ਇਹ ਹਾਦਸਾ ਬਹੁਤ ਹੀ ਭਿਆਨਕ ਸੀ। ਟੇਕ ਆਫ਼ ਕਰਨ ਦੇ ਕੁਝ ਮਿੰਟਾਂ ਬਾਅਦ ਹੀ ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਿਆ। ਜਿਸ ਵਿਚ ਹੁਣ ਤੱਕ 133 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿਚ ਲੋਕ ਗੰਭੀਰ ਜ਼ਖਮੀ ਹੋਏ ਹਨ। ਜ਼ਖ਼ਮੀਆਂ ਨੂੰ ਹਸਪਤਾਲ ਲਿਜਾਇਆ ਗਿਆ ਪਰ ਉਨ੍ਹਾਂ ਦੀ ਹਾਲਤ ਬਹੁਤ ਹੀ ਗੰਭੀਰ ਸੀ ਅਤੇ ਉਨ੍ਹਾਂ ਨੂੰ ਬਚਾਅ ਸਕਣਾ ਮੁਸ਼ਕਲ ਸਾਬਤ ਹੋ ਰਿਹਾ ਹੈ। ਕਿਸੇ ਦੇ ਵੀ ਬਚਣ ਦੀ ਉਮੀਦ ਨਹੀਂ ਹੈ। ਕਮਿਸ਼ਨਰ ਮਲਿਕ ਨੇ ਦੱਸਿਆ ਕਿ ਬਚਾਅ ਕਾਰਜ ਜਾਰੀ ਹੈ ਪਰ ਮਲਬੇ ਅਤੇ ਅੱਗ ਦੀ ਸਥਿਤੀ ਨੂੰ ਵੇਖਦੇ ਹੋਏ ਹਾਲਾਤ ਬੇਹੱਦ ਚੁਣੌਤੀਪੂਰਨ ਬਣੇ ਹੋਏ ਹਨ। ਅਹਿਮਦਾਬਾਦ ਵਿਚ ਵੀਰਵਾਰ ਦੁਪਹਿਰ ਨੂੰ ਇਕ ਵੱਡਾ ਜਹਾਜ਼ ਹਾਦਸਾ ਵਾਪਰਿਆ। ਇਸ ਹਾਦਸੇ ਨੇ 37 ਸਾਲ ਪਹਿਲਾਂ ਹੋਏ ਇਕ ਜਹਾਜ਼ ਹਾਦਸੇ ਦੀਆਂ ਯਾਦਾਂ ਤਾਜ਼ਾ ਕਰ ਦਿੱਤੀਆਂ। ਇਸ ਹਾਦਸੇ ਵਿਚ ਇਕ ਬੋਇੰਗ 737-200 ਜਹਾਜ਼ ਘੱਟ ਵਿਜ਼ੀਬਿਲਿਟੀ ਕਾਰਨ ਹਾਦਸਾਗ੍ਰਸਤ ਹੋ ਗਿਆ ਸੀ। ਇਸ ਹਾਦਸੇ ਵਿਚ ਜਹਾਜ਼ ਨੋਬਲ ਨਗਰ ਵਿਚ ਇਕ ਖੇਤ ਵਿਚ ਡਿੱਗ ਗਿਆ।

Contd.....Page-3

## ਦਿੱਲੀ ਸਰਕਾਰ ਹੜ੍ਹ ਵਰਗੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ: ਸੀਐਮ ਗੁਪਤਾ

ਕੌਮੀ ਪਤ੍ਰਿਕਾ

ਨਵੀਂ ਦਿੱਲੀ: ਦਿੱਲੀ ਸਰਕਾਰ ਨੇ ਬੁੱਧਵਾਰ ਨੂੰ ਇੱਕ 'ਹੜ੍ਹ ਕੰਟਰੋਲ ਆਰਡਰ' ਜਾਰੀ ਕੀਤਾ ਜਿਸ ਵਿੱਚ ਵਿਭਾਗਾਂ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਕਿਸੇ ਵੀ ਹੜ੍ਹ ਵਰਗੀ ਸਥਿਤੀ ਲਈ ਤਿਆਰ ਰਹਿਣ ਦਾ ਨਿਰਦੇਸ਼ ਦਿੱਤਾ ਗਿਆ। ਮੁੱਖ ਮੰਤਰੀ ਰੇਖਾ ਗੁਪਤਾ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਅਜਿਹੀ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹੈ। ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਗੁਪਤਾ ਨੇ ਬੁੱਧਵਾਰ ਨੂੰ ਸਕੱਤਰੇਤ ਵਿਖੇ ਹੜ੍ਹ ਕੰਟਰੋਲ ਬਾਰੇ ਸਿਖਰਲੀ ਕਮੇਟੀ ਦੀ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ




ਮਾਨਸੂਨ ਸੀਜ਼ਨ ਤੋਂ ਪਹਿਲਾਂ ਸ਼ਹਿਰ ਦੀ ਤਿਆਰੀ ਦੀ ਸਮੀਖਿਆ ਕੀਤੀ ਗਈ ਅਤੇ ਹੜ੍ਹ ਕੰਟਰੋਲ ਆਰਡਰ 2025 ਜਾਰੀ ਕੀਤਾ ਗਿਆ, ਜੋ ਕਿ ਸਾਰੇ ਵਿਭਾਗਾਂ ਲਈ ਇੱਕ ਮੈਨੂਅਲ ਜਾਂ ਗਾਈਡਬੁੱਕ ਵਜੋਂ ਕੰਮ ਕਰਦਾ ਹੈ। ਦਸਤਾਵੇਜ਼ ਵਿੱਚ ਹਰੇਕ ਵਿਭਾਗ ਦੀਆਂ ਜ਼ਿੰਮੇਵਾਰੀਆਂ, ਐਮਰਜੈਂਸੀ ਸੰਪਰਕ ਬਿੰਦੂਆਂ ਅਤੇ ਆਫ਼ਤ ਪ੍ਰਬੰਧਨ ਪ੍ਰੋਟੋਕੋਲ ਦੇ ਵੇਰਵੇ ਹਨ। ਮੀਟਿੰਗ ਤੋਂ ਬਾਅਦ, ਗੁਪਤਾ ਨੇ ਕਿਹਾ ਕਿ ਹਰ ਸਾਲ, ਦਿੱਲੀ ਵਾਸੀ ਹੜ੍ਹਾਂ ਅਤੇ ਪਾਣੀ ਭਰਨ ਕਾਰਨ ਦੁਖੀ ਹੁੰਦੇ ਹਨ। ਉਨ੍ਹਾਂ ਯਾਦ ਕੀਤਾ ਕਿ ਕਿਵੇਂ ਅਗਸਤ-ਸਤੰਬਰ 2023 ਵਿੱਚ, ਦਿੱਲੀ ਵਿੱਚ ਇੱਕ ਬੇਮਿਸਾਲ ਹੜ੍ਹ ਆਇਆ ਸੀ ਜਦੋਂ ਯਮੁਨਾ ਨਦੀ 208.6 ਮੀਟਰ ਤੱਕ ਵੱਧ ਗਈ ਸੀ, ਜਿਸ ਨਾਲ ਬਹੁਤ ਸਾਰੇ ਰਿਹਾਇਸ਼ੀ ਖੇਤਰ ਡੁੱਬ ਗਏ ਸਨ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਨੋਡਲ ਅਫਸਰ ਤਾਇਨਾਤ ਕੀਤੇ ਗਏ ਹਨ ਅਤੇ ਮੁੱਖ ਨਾਲਿਆਂ ਨੂੰ ਮਿੱਟੀ ਤੋਂ ਮੁਕਤ ਕੀਤਾ ਜਾ ਰਿਹਾ ਹੈ, ਬਿਆਨ ਵਿੱਚ ਕਿਹਾ ਗਿਆ ਹੈ। ਗੁਪਤਾ ਨੇ ਦਾਅਵਾ ਕੀਤਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਹੜ੍ਹ ਕੰਟਰੋਲ ਨੂੰ ਗੰਭੀਰਤਾ ਨਾਲ ਨਹੀਂ ਲਿਆ ਅਤੇ ਦੱਸਿਆ ਕਿ ਕਿਵੇਂ 2023 ਵਿੱਚ, ਬੈਰਾਜ ਦੇ ਗੇਟ ਵੀ ਨਹੀਂ ਖੋਲ੍ਹੇ ਜਾ ਸਕੇ।

# ਨਾਇਬ ਸਿੰਘ ਸੈਣੀ ਦੇ ਰਾਜ ਵਿਚ ਚੜ੍ਹਦਾ ਹਰਿਆਣਾ

ਕੌਮੀ ਪਤ੍ਰਿਕਾ

ਚੰਡੀਗੜ੍ਹ, 12 ਜੂਨ: ਹਰਿਆਣਾ ਅੱਜ ਇਕ ਨਵੇਂ ਜੋਸ਼, ਨਵੇਂ ਦੌਰ ਅਤੇ ਵਿਕਾਸ ਦੇ ਰਸਤੇ 'ਤੇ ਵਧ ਰਿਹਾ ਹੈ। ਇਹ ਸਾਰੀ ਤਬਦੀਲੀ ਸੰਭਵ ਹੋਈ ਹੈ ਸੂਬੇ ਦੇ ਨਵੇਂ, ਵਿਸ਼ਵਾਸਯੋਗ ਅਤੇ ਲੋਕ-ਭਲਾਈ ਲਈ ਸਮਰਪਿਤ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਜੀ ਦੀ ਕਾਬਲ-ਏ-ਤਾਰੀਫ਼ ਅਗਵਾਈ ਕਾਰਨ। ਉਨ੍ਹਾਂ ਨੇ ਆਪਣੀ ਕਾਰਗੁਜ਼ਾਰੀ ਦੀ ਸ਼ੁਰੂਆਤ ਤੋਂ ਹੀ ਲੋਕਾਂ ਦੀ ਸੁਣਵਾਈ, ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਅਤੇ ਵਿਕਾਸ 'ਤੇ ਕੇਂਦਰਿਤ ਸਰਕਾਰ ਦੀ ਨੀਵ ਰੱਖੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੇ ਦਿਸ਼ਾ-ਨਿਰਦੇਸ਼ ਅਤੇ ਸਹਿਯੋਗ ਨਾਲ, ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਨੂੰ ਕੇਂਦਰ ਅਤੇ ਰਾਜ ਦੇ ਸਹਿਯੋਗ ਵਾਲੀ ਮਾਡਲ ਸਰਕਾਰ ਬਣਾਉਣ ਵੱਲ ਵਧਾਇਆ ਹੈ।

**ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਲੀਡਰਸ਼ਿਪ ਹੇਠ ਮੁੱਖ ਪ੍ਰਾਪਤੀਆਂ:**

**1. ਕਿਸਾਨਾਂ ਲਈ ਵਧੀਆ ਪਸੰਦ:**

ਕਿਸਾਨਾਂ ਨੂੰ ਮਜ਼ਬੂਤ ਬਣਾਉਣ ਲਈ 'ਮੇਰੀ ਫ਼ਸਲ ਮੇਰਾ ਬਿਉਰਾ', ਭਾਵਾਂਤਰ ਭਰਪਾਈ ਯੋਜਨਾ, MSP ਤੇ ਖਰੀਦ ਅਤੇ ਡਾਇਰੈਕਟ ਫ਼ਾਇਦੇ ਵਾਲੀਆਂ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ।

**2. ਉਦਯੋਗ ਅਤੇ ਰੋਜ਼ਗਾਰ 'ਚ ਤੇਜ਼ੀ:**

ਨਾਇਬ ਸਿੰਘ ਸੈਣੀ ਦੀ ਸਰਕਾਰ ਨੇ ਇੰਟਰਪ੍ਰਾਇਜ਼ ਪ੍ਰੋਮੋਸ਼ਨ ਪਾਲਿਸੀ ਅਤੇ ਸਿੰਗਲ ਵਿੰਡੋ ਸਿਸਟਮ ਰਾਹੀਂ ਨਿਵੇਸ਼ ਵਧਾਇਆ



ਹੈ। ਇਸ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਵੱਡੇ ਮੌਕੇ ਬਣੇ ਹਨ।

**3. ਮਹਿਲਾ ਸਸ਼ਕਤੀਕਰਨ:**

'ਬੇਟੀ ਬਚਾਓ, ਬੇਟੀ ਪੜ੍ਹਾਓ' ਨੂੰ ਨਵੀਂ ਰਫ਼ਤਾਰ ਮਿਲੀ ਹੈ। 'ਲਾਡਲੀ ਯੋਜਨਾ', ਮੁਫ਼ਤ ਸੈਨੀਟਰੀ ਨੈਪਕਿਨ ਅਤੇ ਸੁਰੱਖਿਆ ਸੇਵਾਵਾਂ ਦੇ ਰਾਹੀਂ ਮਹਿਲਾਵਾਂ ਨੂੰ ਆਤਮਨਿਰਭਰ ਬਣਾਇਆ ਗਿਆ ਹੈ।

**4. ਸਿੱਖਿਆ 'ਚ ਸੋਧ ਅਤੇ ਡਿਜੀਟਲਾਈਜ਼ੇਸ਼ਨ:**

ਸਰਕਾਰੀ ਸਕੂਲਾਂ ਵਿੱਚ ਸਮਾਰਟ ਕਲਾਸਰੂਮ, ਸੁਪਰ 100 ਯੋਜਨਾ ਅਤੇ ਅਧਿਆਪਕਾਂ ਦੀ ਨਿਯੁਕਤੀ ਨੇ ਗਵਰਨਮੈਂਟ ਸਕੂਲਾਂ ਦੀ ਦਸ਼ਾ ਬਦਲੀ ਹੈ।

**5. ਸਿਹਤ ਸੇਵਾਵਾਂ ਦੀ ਮਜ਼ਬੂਤੀ:**

'ਚਿਰਯੂ ਹਰਿਆਣਾ' ਯੋਜਨਾ ਅਧੀਨ ਲੱਖਾਂ ਪਰਿਵਾਰ ਮੁਫ਼ਤ ਇਲਾਜ ਲੈ ਰਹੇ ਹਨ। ਨਵੇਂ ਮੈਡੀਕਲ ਕਾਲਜ ਤੇ ਸੁਧਰੇ ਹੋਏ ਹਸਪਤਾਲ ਲੋਕਾਂ ਲਈ ਵੱਡਾ ਆਸਰਾ ਬਣ ਰਹੇ ਹਨ।

**6. ਆਧੁਨਿਕ ਇੰਫਰਾਸਟਰਕਚਰ ਵਿਕਾਸ:**

KMP ਐਕਸਪ੍ਰੈਸਵੇ, ਦਵਾਰਕਾ ਐਕਸਪ੍ਰੈਸਵੇ, ਗਲੋਬਲ ਸਿਟੀ ਗੁਰਗਾਓਂ, ਸਮਾਰਟ ਸ਼ਹਿਰ ਅਤੇ ਪਿੰਡਾਂ ਦੀ ਯੋਜਨਾ ਸੂਬੇ ਨੂੰ ਨਵੇਂ ਮਿਆਰਾਂ 'ਤੇ ਲੈ ਜਾ ਰਹੀ ਹੈ।

**7. ਭ੍ਰਿਸ਼ਟਾਚਾਰ ਖ਼?ਲਾਫ਼ ਸਖ਼ਤੀ:**

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਜ਼ੀਰੋ ਟੋਲਰੈਂਸ ਪਾਲਿਸੀ ਰਾਹੀਂ ਪੂਰੇ ਪ੍ਰਸ਼ਾਸਨ ਵਿੱਚ ਪਾਰਦਰਸ਼ਤਾ ਲਿਆਂਦੀ ਗਈ ਹੈ। ਡਿਜੀਟਲ ਸਰਵਿਸਾਂ ਅਤੇ ਸ਼ਿਕਾਇਤ ਨਿਵਾਰਣ ਪੋਰਟਲ ਲੋਕਾਂ ਨੂੰ ਸੀਧੀ ਰਾਹਤ ਦੇ ਰਹੇ ਹਨ।

Contd.....Page-3

## ਸੋਨੀਆ ਗਾਂਧੀ, ਰਾਹੁਲ ਤੇ ਪ੍ਰਿਯੰਕਾ ਗਾਂਧੀ ਨੇ ਪ੍ਰਗਟਾਇਆ ਦੁੱਖ

ਕੌਮੀ ਪਤ੍ਰਿਕਾ

ਨਵੀਂ ਦਿੱਲੀ ਨਵੀਂ ਦਿੱਲੀ, 12 ਜੂਨ: ਕਾਂਗਰਸ ਸੰਸਦੀ ਪਾਰਟੀ ਦੀ ਨੇਤਾ ਸੋਨੀਆ ਗਾਂਧੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਪਾਰਟੀ ਦੀ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਨੇ ਅਹਿਮਦਾਬਾਦ ਜਹਾਜ਼ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ ਪੀੜਤਾਂ ਦੇ ਪਰਿਵਾਰਾਂ ਪ੍ਰਤੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਹੈ। ਵੀਰਵਾਰ ਨੂੰ ਆਪਣੇ ਸ਼ੋਕ ਸੰਦੇਸ਼ ਵਿੱਚ ਸ਼੍ਰੀਮਤੀ ਸੋਨੀਆ ਗਾਂਧੀ ਨੇ ਕਿਹਾ, ਅਹਿਮਦਾਬਾਦ ਵਿੱਚ ਹੋਏ ਦੁਖਦਾਈ ਜਹਾਜ਼ ਹਾਦਸੇ ਤੋਂ ਮੈਂ ਬਹੁਤ ਹੈਰਾਨ ਅਤੇ ਦੁਖੀ ਹਾਂ। ਮੇਰੀਆਂ ਸੰਵੇਦਨਾਵਾਂ ਯਾਤਰੀਆਂ ਅਤੇ ਚਾਲਕ ਦਲ ਦੇ ਪਰਿਵਾਰਾਂ ਨਾਲ ਹਨ। ਜੋ ਦ੍ਰਿਸ਼ ਸਾਹਮਣੇ ਆਏ ਹਨ, ਉਹ ਬਹੁਤ ਦਰਦਨਾਕ ਹਨ। ਪੂਰਾ ਦੇਸ਼ ਸੋਗ ਵਿੱਚ ਹੈ ਅਤੇ ਪ੍ਰਾਰਥਨਾ ਕਰ ਰਿਹਾ ਹੈ। ਇਸ ਮੌਕੇ ਰਾਹੁਲ ਗਾਂਧੀ ਨੇ ਕਿਹਾ ਕਿ ਅਹਿਮਦਾਬਾਦ ਏਅਰ ਇੰਡੀਆ ਹਾਦਸਾ ਦਿਲ ਨੂੰ ਤੋੜਨ ਵਾਲਾ ਹੈ। ਯਾਤਰੀਆਂ ਅਤੇ ਚਾਲਕ ਦਲ ਦੇ ਮੈਂਬਰਾਂ ਦੇ ਪਰਿਵਾਰ ਜਿਸ ਦਰਦ ਵਿੱਚੋਂ ਗੁਜ਼ਰ ਰਹੇ ਹਨ, ਉਹ ਕਲਪਨਾਯੋਗ ਨਹੀਂ ਹੈ। ਇਸ ਬਹੁਤ ਔਖੇ ਸਮੇਂ ਵਿੱਚ





ਮੇਰੀਆਂ ਸੰਵੇਦਨਾਵਾਂ ਉਨ੍ਹਾਂ ਸਾਰਿਆਂ ਨਾਲ ਹਨ। ਪ੍ਰਸ਼ਾਸਨ ਵੱਲੋਂ ਤੁਰੰਤ ਬਚਾਅ ਅਤੇ ਰਾਹਤ ਕਾਰਜ ਬਹੁਤ ਜ਼ਰੂਰੀ ਹਨ - ਹਰ ਜੀਵਨ ਮਾਇਨੇ ਰੱਖਦਾ ਹੈ, ਹਰ ਸਕਿੰਟ ਮਾਇਨੇ ਰੱਖਦਾ ਹੈ। ਕਾਂਗਰਸ ਵਰਕਰਾਂ ਨੂੰ ਜ਼ਮੀਨੀ ਪੱਧਰ 'ਤੇ ਮਦਦ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰਨੀ ਚਾਹੀਦੀ ਹੈ। ਵਾਡਰਾ ਨੇ ਕਿਹਾ, ਏਅਰ ਇੰਡੀਆ ਦੇ ਜਹਾਜ਼ ਵਿੱਚ ਸਵਾਰ ਯਾਤਰੀਆਂ ਅਤੇ ਚਾਲਕ ਦਲ ਦੇ ਮੈਂਬਰਾਂ ਦੇ ਪਰਿਵਾਰਾਂ ਪ੍ਰਤੀ ਮੇਰੀ ਡੂੰਘੀ ਸੰਵੇਦਨਾ ਹੈ।

## ਅਹਿਮਦਾਬਾਦ ਜਹਾਜ਼ ਹਾਦਸੇ 'ਤੇ ਜੈਸ਼ੰਕਰ ਦਾ ਬਿਆਨ

ਨਵੀਂ ਦਿੱਲੀ, 12 ਜੂਨ: ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਵੀਰਵਾਰ ਨੂੰ ਕਿਹਾ ਕਿ ਏਅਰ ਇੰਡੀਆ ਦੇ ਜਹਾਜ਼ ਹਾਦਸੇ ਬਾਰੇ ਜਾਣ ਕੇ ਉਹਨਾਂ



ਨੂੰ ਬਹੁਤ ਡੂੰਘਾ ਸਦਮਾ ਲੱਗਾ ਹੈ। ਦੱਸ ਦੇਈਏ ਕਿ ਵਿਦੇਸ਼ ਮੰਤਰੀ ਜੈਸ਼ੰਕਰ ਇਸ ਸਮੇਂ ਵਿਦੇਸ਼ ਯਾਤਰਾ 'ਤੇ ਹਨ। ਜੈਸ਼ੰਕਰ ਨੇ 'ਤੇ ਲਿਖਿਆ, ਅਹਿਮਦਾਬਾਦ ਵਿੱਚ ਵਾਪਰੇ ਜਹਾਜ਼ ਹਾਦਸੇ ਬਾਰੇ ਜਾਣ ਕੇ ਬਹੁਤ ਦੁੱਖ ਹੋਇਆ। ਸਾਡੀਆਂ ਪ੍ਰਾਰਥਨਾਵਾਂ ਯਾਤਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਹਨ। ਦੱਸ ਦੇਈਏ ਕਿ ਵੀਰਵਾਰ ਦੁਪਹਿਰ ਨੂੰ ਅਹਿਮਦਾਬਾਦ ਹਵਾਈ ਅੱਡੇ ਤੋਂ ਲੰਡਨ ਜਾਣ ਵਾਲਾ ਏਅਰ ਇੰਡੀਆ ਦਾ ਜਹਾਜ਼ ਉਡਾਣ ਭਰਨ ਤੋਂ ਕੁਝ ਮਿੰਟਾਂ ਬਾਅਦ ਹੀ ਰਿਹਾਇਸ਼ੀ ਇਲਾਕੇ ਵਿੱਚ ਹਾਦਸਾਗ੍ਰਸਤ ਹੋ ਗਿਆ। ਜਹਾਜ਼ ਵਿੱਚ ਦੋ ਪਾਇਲਟ ਅਤੇ 10 ਚਾਲਕ ਦਲ ਦੇ ਮੈਂਬਰ ਸ਼ਾਮਲ ਸਨ। ਹਾਦਸੇ ਵਿੱਚ ਕਈ ਲੋਕਾਂ ਦੇ ਮਾਰੇ ਜਾਣ ਦਾ ਖਦਸ਼ਾ ਹੈ। ਜਹਾਜ਼ ਸਰਦਾਰ ਵੱਲਭਭਾਈ ਪਟੇਲ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਨੇੜੇ ਮੇਘਨਾਨੀ ਨਗਰ ਵਿੱਚ ਸ਼ਹਿਰ ਦੇ ਸਿਵਲ ਹਸਪਤਾਲ ਅਤੇ ਬੀਜੇ ਮੈਡੀਕਲ ਕਾਲਜ ਦੇ ਡਾਕਟਰਾਂ ਅਤੇ ਨਰਸਿੰਗ ਸਟਾਫ ਦੇ ਰਿਹਾਇਸ਼ੀ ਕੁਆਰਟਰਾਂ ਨੇੜੇ ਹਾਦਸਾਗ੍ਰਸਤ ਹੋ ਗਿਆ।

## ਅਹਿਮਦਾਬਾਦ ਜਹਾਜ਼ ਹਾਦਸੇ 'ਤੇ ਮੁੱਖ ਮੰਤਰੀ ਮਾਨ ਨੇ ਪ੍ਰਗਟਾਇਆ ਦੁੱਖ

ਚੰਡੀਗੜ੍ਹ, 12 ਜੂਨ: ਅਹਿਮਦਾਬਾਦ ਸਥਿਤ ਸਰਦਾਰ ਵੱਲਭਭਾਈ ਪਟੇਲ ਹਵਾਈ ਅੱਡੇ ਨੇੜੇ ਮੇਘਾਨੀਨਗਰ ਇਲਾਕੇ ਵਿਚ



ਦੁਪਹਿਰੇ ਡੇਢ ਵਜੇ ਦੇ ਕਰੀਬ ਉਡਾਣ ਭਰਨ ਮੌਕੇ ਏਅਰ ਇੰਡੀਆ ਦਾ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਵਿਚ ਵੱਡੀ ਗਿਣਤੀ ਯਾਤਰੀਆਂ ਦੀ ਮੌਤ ਹੋ ਗਈ। ਇਸ ਹਾਦਸੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਅਹਿਮਦਾਬਾਦ ਤੋਂ ਦਿਲ ਦਹਿਲਾ ਦੇਣ ਵਾਲੀ ਖ਼ਬਰ ਮਿਲੀ ਹੈ। ਇਕ ਯਾਤਰੀ ਜਹਾਜ਼ ਉਡਾਣ ਦੌਰਾਨ ਰਿਹਾਇਸ਼ੀ ਖੇਤਰ ਦੇ ਨੇੜੇ ਹਾਦਸਾਗ੍ਰਸਤ ਹੋ ਗਿਆ ਹੈ। ਧੂੰਏਂ ਅਤੇ ਤਬਾਹੀ ਦੀਆਂ ਤਸਵੀਰਾਂ ਬੇਹੱਦ ਪਰੇਸ਼ਾਨ ਕਰਨ ਵਾਲੀਆਂ ਹਨ।

# ਅਕਾਲੀ ਏਕਤਾ ਦੇ ਸੰਕੇਤ

ਕੌਮੀ ਪਤ੍ਰਿਕਾ

**ਸੌਰਭ ਸ਼ਰਮਾ**

ਨਵੀਂ ਦਿੱਲੀ, 12 ਜੂਨ: ਸ਼੍ਰੋਮਣੀ ਅਕਾਲੀ ਦਲ ਦੇ ਵੱਖ-ਵੱਖ ਧੜਿਆਂ ਵਿਚਕਾਰ ਫੈਲੀ ਟੁੱਟ ਨੂੰ ਖਤਮ ਕਰਨ ਲਈ ਹੁਣ ਇਕ ਨਵਾਂ ਤੇ ਸੰਘਰਸ਼ਮਈ ਯਤਨ ਸ਼ੁਰੂ ਹੋ ਚੁੱਕਾ ਹੈ। ਅੰਦਰੂਨੀ ਸਰੋਤਾਂ ਤੋਂ ਮਿਲੀ ਜਾਣਕਾਰੀ ਅਨੁਸਾਰ, ਪਾਰਟੀ ਦੇ ਬਹੁਤ ਸਾਰੇ ਸੇਨਿਅਰ ਆਗੂ ਹੁਣ ਇਕ-ਦੂਜੇ ਨੂੰ ਮਨਾਉਣ ਅਤੇ ਗਿਲੇ-ਸ਼ਿਕਵੇ ਦੂਰ ਕਰਨ ਦੀ ਕੋਸ਼ਿਸ਼ ਕਰ ਰਹੇ ਹਨ । ਇਹ ਵੀ ਪਤਾ ਲੱਗਾ ਹੈ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਜੀ ਇਸ ਯਤਨ ਵਿੱਚ ਆਪਣੀ ਅਧਿਆਤਮਕ ਅਤੇ ਨੈਤਿਕ ਪਹੁੰਚ ਰਾਹੀਂ ਭੂਮਿਕਾ ਨਿਭਾ ਰਹੇ ਹਨ। ਹਾਲਾਂਕਿ ਉਹਨਾਂ ਦੀ ਹਿੱਸੇਦਾਰੀ ਖਾਮੋਸ਼ ਹੈ, ਪਰ ਇਹ ਅਸਰਦਾਰ ਅਤੇ ਸੰਕੇਤਾਤਮਕ ਕਦਮ ਵਜੋਂ ਦੇਖੀ ਜਾ ਰਹੀ ਹੈ । ਇਸ ਦੇ ਨਾਲ-ਨਾਲ ਕਈ ਸੀਨੀਅਰ ਅਕਾਲੀ ਆਗੂ ਚੁੱਪਚਾਪ ਇਕ-ਦੂਜੇ ਨਾਲ ਸੰਪਰਕ ਕਰ ਰਹੇ ਹਨ, ਅਤੇ ਪਿਛਲੇ ਰੋਸ ਜਾਂ ਵਿਅਕਤੀਗਤ ਗਿਲਿਆਂ ਨੂੰ ਖਤਮ ਕਰਕੇ ਫਿਰ ਤੋਂ ਇਕ ਸਾਂਝੇ ਪੰਥਕ ਰੂਪ ਵਿੱਚ ਜੁਟਣ ਦੀ ਕੋਸ਼ਿਸ਼ ਕਰ ਰਹੇ ਹਨ। ਦਿੱਲੀ ਤੋਂ ਲੈ ਕੇ ਪੰਜਾਬ ਤੱਕ ਕਈ ਗੁੱਪਤ ਅਤੇ ਗੈਰ-ਸਰਕਾਰੀ ਮੁਲਾਕਾਤਾਂ ਹੋ ਰਹੀਆਂ ਹਨ। ਇਹ ਵੀ ਮਹੱਤਵਪੂਰਨ ਹੈ ਕਿ ਕੁਝ ਸਿੱਖ ਬੁੱਧੀਜੀਵੀ ਅਤੇ ਪੰਥਕ ਵਿਚਾਰਕ ਵੀ ਇਸ ਇਨਿਸ਼ੇਟਿਵ ਵਿੱਚ ਆਪਣੀ ਨਿਰਪੱਖ ਅਤੇ ਸਦਭਾਵਨਾਪੂਰਕ ਭੂਮਿਕਾ ਨਿਭਾ ਰਹੇ ਹਨ। ਉਹ ਆਗੂਆਂ ਨੂੰ ਯਾਦ ਦਿਲਾ ਰਹੇ ਹਨ ਕਿ ਅਕਾਲੀ ਦਲ ਸਿਰਫ਼ ਇੱਕ ਰਾਜਨੀਤਿਕ ਜਥੇਬੰਦੀ ਨਹੀਂ, ਸਗੋਂ ਇੱਕ ਇਤਿਹਾਸਕ ਪੰਥਕ ਸੰਸਥਾ ਵੀ ਹੈ। ਜਦਕਿ ਕੁਝ ਛੋਟੇ ਗੁੱਟ ਸ਼ਾਇਦ ਅਜੇ ਵੀ ਅਲੱਗ ਰਵੱਈਆ ਰੱਖਦੇ ਹੋਣ, ਪਰ ਅਕਾਲੀ ਆਲੋਚਕ ਅਤੇ ਸਿਆਸੀ ਵੇਖੂ ਅਜਿਹਾ ਮੰਨ ਰਹੇ ਹਨ ਕਿ ਬਹੁਤ ਸਾਰੇ ਅਹੰਕਾਰ ਅਤੇ ਦਿਲਾਂ ਦੀ ਦੂਰੀ ਹੁਣ ਮਿਟ ਰਹੀ ਹੈ। ਇਕਤਾ ਵੱਲ ਦਾ ਰਸਤਾ ਮੁਸ਼ਕਲ ਤਾਂ ਜ਼ਰੂਰ ਹੈ, ਪਰ ਅਸੰਭਵ ਨਹੀਂ। ਹਾਲਾਂਕਿ ਅਜੇ ਤੱਕ ਕੋਈ ਆਧਿਕਾਰਿਕ ਐਲਾਨ ਨਹੀਂ ਹੋਇਆ, ਪਰ ਸਥਿਤੀ ਦੇ ਇਸ਼ਾਰੇ ਕਹਿੰਦੇ ਹਨ ਕਿ ਜੇਕਰ ਇਹ ਯਤਨ ਇਮਾਨਦਾਰੀ, ਨਿਮਰਤਾ ਅਤੇ ਸਾਂਝੇ ਦ੍ਰਿਸ਼ਟਿਕੋਣ ਨਾਲ ਜਾਰੀ ਰਹੇ, ਤਾਂ ਅਕਾਲੀ ਦਲ ਦੀ ਏਕਤਾ ਇੱਕ ਵਾਸਤਵਿਕਤਾ ਬਣ ਸਕਦੀ ਹੈ।












# ਨੌਵੇਂ ਪਾਤਸ਼ਾਹ ਜੀ ਦੇ ਇਤਿਹਾਸਕ ਦਿਹਾੜੇ ਮੌਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰੇ ਕੇਂਦਰ ਸਰਕਾਰ- ਐਡਵੋਕੇਟ ਧਾਮੀ

**ਕੌਮੀ ਪਤ੍ਰਿਕਾ**

ਅੰਮ੍ਰਿਤਸਰ, 12 ਜੂਨ: ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ



ਸ਼ਤਾਬਦੀ ਅਤੇ ਆ ਰਹੇ ਹੋਰ ਸ਼ਤਾਬਦੀ ਦਿਹਾੜਿਆਂ ਦੇ ਸਬੰਧ ਵਿਚ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਗੁਰੂ ਸਾਹਿਬਾਨ ਨੂੰ ਸਮਰਪਿਤ ਢੁਕਵੀਆਂ ਯਾਦਗਾਰਾਂ ਉਸਾਰਨ ਦੀ ਪਹਿਲਕਦਮੀ ਕਰਨ। ਅੱਜ ਸ਼?ਰੋਮਣੀ ਕਮੇਟੀ ਦਫ਼ਤਰ ਵਿਖੇ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼?ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ ਅਤੇ ਭਾਈ ਦਿਆਲਾ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਦੀ ਸ਼ਤਾਬਦੀ ਨਵੰਬਰ 2025 ਵਿਚ ਕੌਮੀ ਪੱਧਰ ’ਤੇ ਮਨਾਈ ਜਾਵੇਗੀ। ਇਸ ਸਬੰਧੀ ਵਿਸ਼ਾਲ ਪੱਧਰ ’ਤੇ ਗੁਰਮਤਿ ਸਮਾਗਮ, ਨਗਰ ਕੀਰਤਨ, ਸੈਮੀਨਾਰ ਅਤੇ ਇਤਿਹਾਸਕ ਪ੍ਰਕਾਸ਼ਨਾਵਾਂ ਕਰਨ ਦਾ ਸ਼?ਰੋਮਣੀ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਹੈ। ਇਹ ਸਮਾਗਮ ਸ਼?ਰੋਮਣੀ ਕਮੇਟੀ ਵੱਲੋਂ ਸੰਗਤ ਅਤੇ ਜਥੇਬੰਦੀਆਂ ਦੇ ਸਹਿਯੋਗ ਨਾਲ ਕੀਤੇ ਜਾਣਗੇ, ਜਦਕਿ ਸਰਕਾਰ ਦਾ ਫ਼ਰਜ਼ ਹੈ ਕਿ ਉਹ ਆਪਣੇ ਅਧਿਕਾਰ ਖੇਤਰ ਵਾਲੀਆਂ ਸੇਵਾਵਾਂ ਨਿਭਾਉਣ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਤਾਬਦੀਆਂ ਸਬੰਧੀ ਸੰਗਤ ਪਾਸੋਂ ਸੁਝਾਅ ਮੰਗੇ ਗਏ ਹਨ, ਲੇਕਿਨ ਇਹ ਕਾਰਜ ਕਰਨਾ ਸਿੱਖ ਸੰਸਥਾ ਸ਼?ਰੋਮਣੀ ਕਮੇਟੀ ਦੀ ਜ਼ੁੰਮੇਵਾਰੀ ਹੈ, ਨਾ ਕਿ ਸਰਕਾਰ ਦੀ। ਸਰਕਾਰਾਂ ਦਾ ਕੰਮ ਸ਼ਤਾਬਦੀਆਂ ਮੌਕੇ ਢੁੱਕਵੀਆਂ ਯਾਦਗਾਰਾਂ ਬਣਾਉਣਾ ਅਤੇ ਗੁਰੂ ਸਾਹਿਬਾਨ ਨਾਲ ਸਬੰਧਤ ਨਗਰਾਂ ਅਤੇ ਅਸਥਾਨਾਂ ਵਿਚ ਵਿਕਾਸ ਦੇ ਕਾਰਜ ਕਰਨਾ ਹੈ। ਐਡਵੋਕੇਟ ਧਾਮੀ ਨੇ ਕੇਂਦਰ ਸਰਕਾਰ ਨੂੰ ਵਿਸ਼ੇਸ਼ ਤੌਰ ’ਤੇ ਅਪੀਲ ਕੀਤੀ ਕਿ ਉਹ ਨੌਵੇਂ ਪਾਤਸ਼ਾਹ ਜੀ ਦੇ ਇਸ ਇਤਿਹਾਸਕ ਦਿਹਾੜੇ ਮੌਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਦੇ ਨਾਲ-ਨਾਲ ਉਸ ਸਮੇਂ ਹਿੰਦੂ ਧਰਮ ਨੂੰ ਬਚਾਉਣ ਲਈ ਆਪਣੀ ਸ਼ਹਾਦਤ ਦਿੱਤੀ ਸੀ, ਜੋ ਦੁਨੀਆਂ ਦੇ ਧਰਮ ਇਤਿਹਾਸ ਅੰਦਰ ਇਕ ਮਿਸਾਲ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਗੁਰੂ ਸਾਹਿਬ ਦੀ ਇਸ ਮਹਾਨ ਸ਼ਹਾਦਤ ਨੂੰ ਸਤਿਕਾਰ ਦਿੰਦਿਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਐਲਾਨ ਕਰੇ। ਇਕੱਤਰਤਾ ਦੇ ਹੋਰ ਫੈਸਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਜਥੇਦਾਰ ਸਾਹਿਬਾਨ ਦੀ ਨਿਯੁਕਤੀ ਤੇ ਸੇਵਾਮੁਕਤੀ ਬਾਰੇ ਨਿਯਮਾਵਲੀ ਬਣਾਉਣ ਲਈ ਪੁੱਜੇ ਸੁਝਾਵਾਂ ਦੀ ਨਜ਼ਰਸਾਨੀ ਵਾਸਤੇ ਉੱਚ ਪੱਧਰੀ ਕਮੇਟੀ ਗਠਿਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੰਘੇ ਬਜਟ ਇਜਲਾਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਨਿਯੁਕਤੀ, ਜ਼ੁੰਮੇਵਾਰੀਆਂ ਤੇ ਸੇਵਾਮੁਕਤੀ ਸਬੰਧੀ ਨਿਯਮ ਬਣਾਉਣ ਲਈ ਇਕ ਮਤਾ ਪਾਸ ਕਰਕੇ ਸਿਧਾਂਤਕ ਪ੍ਰਵਾਨਗੀ ਦਿੱਤੀ ਗਈ ਸੀ, ਜਿਸ ਤਹਿਤ ਮੰਗੇ ਸੁਝਾਵਾਂ ਨੂੰ ਵਾਚ ਕੇ ਵਿਧੀ ਵਿਧਾਨ ਬਣਾਇਆ ਜਾਣਾ ਹੈ। ਇਸ ਸਬੰਧ ਵਿਚ ਅੰਤ੍ਰਿੰਗ ਕਮੇਟੀ ਵਿਚ ਵਿਚਾਰ ਕੀਤਾ ਗਿਆ ਹੈ, ਜਿਸ ਅਨੁਸਾਰ ਸਿੱਖ ਸੰਪ੍ਰਦਾਵਾਂ ਦੇ ਨੁਮਾਇੰਦਿਆਂ ਅਤੇ ਸਿੱਖ ਵਿਦਵਾਨਾਂ ਦੀ ਕਮੇਟੀ ਗਠਤ ਕਰਕੇ ਆਏ ਸੁਝਾਵਾਂ ਦੀ ਪੜਚੋਲ ਕੀਤੀ ਜਾਵੇਗੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼?ਰੋਮਣੀ ਕਮੇਟੀ ਪੂਰੇ ਭਾਰਤ ਅੰਦਰ ਸਿੱਖ ਮਿਸ਼ਨ ਅਤੇ ਵਿਦਿਅਕ ਸੰਸਥਾਵਾਂ ਖੋਲ੍ਹ ਕੇ ਸਿੱਖੀ ਪ੍ਰਚਾਰ ਤੇ ਵਿਦਿਅਕ ਪ੍ਰਸਾਰ ਲਈ ਮੋਹਰੀ ਹੋ ਕੇ ਕਾਰਜ ਕਰ ਰਹੀ ਹੈ। ਪ੍ਰੰਤੂ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਦੀ ਸ਼ਹਿ ’ਤੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼ਾਹਬਾਦ ਮਾਰਕੰਡਾ ਵਿਖੇ ਚੱਲ ਰਹੇ ਮੀਰੀ ਪੀਰੀ ਮੈਡੀਕਲ ਕਾਲਜ ਨੂੰ ਗੈਰ-ਕਾਨੂੰਨੀ ਢੰਗ ਨਾਲ ਹਥਿਆਉਣਾ ਚਾਹੁੰਦੀ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਇਹ ਮੈਡੀਕਲ ਕਾਲਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਨਾਂ ’ਤੇ ਜ਼ਮੀਨ ਪੁਰ ਸਥਾਪਤ ਕੀਤਾ ਗਿਆ ਹੈ, ਨਾ ਕਿ ਕਿਸੇ ਹਰਿਆਣਾ ਸੂਬੇ ਅੰਦਰ ਸਥਿਤ ਗੁਰਦੁਆਰਾ ਸਾਹਿਬ ਦੀ ਜ਼ਮੀਨ ਪੁਰ। ਉਨ੍ਹਾਂ ਹਰਿਆਣਾ ਕਮੇਟੀ ਨੂੰ ਕਿਹਾ ਕਿ ਉਹ ਸਿਆਸੀ ਪਹੁੰਚ ਨਾ ਅਪਣਾਏ ਅਤੇ ਸ਼?ਰੋਮਣੀ ਕਮੇਟੀ ਦੁਆਰਾ ਮੈਡੀਕਲ ਖੇਤਰ ਵਿਚ ਕੀਤੀਆਂ ਜਾ ਰਹੀਆਂ ਸੇਵਾਵਾਂ ਵਿਚ ਅੜਿਕਾ ਨਾ ਬਣੇ। ਅੰਤ੍ਰਿੰਗ ਕਮੇਟੀ ਨੇ ਬੀਤੇ ਦਿਨ ਬਠਿੰਡੇ ਜ਼ਿਲ੍ਹੇ ਦੇ ਰਾਮਪੁਰ ਫੂਲ ਵਿਚ ਇਕ ਗੁਰਸਿੱਖ ਬਜ਼ੁਰਗ ਅਤੇ ਸ੍ਰੀ ਮੁਕਤਸਰ ਸਾਹਿਬ ਵਿਚ ਇਕ ਸਿੱਖ ਨੌਜੁਆਨ ਦੀ ਕੁਟਮਾਰ ਕਰਨ ਅਤੇ ਕਕਾਰਾਂ ਦੀ ਬੇਅਦਬੀ ਕਰਨ ਦੀ ਕਰੜੀ ਨਿੰਦਾ ਕੀਤੀ ਹੈ। ਇਸ ਬਾਰੇ ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ’ਚ ਸਿੱਖ ਬਹੁਗਿਣਤੀ ਹੋਣ ਦੇ ਬਾਵਜੂਦ ਵੀ ਅਜਿਹਾ ਵਰਤਾਰਾ ਵੱਡੀ ਚਿੰਤਾ ਵਾਲਾ ਹੈ। ਪੰਜਾਬ ਵਿਚ ਵੀ ਅਜਿਹੀ ਫਿਰਕਾਪ੍ਰਸਤੀ ਨੂੰ ਉਤਸ਼ਾਹਤ ਕਰਨ ਵਾਲਿਆਂ ਦੇ ਹੌਂਸਲੇ ਵੱਧ ਰਹੇ ਹਨ, ਪਰ ਸਰਕਾਰ ਮੂਕਦਰਸ਼ਕ ਬਣ ਕੇ ਤਮਾਸ਼ਾ ਵੇਖ ਰਹੀ ਹੈ। ਅੰਤ੍ਰਿੰਗ ਕਮੇਟੀ ਨੇ ਸਰਕਾਰ ਨੂੰ ਦੋਸ਼ੀਆਂ ਖ਼ਿਲਾਫ਼ ਸਖ਼ਤ ਕਰਵਾਈ ਕਰਨ ਅਤੇ ਅਜਿਹੇ ਲੋਕਾਂ ਨੂੰ ਨੱਥ ਪਾਉਣ ਲਈ ਆਖਿਆ। ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ’ਚ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਾਬਕਾ ਕੇਂਦਰੀ ਮੰਤਰੀ ਸ. ਸੁਖਦੇਵ ਸਿੰਘ ਢੀਂਡਸਾ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਅਤੇ ਸ਼?ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਸ. ਹਰਦਿਆਲ ਸਿੰਘ ਸ਼ਰਸਿੰਘ ਨਮਿਤ ਮੂਲਮੰਤਰ ਤੇ ਗੁਰਮੰਤਰ ਦਾ ਜਾਪ ਕਰਕੇ ਵਿਛੜੀ ਰੂਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਕੱਤਰਤਾ ’ਚ ਸ਼?ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ ਤੇ ਸ. ਪਰਮਜੀਤ ਸਿੰਘ ਰਾਏਪੁਰ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਜਸਵਿੰਦਰ ਸਿੰਘ ਜੱਸੀ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਸੀ ਤੇ ਹੋਰ ਮੌਜੂਦ ਸਨ।

## ਪੁਲਸ ਦੀ ਵੱਡੀ ਕਾਰਵਾਈ, ਨਸ਼ਿਆਂ ਦੇ ਮਾਮਲੇ ਵਿਚ ਪ੍ਰਾਪਰਟੀ ਕੀਤੀ ਫਰੀਜ਼

**ਕੌਮੀ ਪਤ੍ਰਿਕਾ**

ਮਾਛੀਵਾੜਾ ਸਾਹਿਬ 12 ਜੂਨ। ਮਾਛੀਵਾੜਾ ਪੁਲਸ ਵਲੋਂ ਅੱਜ ਨਸ਼ਾ ਤਸਕਰਾਂ ਖਿਲਾਫ਼ ਵਿੱਢੀ ਗਈ ਮੁਹਿੰਮ ਤਹਿਤ ਪੁਲਸ ਜ਼ਿਲਾ ਖੰਨਾ ਦੇ ਐੱਸ.ਐੱਸ.ਪੀ. ਡਾ. ਜੋਤੀ ਯਾਦਵ ਦੇ ਨਿਰਦੇਸ਼ਾਂ ਤਹਿਤ ਨਸ਼ਿਆਂ ਦੇ ਮਾਮਲੇ ਵਿਚ ਪਰਮਿੰਦਰ ਸਿੰਘ ਦੀ ਪ੍ਰਾਪਰਟੀ ਫਰੀਜ਼ ਕਰ ਲਈ ਗਈ ਹੈ। ਅੱਜ ਵਿਸ਼ੇਸ਼ ਤੌਰ ’ਤੇ ਡੀ.ਐੱਸ.ਪੀ. ਮੋਹਿਤ ਕੁਮਾਰ ਸਿੰਗਲਾ ਨੇ ਦੱਸਿਆ ਕਿ ਪਰਮਿੰਦਰ ਸਿੰਘ ’ਤੇ ਕੁੱਲ 17 ਪਰਚੇ ਦਰਜ ਹਨ ਜਿਸ ਵਿਚ ਨਸ਼ਿਆਂ ਦੀ ਤਸਕਰੀ, ਲੜਾਈ ਝਗੜੇ ਅਤੇ ਨਾਜਾਇਜ਼ ਸ਼ਰਾਬ ਵੇਚਣ ਦੇ ਹਨ। ਪਰਮਿੰਦਰ ਸਿੰਘ ਤੋਂ ਭਾਰੀ ਮਾਤਰਾ ਵਿਚ ਹੈਰੋਇਨ ਬਰਾਮਦ ਹੋਈ ਸੀ ਜਿਸ ਕਾਰਨ ਇਸਦੇ ਘਰ ਦੀ ਕੀਮਤ



ਤੈਅ ਕਰ ਉੱਚ ਅਥਾਰਟੀ ਨੂੰ ਕੇਸ ਭੇਜਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਪਰਮਿੰਦਰ ਸਿੰਘ ਇਸ ਪ੍ਰਾਪਰਟੀ ਸਬੰਧੀ ਆਪਣਾ ਕੋਈ ਮਜ਼ਬੂਤ ਪੱਖ ਪੇਸ਼ ਨਹੀਂ ਕਰ ਸਕਿਆ ਜਿਸ ਕਾਰਨ ਉਸਦੀ ਪ੍ਰਾਪਰਟੀ ਨੂੰ ਫਰੀਜ਼ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਰਮਿੰਦਰ ਸਿੰਘ ਆਪਣਾ ਇਹ ਘਰ ਨਾ ਹੁਣ ਵੇਚ ਸਕਦਾ ਹੈ ਅਤੇ ਨਾ ਹੀ ਕਿਰਾਏ ’ਤੇ ਦੇ ਸਕਦਾ ਹੈ। ਡੀਐੱਸਪੀ ਨੇ ਕਿਹਾ ਕਿ ਪੁਲਸ ਜ਼ਿਲਾ ਖੰਨਾ ਵਿਚ ਆਉਣ ਵਾਲੇ ਦਿਨਾਂ ’ਚ ਹੋਰ ਵੀ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਫਰੀਜ਼ ਕੀਤੀਆਂ ਜਾਣਗੀਆਂ ਅਤੇ ਸਰਕਾਰ ਦੀਆਂ ਸਖ਼ਤ ਹਦਾਇਤਾਂ ਹਨ ਕਿ ਕੋਈ ਵੀ ਨਸ਼ਾ ਤਸਕਰ ਜਿਸ ਨੇ ਨਸ਼ਾ ਵੇਚ ਕੇ ਜਾਇਦਾਦਾਂ ਬਣਾਈਆਂ ਹਨ ਉਨ੍ਹਾਂ ਨੂੰ ਬਖਸ਼ਿਆ ਨਾ ਜਾਵੇ। ਇਸ ਮੌਕੇ ਥਾਣਾ ਮੁਖੀ ਇੰਸਪੈਕਟਰ ਹਰਵਿੰਦਰ ਸਿੰਘ, ਸਹਾਇਕ ਥਾਣੇਦਾਰ ਕਰਨੈਲ ਸਿੰਘ ਵੀ ਮੌਜੂਦ ਸਨ।

## ਰਾਜਪਾਲ ਨੇ ਅੱਠ ਸਾਲਾਂ ਦੇ ਪਰਵਤਰੋਹੀ ਆਰਿਅਨ ਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈ ਦਿੱਤੀ

**ਕੌਮੀ ਪਤ੍ਰਿਕਾ**

ਚੰਡੀਗੜ੍ਹ, 12 ਜੂਨ: ਹਰਿਆਣਾ ਦੇ ਰਾਜਪਾਲ ਸ੍ਰੀ ਬੰਡਾਰੂ ਦੱਤਾਤੇ?ਰਅ ਨਾਲ ਅੱਜ ਰਾਜਭਵਨ ਵਿੱਚ ਅੱਠ ਸਾਲਾਂ ਦੇ ਪਰਵਤਰੋਹੀ ਆਰਿਅਨ ਨੇ ਆਪਣੇ ਪਰਿਵਾਰ ਦੇ ਨਾਲ ਮੁਲਾਕਾਤ ਕੀਤੀ। ਆਰਿਅਨ ਨੇ ਰਾਜਪਾਲ ਨੂੰ ਦਸਿਆ ਕਿ ਉਨ੍ਹਾਂ ਨੇ ਨਸ਼ਾ ਮੁਕਤ ਹਰਿਆਣਾ ਅਤੇ ਨਸ਼ਾ ਮੁਕਤ ਭਾਰਤ ਮੁਹਿੰਮ ਤਹਿਤ ਨਸ਼ਾ ਛੋੜੋ ਆਗੇ ਬੜੋ ਆਰਿਅਨ ਕੀ ਸੁਣੋ ਦੇ ਨਾਰੇ ਨਾਲ 14 ਮਈ, 2025 ਨੂੰ ਆਪਣੇ ਪਰਿਵਾਰ ਦੇ ਨਾਲ 5,364 ਮੀਟਰ ਉੱਚੇ ਮਾਉਂਟ ਏਵਰੇਸਟ ਬੇਸ ਕੈਂਪ ਦੀ ਚੜਾਈ ਪੂਰੀ ਕੀਤੀ ਅਤੇ ਉੱਥੇ ਭਾਰਤ ਦਾ ਕੌਮੀ ਝੰਡਾ ਫਹਿਰਾਇਆ। ਰਾਜਪਾਲ ਸ੍ਰੀ ਦੱਤਾਤੇ?ਰਅ ਨੇ ਇਸ ਮਹਾਨ ਉਪਲਬਧੀ ਲਈ ਆਰਿਅਨ ਨੂੰ ਮਿਠਾਈ ਖਿਲਾ ਕੇ ਵਧਾਈ ਦਿੱਤੀ। ਉਨ੍ਹਾਂ ਨੇ ਆਰਿਅਨ ਦੀ ਪ੍ਰਸੰਸਾਂ ਕਰਦੇ ਹੋਏ ਕਿਹਾ, ਇੰਨ੍ਹੀ ਘੱਟ ਉਮਰ ਵਿੱਚ ਤੁਸੀਂ ਅਸੰਭਵ ਨੂੰ ਸੰਭਵ ਕਰ ਦਿਖਾਇਆ ਹੈ। ਤੁਹਾਡਾ ਇਹ ਯਤਨ ਨਾ ਸਿਰਫ ਨੌਜੁਆਨਾਂ ਨੂੰ ਨਸ਼ੇ ਤੋਂ ਦੂਰ ਕਰਨ ਲਈ ਪੇ?ਰਰਿਤ ਕਰੇਗਾ, ਸਗੋ ਤੁਹਾਡੀ ਉਪਲਬਧੀ ਹਰ ਕਿਸੇ ਲਈ ਪੇ?ਰਰਣਾ ਸਰੋਤ ਬਣੇਗੀ। ਆਰਿਅਨ ਨੇ ਦਸਿਆ ਕਿ ਉਨ੍ਹਾਂ ਨੇ ਇਸ ਤੋਂ ਪਹਿਲਾ ਹਰਿਆਣਾ ਦੀ ਸੱਭ ਤੋਂ ਉੱਚੀ ਚੋਟੀ ਕਰੋਹ ਪੀਕ ਸ਼ਿਵਾਲਿਕ ਰੇਂਜ ਦੀ ਸੱਭ ਤੋਂ ਉੱਚੀ ਚੋਟੀ ਚੂੜਧਾਰ, ਵਿਸ਼ਵ ਦੀ ਸੱਭ ਤੋਂ ਉੱਚੀ ਮੋਟਰ ਯੋਗ ਸੜਕ ਖਾਰਦੁੰਗ ਲਾ ਅਤੇ ਭ੍ਰਿਗੂ ਝੀਲ ਦੀ ਚੜਾਈ ਵੀ ਸਫਲਤਾਪੂਰਵਕ ਪੂਰੀ ਕੀਤੀ ਹੈ। ਉਨ੍ਹਾਂ ਨੇ ਆਪਣੇ ਭਵਿੱਖ ਦੇ ਟੀਚੇ ਸਾਂਝਾ ਕਰਦੇ ਹੋਏ ਕਿਹਾ ਕਿ ਉਹ ਵੱਡੇ ਹੋ ਕੇ ਭਾਰਤੀ ਏਅਰ ਫੋਰਸ ਸੇਨਾ ਵਿੱਚ ਸ਼ਾਮਿਲ ਹੋ ਕੇ ਦੇਸ਼ ਦੀ ਸੇਵਾ ਕਰਨਾ ਚਾਹੁੰਦੇ ਹਨ। ਰਾਜਪਾਲ ਨੇ ਆਰਿਅਨ ਦੀ ਹਿੰਮਤ, ਦ੍ਰਿੜ ਵਿਸ਼ਵਾਸ ਅਤੇ ਦੇਸ਼ਭਗਤੀ ਦੀ ਭਾਵਨਾ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਤੁਸੀ ਇਸੀ ਤਰ੍ਹਾ ਨਵੀਂ ਉਚਾਈਆਂ ਹਾਸਲ ਕਰ ਹਰਿਆਣਾਂ ਅਤੇ ਭਾਰਤ ਦਾ ਨਾਂਅ ਵਿਸ਼ਵ ਪਟਲ ’ਤੇ ਰੋਸ਼ਨ ਕਰਣਗੇ। ਆਰਿਅਨ ਹਰਿਆਣਾ ਦੀ ਪ੍ਰਸਿੱਦ ਪਰਵਤਰੋਹੀ ਪਦਮਸ਼?ਰੀ ਨਾਲ ਸਨਮਾਨਿਤ ਸ੍ਰੀਮਤੀ ਮਮਤਾ ਸੌਦਾ ਜੀ ਦੇ ਬੇਟੇ ਹਨ। ਇੰਨ੍ਹਾਂ ਨੇ ਵੀ 2010 ਵਿੱਚ ਮਾਊਂਟ ਏਵਰੇਸਟ ਨੂੰ ਫਤਿਹ ਕੀਤਾ। ਮੌਜੂਦਾ ਵਿੱਚ ਹਰਿਆਣਾ ਪੁਲਿਸ ਸੇਵਾ ਵਿੱਚ ਕੰਮ ਕਰ ਰਹੀ ਹੈ। ਮੁਲਾਕਾਤ ਦੌਰਾਨ ਆਰਿਅਨ ਦੇ ਪਿਤਾ ਸ੍ਰੀ ਰਾਜੀਵ ਕੁਮਾਰ ਵੀ ਮੌਜੂਦ ਰਹੇ।

## ਜਹਾਜ ਹਾਦਸੇ ਤੇ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਗਹਿਰਾ ਦੁਖ ਪ੍ਰਗਟਾਇਆ

ਸ੍ਰੀ ਦਮਦਮਾ ਸਾਹਿਬ/ਤਲਵੰਡੀ ਸਾਬੋ 12 ਜੂਨ: ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼?ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਅਹਿਮਦਾਬਾਦ ਗੁਜਰਾਤ ਦੇ ਮੇਘਾਨੀ ਖੇਤਰ ਵਿੱਚ ਏਅਰ ਇੰਡੀਆ ਦਾ ਜਹਾਜ 254 ਲੋਕਾਂ ਨੂੰ ਲੈ ਕੇ ਲੰਦਨ ਨੂੰ ਜਾਣ ਵਾਲਾ ਸੀ ਬਦਕਿਸਮਤੀ ਨਾਲ ਉਹ ਉਡਾਨ ਸਮੇਂ ਹੀ ਦਰਦਨਾਕ ਹਾਦਸੇ ਦਾ ਸ਼ਿਕਾਰ ਹੋ ਗਿਆ। ਜਿਸ ਤੇ ਉਨ੍ਹਾਂ ਗਹਿਰਾ ਦੁਖ ਪ੍ਰਗਟਾਇਆ ਇਸ ਦੁਖਦਾਈ ਖਬਰ ਨਾਲ ਜਿਥੇ ਸਮੁੱਚਾ ਦੇਸ਼ ਸੋਗ ਗ੍ਰਸਤ ਹੋਇਆ ਹੈ। ਵੱਡੀ ਗਿਣਤੀ ਵਿੱਚ ਜਾਨਾਂ ਚੱਲੀਆਂ ਗਈਆਂ ਹਨ। ਹਰ ਵਿਅਕਤੀ ਨੂੰ ਗਹਿਰਾ ਦੁਖ ਪੁਜਿਆ ਹੈ ਉਨ੍ਹਾਂ ਕਿਹਾ ਇਸ ਵਿੱਚ ਵੱਖ-ਵੱਖ ਦੇਸ਼ਾਂ ਦੇ ਲੋਕ ਸਵਾਰ ਸਨ, ਬਹੁਤ ਦਿਲ ਕੰਬਾਊ ਤੇ ਦੁਖਦ ਹਾਦਸਾ ਹੈ ਜੋ ਭਾਰਤੀ ਇਤਿਹਾਸ ਵਿੱਚ ਦੁਖਦਾਈ ਪੰਨੇ ਵਜੋਂ ਯਾਦ ਆਉਂਦਾ ਰਹੇਗਾ। ਅਜਿਹੀਆਂ ਨਾ ਸਹਿਣ ਵਾਲੀਆਂ ਪੀੜਾ ਗ੍ਰਸਤ ਘਟਨਾਵਾਂ ਸੰਸਾਰ ਪੱਧਰੀ ਦੇਸ਼ ਦੇ ਕੱਦਕਾਠ ਨੂੰ ਵੀ ਵੱਡਾ ਧੱਕਾ ਲਾਉਂਦੀਆਂ ਹਨ, ਕੀ ਜਹਾਜ ਉਡਾਨ ਤੋਂ ਪਹਿਲਾਂ ਚੈਕ ਅਪ ਨਹੀਂ ਹੋਇਆ? ਕਈ ਸਵਾਲ ਉਠਣਗੇ। ਉਨ੍ਹਾਂ ਕਿਹਾ ਜਹਾਜ ਦੇ ਹਾਦਸਾ ਬਾਰੇ ਉਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ ਅਤੇ ਮ੍ਰਿਤਕ ਪ੍ਰੀਵਾਰਾਂ ਨੂੰ ਕੌਮਾਂਤਰੀ ਕਾਨੂੰਨ ਤਹਿਤ ਰਲੀਫ ਦਿਤੀ ਜਾਣੀ ਚਾਹੀਦੀ ਹੈ। ਉਨ੍ਹਾਂ ਮ੍ਰਿਤਕਾਂ ਦੇ ਪ੍ਰੀਵਾਰਾਂ ਨਾਲ ਸੰਵੇਦਨਾ ਜਾਹਰ ਕੀਤੀ ਹੈ।

## ਸਿੱਖਾਂ ਨੂੰ ਰਾਜਸੀ ਸ਼ਕਤੀ ਹਾਸਲ ਕਰਨ ਲਈ ਪੰਥਕ ਏਕਤਾ ਜ਼ਰੂਰੀ: ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ

ਅੰਮ੍ਰਿਤਸਰ: 12 ਜੂਨ: ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼?ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਮੌਜੂਦਾ ਪੰਥਕ ਹਲਾਤਾਂ ਸਬੰਧੀ ਬੋਲਦਿਆਂ ਕਿਹਾ ਕਿ ਗੁਰੂ ਦਾ ਹਰ ਸੁਹਿਰਦ ਸਿੱਖ ਚਾਹੁੰਦਾ ਹੈ ਕਿ ਪੰਥਕ ਏਕਤਾ ਜ਼ਰੂਰ ਹੋਣੀ ਚਾਹੀਦੀ ਹੈ ਸਭ ਧਿਰਾਂ ਇੱਕ ਪਲੇਟ ਫਾਰਮ ਤੇ ਇਕੱਤਰ ਹੋਣ ਉਨ੍ਹਾਂ ਕਿਹਾ ਸਾਡੀ ਕਿਸੇ ਨਾਲ ਕੋਈ ਨਿਜੀ ਨਰਾਜ਼ਗੀ ਨਹੀਂ ਹੈ। ਸਿਧਾਂਤਕ ਤੌਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਹੁਕਮਨਾਮੇ ਦੀ ਉਲੰਘਣਾ ਕਰਨੀ, ਗੁਰੂ ਨੂੰ ਸਮਰਪਿਤ ਸਿੱਖ ਕਦੀ ਸੋਚ ਵੀ ਨਹੀਂ ਸਕਦਾ। ਉਨ੍ਹਾਂ ਕਿਹਾ ਮੀਰੀ ਪੀਰੀ ਦਾ ਸਿਧਾਂਤ ਸਿੱਖਾਂ ਲਈ ਲਾਜਮੀ ਹੈ ਪਰ ਧਰਮ ਨੂੰ ਪੈਰਾਂ ਹੇਠ ਮਧੋਲ ਕੇ ਰਾਜਸੀ ਸ਼ਕਤੀ ਪ੍ਰਾਪਤ ਨਹੀਂ ਕੀਤੀ ਜਾ ਸਕਦੀ। ਇਤਿਹਾਸ ਗਵਾਹ ਹੈ ਕਿ ਸਿਧਾਂਤ ਤੇ ਮਰਯਾਦਾ ਤੋਂ ਹਟਵੀ ਏਕਤਾ ਸਦੀਵੀਂ ਤੇ ਮਹੱਤਤਾ ਵਾਲੀ ਨਹੀਂ ਹੁੰਦੀ। ਜਿਹੜੀਆਂ ਵੀ ਸਰਕਾਰਾਂ ਧਰਮ ਤੋਂ ਅੱਖ ਫੇਰਦੀਆਂ ਹਨ ਉਹ ਜਾਲਮ ਤੇ ਜੁਲਮੀ ਹੋ ਕੇ ਨਸ਼ਟ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਨਿਹੰਗ ਸਿੰਘਾਂ ਦੇ ਦਲ ਪੰਥ ਹਮੇਸ਼ਾਂ ਸਿੱਖ ਕੌਮ ਦੀ ਚੜ੍ਹਦੀਕਲਾ ਲਈ ਜੂਝਦੇ ਰਹੇ ਹਨ। ਖਾਲਸਾ ਰਾਜ ਦੀ ਪ੍ਰਾਪਤੀ ਲਈ ਸਮੁਚੀ ਸਿੱਖ ਕੌਮ ਨੂੰ ਇਕਜੁੱਟ ਹੋਣਾ ਚਾਹੀਦਾ ਹੈ। ਖਾਲਸਾ ਰਾਜ ਸਬੰਧੀ ਗੁਰੂ ਦੇ ਬਚਨ ਜ਼ਰੂਰ ਪੂਰੇ ਹੋਣਗੇ।

## ਕੇਂਦਰ ਸਰਕਾਰ ਦੇ 11 ਸਾਲ ਪੂਰੇ ਹੋਣ ’ਤੇ ਪ੍ਰਦਰਸ਼ਨੀ ਵਿੱਚ ਦਿਖੀ ਵਿਕਸਿਤ ਰਾਸ਼ਟਰ ਦੇ ਵੱਧ ਵੱਧੀ ਭਾਰਤ ਦੀ ਤਸਵੀਰ - ਡਾ. ਅਰਵਿੰਦ ਸ਼ਰਮਾ

**ਕੌਮੀ ਪਤ੍ਰਿਕਾ**

ਚੰਡੀਗੜ੍ਹ, 12 ਜੂਨ: ਕੇਂਦਰ ਸਰਕਾਰ ਦੇ 11 ਸਫਲ ਸਾਲ ਪੂਰੇ ਹੋਣ ਦੇ ਮੌਕੇ ਵਿੱਚ ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਵੱਲੋਂ ਅੱਜ ਸੋਨੀਪਤ ਵਿੱਚ ਤਿੰਨ ਦਿਨਾਂ ਦੇ ਪ੍ਰਦਰਸ਼ਨੀ ਦਾ ਪ੍ਰਬੰਧ ਕੀਤਾ ਗਿਆ। ਇਸ ਪ੍ਰਦਰਸ਼ਨੀ ਦਾ ਉਦਘਾਟਨ ਹਰਿਆਣਾ ਸਰਕਾਰ ਦੇ ਸਹਿਕਾਰਤਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਫੀਤਾ ਕੱਟ ਕੇ ਕੀਤਾ। ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਇਹ ਪ੍ਰਦਰਸ਼ਨੀ ਵਿਕਸਿਤ ਭਾਰਤ ਦੀ ਦਿਸ਼ਾ ਵਿੱਚ ਲਗਾਤਾਰ ਅੱਗੇ ਵੱਧਦੇ ਹੋਏ ਦੇਸ਼ ਦੀ ਝਲਕ ਪੇਸ਼ ਕਰਦੀ ਹੈ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਾਲ 2047 ਤੱਕ ਭਾਰਤ ਨੂੰ ਵਿਕਸਿਤ ਰਾਸ਼ਟਰ ਬਨਾਉਣ ਦਾ ਜੋ ਸੰਕਲਪ ਕੀਤਾ ਗਿਆ ਹੈ, ਉਸ ਨੂੰ ਸਾਕਾਰ ਕਰਨ ਤਹਿਤ ਕੇਂਦਰ ਤੇ ਸੂਬਾ ਸਰਕਾਰ ਮਿਲ ਕੇ ਕੰਮ ਕਰ ਰਹੀ ਹੈ। ਇਹ ਪ੍ਰਦਰਸ਼ਨੀ ਸਰਕਾਰ ਦੀ ਨੀਤੀਆਂ ਅਤੇ ਜਨਹਿੱਤ ਵਿੱਚ ਕੀਤੇ ਗਏ ਕੰਮਾਂ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਮਜਬੂਤ ਸਰੋਤ ਹੈ। ਉਨ੍ਹਾਂ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਕੇਂਦਰ ਸਰਕਾਰ ਨੇ ਸੇਵਾ, ਸੁਸਾਸ਼ਨ ਅਤੇ ਗਰੀਬ ਭਲਾਈ ਦੇ ਮੂਲਮੰਤਰ ’ਤੇ ਚੱਲਦੇ ਹੋਏ ਅਨੇਕ ਜਨਭਲਾਈਕਾਰੀ ਯੋਜਨਾਵਾਂ ਲਾਗੂ ਕੀਤੀਆਂ ਹਨ, ਜਿਸ ਦਾ ਲਾਭ ਪਾਰਦਰਸ਼ੀ ਢੰਗ ਨਾਲ ਹਰ ਯੋਗ ਨਾਗਰਿਕ ਤੱਕ ਪਹੁੰਚਿਆ ਹੈ। ਪ੍ਰਧਾਨ ਮੰਤਰੀ ਆਵਾਸ ਯੋਜਨਾ, ਉਜਵਲਾ ਯੋਜਨਾ, ਆਯੂਸ਼ਮਾਨ ਭਾਰਤ ਯੋਜਨਾ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ , ਜਲ ਜੀਵਨ ਮਿਸ਼ਨ ਅਤੇ ਸਵੱਛ ਭਾਰਤ ਮੁਹਿੰਮ ਵਰਗੀ ਯੋਜਨਾਵਾਂ ਨੇ ਆਮ ਜਨਤਾ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਏ ਹਨ। ਡਾ. ਸ਼ਰਮਾ ਨੇ ਕਿਹਾ ਕਿ ਇੰਨ੍ਹਾਂ ਯੋਜਨਾਵਾਂ ਨਾਲ ਨਾਗਰਿਕਾਂ ਨੂੰ ਨਾ ਸਿਰਫ ਸਹੂਲਤ ਮਿਲੀ ਹੈ, ਸੋਗ ਉਹ ਆਤਮਨਿਰਭਰ ਅਤੇ ਮਜਬੂਤ ਵੀ ਬਣੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਦੇਸ਼ ਦੀ ਸੁਰੱਖਿਆ ਅਤੇ ਅਖੰਡਤਾ ਨੂੰ ਮਜਬੂਤ ਕਰਨ ਦੀ ਦਿਸ਼ਾ ਵਿੱਚ ਵੀ ਕੇਂਦਰ ਸਰਕਾਰ ਨੇ ਇਤਿਹਾਸਕ ਕਦਮ ਚੁੱਕੇ ਹਨ। ਅੱਜ ਭਾਰਤ ਵਿਸ਼ਵ ਮੰਚ ’ਤੇ ਇੱਕ ਮਜਬੂਤ ਅਤੇ ਸਨਮਾਨਿਤ ਰਾਸ਼ਟਰ ਵਜੋ ਉਭਰਿਆ ਹੈ। ਪ੍ਰਦਰਸ਼ਨੀ ਵਿੱਚ ਕੇਂਦਰ ਸਰਕਾਰ ਦੀ ਬੀਤੇ 11 ਸਾਲਾਂ ਦੀ ਉਪਲਬਧੀਆਂ ਨੂੰ ਫੋਟੋਆਂ, ਗ੍ਰਾਫਿਕਸ ਅਤੇ ਸੂਚਨਾਤਮਕ ਸਮੱਗਰੀ ਰਾਹੀਂ ਦਰਸ਼ਾਇਆ ਗਿਆ ਹੈ। ਆਰਥਕ ਵਿਕਾਸ, ਸਮਾਜਿਕ ਨਿਆਂ, ਬੁਨਿਆਦੀ ਢਾਂਚਾ, ਸਿਹਤ, ਸਿਖਿਆ, ਖੇਤੀਬਾੜ., ਸੁਰੱਖਿਆ ਅਤੇ ਹੋਰ ਭਲਾਈਕਾਰੀ ਯੋਜਨਾਵਾਂ ਨੂੰ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕੀਤਾ ਗਿਆ ਹੈ। ਇਹ ਪ੍ਰਦਰਸ਼ਨੀ ਅਗਾਮੀ ਤਿੰਨ ਦਨਾਂ ਤੱਕ ਆਮਜਨਤਾ ਲਈ ਖੁੱਲੀ ਰਹੇਗੀ, ਤਾਂ ਜੋ ਵੱਧ ਤੋਂ ਵੱਧ ਲੋਕ ਕੇਂਦਰ ਸਰਕਾਰ ਦੀ ਯੋਜਨਾਵਾਂ ਅਤੇ ਉਪਲਬਧੀਆਂ ਨਾਲ ਜਾਣੂ ਹੋ ਕੇ ਉਨ੍ਹਾਂ ਦਾ ਲਾਭ ਲੈ ਸਕਣ।

## ਯੁੱਧ ਨਸ਼ਿਆ ਵਿਰੁੱਧ ਅਭਿਆਨ ਤਹਿਤ ਪੁਲਿਸ ਅਧਿਕਾਰੀਆ ਤੇ ਸਲਾਈਟ ਪ੍ਰਬੰਧਕਾਂ ਨੇ ਕੀਤੀ ਮੀਟਿੰਗ

ਲੌਂਗੋਵਾਲ,12 ਜੂਨ- ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ, ਲੌਂਗੋਵਾਲ ਵਿਖੇ ਡੀਐਸਪੀ ਸੁਨਾਮ ਸ਼. ਹਰਵਿੰਦਰ ਸਿੰਘ ਖੈਰਾ, ,ਇੰਸਪੈਕਟਰ ਬਲਵੰਤ ਸਿੰਘ, ਐੱਸ.ਐਚ.ਓ.ਥਾਣਾ ਲੌਂਗੋਵਾਲ ਅਤੇ ਡਾ. ਮਣੀਕਾਂਤ ਪਾਸਵਾਨ, ਡਾਇਰੈਕਟਰ, ਸਲਾਈਟ ਦੇ ਨਾਲ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਹ ਮੀਟਿੰਗ ÷ਨਸ਼ਾ ਮੁਕਤੀ ਅਭਿਆਨ÷ ਦੀ ਸਾਂਝੀ ਮੁਹਿੰਮ ਦੀ ਸ਼ੁਰੂਆਤ ਲਈ ਕੀਤੀ ਗਈ ਜੋ ਕਿ ਸਮਾਜ ਵਿੱਚ ਵੱਧ ਰਹੀ ਨਸ਼ੇ ਦੀ ਸਮੱਸਿਆ ਨੂੰ ਦੂਰ ਕਰਨ ਉੱਤੇ ਕੇਂਦਰਿਤ ਸੀ। ਚਰਚਾ ਦੌਰਾਨ ਇਸ ਗੱਲ ’ਤੇ ਜ਼ੋਰ ਦਿੱਤਾ ਗਿਆ ਕਿ ਵਿਦਿਅਕ ਸੰਸਥਾਵਾਂ ਸਮਾਜਿਕ ਜਾਗਰੂਕਤਾ ਅਤੇ ਨੌਜਵਾਨਾਂ ਵਿੱਚ ਵਿਵਹਾਰਕ ਬਦਲਾਅ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ। ਡਾਇਰੈਕਟਰ ਸ੍ਰੀ ਮਨੀਕਾਂਤ ਪਾਸਵਾਨ ਨੇ ਸਮਾਜ ਭਲਾਈ ਪ੍ਰਤੀ ਸਲਾਈਟ ਦੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਵਿਦਿਆਰਥੀਆਂ, ਅਧਿਆਪਕਾਂ ਅਤੇ ਕਾਨੂੰਨ ਰੱਖਿਆ ਏਜੰਸੀ ਨੂੰ ਸ਼ਾਮਲ ਕਰਕੇ ਸਾਂਝੇ ਜਾਗਰੂਕਤਾ ਪ੍ਰੋਗਰਾਮ, ਵਰਕਸ਼ਾਪਾਂ, ਕਾਊਂਸਲਿੰਗ ਸੈਸ਼ਨਾਂ ਅਤੇ ਆਊਟਰੀਚ ਮੁਹਿੰਮਾਂ ਦੀ ਪੇਸ਼ਕਸ਼ ਕੀਤੀ। ਇਸ ਮੀਟਿੰਗ ਵਿੱਚ ਇਹ ਵੀ ਯੋਜਨਾ ਬਣਾਈ ਗਈ ਕਿ ਆਉਣ ਵਾਲੇ ਸਮੇਂ ਵਿੱਚ ਨਸ਼ਾ ਵਿਰੋਧੀ ਰੈਲੀਆਂ, ਜਾਗਰੂਕਤਾ ਕੈਂਪ, ਸਾਈਕਲ ਰੈਲੀਆਂ ਅਤੇ ਨੇੜਲੇ ਪਿੰਡਾਂ ਵਿੱਚ ਵਿਦਿਆਰਥੀ ਐਂਬੈਸਡਰ ਪ੍ਰੋਗਰਾਮ ਵਰਗੀਆਂ ਸਾਂਝੀਆਂ ਗਤੀਵਿਧੀਆਂ ਆਯੋਜਿਤ ਕੀਤੀਆਂ ਜਾਣ। ਇਸ ਮੌਕੇ ਡਾ. ਐੱਮ.ਐੱਮ. ਸਿਨਹਾ, ਡੀਨ, ਵਿਦਿਆਰਥੀ ਭਲਾਈ, ਡਾ. ਰਾਜੇਸ਼ ਕੁਮਾਰ, ਚੇਅਰਮੈਨ, ਐਸਈਟੀ, ਸ਼?ਰੀ ਹਰੀ ਮੋਹਨ ਅਰੋੜਾ, ਰਜਿਸਟਰਾਰ, ਡਾ. ਵੀ.ਕੇ. ਕੁਕਰੇਜਾ, ਅਸੋਸੀਏਟ ਡੀਨ, ਅਨੁਸ਼ਾਸਨ, ਡਾ. ਸੁਖਚਰਨ ਸਿੰਘ, ਅਸੋਸੀਏਟ ਡੀਨ, ਸੁਰੱਖਿਆ, ਡਾ. ਪ੍ਰਦੂਮਨ ਕੁਮਾਰ, ਚੀਫ ਵਾਰਡਨ, ਲੜਕੇ ਹੋਸਟਲ, ਡਾ. ਗੁਰਜਿੰਦਰ ਕੌਰ, ਚੀਫ ਵਾਰਡਨ, ਲੜਕੀਆਂ ਹੋਸਟਲ ਅਤੇ ਡਾ. ਰੁਪੇਸ਼ ਸਿੰਘ ਮੈਡੀਕਲ ਅਫਸਰ ਵੀ ਹਾਜ਼ਰ ਸਨ।

## ਪਿਓ ਵੱਲੋਂ ਆਪਣੇ ਹੀ ਪੁੱਤ ਦਾ ਗੋਲ?ੀਆਂ ਮਾਰ ਕੇ ਕਤਲ !

ਦੋਰਾਹਾ 12 ਜੂਨ। ਬੀਤੀ ਰਾਤ ਥਾਣਾ ਦੋਰਾਹਾ ਅਧੀਨ ਆਉਂਦੇ ਪਿੰਡ ਬੁਆਣੀ ਵਿਖੇ ਸਾਬਕਾ ਫ਼ੌਜੀ ਨੇ ਘਰੇਲੂ ਕਲੇਸ਼ ਕਾਰਨ ਆਪਣੇ 23 ਸਾਲਾ ਪੁੱਤਰ ਜਗਮੀਤ ਸਿੰਘ ਤੇ ਪਤਨੀ ਬਲਵਿੰਦਰ ਕੌਰ ਨੂੰ ਗੋਲ?ੀਆਂ ਮਾਰ ਦਿੱਤੀਆਂ, ਜਿਸ ਕਾਰਨ ਪੁੱਤਰ ਦੀ ਮੌਤ ਹੋ ਗਈ। ਬਲਵਿੰਦਰ ਕੌਰ ਨੂੰ ਗੰਭੀਰ ਜ਼ਖ਼ਮੀ ਹਾਲਤ ਵਿਚ ਹਸਪਤਾਲ ਦਾਖ਼ਲ ਕਰਵਾਇਆ ਗਿਆ। ਸਾਬਕਾ ਫ਼ੌਜੀ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਨੇ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸਾਬਕਾ ਫ਼ੌਜੀ ਦੇ ਦੂਜੇ ਬੇਟੇ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਮੇਰੇ ਪਿਤਾ ਬਲਜਿੰਦਰ ਸਿੰਘ ਦੁੱਧ ਲੈਣ ਜਾ ਰਹੇ ਸਨ। ਇਸ ਦੌਰਾਨ ਮੇਰੇ ਛੋਟੇ ਭਰਾ ਜਗਮੀਤ ਸਿੰਘ ਨੇ ਆਪਣੀ ਗੱਡੀ ਮੇਰੇ ਪਿਤਾ ਕੋਲੋਂ ਜਦੋਂ ਕੱਢੀ ਤਾਂ ਦੋਵਾਂ ਵਿਚ ਤਕਰਾਰ ਹੋ ਗਈ। ਗੁੱਸੇ ਵਿਚ ਆ ਕੇ ਉਨ੍ਹਾਂ ਨੇ ਇਕ-ਦੂਜੇ ਦੀਆਂ ਗੱਡੀਆਂ ਦੇ ਸ਼ੀਸ਼ੇ ਤੋੜ ਦਿੱਤੇ। ਮੈਂ ਦੋਵਾਂ ਨੂੰ ਵੱਖ-ਵੱਖ ਕਰ ਦਿੱਤਾ ਪਰ ਥੋੜੀ ਦੇਰ ਵਿਚ ਹਸਪਤਾਲ ਦਾਖ਼ਲ ਕਰਵਾਇਆ ਗਿਆ। ਸਾਬਕਾ ਫ਼ੌਜੀ ਮੌਕੇ ਤੋਂ ਫਰਾਰ ਹੋ ਗਿਆ। ਪੁਲਸ ਨੇ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸਾਬਕਾ ਫ਼ੌਜੀ ਦੇ ਦੂਜੇ ਬੇਟੇ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਮੇਰੇ ਪਿਤਾਬਾਅਦ ਮੇਰੇ ਪਿਤਾ ਨੇ ਰਿਵਾਲਵਰ ਨਾਲ ਮੇਰੇ ਭਰਾ ਜਗਮੀਤ ਸਿੰਘ ਤੇ ਮਾਤਾ ਨੂੰ ਗੋਲੀਆਂ ਮਾਰ ਦਿੱਤੀਆਂ। ਹਸਪਤਾਲ ਲਿਜਾਂਦਿਆਂ ਰਸਤੇ ਵਿਚ ਹੀ ਜਗਮੀਤ ਦੀ ਮੌਤ ਹੋ ਗਈ। ਘਟਨਾ ਦੀ ਸੂਚਨਾ ਮਿਲਣ ’ਤੇ ਥਾਣਾ ਦੋਰਾਹਾ ਦੇ ਐੱਸ. ਐੱਚ. ਓ. ਆਕਾਸ਼ ਦੱਤ ਮੌਕੇ ’ਤੇ ਪੁੱਜੇ ਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ। ਡੀ. ਐੱਸ. ਪੀ. ਹੇਮੰਤ ਕੁਮਾਰ ਮਲਹੋਤਰਾ ਨੇ ਦੱਸਿਆ ਕਿ ਗੋਲੀਆਂ ਚਲਾਉਣ ਵਾਲਾ ਸਾਬਕਾ ਫੌਜੀ ਮੌਕੇ ਤੋਂ ਫਰਾਰ ਹੋ ਗਿਆ, ਜਿਸ ਦੀ ਭਾਲ ਲਈ ਪੁਲਸ ਨੇ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਹੈ।

## ਹਰਿਆਣਾ ਵਿੱਚ ਹਰਿਆਲੀ ਦਾ ਨਵਾਂ ਯੁਗ- ਵਨ੍ਹ ਖੇਤਰ ਵਿਸਥਾਰ, ਪੌਧੇ ਲਗਾਉਣਾ ਅਤੇ ਇਕੋ-ਟੂਰਿਜ਼ਮ ਦੀ ਵੱਡੀ ਪਹਿਲ

ਚੰਡੀਗੜ੍ਹ, 12 ਜੂਨ: ਹਰਿਆਣਾ ਦੇ ਵਾਤਾਵਰਣ ਅਤੇ ਵਨ ਮੰਤਰੀ ਸ੍ਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਨੇ ਰਾਜ ਵਿੱਚ ਵਨ ਖੇਤਰ ਵਧਾਉਣ ਅਤੇ ਵਾਤਾਵਰਣ ਸੰਤੁਲਨ ਬਣਾਏ ਰੱਖਣ ਲਈ ਬਹੁ-ਪੱਖੀ ਯਤਨ ਸ਼ੁਰੂ ਕੀਤੇ ਹਨ। ਵਨ੍ਹ ਵਿਭਾਗ ਪੌਡੂ ਪੱਧਰ ਤੋਂ ਲੈਅ ਕੇ ਕੌਮਾਂਤਰੀ ਜੰਗਲ ਸਫਾਰੀ ਤੱਕ ਦੀ ਯੋਜਨਾਵਾਂ ’ਤੇ ਮਿਸ਼ਨ ਮੋਡ ਵਿੱਚ ਕੰਮ ਕਰ ਰਿਹਾ ਹੈ। ਸ਼ਹਿਰੀ ਜੰਗਲਾਤ ਤਹਿਤ ਸੂਬੇ ਤੇ ਸਾਰੇ ਸ਼ਹਿਰਾਂ ਵਿੱਚ 67,500 ਵੱਡੇ ਪੌਧੇ ਲਗਾਏ ਗਏ ਹਨ। ਅਮ੍ਰਿਤ ਸਰੋਵਾ ਯੋਜਨਾ ਤਹਿਤ 2200 ਤਾਲਾਬਾਂ ਦੇ ਕਿਨਾਰੇ ਪੀਪਲ, ਬੋਹੜ ਅਤੇ ਨਿੰਮ ਦੀ ਤ੍ਰਿਵੇਣੀ ਲਗਾਉਣ ਦਾ ਕੰਮ ਪ੍ਰਗਤੀ ’ਤੇ ਹੈ। ਉੱਥੇ ਹੀ ਖੇਤੀਬਾੜੀ ਜੰਗਲਾਤ ਰਾਹਾਂ ਕਿਸਾਨਾਂ ਦੇ ਖੇਤਾਂ ਵਿੱਚ ਸਫ਼ੇਦਾ ਕਲੋਨ ਅਤੇ ਫਲਦਾਰ ਪੌਧੇ ਲਗਾਏ ਜਾ ਰਹੇ ਹਨ। ਉਨ੍ਹਾਂ ਨੇ ਦੱਸਿਆ ਕਿ ਸਾਲ 2024-25 ਦੌਰਾਨ ਹੁਣ ਤੱਕ 44 ਲੱਖ ਤੋਂ ਵੱਧ ਸੂਬੇਭਰ ਵਿੱਚ ਲਗਾਏ ਜਾ ਚੁੱਕੇ ਹਨ। ਰਾਓ ਨਰਬੀਰ ਨੇ ਕਿਹਾ ਕਿ ਯਮੁਨਾ ਅਤੇ ਘੱਗਰ ਨਦੀਆਂ ਨਾਲ ਲਗਦੇ ਪਿੰਡਾਂ ਵਿੱਚ ਭੂਮੀ ਕਟਾਓ ਅਤੇ ਜਲ ਸਰੰਖਣ ਨੂੰ ਧਿਆਨ ਵਿੱਚ ਰੱਖਦੇ ਹੋਏ 20 ਲੱਖ ਤੋਂ ਵੱਧ ਪੌਧੇ ਲਗਾਏ ਗਏ ਹਨ। ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਪੌਧਾਗਿਰੀ ਮੁਹਿੰਮ ਚਲਾਈ ਗਈ ਹੈ, ਜਿਸ ਦੇ ਤਹਿਤ ਸਾਲ 2024-25 ਦੌਰਾਨ 13.50 ਲੱਖ ਤੋਂ ਵੱਧ ਪੌਧੇ ਸਕੂਲਾਂ ਵਿੱਚ ਵੰਡੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਵਨ ਮਿੱਤਰ ਯੋਜਨਾ ਤਹਿਤ ਹੁਣ ਤੱਕ 780 ਤੋਂ ਵੱਧ ਵਨ ਮਿੱਤਰਾਂ ਵੱਲੋਂ ਪੌਧੇ ਲਗਾਉਣ ਦਾ ਕੰਮ ਕੀਤਾ ਗਿਆ ਹੈ ਅਤੇ 70 ਹਜ਼ਾਰ ਤੋਂ ਵੱਧ ਖੱਡੇ ਖੋਦੇ ਗਏ ਹਨ। ਨਾਲ ਹੀ 75 ਸਾਲ ਤੋਂ ਵੱਧ ਉਮਰ ਦੇ ਦਰਖਤਾਂ ਦੀ ਸੁਰੱਖਿਆ ਯਕੀਨੀ ਕਰਨ ਲਈ ਸ਼ੁਰੂ ਕੀਤੀ ਗਈ ਪ੍ਰਾਣ ਵਾਯੂ ਦੇਵਤਾ ਪੇਂਸ਼ਨ ਯੋਜਨਾ ਤਹਿਤ ਹੁਣ ਤੱਕ 3,819 ਦਰਖਤਾਂ ਦੀ ਰੱਖਿਆ ਕਰਨ ਵਾਲਿਆਂ ਨੂੰ ਸਾਲਾਨਾਂ 2,750 ਰੁਪਏ ਦੀ ਪੇਂਸ਼ਨ ਸੀਧੇ ਉਨ੍ਹਾਂ ਦੇ ਖਾਤਿਆਂ ਵਿੱਚ ਟ?ਰਾਂਸਫਰ ਕੀਤੀ ਗਈ ਹੈ। ਵਨ ਮੰਤਰੀ ਨੇ ਦੱਸਿਆ ਕਿ ਹਰਿਆਣਾ ਵਿੱਚ ਸ਼ਿਵਾਲਿਕ ਅਤੇ ਅਰਾਵਲੀ ਪਰਬਤ ਸ਼?ਰੇਣਿਆਂ ਵਿੱਚ ਜਲ ਸਰੰਖਣ ਅਤੇ ਭੂਮੀ ਕਟਾਓ ਨੂੰ ਰੋਕਣ ਲਈ ਚੇਕ ਡੈਮ ਜਿਹੀ ਜਲ ਸੰਚਯਨ ਸਰੰਚਨਾਵਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਸਾਲ 2023-24 ਦੌਰਾਨ ਗੁਰੂਗ੍ਰਾਮ, ਨੂੰਹ, ਰੇਵਾੜੀ ਅਤੇ ਮਹਿੰਦਰਗੜ੍ਹ ਜ਼ਿਲ੍ਹਿਆਂ ਵਿੱਚ ਕੁਲ੍ਹ 22.425 ਹੈਕਟੇਅਰ ਖੇਤਰ ਨੂੰ ਸੁਰੱਖਿਅਤ ਵਨ ਭੂਮੀ ਐਲਾਨ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਯਮੁਨਾਨਗਰ ਜ਼ਿਲ੍ਹੇ ਵਿੱਚ ਇੱਕ ਵਨ ਖੋਜ ਸੰਸਥਾਨ ਦੀ ਸਥਾਪਨਾ ਕੀਤੀ ਜਾਵੇਗੀ, ਜੋ ਰਾਜ ਵਿੱਚ ਵਨ ਅਧਾਰਿਤ ਖੋਜ, ਸਿਖਲਾਈ ਅਤੇ ਨਵਾਚਾਰ ਦਾ ਕੇਂਦਰ ਬਣੇਗਾ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੱਲੋਂ ਬਜਟ ਵਿੱਚ ਕੀਤੇ ਗਏ ਐਲਾਨ ਅਨੁਸਾਰ ਗੁਰੂਗ੍ਰਾਮ ਅਤੇ ਨੂੰਹ ਜ਼ਿਲ੍ਹਿਆਂ ਵਿੱਚ 2500 ਏਕੜ ਖੇਤਰ ਵਿੱਚ ਕੌਮਾਂਤਰੀ ਪੱਧਰ ਦੀ ਜੰਗਲ ਸਫ਼ਾਰੀ ਵਿਕਸਿਤ ਕੀਤੀ ਜਾਵੇਗੀ, ਜਿਸ ਨਾਲ ਨਾ ਸਿਰਫ਼ ਸੂਬੇ ਵਿੱਚ ਇੱਕੋ- ਟੂਰਿਜ਼ਮ ਵਿੱਚ ਵਾਧਾ ਹੋਵੇਗਾ, ਸਗੋਂ ਸਥਾਨਕ ਨੌਜੁਆਨਾਂ ਨੂੰ ਹਰਿਤ ਰੁਜਗਾਰ ਦੇ ਨਵੇਂ ਮੌਕੇ ਵੀ ਮਿਲਣਗੇ। ਸ੍ਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਸਰਕਾਰ ਦਾ ਟੀਚਾ ਸਿਰਫ਼ ਦਰਖਤ ਲਗਾਉਣਾ ਹੀ ਨਹੀਂ, ਸਗੋਂ ਵਾਤਾਵਰਣ ਸਥਿਰਤਾ, ਜਲ ਪ੍ਰਬੰਧਨ ਅਤੇ ਰੁਜਗਾਰ ਸਿਰਜਨ ਵਿੱਚਕਾਰ ਤਾਲਮੇਲ ਸਥਾਪਿਤ ਕਰਨਾ ਹੈ। ਸਾਡਾ ਟੀਚਾ ਹੈ- ਹਰਿਆਣਾ ਨੂੰ ਹਰਿਤ ਵਿਕਾਸ ਦਾ ਕੌਮੀ ਮਾਡਲ ਬਨਾਉਣਾ।

## ਈ-ਰਿਕਸ਼ਾ ਪਲਟਣ ਨਾਲ ਤਿੰਨ ਔਰਤਾਂ ਜ਼ਖਮੀ

ਅਬੋਹਰ 12 ਜੂਨ। ਅੱਜ ਦੁਪਹਿਰ ਸਥਾਨਕ ਪ੍ਰਜਾਪਤੀ ਚੌਂਕ ’ਤੇ ਇੱਕ ਈ-ਰਿਕਸ਼ਾ ਪਲਟਣ ਨਾਲ ਤਿੰਨ ਔਰਤਾਂ ਜ਼ਖਮੀ ਹੋ ਗਈਆਂ, ਜਦੋਂ ਕਿ ਈ-ਰਿਕਸ਼ਾ ਚਾਲਕ ਵਾਲ-ਵਾਲ ਬਚ ਗਿਆ। ਜਾਣਕਾਰੀ ਅਨੁਸਾਰ ਈ-ਰਿਕਸ਼ਾ ਚਾਲਕ ਅਰਜੁਨ ਪੁੱਤਰ ਸੂਰਜ ਕੁਮਾਰ ਵਾਸੀ ਰਾਜੀਵ ਨਗਰ ਨੇ ਦੱਸਿਆ ਕਿ ਉਹ ਸੂਰਜ ਨਗਰੀ ਤੋਂ ਤਿੰਨ ਮਹਿਲਾ ਯਾਤਰੀਆਂ ਨੂੰ ਉਨ੍ਹਾਂ ਦੇ ਘਰ ਛੱਡਣ ਲਈ ਜਾ ਰਿਹਾ ਸੀ। ਜਦੋਂ ਉਹ ਪ੍ਰਜਾਪਤੀ ਚੌਂਕ ਪਹੁੰਚਿਆ ਤਾਂ ਅਚਾਨਕ ਇੱਕ ਮੋਟਰਸਾਈਕਲ ਆਟੋ ਦੇ ਸਾਹਮਣੇ ਆ ਗਿਆ ਅਤੇ ਜਿਵੇਂ ਹੀ ਉਸਨੇ ਕੱਟ ਮਾਰਿਆ ਤਾਂ ਉਸਦਾ ਈ-ਰਿਕਸ਼ਾ ਪਲਟ ਗਿਆ। ਜਿਸ ਵਿੱਚ ਤਿੰਨੋਂ ਔਰਤਾਂ ਜ਼ਖਮੀ ਹੋ ਗਈਆਂ। ਰਾਹਗੀਰਾਂ ਦੀ ਮਦਦ ਨਾਲ ਉਸਨੇ ਈ-ਰਿਕਸ਼ਾ ਨੂੰ ਸਿੱਧਾ ਕੀਤਾ ਅਤੇ ਔਰਤਾਂ ਨੂੰ ਹਸਪਤਾਲ ਪਹੁੰਚਾਇਆ। ਇਸ ਹਾਦਸੇ ’ਚ ਜੈਨ ਵਾਸੀ ਊਸ਼ਾ ਪਤਨੀ ਮਦਨ ਲਾਲ ਉਮਰ ਕਰੀਬ 60 ਸਾਲਾ ਦੀ ਲੱਤ ਕੁਚਲੀ ਗਈ। ਜਦੋਂ ਕਿ ਰਾਮਦੇਵ ਨਗਰੀ ਵਾਸੀ ਸ਼ਕੁੰਤਲਾ ਪਤਨੀ ਹੰਸਰਾਜ ਅਤੇ ਕਮਲਾ ਪਤਨੀ ਜਗਦੀਸ਼ ਵੀ ਜ਼ਖਮੀ ਹੋ ਗਈਆਂ। ਹਸਪਤਾਲ ਵਿੱਚ ਡਾਕਟਰਾਂ ਨੇ ਮੁੱਢਲੀ ਸਹਾਇਤਾ ਤੋਂ ਬਾਅਦ ਊਸ਼ਾ ਨੂੰ ਰੈਫ਼ਰ ਕਰ ਦਿੱਤਾ। ਜਦੋਂ ਕਿ ਬਾਕੀ ਦੋ ਔਰਤਾਂ ਨੂੰ ਮੁੱਢਲੀ ਸਹਾਇਤਾ ਤੋਂ ਬਾਅਦ ਉਨ੍ਹਾਂ ਦੇ ਪਰਿਵਾਰ ਵਾਲਿਆਂ ਨੇ ਇੱਕ ਨਿੱਜੀ ਹਸਪਤਾਲ ਲੈ ਗਏ। ਈ-ਰਿਕਸ਼ਾ ਚਾਲਕ ਨੇ ਹਾਦਸੇ ਲਈ ਜ਼ਖਮੀਆਂ ਦੇ ਪਰਿਵਾਰਾਂ ਤੋਂ ਮੁਆਫ਼ੀ ਮੰਗੀ, ਜਿਸ ’ਤੇ ਪਰਿਵਾਰ ਨੇ ਉਸਨੂੰ ਮੁਆਫ਼ ਕਰ ਦਿੱਤਾ ਅਤੇ ਕੋਈ ਕਾਨੂੰਨੀ ਕਾਰਵਾਈ ਨਾ ਕਰਨ ਦਾ ਭਰੋਸਾ ਦਿੱਤਾ।

## ਵਰਲਡ ਬਲੱਡ ਡੋਨਰਜ ਡੇਅ ਮੌਕੇ ਖ਼ੂਨਦਾਨੀਆਂ ਨੂੰ ਕੀਤਾ ਸਨਮਾਨਿਤ

**ਕੌਮੀ ਪਤ੍ਰਿਕਾ**

ਸੰਗਰੂਰ,12 ਜੂਨ (ਜਗਸੀਰ ਲੌਂਗੋਵਾਲ)- ਸਹਾਰਾ ਫਾਊਂਡੇਸ਼ਨ ਦੇ ਬਲੱਡ ਵਿੰਗ ਵੱਲੋਂ ਇਵਾ ਪੈਥ ਲੈਬ ਦੇ ਸਹਿਯੋਗ ਨਾਲ ਕੋਟਾ ਇੰਸਟੀਚਿਊਟ ਆਫ ਐਕਸੀਲੈਂਸ ਵਿਖੇ ਖ਼ੂਨਦਾਨੀਆਂ ਦੀ ਸੇਵਾ ਅਤੇ ਸਮੱਰਪਣ ਨੂੰ ਮੁੱਖ ਰੱਖਦੇ ਹੋਏ ਇੱਕ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਜਿੱਥੇ ਸ਼ਹਿਰ ਦੀਆਂ ਸਮਾਜਿਕ ਸੰਸਥਾਵਾਂ ਅਤੇ ਬਲੱਡ ਡੋਨੇਟ ਕਰਨ ਵਾਲੇ ਲੋਕਾਂ ਨੂੰ ਵਰਲਡ ਡੋਨਰ ਡੇਅ ਤੇ ਸਨਮਾਨਿਤ ਕੀਤਾ ਗਿਆ ਅਤੇ ਇਸ ਖਾਸ ਮੌਕੇ ਇੱਕ ਬਲੱਡ ਗਰੁੱਪਿੰਗ ਕੈਂਪ ਵੀ ਲਗਾਇਆ ਗਿਆ। ਬੱਚਿਆਂ ਦੀ ਖ਼ੂਨ ਦੀ ਜਾਂਚ ਕਰਨ ਉਪਰੰਤ ਉਹਨਾਂ ਦੇ ਬਲੱਡ ਗਰੁੱਪਿੰਗ ਦੇ ਕਾਰਡ ਵੀ ਬਣਾਏ ਗਏ ਜੋ ਉਹਨਾਂ ਦੇ ਐਮਰਜੈਂਸੀ ਵੇਲੇ ਕੰਮ ਆਉਣਗੇ। ਇਸ ਸਨਮਾਨ ਸਮਾਰੋਹ ਅਤੇ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਡਾ. ਸ਼ੈਰੀ ਸਵਾਪਲੀਨ, ਡਾ. ਸੁਰਭੀ ਮਿੱਤਲ ਅਤੇ ਡਾ. ਪਿਯੂਸ਼ ਕਾਂਸਲ ਨੇ ਖ਼ੂਨਦਾਨੀਆਂ ਨੂੰ ਸਨਮਾਨਿਤ ਕਰਦੇ ਹੋਏ ਕਿਹਾ ਕਿ ਅੱਜ ਦੇ ਪਦਾਰਥਵਾਦੀ ਯੁੱਗ ਵਿੱਚ ਬਹੁਤ ਲੋਕ ਹੁੰਦੇ



ਹਨ ਜੋ ਐਮਰਜੈਂਸੀ ਵੇਲੇ ਕਿਸੇ ਦੇ ਕੰਮ ਆਉਂਦੇ ਹਨ ਉਹ ਸਾਰੇ ਖ਼ੂਨਦਾਨੀ ਪ੍ਰਸੰਸਾ ਦੇ ਪਾਤਰ ਹਨ ਜੋ ਨਿਸ਼ਕਾਮ ਤੋਰ ਤੇ ਖ਼ੂਨਦਾਨ ਕਰਕੇ ਮਰੀਜ਼ਾਂ ਦੀ ਜਾਨ ਬਚਾਉਂਦੇ ਹਨ ਅਸੀਂ ਇਸ ਖਾਸ ਦਿਵਸ ਮੌਕੇ ਉਹਨਾਂ ਨੂੰ ਦਿਲੋਂ ਸਲੂਟ ਕਰਦੇ ਹਾਂ। ਇਸ ਸਨਮਾਨ ਸਮਾਰੋਹ ਵਿੱਚ ਸਮਾਜ ਸੇਵੀ ਵਿਜੇ ਸਿੰਗਲਾ, ਰਾਜੀਵ ਜੈਨ,?? ਗੀਤਾ ਜੈਨ ਰੋਟਰੀ ਕਲੱਬ, ਗੋਰਵ ਗਾਬਾ, ਜਗਦੀਸ਼ ਕੁਮਾਰ, ਅਸ਼ੋਕ ਕੁਮਾਰ ਸ਼ਰਮਾ, ਪੰਕਜ ਬਾਵਾ ਅਤੇ ਜੀਵਨ ਆਸਾ ਵੈਲਫੇਅਰ ਕਲੱਬ ਦੇ ਮੈਂਬਰ ਸਹਿਬਾਨ ਦਾ ਵਿਸ਼ੇਸ਼ ਰੂਪ ਵਿੱਚ ਸਨਮਾਨ ਕੀਤਾ ਗਿਆ। ਸਨਮਾਨਿਤ ਸ਼ਖ਼ਸ਼ੀਅਤਾਂ ਨੇ ਭਵਿੱਖ ਵਿੱਚ ਵੀ ਨਿਰੰਤਰ ਇਨਸਾਨੀਅਤ ਸੇਵਾ ਭਾਵਨਾ ਨੂੰ ਮੁੱਖ ਰੱਖਦੇ ਹੋਏ ਭਵਿੱਖ ਵਿੱਚ ਵੀ ਇਸਨੂੰ ਜਾਰੀ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੋਰਾਹਿਆ। ਕੋਟਾ ਇੰਸਟੀਚਿਊਟ ਵਿਖੇ ਲਖਵੀਰ ਸਿੰਘ, ਵੰਦਨਾ ਸਲੂਜਾ? ਡਾਇਰੈਕਟਰ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਉਹਨਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਆਪਣੇ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿਵਾਇਆ। ਇਸ ਮੌਕੇ ਪ੍ਰੋਫੈਸਰ ਨਰੇਸ਼ ਧਾਕੜ, ਸੁਨੀਲ, ਸੁਮੀਰ, ਰੋਹਿਤ, ਦਵਿੰਦਰ ਅਤੇ ਕੋਟਾ ਇੰਸਟੀਚਿਊਟ ਦੇ ਸਟਾਫ ਤੇ ਬੱਚਿਆਂ ਵੱਲੋਂ ਖ਼ੂਨਦਾਨੀਆਂ ਤੇ ਫੁੱਲਾਂ ਦੀ ਵਰਖਾ ਕਰਕੇ ਉਹਨਾਂ ਦੀ ਹੋਂਸਲਾ ਅਫ਼ਜ਼ਾਈ ਕੀਤੀ।? ਬਲੱਡ ਵਿੰਗ ਦੇ ਡਾਇਰੈਕਟਰ ਸੁਭਾਸ਼ ਕਰਾੜੀਆ, ਸਕੱਤਰ ਵਰਿੰਦਰਜੀਤ ਸਿੰਘ ਬਜਾਜ, ਕੁਆਰਡੀਨੇਟਰ ਸੁਰਿੰਦਰਪਾਲ ਸਿੰਘ ਸਿਦਕੀ ਨੇ ਕਿਹਾ ਕਿ ਅੱਜ ਸਾਇੰਸ ਦੇ ਯੁੱਗ ਵਿੱਚ ਹਰ ਚੀਜ਼ ਸੰਭਵ ਹੋ ਚੁੱਕੀ ਹੈ ਪਰ ਅੱਜ ਤੱਕ ਕੋਈ ਵੀ ਅਜਿਹੀ ਫੈਕਟਰੀ ਨਹੀਂ ਬਣੀ ਜੋ ਖ਼ੂਨ ਬਣਾ ਸਕੇ ਇਹ ਸਿਰਫ ਇਨਸਾਨ ਤੋਂ ਹੀ ਪ੍ਰਾਪਤ ਹੁੰਦਾਂ ਹੈ। ਖ਼ੂਨਦਾਨ ਕਰਨ ਵੇਲੇ ਕੋਈ ਜ਼ਾਤਪਾਤ ਤੇ ਧਰਮ ਨਹੀਂ ਦੇਖਿਆ ਜਾਂਦਾ ਕਿਉਂਕਿ ਸਾਰੇ ਇਨਸਾਨਾਂ ਵਿੱਚ ਇੱਕ ਹੀ ਖ਼ੂਨ ਹੈ ਇਸ ਲਈ ਆਪਾਂ ਨੂੰ ਚਾਹੀਦਾ ਹੈ ਕਿ ਲੋੜ ਪੈਣ ਤੇ ਖ਼ੂਨਦਾਨ ਕਰਕੇ ਕਿਸੇ ਦੀ ਜਾਨ ਬਚਾਈਏ। ਇਸ ਮੌਕੇ ਗੁਰਤੇਜ ਸਿੰਘ ਖੇਤਲਾ, ਕਮਲਜੀਤ ਕੌਰ, ਹਰੀਸ਼ ਕੁਮਾਰ, ਪੰਕਜ ਸ਼ਰਮਾ, ਗੁਰਵਿੰਦਰ ਸਿੰਘ, ਜਸਪਾਲ ਗਰਚਾ, ਰਾਜੀਵ, ਗੁਰਮੀਤ ਕੌਰ ਆਦਿ ਮੌਜੂਦ ਸਨ

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814

Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਅਸੀਂ ਅਧਿਕਾਰੀਆਂ ਨਾਲ ਮਿਲ ਕੇ ਕੰਮ ਕਰ ਰਹੇ ਹਾਂ: ਗੌਤਮ ਅਡਾਨੀ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ, 12 ਜੂਨ: ਉਦਯੋਗਪਤੀ ਗੌਤਮ ਅਡਾਨੀ ਨੇ ਵੀਰਵਾਰ ਨੂੰ ਅਹਿਮਦਾਬਾਦ ਹਵਾਈ ਅੱਡੇ ਨੇੜੇ ਏਅਰ ਇੰਡੀਆ ਦੇ ਜਹਾਜ਼ ਦੇ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ। ਟਵਿੱਟਰ 'ਤੇ ਆਪਣੀ ਪੋਸਟ ਵਿੱਚ, ਅਡਾਨੀ ਨੇ ਕਿਹਾ, ÷ਅਸੀਂ ਏਅਰ ਇੰਡੀਆ ਫਲਾਈਟ 171 ਦੀ ਦੁਖਾਂਤ ਤੋਂ ਹੈਰਾਨ ਅਤੇ ਡੂੰਘੇ ਦੁਖੀ ਹਾਂ। ਸਾਡੀ ਸੰਵੇਦਨਾ ਉਨ੍ਹਾਂ ਪਰਿਵਾਰਾਂ ਨਾਲ ਹੈ ਜਿਨ੍ਹਾਂ ਦਾ ਅਕਲਪਿਤ ਨੁਕਸਾਨ ਹੋਇਆ ਹੈ। ਅਸੀਂ ਸਾਰੇ ਅਧਿਕਾਰੀਆਂ ਨਾਲ ਮਿਲ ਕੇ ਕੰਮ ਕਰ ਰਹੇ ਹਾਂ ਅਤੇ ਜ਼ਮੀਨ 'ਤੇ ਪਰਿਵਾਰਾਂ ਨੂੰ ਪੂਰਾ ਸਮਰਥਨ ਦੇ ਰਹੇ ਹਾਂ।÷ ਏਅਰ ਇੰਡੀਆ ਦਾ ਜਹਾਜ਼ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹੀ ਹਾਦਸਾਗ੍ਰਸਤ ਹੋ ਗਿਆ ਅਤੇ ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ (ਡੀਜੀਸੀਏ) ਨੇ ਪੁਸ਼ਟੀ ਕੀਤੀ ਹੈ ਕਿ ਪਾਇਲਟ ਨੇ ਜਹਾਜ਼ ਦਾ ਹਵਾਈ ਆਵਾਜਾਈ ਨਿਯੰਤਰਣ ਨਾਲ ਸੰਪਰਕ ਟੁੱਟਣ ਤੋਂ ਠੀਕ ਪਹਿਲਾਂ ਇੱਕ ਮੇਅਡੇ ਕਾਲ ਜਾਰੀ ਕੀਤੀ ਸੀ।

ਵੇਰਵਾ ਕੀ ਹੈ?

ਅਡਾਨੀ ਗਰੁੱਪ ਨੇ ਭਰੋਸਾ ਦਿੱਤਾ ਕਿ ਉਹ ਵੀਰਵਾਰ ਨੂੰ ਅਹਿਮਦਾਬਾਦ ਦੇ ਸਰਦਾਰ ਵੱਲਭਭਾਈ ਪਟੇਲ ਅੰਤਰਰਾਸ਼ਟਰੀ ਹਵਾਈ ਅੱਡੇ ਨੇੜੇ 200 ਤੋਂ ਵੱਧ ਯਾਤਰੀਆਂ ਨੂੰ ਲੈ ਕੇ ਜਾਣ ਵਾਲੀ ਏਅਰ ਇੰਡੀਆ ਦੀ ਉਡਾਣ 19171 ਦੇ ਹਾਦਸੇ ਤੋਂ ਬਾਅਦ ਚੱਲ ਰਹੇ ਬਚਾਅ ਅਤੇ ਰਾਹਤ ਕਾਰਜਾਂ ਦਾ ਸਮਰਥਨ ਕਰਨ ਲਈ ਸਾਰੇ ਸਬੰਧਤ ਅਧਿਕਾਰੀਆਂ ਨਾਲ ਨੇੜਿਓਂ ਤਾਲਮੇਲ ਵਿੱਚ ਕੰਮ ਕਰ ਰਿਹਾ ਹੈ। ਹਵਾਈ ਅੱਡੇ ਦੇ ਸੰਚਾਲਕ ਹੋਣ ਦੇ ਨਾਤੇ, ਅਡਾਨੀ ਗਰੁੱਪ ਦੀਆਂ ਜ਼ਮੀਨੀ ਟੀਮਾਂ ਘਟਨਾ ਸਥਾਨ 'ਤੇ ਸਭ ਤੋਂ ਪਹਿਲਾਂ ਪ੍ਰਤੀਕਿਰਿਆ ਦੇਣ ਵਾਲੀਆਂ ਸਨ, ਜੋ ਹਵਾਈ ਅੱਡੇ ਦੇ ਕਾਰਜਾਂ, ਐਮਰਜੈਂਸੀ ਜਵਾਬ ਦੇਣ ਵਾਲਿਆਂ ਅਤੇ ਰਾਸ਼ਟਰੀ ਆਫ਼ਤ ਟੀਮਾਂ ਵਿਚਕਾਰ ਤਾਲਮੇਲ ਬਣਾਉਣ ਲਈ ਕੰਮ ਕਰ ਰਹੀਆਂ ਸਨ। ਲੰਬੀ ਦੂਰੀ ਦੀ ਯਾਤਰਾ ਲਈ ਭਾਰੀ ਮਾਤਰਾ ਵਿੱਚ ਤੇਲ ਭਰਿਆ ਜਹਾਜ਼ ਟੱਕਰ ਤੋਂ ਬਾਅਦ ਅੱਗ ਦੀਆਂ ਲਪਟਾਂ ਵਿੱਚ ਘਿਰ ਗਿਆ, ਜਿਸ ਨਾਲ ਅੱਗ ਹੋਰ ਵੀ ਤੇਜ਼ ਹੋ ਗਈ। ਐਮਰਜੈਂਸੀ ਸੇਵਾਵਾਂ, ਜਿਨ੍ਹਾਂ ਵਿੱਚ ਗਾਂਧੀਨਗਰ ਤੋਂ 90 ਕਰਮਚਾਰੀਆਂ ਵਾਲੀ ਤਿੰਨ ਰਾਸ਼ਟਰੀ ਆਫ਼ਤ ਪ੍ਰਤੀਕਿਰਿਆ ਫੋਰਸ (ਐਨਡੀਆਰਐਫ) ਟੀਮਾਂ ਸ਼ਾਮਲ ਹਨ, ਨੂੰ ਮੌਕੇ 'ਤੇ ਭੇਜਿਆ ਗਿਆ। ਸਹਾਇਤਾ ਲਈ ਵਡੋਦਰਾ ਤੋਂ ਵੀ ਵਾਧੂ ਟੀਮਾਂ ਤਾਇਨਾਤ ਕੀਤੀਆਂ ਗਈਆਂ। ਜਦੋਂ ਕਿ ਜਾਨੀ ਨੁਕਸਾਨ ਅਤੇ ਨੁਕਸਾਨ ਦੀ ਪੂਰੀ ਹੱਦ ਦਾ ਅਜੇ ਵੀ ਮੁਲਾਂਕਣ ਕੀਤਾ ਜਾ ਰਿਹਾ ਹੈ, ਅਡਾਨੀ ਸਮੂਹ ਨੇ ਦੁਹਰਾਇਆ ਕਿ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਸਾਰੇ ਯਤਨ ਕੀਤੇ ਜਾ ਰਹੇ ਹਨ। ÷ਅਜਿਹੇ ਸਮੇਂ ਵਿੱਚ, ਸਾਡੀ ਤਰਜੀਹ ਪਰਿਵਾਰਾਂ, ਅਧਿਕਾਰੀਆਂ ਅਤੇ ਬਚਾਅ ਟੀਮਾਂ ਦੇ ਨਾਲ ਖੜ੍ਹੇ ਹੋਣਾ



ਅਤੇ ਹਰ ਸੰਭਵ ਮਦਦ ਪ੍ਰਦਾਨ ਕਰਨਾ ਹੈ,÷ ਇੱਕ ਸਮੂਹ ਦੇ ਬੁਲਾਰੇ ਨੇ ਕਿਹਾ। ਹਾਦਸੇ ਦੇ ਸਹੀ ਕਾਰਨਾਂ ਦੀ ਅਧਿਕਾਰੀਆਂ ਦੁਆਰਾ ਜਾਂਚ ਕੀਤੀ ਜਾ ਰਹੀ ਹੈ ਅਤੇ ਅਜੇ ਤੱਕ ਇਸਦੀ ਪੁਸ਼ਟੀ ਨਹੀਂ ਕੀਤੀ ਗਈ ਹੈ, ਨਾਲ ਹੀ ਜ਼ਖਮੀਆਂ ਅਤੇ ਬਚਾਏ ਗਏ ਲੋਕਾਂ ਦੀ ਗਿਣਤੀ ਵੀ ਸ਼ਾਮਲ ਹੈ। ਏਅਰ ਇੰਡੀਆ ਦੇ ਚੇਅਰਮੈਨ ਐਨ. ਚੰਦਰਸ਼ੇਖਰਨ ਨੇ ਅਹਿਮਦਾਬਾਦ ਤੋਂ ਲੰਡਨ ਜਾ ਰਹੀ ਏਅਰ ਇੰਡੀਆ ਦੀ ਫਲਾਈਟ ਨੰਬਰ ਏ-171 ਦੇ ਹਾਦਸੇ ਦੀ ਪੁਸ਼ਟੀ ਕੀਤੀ ਹੈ ਅਤੇ ਇਸ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ ਅਤੇ ਸੋਗ ਵਿੱਚ ਮਾਰੇ ਗਏ ਪਰਿਵਾਰਾਂ ਨਾਲ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਹੈ। ਚੰਦਰਸ਼ੇਖਰਨ ਨੇ ਇੱਕ ਬਿਆਨ ਵਿੱਚ ਕਿਹਾ, ÷ਮੈਂ ਬਹੁਤ ਦੁੱਖ ਨਾਲ ਪੁਸ਼ਟੀ ਕਰਦਾ ਹਾਂ ਕਿ ਅਹਿਮਦਾਬਾਦ ਤੋਂ ਗੈਟਵਿਕ, ਲੰਡਨ ਜਾ ਰਹੀ ਏਅਰ ਇੰਡੀਆ ਦੀ ਫਲਾਈਟ ਨੰਬਰ ਏ-171 ਅੱਜ ਹਾਦਸਾਗ੍ਰਸਤ ਹੋ ਗਈ ਹੈ। ਸਾਡੀ ਸੰਵੇਦਨਾ ਇਸ ਮੰਦਭਾਗੀ ਘਟਨਾ ਤੋਂ ਪ੍ਰਭਾਵਿਤ ਸਾਰੇ ਲੋਕਾਂ ਦੇ ਪਰਿਵਾਰਾਂ ਨਾਲ ਹੈ। ਇਸ ਸਮੇਂ, ਸਾਡਾ ਧਿਆਨ ਪ੍ਰਭਾਵਿਤ ਲੋਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦਿਲਾਸਾ ਦੇਣ 'ਤੇ ਹੈ।÷ ਉਨ੍ਹਾਂ ਕਿਹਾ, ÷ਅਸੀਂ ਹਾਦਸੇ ਵਾਲੀ ਥਾਂ 'ਤੇ ਐਮਰਜੈਂਸੀ ਸੇਵਾ ਟੀਮਾਂ ਦੀ ਸਹਾਇਤਾ ਲਈ ਪੂਰੀ ਤਾਕਤ ਨਾਲ ਕੰਮ ਕਰ ਰਹੇ ਹਾਂ ਅਤੇ ਪ੍ਰਭਾਵਿਤ ਲੋਕਾਂ ਨੂੰ ਹਰ ਜ਼ਰੂਰੀ ਸਹਾਇਤਾ ਪ੍ਰਦਾਨ ਕਰ ਰਹੇ ਹਾਂ। ਜਿਵੇਂ ਹੀ ਸਾਨੂੰ ਇਸ ਬਾਰੇ ਹੋਰ ਜਾਣਕਾਰੀ ਮਿਲੇਗੀ, ਅਸੀਂ ਇਸਨੂੰ ਤੁਰੰਤ ਅਪਡੇਟ ਅਤੇ ਸਾਂਝਾ ਕਰਾਂਗੇ।÷ ਵਿਜੇ ਮਾਲਿਆ ਨੇ ਇੰਸਟਾਗ੍ਰਾਮ 'ਤੇ ਵੀ ਲਿਖਿਆ, 'ਏਅਰ ਇੰਡੀਆ 171 ਦੇ ਹਾਦਸੇ ਬਾਰੇ ਸੁਣ ਕੇ ਬਹੁਤ ਦੁੱਖ ਹੋਇਆ। ਦੁਖੀ ਪਰਿਵਾਰਾਂ ਅਤੇ ਉਨ੍ਹਾਂ ਦੇ ਅਜ਼ੀਜ਼ਾਂ ਲਈ ਮੇਰੀਆਂ ਸੰਵੇਦਨਾਵਾਂ ਅਤੇ ਪ੍ਰਾਰਥਨਾਵਾਂ।'

## ਅੰਮ੍ਰਿਤਸਰ ਦੇ ਹਸਪਤਾਲ 'ਚ ਆਪ੍ਰੇਸ਼ਨ ਕਰਵਾਉਣ ਆਏ ਵਿਅਕਤੀ ਨੂੰ ਮਿਲੀ ਮੌਤ, ਮਾਮਲਾ ਕਰੇਗਾ ਹੈਰਾਨ

ਅੰਮ੍ਰਿਤਸਰ 12 ਜੂਨ। ਅੰਮ੍ਰਿਤਸਰ ਦੇ ਮਕਬੂਲਪੁਰਾ ਤੋਂ ਮਾਮਲਾ ਸਾਹਮਣੇ ਆਇਆ ਹੈ ਜਿਥੇ ਇਕ ਨਿੱਜੀ ਹਸਪਤਾਲ ਵਿਚ ਦਾਖਲ ਵਿਅਕਤੀ ਦੇ ਪਰਿਵਾਰਕ ਮੈਂਬਰਾਂ ਵੱਲੋਂ ਹਸਪਤਾਲ ਪ੍ਰਸ਼ਾਸਨ 'ਤੇ ਇਲਜ਼ਾਮ ਲਗਾਏ ਹਨ ਕਿ ਉਨ੍ਹਾਂ ਦਾ ਪਰਿਵਾਰਕ ਮੈਂਬਰ (30) ਸਾਲ ਹਸਪਤਾਲ ਵਿਚ ਹਰਨੀਆ ਦਾ ਆਪ੍ਰੇਸ਼ਨ ਕਰਵਾਉਣ ਆਇਆ ਸੀ ਪਰ ਆਪ੍ਰੇਸ਼ਨ ਮਗਰੋਂ ਉਸਦੀ ਮੌਤ ਹੋਈ ਗਈ ਹੈ। ਉਧਰ ਹਸਪਤਾਲ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਸਾਡੇ ਸਰਜਨ ਅਤੇ ਡਾਕਟਰ ਵੱਲੋਂ ਆਪ੍ਰੇਸ਼ਨ ਕਰਨ ਮਗਰੋਂ ਮਰੀਜ਼ ਨਾਲ ਗੱਲਬਾਤ ਕੀਤੀ ਗਈ, ਉਹ ਠੀਕ ਸੀ ਪਰ ਬਾਅਦ ਵਿਚ ਉਸਨੂੰ ਘਬਰਾਹਟ ਹੋਣ ਲੱਗੀ ਅਤੇ ਉਸਦੀ ਮੌਤ ਹੋਈ ਹੈ। ਇਸ ਸਾਰੇ ਮਾਮਲੇ ਦੇ ਚਲਦੇ ਮ੍ਰਿਤਕ ਦੇ ਪਰਿਵਾਰ ਵੱਲੋਂ ਹਸਪਤਾਲ ਦੇ ਬਾਹਰ ਧਰਨਾ ਪ੍ਰਦਰਸ਼ਨ ਕੀਤਾ ਗਿਆ ਅਤੇ ਮੌਕੇ 'ਤੇ ਪਹੁੰਚੀ ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਦੇ ਪਰਿਵਾਰਿਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਦੇ 30 ਸਾਲ ਦੇ ਪਰਿਵਾਰਿਕ ਮੈਂਬਰ ਨੂੰ ਇਸ ਨਿੱਜੀ ਹਸਪਤਾਲ ਵਿਚ ਹਰਨੀਆ ਦੇ ਆਪ੍ਰੇਸ਼ਨ ਲਈ ਦਾਖਲ ਕਰਵਾਇਆ ਗਿਆ ਸੀ ਅਤੇ ਆਪ੍ਰੇਸ਼ਨ ਹੋਣ ਤੋਂ ਕੁਝ ਸਮਾਂ ਬਾਅਦ ਉਸਦੀ ਮੌਤ ਦੀ ਗੱਲ ਸਾਹਮਣੇ ਆਈ ਹੈ ਜਿਸਦੇ ਚਲਦੇ ਪਰਿਵਾਰ ਵੱਲੋਂ ਰੋਸ ਵੱਜੋਂ ਹਸਪਤਾਲ ਦੇ ਬਾਹਰ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਅਤੇ ਪੁਲਸ ਪ੍ਰਸ਼ਾਸਨ ਕੋਲੋਂ ਇਨਸਾਫ ਦੀ ਮੰਗ ਕੀਤੀ ਜਾ ਰਹੀ ਹੈ। ਇਸ ਸੰਬਧੀ ਹਸਪਤਾਲ ਪ੍ਰਸ਼ਾਸਨ ਦਾ ਇਹ ਕਹਿਣਾ ਹੈ ਕਿ ਅਸੀਂ ਸਰਜਨ ਅਤੇ ਡਾਕਟਰ ਦੀ ਨਿਗਰਾਨੀ ਵਿਚ ਆਪ੍ਰੇਸ਼ਨ ਕੀਤਾ ਅਤੇ ਆਪ੍ਰੇਸ਼ਨ ਤੋਂ ਬਾਅਦ ਮਰੀਜ਼ ਨਾਲ ਗੱਲਬਾਤ ਕਰਨ 'ਤੇ ਉਹ ਬਿਲਕੁਲ ਠੀਕ ਸੀ ਪਰ ਕੁਝ ਸਮੇਂ ਬਾਅਦ ਮਰੀਜ਼ ਦੀ ਮੌਤ ਹੋ ਗਈ ਜਿਸ ਵਿਚ ਹਸਪਤਾਲ ਪ੍ਰਸ਼ਾਸ਼ਨ ਦਾ ਕੋਈ ਵੀ ਕਸੂਰ ਨਹੀਂ ਹੈ।।। ਅਸੀਂ ਮ੍ਰਿਤਕ ਦੇ ਪਰਿਵਾਰ ਨਾਲ ਪੂਰਾ ਸਹਿਯੋਗ ਕਰ ਰਹੇ ਹਾਂ ਅਤੇ ਉਸਦੀ ਫਾਇਲ ਅਤੇ ਰਿਪੋਰਟ ਵੀ ਪਰਿਵਾਰਕ ਨੂੰ ਮੁਹੱਈਆ ਕਰਵਾ ਦਿੱਤੀ ਹੈ।

## ਫਾਜ਼ਿਲਕਾ 'ਚ ਲੁਟੇਰੇ ਬਿਨਾਂ ਖ਼ੌਫ ਦੇ ਰਹੇ ਵਾਰਦਾਤਾਂ ਨੂੰ ਅੰਜਾਮ

ਫਾਜ਼ਿਲਕਾ 12 ਜੂਨ। ਫਾਜ਼ਿਲਕਾ ਜ਼ਿਲ੍ਹੇ ਅੰਦਰ ਰੋਜ਼ਾਨਾ ਵਾਰਦਾਤਾਂ ਹੋ ਰਹੀਆਂ ਹਨ, ਜਿਸ ਕਾਰਨ ਲੋਕਾਂ 'ਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਅਬੋਹਰ ਵਿੱਚ ਹੁਣ ਸ਼ੁੱਕਰਵਾਰ ਦੇਰ ਰਾਤ ਇੱਕ ਕਰਿਆਨੇ ਦੇ ਵਪਾਰੀ ਨਾਲ ਲੁੱਟ ਦੀ ਘਟਨਾ ਸਾਹਮਣੇ ਆਈ ਹੈ। 2 ਬਾਈਕ ਸਵਾਰ ਨੌਜਵਾਨਾਂ ਨੇ ਵਪਾਰੀ ਨੂੰ ਰੋਕਿਆ ਅਤੇ ਉਸ ਨਾਲ ਕੁੱਟਮਾਰ ਕਰਨ ਤੋਂ ਬਾਅਦ ਉਸਦਾ ਮੋਬਾਇਲ ਖੋਹ ਲਿਆ। ਇਸ ਘਟਨਾ ਨੂੰ ਵੇਖਦਿਆਂ ਜਦੋਂ ਲੋਕ ਇਕੱਠੇ ਹੋਏ ਤਾਂ ਲੁਟੇਰੇ ਬਾਈਕ ਛੱਡ ਕੇ ਭੱਜ ਗਏ। ਜਾਣਕਾਰੀ ਅਨੁਸਾਰ ਦਸਮੇਸ਼ ਨਗਰ ਦਾ ਰਹਿਣ ਵਾਲਾ ਨਰਿੰਦਰ ਕੁਮਾਰ ਢਾਣੀ ਵਿਸ਼ੇਸ਼ਨਾਥ ਸਥਿਤ ਆਪਣੀ ਕਰਿਆਨੇ ਦੀ ਦੁਕਾਨ ਤੋਂ ਘਰ ਵਾਪਸ ਆ ਰਿਹਾ ਸੀ। ਮਿੱਡਾ ਪੈਟਰੋਲ ਪੰਪ ਨੇੜੇ, ਬਾਈਪਾਸ ਤੋਂ ਆ ਰਹੇ 2 ਬਾਈਕ ਸਵਾਰ ਨੌਜਵਾਨਾਂ ਨੇ ਉਸਨੂੰ ਰੋਕਿਆ। ਲੁਟੇਰਿਆਂ ਨੇ ਨਰਿੰਦਰ ਕੁਮਾਰ 'ਤੇ ਚਾਕੂ ਨਾਲ ਹਮਲਾ ਕਰ ਦਿੱਤਾ ਅਤੇ ਉਸਦਾ ਮੋਬਾਇਲ ਖੋਹ ਲਿਆ ਤਾਂ ਨੇੜੇ-ਤੇੜੇ ਖੜ੍ਹੇ ਲੋਕਾਂ ਨੇ ਉਸਨੂੰ ਸੰਭਾਲਿਆ ਅਤੇ ਪੁਲਸ ਨੂੰ ਸੂਚਨਾ ਦਿੱਤੀ। ਘਟਨਾ ਦੌਰਾਨ ਉੱਥੋਂ ਲੰਘ ਰਹੇ ਇੱਕ ਕਾਰ ਚਾਲਕ ਕਮਲ ਕੁਮਾਰ ਨੇ ਜ਼ਖਮੀ ਨਰਿੰਦਰ ਨੂੰ ਸਰਕਾਰੀ ਹਸਪਤਾਲ ਪਹੁੰਚਾਇਆ, ਜਿੱਥੇ ਉਸਦਾ ਇਲਾਜ ਚੱਲ ਰਿਹਾ ਹੈ। ਇਸ ਸਬੰਧੀ ਪੁਲਸ ਵੱਲੋਂ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਕਿੰਨਰਾਂ ਨੇ ਗੋਦ ਲਈ 5 ਦਿਨ ਦੀ ਬੱਚੀ, 21 ਸਾਲਾਂ ਬਾਅਦ ਧੂਮਧਾਮ ਨਾਲ ਕਰਵਾਇਆ ਵਿਆਹ

ਸੰਗਰੂਰ 12 ਜੂਨ। ਸੁੱਖੀ ਮਹੰਤ ਵੱਲੋਂ 5 ਦਿਨ ਦੀ ਬੱਚੀ ਨੂੰ ਗੋਦ ਲੈ ਕੇ ਆਪਣੀਆਂ ਧੀਆਂ ਵਾਂਗ ਪਾਲ ਪੋਸ ਕੇ ਵੱਡਾ ਕੀਤਾ ਤੇ 21 ਸਾਲ ਦੀ ਉਮਰ ਹੋਣ 'ਤੇ ਹੁਣ ਉਸ ਦਾ ਪੂਰੇ ਧੂਮਧਾਮ ਨਾਲ ਵਿਆਹ ਕਰਵਾਇਆ। ਇੰਨਾ ਹੀ ਨਹੀਂ, ਵਿਆਹ ਦੀਆਂ ਸਾਰੀਆਂ ਰਸਮਾਂ ਨੂੰ ਸੁੱਖੀ ਮਹੰਤ ਨੇ ਮਾਂ ਦੀ ਤਰ੍ਹਾਂ ਆਪਣੇ ਹੱਥੀਂ ਕੀਤਾ। ਜਾਣਕਾਰੀ ਮੁਤਾਬਕ ਸੁੱਖੀ ਮਹੰਤ ਨੇ 21 ਸਾਲ ਪਹਿਲਾਂ ਗਰੀਬੀ ਦੀ ਮਾਰ ਝੱਲ ਰਹੇ ਪਰਿਵਾਰ ਤੋਂ ਉਨ੍ਹਾਂ ਦੀ 4-5 ਦਿਨ ਦੀ ਧੀ ਅਮਨਦੀਪ ਨੂੰ ਗੋਦ ਲਿਆ ਸੀ। ਸੁੱਖੀ ਨੇ ਉਸ ਨੂੰ ਆਪਣੀਆਂ ਧੀਆਂ ਵਾਂਗ ਲਾਡ ਲਡਾਏ ਤੇ ਪੜ੍ਹਾਈ-ਲਿਖਾਈ ਦੇ ਨਾਲ-ਨਾਲ ਚੰਗੇ ਸੰਸਕਾਰ ਦਿੱਤੇ। ਬਾਰ੍ਹਵੀਂ ਜਮਾਤ ਤਕ ਪੜ੍ਹਾਈ ਪੂਰੀ ਕਰਵਾਉਣ ਮਗਰੋਂ ਹੁਣ ਅਮਨਦੀਪ ਦਾ ਕੁਲਦੀਪ ਸਿੰਘ ਦੇ ਨਾਲ ਵਿਆਹ ਵੀ ਕਰਵਾਇਆ।

# ਫਿਰੋਜ਼ਪੁਰ 'ਚ ਗੈਂਗਵਾਰ ਕਰਨ ਵਾਲੇ ਸ਼ੂਟਰਾਂ ਦਾ ਪੁਲਸ ਨੇ ਕੀਤਾ ਐਨਕਾਊਂਟਰ

**ਕੌਮੀ ਪਤ੍ਰਿਕਾ**

ਫਿਰੋਜ਼ਪੁਰ 12 ਜੂਨ। ਫਿਰੋਜ਼ਪੁਰ ਸ਼ਹਿਰ ਦੇ ਭੀੜ-ਭਾੜ ਵਾਲੇ ਮਖੂ ਗੇਟ ਏਰੀਆ ਵਿਚ 2 ਦਿਨ ਪਹਿਲਾਂ ਫਾਇਰਿੰਗ ਕਰਦੇ ਹੋਏ ਬਦਮਾਸ਼ ਸ਼ੂਟਰਾਂ ਵੱਲੋਂ ਇਕ ਨੌਜਵਾਨ ਆਸ਼ੂ ਮੋਗਾ ਦਾ ਕਤਲ ਕੀਤਾ ਗਿਆ ਸੀ ਅਤੇ ਹਮਲਾਵਰ ਮੌਕੇ ਤੋਂ ਭੱਜ ਗਏ ਸਨ। ਇਸ ਮਾਮਲੇ ਵਿਚ ਫਿਰੋਜ਼ਪੁਰ ਪੁਲਸ ਨੇ ਮਸ਼ਹੂਰ ਗੈਂਗਸਟਰ ਆਸ਼ੀਸ਼ ਚੋਪੜਾ ਅਤੇ 4/5 ਅਣਪਛਾਤੇ ਹਮਲਾਵਰਾਂ ਸਮੇਤ 7 ਕਾਤਲਾਂ ਖ਼?ਲਾਫ ਮਾਮਲਾ ਦਰਜ ਕੀਤਾ ਸੀ ਅਤੇ ਕੱਲ੍ਹ 2 ਕਾਤਲਾਂ ਅੰਗਰੇਜ਼ ਸਿੰਘ ਅਤੇ ਜੋਗਿੰਦਰ ਸਿੰਘ ਉਰਫ਼ ਲਾਲੂ ਨੂੰ ਗ੍ਰਿਫ਼ਤਾਰ ਕੀਤਾ ਸੀ ਅਤੇ ਬਾਕੀ ਹਮਲਾਵਰਾਂ ਨੂੰ ਜਲਦੀ ਹੀ ਗ੍ਰਿਫ਼ਤਾਰ ਕਰਨ ਦਾ ਦਾਅਵਾ ਕੀਤਾ ਸੀ। ਅੱਜ ਫਿਰੋਜ਼ਪੁਰ ਪੁਲਸ ਅਤੇ ਕਾਊਂਟਰ ਇੰਟੈਲੀਜੈਂਸ ਫਿਰੋਜ਼ਪੁਰ ਵਿੰਗ ਦੀ ਪੁਲਸ ਵੱਲੋਂ ਐਨਕਾਊਂਟਰ ਕਰਦੇ ਹੋਏ ਤਿੰਨ ਹੋਰ ਅਪਰਾਧੀ ਸ਼ੂਟਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ 'ਤੇ ਗੋਲੀ ਚਲਾਉਣ ਵਾਲੇ ਇਹ ਸ਼ੂਟਰ ਗੋਲੀ ਨਾਲ ਜ਼ਖਮੀ ਹੋ ਗਏ ਹਨ ਅਤੇ ਉਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਫਿਰੋਜ਼ਪੁਰ ਵਿਚ ਦਾਖਲ ਕਰਵਾਇਆ ਗਿਆ ਹੈ। ਇਹ ਜਾਣਕਾਰੀ ਦਿੰਦੇ ਹੋਏ ਡੀਆਈਜੀ ਫਿਰੋਜ਼ਪੁਰ ਰੇਂਜ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਇਹ ਤਿੰਨੇ ਸ਼ੂਟਰ ਆਸ਼ੂ ਮੋਗਾ ਦੇ ਕਤਲ ਵਿਚ ਸ਼ਾਮਲ ਸਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਫਿਰੋਜ਼ਪੁਰ ਪੁਲਸ ਨੇ ਵੱਖ-ਵੱਖ



ਟੀਮਾਂ ਬਣਾਈਆਂ ਸਨ। ਡੀਆਈਜੀ ਫਿਰੋਜ਼ਪੁਰ ਰੇਂਜ ਅਤੇ ਐੱਸਐੱਸਪੀ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਇਨ੍ਹਾਂ ਸ਼ੂਟਰਾਂ ਤੋਂ ਕਤਲ ਵਿਚ ਵਰਤੇ ਗਏ 4 ਪਿਸਤੌਲ, ਇਕ ਸਕੂਟਰ ਅਤੇ ਇਕ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜਦੋਂ ਫਿਰੋਜ਼ਪੁਰ ਪੁਲਸ ਅਤੇ ਕਾਊਂਟਰ ਇੰਟੈਲੀਜੈਂਸ ਫਿਰੋਜ਼ਪੁਰ ਵਿੰਗ ਦੀਆਂ ਟੀਮਾਂ ਇਨ੍ਹਾਂ ਸ਼ੂਟਰਾਂ ਨੂੰ ਫੜਨ ਲਈ ਕਾਰਵਾਈ ਕਰ ਰਹੀਆਂ ਸਨ ਤਾਂ ਇਸ ਸਾਂਝੇ ਆਪ੍ਰੇਸ਼ਨ ਦੌਰਾਨ ਫਿਰੋਜ਼ਪੁਰ ਮੋਗਾ ਰੋਡ 'ਤੇ ਪਿੰਡ ਰੱਤਾ ਖੇੜਾ ਸੇਮ ਨਾਲ ਕੋਲ ਜਾ ਰਹੇ ਤਿੰਨ ਬਦਮਾਸ਼ਾਂ ਨੂੰ ਪੁਲਸ ਨੇ ਰੁਕਣ ਦਾ ਇਸ਼ਾਰਾ ਕੀਤਾ ਪਰ ਉਹ ਨਹੀਂ ਰੁਕੇ ਅਤੇ ਉਨ੍ਹਾਂ ਨੂੰ ਰੋਕਣ ਦੀ ਵਾਰ-ਵਾਰ ਕੋਸ਼ਿਸ਼ ਕਰਨ 'ਤੇ ਇਨ੍ਹਾਂ ਸ਼ੂਟਰਾਂ ਨੇ ਪੁਲਸ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀ। ਇਸ ਦੌਰਾਨ ਜਦੋਂ ਪੁਲਸ ਅਤੇ ਕਾਊਂਟਰ ਇੰਟੈਲੀਜੈਂਸ ਕਰਮਚਾਰੀਆਂ ਨੇ ਆਪਣੇ ਬਚਾਅ ਲਈ ਗੋਲੀਆਂ ਚਲਾਈਆਂ ਤਾਂ ਇਕ ਸ਼ੂਟਰ ਨੂੰ ਦੋ ਗੋਲੀਆਂ ਲੱਗੀਆਂ ਅਤੇ ਦੋ ਸ਼ੂਟਰਾਂ ਨੂੰ ਇਕ-ਇਕ ਗੋਲੀ ਲੱਗੀ, ਜਿਸ ਕਾਰਨ ਉਹ ਜ਼ਖਮੀ ਹੋ ਗਏ ਅਤੇ ਉਨ੍ਹਾਂ ਨੂੰ ਪੁਲਸ ਨੇ ਹਿਰਾਸਤ ਵਿਚ ਲੈ ਲਿਆ ਹੈ ਅਤੇ ਇਲਾਜ ਲਈ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜ਼ਖਮੀ ਸ਼ੂਟਰਾਂ ਗੁਰਜਿੰਦਰ ਸਿੰਘ, ਅਮਰਜੀਤ ਸਿੰਘ ਅਤੇ ਉਨ੍ਹਾਂ ਦੇ ਤੀਜੇ ਸਾਥੀ ਤੋਂ ਪੁਲਸ ਪੁੱਛਗਿੱਛ ਕਰੇਗੀ ਅਤੇ ਬਾਕੀ ਹਮਲਾਵਰਾਂ ਨੂੰ ਵੀ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ ਅਤੇ ਕਿਸੇ ਵੀ ਬਦਮਾਸ਼ ਨੂੰ ਸਿਰ ਚੁੱਕਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

## ਨਾਇਬ ਸਿੰਘ ਸੈਣੀ ਦੇ ਰਾਜ ਵਿਚ ਚੜ੍ਹਦਾ ਹਰਿਆਣਾ. . .

Contd....Front page

**8. ਹਰਿਤ ਅਤੇ ਟਿਕਾਊ ਵਿਕਾਸ:**

ਵੱਡੇ ਪੱਧਰ 'ਤੇ ਰੁੱਖ ਲਗਾਉਣ, ਸੂਰਜੀ ਊਰਜਾ, ਇਲੈਕਟ੍ਰਿਕ ਵਾਹਨ ਅਤੇ ਗ੍ਰੀਨ ਹਰਿਆਣਾ ਮਿਸ਼ਨ ਮੁੱਖ ਮੰਤਰੀ ਸੈਣੀ ਦੇ ਨਵੇਂ ਹਰੇ ਭਵਿੱਖ ਦੀ ਝਲਕ ਦਿੰਦੇ ਹਨ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਹੁਣ ਸਿਰਫ਼ ਹਰਿਆਣਾ ਵਿਚ ਨਹੀਂ, ਪੂਰੇ ਭਾਰਤ ਵਿੱਚ ਆਪਣੇ ਇਮਾਨਦਾਰ ਤੇ ਨਿਰਭਰਯੋਗ ਚਿਹਰੇ ਕਰਕੇ ਜਾਣੇ ਜਾਂਦੇ ਹਨ। ਉਨ੍ਹਾਂ ਦੀ ਸਾਦਗੀ, ਕਮਿਟਮੈਂਟ, ਤੇਜ਼ ਫੈਸਲੇ ਅਤੇ ਮੋਦੀ ਜੀ ਨਾਲ ਤਾਲਮੇਲ ਨੇ ਉਨ੍ਹਾਂ ਨੂੰ ਨਵੀਂ ਰਾਜਨੀਤਿਕ ਉਚਾਈ ਦਿੱਤੀ ਹੈ। ਨਾਇਬ ਸਿੰਘ ਸੈਣੀ ਦੀ ਲੀਡਰਸ਼ਿਪ ਹੇਠ ਹਰਿਆਣਾ ਵਿੱਚ ਇੱਕ ਨਵੀਂ ਤਬਦੀਲੀ ਆ ਰਹੀ ਹੈ । ਇਥੇ ਹੁਣ ਲੋਕਾਂ ਦੀ ਆਵਾਜ਼ ਸੁਣੀ ਜਾਂਦੀ ਹੈ, ਨੀਤੀਆਂ ਲੋਕ-ਕੇਂਦਰਤ ਹਨ, ਤੇ ਸਰਕਾਰ ਜਵਾਬਦੇਹ ਹੈ। ਹਰਿਆਣਾ ਨਵੀਂ ਦਿਸ਼ਾ, ਨਵੇਂ ਆਤਮ-ਵਿਸ਼ਵਾਸ ਅਤੇ ਨਵੇਂ ਉਮੀਦਾਂ ਨਾਲ ਅੱਗੇ ਵੱਧ ਰਿਹਾ ਹੈ ।

## ਏਅਰ ਫੋਰਸ ਮੁਲਾਜ਼ਮ ਦੇ ਘਰ ਹੋਈ ਚੋਰੀ ਦਾ ਮਾਮਲਾ 10 ਘੰਟਿਆ 'ਚ ਹੱਲ, ਹੋਇਆ ਵੱਡਾ ਖੁਲਾਸਾ

ਮਲੋਟ 12 ਜੂਨ। ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੇ ਸੀਨੀਅਰ ਕਪਤਾਨ ਡਾ.ਅਖਿਲ ਚੌਧਰੀ ਦੇ ਦਿਸ਼ਾ ਨਿਰਦੇਸ਼ਾਂ ਤੇ ਡੀ.ਐੱਸ.ਪੀ.ਮਲੋਟ ਇਕਬਾਲ ਸਿੰਘ ਸੰਧੂ ਦੀਆਂ ਹਦਾਇਤਾਂ 'ਤੇ ਗੈਰ ਸਮਾਜੀ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਨੂੰ ਉਸ ਵੇਲੇ ਸਫਲਤਾ ਮਿਲੀ ਜਦੋਂ ਸਿਟੀ ਮਲੋਟ ਪੁਲਸ ਦੇ ਏਅਰ ਫੋਰਸ ਵਿਚ ਤਾਇਨਾਤ ਇਕ ਕਰਮਚਾਰੀ ਦੇ ਘਰ ਵਿਚੋਂ ਚੋਰੀ ਕਰਨ ਦੇ ਮਾਮਲੇ ਵਿਚ ਸਿਰਫ 10 ਘੰਟਿਆਂ ਵਿਚ ਚੋਰ ਨੂੰ ਕਾਬੂ ਕਰ ਲਿਆ ਅਤੇ ਉਸਤੋਂ ਚੋਰੀ ਕੀਤਾ ਸੋਨਾ ਵੀ ਬਰਾਮਦ ਕਰ ਲਿਆ। ਇਸ ਸਬੰਧੀ ਐੱਸ. ਐੱਚ. ਓ ਸਿਟੀ ਮਲੋਟ ਇੰਸਪੈਕਟਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਗੁਲਸ਼ਨ ਪਾਠਕ ਪੁੱਤਰ ਰਜਿੰਦਰ ਪਾਠਕ ਨੇ ਪੁਲਸ ਨੂੰ ਦਰਜ ਬਿਆਨਾਂ



ਵਿਚ ਕਿਹਾ ਕਿ ਉਸਦੇ ਘਰ ਦੇ ਇਕ ਹਿੱਸੇ ਵਿਚ ਬਣੇ ਕਮਰਿਆਂ ਵਿਚ ਉਸਦਾ ਭਰਾ ਗੌਤਮ ਪਾਠਕ ਰਹਿੰਦਾ ਹੈ। ਜੋ ਦਿੱਲੀ ਏਅਰ ਫੋਰਸ ਵਿਚ ਤਾਇਨਾਤ ਹੈ ਇਸ ਲਈ ਉਹ ਆਪਣੇ ਪਰਿਵਾਰ ਨਾਲ ਦਿੱਲੀ ਡਿਊਟੀ 'ਤੇ ਰਹਿੰਦਾ ਹੈ। ਕੱਲ ਜਦੋਂ ਉਸਦੀ ਪਤਨੀ ਅਤੇ ਪਿਤਾ ਵੀ ਘਰ ਨਹੀਂ ਸੀ ਅਤੇ ਉਹ ਬਜ਼ਾਰ ਕਿਸੇ ਕੰਮ ਗਿਆ ਸੀ ਤਾਂ ਪਿੱਛੋਂ ਕਿਸੇ ਅਣਪਛਾਤੇ ਵਿਅਕਤੀ ਨੇ ਤਾਲੇ ਤੋੜ ਕੇ ਘਰ ਵਿਚ ਚੋਰੀ ਕਰ ਲਈ। ਉਕਤ ਨੇ ਦੱਸਿਆ ਕਿ ਜਦੋਂ ਉਹ ਵਾਪਸ ਘਰ ਪੁੱਜਾ ਤਾਂ ਸਮਾਨ ਖਿੱਲਰਿਆ ਪਿਆ ਸੀ। ਜਿਥੇ ਉਸਦੇ ਕਮਰੇ ਵਿਚ ਪਿਆ ਸਮਾਨ ਚੋਰੀ ਹੋਇਆ ਸੀ। ਉਸਦੇ ਘਰ ਗੌਤਮ ਦੀ ਅਲਮਾਰੀ ਤੋੜ ਕੇ ਹੋਰ ਸਮਾਨ ਦੇ ਨਾਲ ਭਰਜਾਈ ਦੇ ਪਰਸ ਵਿਚੋਂ 3 ਤੋਲੇ ਸੋਨੇ ਦੇ ਗਹਿਣੇ ਚੋਰੀ ਕੀਤੇ ਜਾ ਚੁੱਕੇ ਸਨ। ਇਸ ਸੰਬਧੀ ਪੜਤਾਲ ਕੀਤੀ ਤਾਂ ਪਤਾ ਲੱਗਾ ਕਿ ਇਹ ਚੋਰੀ ਨਤੀਸ਼ ਕੁਮਾਰ ਪੁੱਤਰ ਨੰਦ ਲਾਲ ਵਾਸੀ ਵਾਰਡ ਨੰਬਰ 8 ਬਾਬਾ ਦੀਪ ਸਿੰਘ ਨਗਰ ਨੇ ਕੀਤੀ ਹੈ। ਇਸ ਮਾਮਲੇ 'ਤੇ ਏ.ਐਸ.ਆਈ.ਬਲਜਿੰਦਰ ਸਿੰਘ, ਐੱਚ. ਸੀ. ਬੋਹੜ ਸਿੰਘ ਸਮੇਤ ਟੀਮ ਨੇ ਨਤੀਸ਼ ਕੁਮਾਰ ਵਿਰੁੱਧ ਮਾਮਲਾ ਦਰਜ ਕਰ ਲਿਆ ਅਤੇ 10 ਘੰਟਿਆ ਤੋਂ ਘੱਟ ਸਮੇਂ ਵਿਚ ਚੋਰ ਨੂੰ ਕਾਬੂ ਕਰਕੇ ਉਸ ਪਾਸੋਂ ਚੋਰੀ ਕੀਤੇ ਤਿੰਨ ਤੋਲੇ ਸੋਨੇ ਦੇ ਗਹਿਣੇ ਵੀ ਬਰਾਮਦ ਕਰ ਲਏ। ਪੁਲਸ ਵੱਲੋਂ ਦੋਸ਼ੀ ਨੂੰ ਅਦਾਲਤ ਵਿਚ ਪੇਸ਼ ਕੀਤਾ ਜਾ ਰਿਹਾ ਹੈ।

## ਮੋਗਾ 'ਚ ਵੱਡੀ ਵਾਰਦਾਤ, ਪਤਨੀ ਨੇ ਪ੍ਰੇਮੀ ਨਾਲ ਮਿਲ ਪਤੀ ਨੂੰ ਦਿੱਤੀ ਦਰਦਨਾਕ ਮੌਤ

*ਨਿਹਾਲ ਸਿੰਘ ਵਾਲਾ 12 ਜੂਨ। ਥਾਣਾ ਨਿਹਾਲ ਸਿੰਘ ਵਾਲਾ ਦੇ ਪਿੰਡ ਪੱਤੋ ਹੀਰਾ ਸਿੰਘ ਵਿਖੇ ਇੱਕ ਵਿਅਕਤੀ ਦਾ ਉਸ ਦੀ ਪਤਨੀ ਵੱਲੋਂ ਆਪਣੇ ਪ੍ਰੇਮੀ ਨਾਲ ਮਿਲ ਕੇ ਹੱਤਿਆ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕ ਦੀ ਹੱਥ-ਪੈਰ ਬੰਨੇ ਗਲੀ ਸੜੀ ਲਾਸ਼ ਘਰ ਵਿੱਚੋਂ ਮਿਲੀ ਹੈ। ਹਰਦੀਪ ਸਿੰਘ ਪੁੱਤਰ ਅਜਮੇਰ ਸਿੰਘ ਵਾਸੀ ਪਤੋ ਹੀਰਾ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨ ਵਿੱਚ ਦੱਸਿਆ ਕਿ ਮੇਰਾ ਭਰਾ ਅਮਨਦੀਪ ਸਿੰਘ ਉਰਫ ਅਮਨਾ ਜਿਸ ਦੀ ਉਮਰ 35 ਸਾਲ ਦੇ ਕਰੀਬ ਹੈ। ਜਿਸ ਦਾ ਵਿਆਹ ਜਸਵਿੰਦਰ ਕੌਰ ਉਰਫ ਨਿੱਕੀ ਪੁੱਤਰੀ ਚੇਤ ਸਿੰਘ ਵਾਸੀ ਉਗੋਕੇ ਜ਼ਿਲ੍ਹਾ ਫਿਰੋਜ਼ਪੁਰ ਨਾਲ 15 ਸਾਲ ਪਹਿਲਾਂ ਹੋਇਆ ਸੀ। ਜਿਸ ਦੇ ਦੋ ਬੱਚੇ ਹਨ। ਮੇਰੀ ਭਰਜਾਈ ਜਸਵਿੰਦਰ ਕੌਰ ਦਾ ਚਾਲ ਚੱਲਣ ਠੀਕ ਨਾ ਹੋਣ ਕਰਕੇ ਇਹ ਦੋਵੇਂ ਜੀ ਆਪਸ ਵਿੱਚ ਲੜਾਈ ਝਗੜਾ ਕਰਦੇ ਰਹਿੰਦੇ ਸਨ। ਮੇਰੀ ਭਰਜਾਈ ਜਸਵਿੰਦਰ ਕੌਰ ਮੇਰੇ ਭਾਈ ਅਮਨਦੀਪ ਸਿੰਘ ਉਰਫ ਅਮਨਾ ਦੇ ਕਹਿਣੇ ਵਿੱਚ ਨਹੀਂ ਸੀ ਅਤੇ ਲੜਕੇ ਘਰੋਂ ਅਕਸਰ ਚਲੀ ਜਾਂਦੀ ਸੀ। ਇਸ ਸਬੰਧੀ ਸਾਡੇ ਵੱਲੋਂ ਪੰਚਾਇਤੀ ਤੌਰ ਤੇ ਕਈ ਵਾਰ ਮੇਰੀ ਭਰਜਾਈ ਜਸਵਿੰਦਰ ਕੌਰ ਨੂੰ ਸਮਝਾਇਆ ਗਿਆ ਸੀ ਪਰ ਉਸ ਤੇ ਕੋਈ ਅਸਰ ਨਹੀਂ ਹੋਇਆ। ਆਪਣੇ ਬਿਆਨਾਂ 'ਚ ਉਸਨੇ ਦੱਸਿਆ ਕਿ ਹੁਣ ਮੇਰੀ ਭਰਜਾਈ ਜਸਵਿੰਦਰ ਕੌਰ ਨਿਹਾਲ ਸਿੰਘ ਵਾਲਾ ਵਿਖੇ ਆਪਣੇ ਪ੍ਰੇਮੀ ਗੁਲਜਾਰ ਸਿੰਘ ਉਰਫ ਬਿੱਟੂ ਪੁੱਤਰ ਲਛਮਣ ਸਿੰਘ ਨਾਲ ਰਹਿੰਦੀ ਸੀ ਅਤੇ ਕਦੇ-ਕਦੇ ਪੱਤੋ ਹੀਰਾ ਸਿੰਘ ਆਪਣੇ ਪ੍ਰੇਮੀ ਗੁਲਜਾਰ ਸਿੰਘ ਨਾਲ ਆਉਂਦੀ ਜਾਂਦੀ ਸੀ। ਥੋੜੇ ਦਿਨ ਪਹਿਲਾਂ ਮੇਰੇ ਭਾਈ ਅਮਨਦੀਪ ਸਿੰਘ ਨੇ ਮੈਨੂੰ ਕਿਹਾ ਸੀ ਕਿ ਇਹ ਮੇਰੀ ਪਤਨੀ ਅਤੇ ਉਸ ਦਾ ਪ੍ਰੇਮੀ ਮੈਨੂੰ ਮਾਰਨ ਨੂੰ ਫਿਰਦੇ ਹਨ ਤਾਂ ਮੈਂ ਉਸਨੂੰ ਕਿਹਾ ਸੀ ਕਿ ਆਪਾਂ ਪੰਚਾਇਤੀ ਤੌਰ ਤੇ ਇਹਨਾਂ ਨੂੰ ਸਮਝਾਉਂਦੇ ਹਾਂ ਅਤੇ ਫਿਰ ਤੂੰ ਆਪਣੀ ਪਤਨੀ ਨੂੰ ਤਲਾਕ ਦੇ ਕੇ ਪੱਕੇ ਤੌਰ ਤੇ ਇਹਨਾਂ ਤੋਂ ਅਲੱਗ ਹੋ ਜਾਵੀ। ਇਹਨਾਂ ਦੋਨੋਂ ਜੀਆਂ ਦੇ ਕਲੇਸ਼ ਕਰਕੇ ਮੈਂ ਵੀ ਪੱਕੇ ਤੌਰ ਤੇ ਆਪਣੇ ਸਹੁਰੇ ਪਿੰਡ ਅਕਾਲੀਆਂ ਜਲਾਲ ਰਹਿਣ ਲੱਗ ਪਿਆ ਸੀ। ਅੱਜ ਮੇਰੇ ਤਾਏ ਦੇ ਲੜਕੇ ਗੁਰਪ੍ਰੀਤ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਪੱਤੋ ਹੀਰਾ ਸਿੰਘ ਨੇ ਮੈਨੂੰ ਫੋਨ ਤੇ ਦੱਸਿਆ ਕਿ ਤੇਰੇ ਭਾਈ ਅਮਨਦੀਪ ਸਿੰਘ ਉਰਫ ਅਮਨਾ ਦੇ ਘਰੋਂ ਬਦਬੂ ਆ ਰਹੀ ਹੈ ਤਾਂ ਮੈਂ ਆਪਣੇ ਤਾਏ ਦੇ ਮੁੰਡੇ ਦੇ ਕਹਿਣ ਤੇ ਪਿੰਡ ਪੱਤੋ ਹੀਰਾ ਸਿੰਘ ਗਿਆ ਅਸੀਂ ਪਿੰਡ ਦੀ ਪੰਚਾਇਤ ਤੇ ਮੋਹਤਵਰਾਂ ਨੂੰ ਨਾਲ ਲੈ ਕੇ ਆਪਣੇ ਭਾਈ ਅਮਨਦੀਪ ਸਿੰਘ ਦੇ ਕਮਰੇ ਦਾ ਤਾਲਾ ਤੋੜ ਕੇ ਦੇਖਿਆ ਤਾਂ ਮੇਰੇ ਭਾਈ ਅਮਨਦੀਪ ਸਿੰਘ ਉਰਫ ਅਮਨਾ ਦੀ ਗਲੀ ਸੜੀ ਲਾਸ਼ ਬੈਡ ਅਤੇ ਪੇਟੀ ਦੇ ਵਿਚਕਾਰ ਪਈ ਸੀ ਜਿਸ ਦੇ ਹੱਥ ਪੈਰ ਬੰਨੇ ਹੋਏ ਸਨ ਅਤੇ ਉਸਦੇ ਜਿਸਮ ਵਿੱਚ ਕੀੜੇ ਚੱਲ ਰਹੇ ਸਨ। ਮੈਨੂੰ ਪਤਾ ਲੱਗਾ ਕਿ 3-4 ਜੂਨ ਦੀ ਵਿਚਕਾਰਲੀ ਰਾਤ ਨੂੰ ਮੇਰੀ ਭਰਜਾਈ ਜਸਵਿੰਦਰ ਕੌਰ ਉਰਫ ਨਿੱਕੀ ਪਤਨੀ ਅਮਨਦੀਪ ਸਿੰਘ ਵਾਸੀ ਪੱਤੋ ਹੀਰਾ ਸਿੰਘ ਅਤੇ ਇਸ ਦੇ ਪ੍ਰੇਮੀ ਗੁਲਜਾਰ ਸਿੰਘ ਉਰਫ ਬਿੱਟੂ ਪੁੱਤਰ ਲਛਮਣ ਸਿੰਘ ਵਾਸੀ ਨਿਹਾਲ ਸਿੰਘ ਵਾਲਾ ਨੇ ਮਿਲ ਕੇ ਮੇਰੇ ਭਾਈ ਦੇ ਸਿਰ ਵਿੱਚ ਕੁਝ ਮਾਰ ਕੇ ਉਸ ਦਾ ਕਤਲ ਕਰ ਦਿੱਤਾ ਹੈ ਅਤੇ ਦੋਵੇਂ ਹੱਥ ਲੱਤਾਂ ਬੰਨ ਕੇ ਇਸਨੂੰ ਕਮਰੇ ਵਿੱਚ ਸੁੱਟ ਕੇ ਕਮਰੇ ਨੂੰ ਤਾਲਾ ਲਗਾ ਕੇ ਭੱਜ ਗਏ ਹਨ।*

# 'ਮਾਸੂਮ' ਜਿਹੀ ਬੀਬੀ ਕਰ ਗਈ ਵੱਡਾ ਕਾਂਡ

ਨੈਸ਼ਨਲ ਡੈਸਕ 12 ਜੂਨ। ਆਏ ਦਿਨ ਲੋਕਾਂ ਨਾਲ ਠੱਗੀ ਮਾਰਨ ਦੇ ਨਵੇਂ-ਨਵੇਂ ਤਰੀਕੇ ਸਾਹਮਣੇ ਆਉਂਦੇ ਰਹਿੰਦੇ ਹਨ। ਕਦੇ ਵਿਦੇਸ਼ ਭੇਜਣ ਦੇ ਨਾਂ 'ਤੇ ਤੇ ਕਦੇ ਨਿਵੇਸ਼ ਕਰਵਾਉਣ ਦੇ ਨਾਂ 'ਤੇ ਲੋਕਾਂ ਨੂੰ ਭਾਰੀ ਨੁਕਸਾਨ ਉਠਾਉਣਾ ਪੈਂਦਾ ਹੈ। ਪਰ ਰਾਜਸਥਾਨ ਤੋਂ ਇਕ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆ ਰਿਹਾ ਹੈ, ਜਿੱਥੇ ਕੋਟਾ ਸਥਿਤ 93939 ਬੈਂਕ ਦੀ ਇੱਕ ਰਿਲੇਸ਼ਨਸ਼ਿਪ ਮੈਨੇਜਰ ਸਾਕਸ਼ੀ ਗੁਪਤਾ ਨੂੰ 4.58 ਕਰੋੜ ਦਾ ਗ਼ਬਨ ਕਰਨ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਗਿਆ ਹੈ। ਉਸ 'ਤੇ ਇਲਜ਼ਾਮ ਹੈ ਕਿ ਉਸ ਨੇ ਸਾਲ 2020 ਤੋਂ 2023 ਤੱਕ ਬੈਂਕ ਦੇ 41 ਗਾਹਕਾਂ ਦੇ 110 ਫਿਕਸਡ ਡਿਪਾਜ਼ਿਟ (ਐੱਫ.ਡੀ.) ਖਾਤਿਆਂ ਤੋਂ ਬਿਨਾ ਇਜਾਜ਼ਤ ਵੱਡੀ ਰਕਮ ਕਢਵਾਈ ਅਤੇ ਇਸ ਨੂੰ ਸ਼ੇਅਰ ਮਾਰਕੀਟ ਵਿੱਚ ਨਿਵੇਸ਼ ਕਰ ਦਿੱਤਾ। ਇਹੀ ਨਹੀਂ, ਸ਼ੇਅਰ ਮਾਰਕੀਟ 'ਚ ਘਾਟਾ ਪੈਣ ਮਗਰੋਂ ਉਸ ਨੇ ਇਹ ਸਾਰੀ ਰਕਮ ਵੀ ਗੁਆ ਲਈ। ਉਸ ਨੇ ਇਹ ਕਾਂਡ ਇੰਨੀ ਚਲਾਕੀ ਨਾਲ ਕੀਤਾ ਕਿ ਇਸ ਦਾ ਕਿਸੇ ਨੂੰ ਪਤਾ ਹੀ ਨਾ ਚੱਲ ਸਕੇ। ਸਾਕਸ਼ੀ ਗੁਪਤਾ ਨੇ ਬੈਂਕ ਗਾਹਕਾਂ ਦੇ ਖਾਤਿਆਂ ਨਾਲ ਜੁੜੇ ਮੋਬਾਈਲ ਨੰਬਰ ਆਪਣੇ ਪਰਿਵਾਰਕ ਮੈਂਬਰਾਂ ਦੇ ਨੰਬਰਾਂ




ਨਾਲ ਬਦਲ ਦਿੱਤੇ, ਤਾਂ ਜੋ ਅਤੇ ਲੈਣ-ਦੇਣ ਦੇ ਮੈਸੇਜ ਅਸਲ ਖਾਤਾ ਧਾਰਕਾਂ ਤੱਕ ਨਾ ਪਹੁੰਚ ਸਕਣ। ਉਸ ਨੇ ਬਿਨਾਂ ਇਜਾਜ਼ਤ ਡੈਬਿਟ ਕਾਰਡ, ਅਤੇ ਓਵਰਡ?ਰਾਫਟ ਸਹੂਲਤਾਂ ਦੀ ਵਰਤੋਂ ਕਰ ਕੇ ਉਨ੍ਹਾਂ ਦੇ ਖਾਤਿਆਂ 'ਚੋਂ ਇਹ ਰਕਮ ਕਢਵਾਈ। ਇਸ ਦੌਰਾਨ ਉਸ ਨੇ 3 ਕਰੋੜ ਰੁਪਏ ਦੀ ਵੱਡੀ ਰਾਸ਼ੀ ਇਕ ਬਜ਼ੁਰਗ ਔਰਤ ਦੇ ਖਾਤੇ ਰਾਹੀਂ ਕਢਵਾਈ, ਜਿਸ ਨੂੰ ਇਸ ਦੀ ਜਾਣਕਾਰੀ ਨਹੀਂ ਸੀ। ਇਸ ਤਰ੍ਹਾਂ ਉਸ ਨੇ 4 ਕਰੋੜ ਤੋਂ ਵੀ ਵੱਧ ਰਾਸ਼ੀ ਗਾਹਕਾਂ ਦੇ ਖਾਤਿਆਂ 'ਚੋਂ ਕਢਵਾ ਕੇ ਸ਼ੇਅਰ ਮਾਰਕੀਟ 'ਚ ਲਗਾ ਦਿੱਤੀ, ਪਰ ਉਸ ਨਾਲ ਸਭ ਤੋਂ ਮਾੜੀ ਗੱਲ ਇਹ ਹੋਈ ਕਿ ਉਸ ਦੇ ਪੈਸੇ ਸ਼ੇਅਰ ਮਾਰਕੀਟ 'ਚ ਵੀ ਡੁੱਬ ਗਏ। ਬੇਹੱਦ ਚਲਾਕੀ ਨਾਲ ਅਮਲ 'ਚ ਲਿਆਂਦੀ ਗਈ ਇਹ ਧੋਖਾਧੜੀ ਤਦ ਸਾਹਮਣੇ ਆਈ ਜਦੋਂ ਇਕ ਗਾਹਕ ਨੇ ਬੈਂਕ ਆ ਕੇ ਆਪਣੇ 64 ਅਕਾਊਂਟ ਬਾਰੇ ਪੁੱਛਗਿੱਛ ਕੀਤੀ। ਬੈਂਕ ਖਾਤਿਆਂ ਨਾਲ ਛੇੜ-ਛਾੜ ਦੇਖ ਬੈਂਕ ਪ੍ਰਬੰਧਕਾਂ ਦੇ ਹੋਸ਼ ਉੱਡ ਗਏ। ਇਸ ਮਗਰੋਂ ਬੈਂਕ ਨੇ ਤੁਰੰਤ ਮਾਮਲੇ ਦੀ ਜਾਂਚ ਸ਼ੁਰੂ ਕੀਤੀ, ਜਿਸ ਮਗਰੋਂ ਗੁਪਤਾ ਨੂੰ ਨੌਕਰੀ ਤੋਂ ਸਸਪੈਂਡ ਕਰ ਕੇ ਉਸ ਖ਼?ਲਾਫ਼ ਦਰਜ ਕਰਵਾਈ ਗਈ ਹੈ। 93939 ਬੈਂਕ ਨੇ ਕਿਹਾ ਹੈ ਕਿ ਉਹ ਧੋਖਾਧੜੀ ਖਿਲਾਫ਼ ਸਖ਼ਤ ਨੀਤੀ ਰੱਖਦੇ ਹਨ ਅਤੇ ਪੀੜਤ ਗਾਹਕਾਂ ਦੇ ਸਾਰੇ ਜਾਇਜ਼ ਦਾਅਵੇ ਨਿਪਟਾ ਦਿੱਤੇ ਗਏ ਹਨ।

## ਫਾਜ਼ਿਲਕਾ ਪੁਲਸ ਵਲੋਂ 2 ਨਸ਼ਾ ਤਸਕਰਾਂ ਨੂੰ ਹੈਰੋਇਨ ਸਣੇ ਕੀਤਾ ਗਿਆ ਗ੍ਰਿਫ਼ਤਾਰ

ਫਾਜ਼ਿਲਕਾ 12 ਜੂਨ। ਥਾਣਾ ਸਦਰ ਫਾਜ਼ਿਲਕਾ ਦੀ ਨਿਗਰਾਨੀ ਹੇਠ ਏ. ਐੱਸ. ਆਈ. ਮੰਗਲ ਸਿੰਘ ਵੱਲੋਂ ਗਸ਼ਤ ਦੌਰਾਨ 2 ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 1 ਕਿੱਲੋ 33 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਜਾਣਕਾਰੀ ਮੁਤਾਬਕ ਸਹਾਇਕ ਥਾਣੇਦਾਰ ਮੰਗਲ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਥਾਣਾ ਸਦਰ ਫਾਜ਼ਿਲਕਾ ਦੇ ਏਰੀਆ ਵਿੱਚ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਲਈ ਗਸ਼ਤ ਕੀਤੀ ਜਾ ਰਹੀ ਸੀ। ਗਸ਼ਤ ਦੌਰਾਨ ਪੁਲਸ ਪਾਰਟੀ ਨੂੰ ਪਿੰਡ ਬੇਹ ਕਲੰਦਰ ਨੇੜੇ 2 ਨੌਜਵਾਨ ਆਉਂਦੇ ਦਿਖਾਈ ਦਿੱਤੇ, ਜਿਨ੍ਹਾਂ ਨੂੰ ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਰੋਕਿਆ। ਉਨ੍ਹਾਂ ਕੋਲੋਂ ਕੋਈ ਨਸ਼ੀਲੀ ਵਸਤੂ ਹੋਣ ਦਾ ਸ਼ੱਕ ਜ਼ਾਹਰ ਕੀਤਾ ਗਿਆ। ਜਦੋਂ ਉਨ੍ਹਾਂ ਦੀ ਤਲਾਸ਼ੀ ਲਈ ਤਾਂ ਕਾਲੇ ਰੰਗ ਦੇ ਲਿਫ਼ਾਫ਼ੇ 'ਚੋਂ 1 ਕਿੱਲੋ, 33 ਗ੍ਰਾਮ ਹੈਰੋਇਨ ਬਰਾਮਦ ਹੋਈ। ਕਾਬੂ ਕੀਤੇ ਨਸ਼ਾ ਤਸਕਰਾਂ ਦੀ ਪਛਾਣ ਹਰਦੀਪ ਸਿੰਘ ਪੁੱਤਰ ਸੁਖਮੰਦਰ ਸਿੰਘ ਵਾਸੀ ਅਮਰ ਸਿੰਘ ਵਾਲਾ ਰਾਜਸਥਾਨ ਅਤੇ ਜੈਦੀਪ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਖਾਰਾ ਚੱਕ, ਸਾਦੂਲ ਸ਼ਹਿਰ, ਸ੍ਰੀ ਗੰਗਾਨਗਰ (ਰਾਜਸਥਾਨ) ਵਜੋਂ ਹੋਈ। ਉਨ੍ਹਾਂ ਦੇ ਖ਼?ਲਾਫ਼ ਦਰਜ ਕਰ ਲਿਆ ਗਿਆ ਹੈ ਅਤੇ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

## ਮਾਂ ਦੀ ਗੋਦ 'ਚ ਪਲਣ ਵਾਲੇ ਪੁੱਤ ਨੇ ਹੀ ਚੁੰਨੀ ਨਾਲ ਗਲਾ ਘੁੱਟ ਕੇ ਮਾਰ'ਤੀ ਮਾਂ

ਪਾਤੜਾਂ 12 ਜੂਨ। ਪਾਤੜਾਂ ਪੁਲਸ ਨੇ ਪੁੱਤਰ ਵਲੋਂ ਮਾਂ ਦਾ ਚੁੰਨੀ ਨਾਲ ਗਲਾ ਘੁੱਟ ਕੇ ਕਤਲ ਕਰਨ ਦੇ ਦੋਸ਼ਾਂ ਤਹਿਤ ਪੁੱਤਰ ਖ਼?ਲਾਫ਼ ਕੇਸ ਦਰਜ ਕਰ ਲਿਆ ਗਿਆ ਹੈ। ਸ਼ਿਕਾਇਤ ਦਰਜ ਕਰਵਾਉਂਦਿਆਂ ਪਿੰਡ ਡੇਰਾ ਹੀਰਾ ਨਗਰ ਸ਼ੁਤਰਾਣਾ ਨੇ ਦੱਸਿਆ ਕਿ ਗੋਪੀ ਰਾਮ ਵਾਸੀ ਪਿੰਡ ਗੁਲਾਹੜ ਥਾਣਾ ਪਾਤੜਾਂ ਉਸ ਦੀ ਭੈਣ ਜੀਤੋ ਬਾਈ ਦਾ ਲੜਕਾ ਹੈ। ਜੋ ਪਿੰਡ ਗੁਲਾਹੜ ਵਿਖੇ ਹੀ ਆਪਣੇ ਪਰਿਵਾਰ ਸਮੇਤ ਵੱਖਰੇ ਮਕਾਨ ਵਿਚ ਰਹਿੰਦਾ ਹੈ। ਗੋਪੀ ਰਾਮ ਅਕਸਰ ਹੀ ਆਪਣੇ ਮਾਤਾ -ਪਿਤਾ ਨਾਲ ਪੈਸਿਆਂ ਅਤੇ ਜ਼ਮੀਨ ਦੀ ਵੰਡ ਨੂੰ ਲੈ ਕੇ ਝਗੜਾ ਕਰਦਾ ਰਹਿੰਦਾ ਸੀ। ਉਹ 6 ਜੂਨ ਨੂੰ ਆਪਣੀ ਭੈਣ ਦੇ ਘਰ ਉਸ ਦਾ ਪਤਾ ਲੈਣ ਲਈ ਗਿਆ ਤਾਂ ਅੰਦਰੋਂ ਉੱਚੀ ਉੱਚੀ ਆਵਾਜ਼ਾਂ ਆ ਰਹੀਆਂ ਸਨ। ਉਸ ਨੇ ਦੇਖਿਆ ਕਿ ਗੋਪੀ ਘਰ ਅੰਦਰੋਂ ਨਿਕਲ ਕੇ ਆਪਣੇ




ਘਰ ਵੱਲ ਭੱਜ ਗਿਆ। ਜਦੋਂ ਉਸ ਨੇ ਅੰਦਰ ਜਾ ਕੇ ਵੇਖਿਆ ਤਾਂ ਉਸ ਦੀ ਭੈਣ ਜੀਤੋ ਬਾਈ (45 ਸਾਲ) ਬੈੱਡ 'ਤੇ ਬੇਸੁੱਧ ਪਈ ਸੀ, ਜਿਸ ਨੂੰ ਹਿਲਾਉਣ 'ਤੇ ਪਤਾ ਲੱਗਿਆ ਕਿ ਉਸ ਦੀ ਮੌਤ ਹੋ ਚੁੱਕੀ ਸੀ। ਪੁਲਸ ਨੇ ਪੀੜਤ ਦੇ ਬਿਆਨਾਂ 'ਤੇ ਕਥਿਤ ਦੋਸ਼ੀ ਗੋਪੀ ਰਾਮ ਪੁੱਤਰ ਪੰਜੂ ਰਾਮ ਵਾਸੀ ਪਿੰਡ ਗੁਲਾਹੜ ਥਾਣਾ ਪਾਤੜਾਂ ਖਿਲਾਫ ਮੁਕੱਦਮਾ ਨੰਬਰ 112, ਮਿਤੀ 6-6-2025, ਧਾਰਾ 103 (1) ਬੀ ਐਨ ਐਸ ਤਹਿਤ ਥਾਣਾ ਪਾਤੜਾਂ ਵਿਖੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਜਹਾਜ਼ ਹਾਦਸਾ: 'ਦਿਲ ਦਹਿਲਾ ਦੇਣ ਵਾਲੇ ਹਾਦਸੇ ਨੂੰ...

Contd....Front page

ਇਸ ਹਾਦਸੇ ਨੂੰ ਭਾਰਤੀ ਇਤਿਹਾਸ ਦੇ ਸਭ ਤੋਂ ਖਤਰਨਾਕ ਹਵਾਈ ਹਾਦਸੇ ਵਜੋਂ ਦੇਖਿਆ ਜਾਂਦਾ ਹੈ। ਗੱਲ ਸਾਲ 1988 ਦੀ ਹੈ। 19 ਨਵੰਬਰ ਨੂੰ ਬੋਇੰਗ 737-200 ਜਹਾਜ਼ ਅਹਿਮਦਾਬਾਦ ਏਅਰਪੋਰਟ 'ਤੇ ਉਤਰਨ ਦੀ ਕੋਸ਼ਿਸ਼ ਕਰ ਰਿਹਾ ਸੀ। ਇਸ ਦੌਰਾਨ ਵਿਜ਼ੀਬਿਲਿਟੀ ਘੱਟ ਹੋਣ ਕਾਰਨ ਜਹਾਜ਼ ਨੂੰ ਹੇਠਾਂ ਉਤਰਨ ਵਿਚ ਸਮੱਸਿਆ ਆ ਰਹੀ ਸੀ। ਇਸ ਦੌਰਾਨ ਜਹਾਜ਼ ਵਿਚ ਸਵਾਰ 135 ਲੋਕਾਂ ਵਿਚੋਂ 133 ਦੀ ਮੌਤ ਹੋ ਗਈ ਸੀ ਅਤੇ 2 ਲੋਕ ਬਚ ਗਏ ਸਨ।



# ਪੁਰਸ਼ ਵਧੇਰੀ ਉਮਰ ਜਾਂ ਸ਼ੂਗਰ ਦੀ ਕਮਜ਼ੋਰੀ ਤੋਂ ਨਾ ਘਬਰਾਓ

**ਕੌਮੀ ਪਤ੍ਰਿਕਾ**

ਜਲੰਧਰ 12 ਜੂਨ। ਦੋਸਤੋ, ਭਾਰਤ 'ਚ ਸ਼ੂਗਰ ਦੇ ਮਰੀਜ਼ਾਂ ਦੀ ਗਿਣਤੀ ਹਰ ਰੋਜ਼ ਵਧਦੀ ਜਾ ਰਹੀ ਹੈ। ਪਹਿਲਾਂ ਇਕ ਖਾਸ ਉਮਰ ਵਿੱਚ ਸ਼ੂਗਰ ਵਰਗੀ ਸਮੱਸਿਆ ਹੁੰਦੀ ਸੀ ਪਰ ਹੁਣ ਕਿਸੇ ਵੀ ਉਮਰ ਵਿੱਚ ਵਿਅਕਤੀ ਡਾਇਬਟੀਜ਼ ਦਾ ਸ਼ਿਕਾਰ ਹੋ ਰਿਹਾ ਹੈ ਅਤੇ ਕੋਵਿਡ ਤੋਂ ਬਾਅਦ ਇਹ ਸੁਣਨ ਵਿੱਚ ਆ ਰਿਹਾ ਹੈ ਕਿ ਹਰ ਘਰ ਵਿੱਚ ਕਿਸੇ ਨਾ ਕਿਸੇ ਨੂੰ ਸ਼ੂਗਰ ਹੈ। ਅੱਜ-ਕੱਲ੍ਹ ਤਾਂ ਡਾਇਬਟੀਜ਼ ਬਜ਼ੁਰਗਾਂ ਦੇ ਨਾਲ-ਨਾਲ ਬੱਚਿਆਂ ਵਿੱਚ ਵੀ ਦੇਖਣ ਨੂੰ ਮਿਲ ਰਹੀ ਹੈ। ਸ਼ੂਗਰ ਦੇ ਕਾਰਨ ਮਨੁੱਖਾਂ ਵਿੱਚ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਹੋਣ ਲੱਗਦੀਆਂ ਹਨ। ਜੇਕਰ ਸ਼ੂਗਰ ਹੋ ਜਾਵੇ ਤਾਂ ਇਹ ਕਈ ਅੰਗਾਂ ਨੂੰ ਪ੍ਰਭਾਵਿਤ ਕਰਦੀ ਹੈ। ਡਾਇਬਟੀਜ਼ ਖਾਸ ਕਰਕੇ ਅੱਖਾਂ, ਗੁਰਦਿਆਂ ਅਤੇ ਦਿਲ ਨੂੰ ਪ੍ਰਭਾਵਿਤ ਕਰਦੀ ਹੈ। ਸ਼ੂਗਰ ਦੇ ਕਾਰਨ ਸਰੀਰ ਦੇ ਕਈ ਅੰਗ ਠੀਕ ਤਰ੍ਹਾਂ ਕੰਮ ਨਹੀਂ ਕਰਦੇ। ਜੇਕਰ ਸਮੇਂ ਸਿਰ ਪ੍ਰਹੇਜ਼ ਨਾ ਕੀਤਾ ਜਾਵੇ ਤਾਂ ਇਹ ਕਈ ਹੋਰ ਬੀਮਾਰੀਆਂ ਨੂੰ ਸੱਦਾ ਦਿੰਦੀ ਹੈ। ਮਨੁੱਖ ਨੂੰ ਮੋਟਾਪਾ, ਬਲੱਡ ਪ੍ਰੈਸ਼ਰ ਵਰਗੀਆਂ ਸਮੱਸਿਆਵਾਂ ਹੋਣੀਆਂ ਆਮ ਗੱਲ ਹੋ ਗਈ ਹੈ। ਦੇਖਿਆ ਜਾਵੇ ਤਾਂ ਸ਼ੂਗਰ ਕੋਈ ਵੱਡੀ ਬੀਮਾਰੀ ਨਹੀਂ ਹੈ। ਜੀਵਨਸ਼ੈਲੀ ਅਤੇ ਆਪਣੇ ਖਾਣ-ਪੀਣ ਨੂੰ ਮੈਨੇਜ ਕਰਕੇ ਇਸ ਨੂੰ ਠੀਕ ਰੱਖਿਆ ਜਾ ਸਕਦਾ ਹੈ। ਸ਼ੂਗਰ ਨੂੰ ਕੰਟਰੋਲ ਕਰਨ ਲਈ ਜਿੰਨਾ ਮਹੱਤਵ ਦਵਾਈ ਅਤੇ ਕਸਰਤ ਦਾ ਹੈ, ਓਨੀ ਹੀ ਖੁਰਾਕ ਵੀ ਜ਼ਰੂਰੀ ਹੈ। ਤੁਹਾਨੂੰ ਦੱਸ ਦਈਏ ਕਿ ਸ਼ੂਗਰ ਦੇ ਕਾਰਨ ਸਰੀਰ ਵਿੱਚ ਇੰਸੁਲਿਨ ਨਾਮਕ ਹਾਰਮੋਨ ਦਾ ਵਹਾਅ ਹੁੰਦਾ ਹੈ। ਇਸ ਦੇ ਹੋਣ ਦੇ ਹੋਰ ਕਾਰਨਾਂ ਵਿੱਚ ਬਹੁਤ ਜ਼ਿਆਦਾ ਤਣਾਅ, ਭਾਰ ਵਧਣਾ ਜਾਂ ਬੁਢਾਪਾ ਅਤੇ ਨਾਲ ਹੀ ਜੈਨੇਟਿਕ ਕਾਰਕ ਸ਼ਾਮਲ ਹਨ। ਇਹ ਇਕ ਅਜਿਹੀ ਬੀਮਾਰੀ ਹੈ, ਜਿਸ ਵਿੱਚ ਵੱਧ ਤੋਂ ਵੱਧ ਪ੍ਰਹੇਜ਼ ਹੀ ਤੁਹਾਨੂੰ ਸੁਰੱਖਿਅਤ ਰੱਖਦਾ ਹੈ। ਜੇਕਰ ਤੁਸੀਂ ਡਾਇਟ 'ਚ ਕੋਈ ਗਲਤੀ ਕੀਤੀ ਜਾਂ ਆਪਣੀ ਰੋਜ਼ਾਨਾ ਦੀ ਰੁਟੀਨ 'ਚ ਕੋਈ ਗਲਤੀ ਕੀਤੀ ਤਾਂ ਤੁਹਾਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। 1. ਸਾਬਤ ਅਨਾਜ, ਓਟਸ, ਛੋਲਿਆਂ ਦਾ ਆਟਾ, ਮੋਟਾ ਅਨਾਜ 2. ਰੇਸ਼ੇਦਾਰ ਸਬਜ਼ੀਆਂ ਜਿਵੇਂ ਮਟਰ, ਫਲ?ਆਂ, ਗੋਭੀ, ਭਿੰਡੀ, ਪਾਲਕ ਅਤੇ ਹੋਰ ਹਰੀਆਂ ਪੱਤੇਦਾਰ ਸਬਜ਼ੀਆਂ। 3. ਟੋਨਡ ਦੁੱਧ ਦੇ ਨਾਲ ਦਹੀਂ ਅਤੇ ਮੱਠਾ 4. ਛਿਲਕੇ ਵਾਲੀਆਂ ਦਾਲਾਂ 5. ਓਮੇਗਾ 3 ਫੈਟੀ ਐਸਿਡ ਵਾਲੇ ਤੇਲ 6. ਫਲਾਂ 'ਚ ਪਪੀਤਾ, ਸੇਬ, ਸੰਤਰਾ ਅਤੇ ਅਮਰੂਦ ਜ਼ਿਆਦਾ ਫਾਇਦੇਮੰਦ ਹਨ। ਜਿੰਨਾ ਹੋ ਸਕੇ ਸੈਰ ਕਰੋ, ਹਲਕਾ ਭੋਜਨ ਖਾਓ, ਵਿੱਚ-ਵਿੱਚ ਕੁਝ ਨਾ ਕੁਝ ਖਾਂਦੇ ਰਹੋ, ਭੋਜਨ ਵਿੱਚ ਲੰਮਾ ਗੈਪ ਨਾ ਰੱਖੋ, ਰਾਤ ਦਾ ਖਾਣਾ ਜਲਦੀ ਖਾਓ, ਯੋਗਾ ਅਤੇ ਕਸਰਤ ਕਰੋ, ਚੰਗੀ ਡਾਈਟ ਨੂੰ ਫਾਲੋਅ ਕਰੋ, ਤੇਲ, ਜੰਕ ਫੂਡ, ਇਸ ਤੋਂ ਇਲਾਵਾ ਸ਼ੂਗਰ ਦੇ ਮਰੀਜ਼ ਨੂੰ ਸਿਗਰਟਨੋਸ਼ੀ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ ਅਤੇ ਸ਼ਰਾਬ ਦੀ ਜ਼ਿਆਦਾ ਵਰਤੋਂ ਕਰਨ ਤੋਂ ਬਚਣਾ ਚਾਹੀਦਾ ਹੈ। ਸ਼ੂਗਰ ਦਾ ਅਸਰ ਮਾਨਸਿਕ ਸਿਹਤ 'ਤੇ ਵੀ ਪੈਂਦਾ ਹੈ, ਜਿਸ ਨੂੰ ਡਾਕਟਰ 'ਡਾਇਬਟੀਜ਼ ਸਟ?ਰੈੱਸ' ਕਹਿੰਦੇ ਹਨ। ਇਸ ਦੇ ਲੱਛਣ ਭਲੇ ਹੀ ਬਹੁਤ ਗੰਭੀਰ ਨਾ ਹੋਣ ਪਰ ਇਸ ਤਰ੍ਹਾਂ ਦਾ ਤਣਾਅ ਸੈਕਸ ਲਾਈਫ ਲਈ ਬੁਰਾ ਹੈ। ਸ਼ੂਗਰ ਦੇ ਮਰੀਜ਼ਾਂ ਨੂੰ ਆਪਣੇ ਬਲੱਡ ਸ਼ੂਗਰ ਦੇ ਪੱਧਰ ਨੂੰ ਸਹੀ ਰੱਖਣ ਵੱਲ ਵੱਧ ਤੋਂ ਵੱਧ ਧਿਆਨ ਦੇਣਾ ਚਾਹੀਦਾ ਹੈ। ਬਲੱਡ ਸ਼ੂਗਰ ਜਿੰਨਾ ਜ਼ਿਆਦਾ ਕੰਟਰੋਲ 'ਚ ਰਹੇਗਾ, ਸਰੀਰ ਦੀਆਂ ਨਾੜਾਂ ਵੀ ਓਨੀਆਂ ਹੀ ਮਜ਼ਬੂਤ ਹੋਣਗੀਆਂ। ਜਦੋਂ ਬਲੱਡ ਸ਼ੂਗਰ ਦਾ ਲੈਵਲ ਵੱਧ ਜਾਂਦਾ ਹੈ ਤਾਂ ਪੁਰਸ਼ਾਂ ਵਿੱਚ ਸਰੀਰ ਦੀਆਂ ਨਸਾਂ ਦੀ ਸਮਰੱਥਾ ਘੱਟ ਜਾਂਦੀ ਹੈ, ਜਿਸ ਕਾਰਨ ਉਨ੍ਹਾਂ ਦੀ ਸੈਕਸ ਲਾਈਫ ਪ੍ਰਭਾਵਿਤ ਹੁੰਦੀ ਹੈ। ਜਦੋਂ ਸਰੀਰ 'ਚ ਵਧੇਰੇ ਉਮਰ ਜਾਂ ਸ਼ੂਗਰ ਦਾ ਅਸਰ ਦਿਖਾਈ ਦੇਣ ਲੱਗਦਾ ਹੈ ਤਾਂ ਪੁਰਸ਼ਾਂ 'ਚ ਕਈ ਤਰ੍ਹਾਂ ਦੀਆਂ ਸੈਕਸ ਸਮੱਸਿਆਵਾਂ ਦੇਖਣ ਨੂੰ ਮਿਲਦੀਆਂ ਹਨ, ਜਿਸ ਕਾਰਨ ਨਸਾਂ ਦੀ ਕਮਜ਼ੋਰੀ ਜਾਂ ਢਿੱਲਾਪਣ ਹੋਣਾ, ਸ਼ੀਘਰਪਤਨ, ਇਰੈਕਟਾਈਲ ਡਿਸਫੰਕਸ਼ਨ, ਸੰਭੋਗ 'ਚ ਇੱਛਾ ਦੀ ਕਮੀ ਅਤੇ ਹੋਰ ਯੌਨ ਸਮੱਸਿਆਵਾਂ ਦੇਖਣ ਨੂੰ ਮਿਲਦੀਆਂ ਹਨ। ਜੇਕਰ ਤੁਸੀਂ ਵੀ ਸ਼ੂਗਰ ਜਾਂ ਵਧੇਰੇ ਉਮਰ ਕਾਰਨ ਆਈ ਮਰਦਾਨਾ ਕਮਜ਼ੋਰੀ ਤੋਂ ਪ੍ਰੇਸ਼ਾਨ ਹੋ ਤਾਂ ਹੁਣ ਤੁਹਾਨੂੰ ਨਿਰਾਸ਼ ਹੋਣ ਦੀ ਲੋੜ ਨਹੀਂ ਹੈ ਕਿਉਂਕਿ ਰੌਸ਼ਨ ਹੈਲਥ ਕੇਅਰ ਦੇ ਆਯੁਰਵੈਦਿਕ ਡਾਕਟਰਾਂ ਨੇ ਸ਼ੁੱਧ ਆਯੁਰਵੈਦਿਕ ਜੜ੍ਹੀ-ਬੂਟੀਆਂ ਤੋਂ ਇਕ ਵਿਸ਼ੇਸ਼ ਦਵਾਈ ਤਿਆਰ ਕੀਤੀ ਹੈ, ਜਿਸ ਨਾਲ ਤੁਹਾਡੀ ਸ਼ੂਗਰ ਕੰਟਰੋਲ 'ਚ ਰਹੇਗੀ ਅਤੇ ਸ਼ੂਗਰ ਜਾਂ ਵਧੇਰੇ ਉਮਰ ਕਾਰਨ ਆਈ ਮਰਦਾਨਾ ਕਮਜ਼ੋਰੀ ਵੀ ਦੂਰ ਹੋ ਜਾਵੇਗੀ। ਇਸ ਦਵਾਈ ਦਾ ਦੇਸ਼-ਵਿਦੇਸ਼ 'ਚ ਬੈਠੇ ਹਜ਼ਾਰਾਂ ਮਰੀਜ਼ ਲਾਭ ਉਠਾ ਰਹੇ ਹਨ। ਇਹ ਆਯੁਰਵੈਦਿਕ ਦੇਸੀ ਦਵਾਈ ਸ਼ੂਗਰ ਅਤੇ ਵਧੇਰੇ ਉਮਰ ਕਾਰਨ ਆਈ ਕਮਜ਼ੋਰੀ ਲਈ ਵਰਦਾਨ ਸਾਬਤ ਹੋ ਰਹੀ ਹੈ। ਇਸ ਦਵਾਈ ਦਾ ਕੋਈ ਸਾਈਡ ਇਫੈਕਟ ਨਹੀਂ ਹੈ। ਇਸ ਤੋਂ ਇਲਾਵਾ ਪੁਰਾਣੀ ਰੇਸ਼ਾ, ਨਜ਼ਲਾ, ਜ਼ੁਕਾਮ, ਸਾਹ ਦੀ ਐਲਰਜੀ, ਦਮਾ, ਖੂਨੀ ਜਾਂ ਬਾਦੀ ਬਵਾਸੀਰ, ਮੋਕੇ ਨਿਕਲਣਾ, ਭਗੰਦਰ, ਔਰਤਾਂ ਦੇ ਰੋਗ ਲਿਕੋਰੀਆ (ਸਫੇਦ ਪਾਣੀ), ਚਮੜੀ ਦੇ ਰੋਗ, ਜੋੜਾਂ ਦਾ ਦਰਦ, ਭਾਰ ਵਧਾਉਣ ਜਾਂ ਘਟਾਉਣ, ਪੁਰਸ਼ਾਂ ਦੇ ਪੁਰਾਣੇ ਰੋਗ, ਧਾਂਤ ਡਿੱਗਣਾ, ਸਪਨਦੋਸ਼, ਸ਼ੀਘਰਪਤਨ, ਜੋਸ਼ ਦੀ ਕਮੀ ਅਤੇ ਨਸਾਂ ਦਾ ਢਿੱਲਾਪਣ, ਸ਼ੁਕਰਾਣੂਆਂ ਦੀ ਕਮੀ, ਬੁਢਾਪੇ ਜਾਂ ਸ਼ੂਗਰ ਕਾਰਨ ਆਈ ਮਰਦਾਨਾ ਕਮਜ਼ੋਰੀ ਦਾ ਵਿਸ਼ੇਸ਼ ਆਯੁਰਵੈਦਿਕ ਇਲਾਜ, ਕਿਸੇ ਵੀ ਸਮੱਸਿਆ ਦੇ ਹੱਲ ਲਈ ਇਕ ਵਾਰ ਸਾਡੇ ਤਜਰਬੇਕਾਰ ਆਯੁਰਵੈਦਿਕ ਡਾਕਟਰਾਂ ਨਾਲ ਸੰਪਰਕ ਜ਼ਰੂਰ ਕਰੋ। ਨੋਟ- ਜਿਹੜੇ ਨੌਜਵਾਨ ਬਚਪਨ ਦੀਆਂ ਗਲਤੀਆਂ, ਧਾਂਤ, ਸੁਪਨਦੋਸ਼, ਨਸ਼ਿਆਂ ਕਾਰਨ ਜਾਂ ਕਿਸੇ ਹੋ ਕਾਰਨ ਆਪਣੀ ਮਰਦਾਨਾ ਤਾਕਤ ਗੁਆ ਚੁੱਕੇ ਹਨ ਤੇ ਜਿਹੜੇ ਮੇਰੇ ਵੀਰ ਵਿਆਹ ਦੇ ਨਾਂ ਤੋਂ ਘਬਰਾਉਂਦੇ ਹਨ, ਉਨ੍ਹਾਂ ਵੀਰਾਂ ਲਈ ਇਕ ਖਾਸ ਆਯੁਰਵੈਦਿਕ ਦੇਸੀ ਨੁਸਖਾ। ਸਿਰਫ ਇਕ ਕੋਰਸ ਮੰਗਵਾ ਕੇ ਜ਼ਰੂਰ ਅਸਰ ਦੇਖੋ, ਤੁਸੀਂ ਨਿਰਾਸ਼ ਨਹੀਂ ਹੋਵੋਗੇ, ਨੌਜਵਾਨਾਂ ਲਈ ਸਪੈਸ਼ਲ ਹਨੀਮੂਨ ਕੋਰਸ।

# ਬਾਂਝਪਨ ਦਾ ਇਲਾਜ ਕਰਨ ਵਾਲੀ ਦਵਾਈ ਖੋਜੀ



ਕੈਂਸਰ ਦੇ ਇਲਾਜ ਮਗਰੋਂ ਔਰਤਾਂ ਵਿੱਚ ਆਮਤੌਰ 'ਤੇ ਹੋਣ ਵਾਲੇ ਬਾਂਝਪਨ ਤੋਂ ਉਨ੍ਹਾਂ ਨੂੰ ਸੁਰੱਖਿਅਤ ਰੱਖਣ ਲਈ ਵਿਗਿਆਨੀਆਂ ਨੇ ਇੱਕ ਦਵਾਈ ਦੀ ਖੋਜ ਕਰ ਲਈ ਹੈ। ਜਿਹੜੀਆਂ ਔਰਤਾਂ ਦੇ ਕੈਂਸਰ ਦਾ ਇਲਾਜ ਰੇਡੀਏਸ਼ਨ ਅਤੇ ਕੁਝ ਤਰ੍ਹਾਂ ਦੀਆਂ ਕੀਮੋਥੈਰੇਪੀ ਦਵਾਈਆਂ ਜ਼ਰੀਏ ਕੀਤਾ ਜਾਂਦਾ ਹੈ, ਉਹ ਦਵਾਈਆਂ ਆਮ ਤੌਰ 'ਤੇ ਉਨ੍ਹਾਂ ਵਿੱਚ ਬਾਂਝਪਨ ਲਿਆਉਂਦੀਆਂ ਹਨ। ਪਹਿਲਾਂ ਹੋਏ ਸ਼ੋਧ ਮੁਤਾਬਕ ਛਾਤੀ ਕੈਂਸਰ ਤੋਂ ਬਚ ਚੁੱਕੀਆਂ ਸਾਰੀਆਂ ਔਰਤਾਂ ਵਿੱਚੋਂ ਲੱਗਭਗ 40 ਫ਼ੀਸਦੀ ਔਰਤਾਂ ਵਿੱਚ ਸਮੇਂ ਤੋਂ ਪਹਿਲਾਂ ਬੱਚੇਦਾਨੀ ਨੂੰ ਖ਼ਰਾਬ ਹੁੰਦੇ ਦੇਖਿਆ ਗਿਆ। ਇਸ ਵਿੱਚ ਬੱਚੇਦਾਨੀ ਦੀਆਂ ਸਧਾਰਨ ਕਿਰਿਆਵਾਂ ਬੰਦ ਹੋ ਜਾਂਦੀਆਂ ਹਨ ਅਤੇ ਅਕਸਰ ਬਾਂਝਪਨ ਦੀ ਸਥਿਤੀ ਸਾਹਮਣੇ ਆਉਂਦੀ ਹੈ। ਔਰਤਾਂ ਵਿੱਚ ਜਨਮ ਤੋਂ ਹੀ ਆਂਡਿਆਂ ਦਾ ਸਟਾਕ ਹੁੰਦਾ ਹੈ, ਜੋ ਪੂਰੀ ਜ਼ਿੰਦਗੀ ਚੱਲਦਾ ਹੈ। ਪਰ ਇਹ ਅੰਡੇ ਸਰੀਰ ਦੇ ਸਭ ਤੋਂ ਸੰਵੇਦਨਸ਼ੀਲ ਸੈੱਲਾਂ ਵਿੱਚੋਂ ਇੱਕ ਹੁੰਦੇ ਹਨ, ਜੋ ਇਸ ਤਰ੍ਹਾਂ ਦੇ ਕੈਂਸਰ ਇਲਾਜ ਵਿੱਚ ਖ਼ਤਮ ਹੋ ਸਕਦੇ ਹਨ। ਇਸ ਸ਼ੋਧ ਵਿੱਚ ਇੱਕ ਚੈਕਪੁਆਇੰਟ (ਸੀ. ਐੱਚ. ਕੇ2) ਦਾ ਪਤਾ ਲਗਾਇਆ ਗਿਆ ਸੀ, ਜੋ ਰੇਡੀਏਸ਼ਨ ਨਾਲ ਆਂਡਿਆਂ ਦੇ ਹਾਦਸਾਗ੍ਰਸਤ ਹੋ ਜਾਣ 'ਤੇ ਕਿਰਿਆਸ਼ੀਲ ਹੋ ਜਾਂਦੇ ਹਨ। ਸੀ. ਐੱਚ. ਕੇ2 ਉਸ ਰਸਤੇ ਨੂੰ ਨੁਕਸਾਨ ਪਹੁੰਚਾਉਂਦਾ ਹੈ, ਜੋ ਹਾਦਸਾਗ੍ਰਸਤ ਡੀ. ਐੱਨ. ਏ. ਵਾਲੇ ਆਂਡਿਆਂ ਨੂੰ ਹਟਾ ਦਿੰਦਾ ਹੈ। ਇਹ ਇੱਕ ਕੁਦਰਤੀ ਪ੍ਰਕਿਰਿਆ ਹੈ, ਜੋ ਵਿਕਾਰੀ ਬੱਚੇ ਨੂੰ ਜਨਮ ਦੇਣ ਤੋਂ ਬਚਾਉਂਦੀ ਹੈ। ਡਾਕਟਰਾਂ ਦੁਆਰਾ ਆਂਡਿਆਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਇਸ ਤਰ੍ਹਾਂ ਦੇ ਕੈਂਸਰ ਦੇ ਇਲਾਜ ਨੂੰ ਜ਼ਰੂਰੀ ਸਮਝਿਆ ਜਾਣ 'ਤੇ ਔਰਤਾਂ ਆਪਣੇ ਆਂਡਿਆਂ ਦੇ ਸੈੱਲਾਂ ਨੂੰ ਹਟਾ ਜਾਂ ਫ਼੍ਰੀਜ਼ ਕਰਵਾ ਕੇ ਰੱਖ ਸਕਦੀਆਂ ਹਨ ਪਰ ਇਸ ਨਾਲ ਇਲਾਜ ਵਿੱਚ ਦੇਰੀ ਹੋ ਸਕਦੀ ਹੈ। ਇਸ ਦੇ ਇਲਾਵਾ ਆਂਡਿਆਂ ਦੀ ਕਮੀ ਕਾਰਨ ਔਰਤਾਂ ਕੁਦਰਤੀ ਤੌਰ 'ਤੇ ਮੀਨੋਪੌਜ਼ (ਮਾਹਵਾਰੀ ਦਾ ਬੰਦ ਹੋਣਾ) ਵੱਲ ਵੱਧਦੀਆਂ ਹਨ। ਇਸ ਅਧਿਐਨ ਜ਼ਰੀਏ ਵਿਗਿਆਨੀਆਂ ਨੇ ਸੀ. ਐੱਚ. ਕੇ2 ਨਿਰੋਧੀ ਜਾਂ ਸੰਬੰਧਿਤ ਦਵਾਈਆਂ ਦੇਣ ਅਤੇ ਕੈਂਸਰ ਥੈਰੇਪੀ ਨੂੰ ਨਾਲ-ਨਾਲ ਸ਼ੁਰੂ ਕਰਨ ਦਾ ਨਜ਼ਰੀਆ ਉਪਲਬਧ ਕਰਵਾਇਆ ਹੈ।

# ਪਹਿਲਾਂ ਖਾਈ ਜਾਓ, ਫਿਰ ਪਛਤਾਈ ਜਾਓ



ਡਟ ਕੇ ਖਾਣ-ਪੀਣ ਦੀ ਪਰੰਪਰਾ ਜਿਹੀ ਚੱਲ ਪਈ ਹੈ। ਛੋਟੀ-ਵੱਡੀ ਸਫਲਤਾ ਮਿਲਣ ਅਤੇ ਖੁਸ਼ੀ ਹੋਣ 'ਤੇ ਲੋਕ ਖਾਣ ਅਤੇ ਖਵਾਉਣ ਲਈ ਤਿਆਰ ਮਿਲ ਜਾਂਦੇ ਹਨ। ਭੁੱਖ ਨਹੀਂ, ਭੁੱਖੇ ਨਹੀਂ, ਫਿਰ ਵੀ ਲੋਕ ਡਟ ਕੇ ਖਾਣੇ ਲਈ ਤਿਆਰ ਰਹਿੰਦੇ ਹਨ। ਪਾਰਟੀਆਂ ਦੇਣਾ, ਲੈਣਾ ਆਮ ਹੋ ਗਿਆ ਹੈ। ਖਾਈ ਜਾਓ, ਖਾਈ ਜਾਓ ਦਾ ਖ਼ਤਰਨਾਕ ਰਿਵਾਜ ਵਧ ਰਿਹਾ ਹੈ। ਲੋਕ ਬੇਪ੍ਰਵਾਹ ਹੋ ਕੇ ਭੋਜਨ ਕਰਨ ਲਈ ਤਤਪਰ ਰਹਿੰਦੇ ਹਨ। ਪਾਰਟੀਆਂ ਵਗੈਰਾ ਵਿਚ ਲੋਕ ਡਟ ਕੇ ਖਾ ਰਹੇ ਹਨ। ਬੇਮੇਲ ਅਤੇ ਬੇਵਜ੍ਹਾ ਭੋਜਨ ਕਰ ਰਹੇ ਹਨ। ਘਰਾਂ ਵਿਚ ਟੀ. ਵੀ. ਦੇਖਦੇ ਸਮੇਂ ਖਾਣ ਦੀ ਆਦਤ ਪੈ ਗਈ ਹੈ। ਖਾਣੇ ਦਾ ਉਲਟਾ ਜਿਹਾ ਰਿਵਾਜ ਚੱਲਣ ਲੱਗਾ ਹੈ। ਰਾਤ ਨੂੰ ਜਦੋਂ ਦਿਨ ਦੇ ਮੁਕਾਬਲੇ ਘੱਟ ਖਾਣਾ ਚਾਹੀਦਾ ਹੈ, ਉਦੋਂ ਹੀ ਲੋਕ ਪਾਰਟੀ, ਸਮਾਗਮ ਵਿਚ ਜਾਂ ਟੀ. ਵੀ. ਦੇ ਸਾਹਮਣੇ ਡਟ ਕੇ ਜਾਂ ਤੁੰਨ-ਤੁੰਨ ਕੇ ਖਾ ਰਹੇ ਹੁੰਦੇ ਹਨ। ਇਸ ਤਰ੍ਹਾਂ ਵਾਧੂ ਖਾਣ ਨਾਲ ਮੋਟਾਪਾ ਅਤੇ ਬਿਮਾਰੀਆਂ ਦੀਆਂ ਸਮੱਸਿਆਵਾਂ ਵਧ ਰਹੀਆਂ ਹਨ। ਆਧੁਨਿਕ ਆਜੀਵਿਕਾ ਅਤੇ ਦੌੜ-ਭੱਜ ਵਾਲੀ ਜੀਵਨ ਸ਼ੈਲੀ ਨੇ ਖਾਣ-ਪੀਣ ਦੇ ਤਰੀਕੇ ਅਤੇ ਸਮੇਂ ਨੂੰ ਬਦਲ ਦਿੱਤਾ ਹੈ, ਜੋ ਅਜਿਹੀਆਂ ਮੁਸੀਬਤਾਂ ਨੂੰ ਵਧਾਉਣ ਵਿਚ ਸਹਾਇਕ ਸਿੱਧ ਹੋ ਰਿਹਾ ਹੈ।

**ਬੇਪ੍ਰਵਾਹ ਖਾਣ-ਪੀਣ :** ਪਾਰਟੀ, ਸਮਾਗਮ ਜਾਂ ਟੀ. ਵੀ. ਦੇ ਸਾਹਮਣੇ ਖਾਣ ਦੇ ਕਾਰਨ ਸਾਡਾ ਧਿਆਨ ਵੀ ਪਾਰਟੀ, ਸਮਾਗਮ ਜਾਂ ਟੀ. ਵੀ. ਵੱਲ ਹੁੰਦਾ ਹੈ ਅਤੇ ਅਸੀਂ ਬੇਧਿਆਨੀ ਵਿਚ ਖਾਂਦੇ ਰਹਿੰਦੇ ਹਾਂ। ਕਿਹੋ ਜਿਹਾ ਖਾ ਰਹੇ ਹਾਂ? ਕਿੰਨਾ ਖਾ ਰਹੇ ਹਾਂ? ਜਾਂ ਕਿਸ ਦੇ ਨਾਲ ਕੀ ਖਾ ਰਹੇ ਹਾਂ? ਇਹ ਸਭ ਭੁੱਲ ਜਾਂਦੇ ਹਾਂ। ਸਵਾਦ ਜਾਂ ਖਾਣੇ ਦੇ ਸੱਦੇ ਅਤੇ ਖਾਣੇ ਦੀਆਂ ਚੀਜ਼ਾਂ ਨੂੰ ਦੇਖ ਕੇ ਅਸੀਂ ਇਸ ਅਧੀਨ ਹੋ ਕੇ ਸਭ ਕੁਝ ਖਾਣੇ 'ਤੇ ਟੁੱਟ ਪੈਂਦੇ ਹਾਂ। ਅਜਿਹੇ ਵਿਚ ਲੋਕ ਲੋੜ ਤੋਂ ਜ਼ਿਆਦਾ ਖਾਂਦੇ ਹਨ।

**ਬੇਮੇਲ ਖਾਣ-ਪੀਣ :** ਪਾਰਟੀਆਂ ਵਗੈਰਾ 'ਚ ਅਸੀਂ ਕੀ ਖਾਂਦੇ ਹਾਂ, ਕਿਸ ਦੇ ਨਾਲ ਜਾਂ ਕਿਸ ਤੋਂ ਬਾਅਦ ਕੀ ਖਾਣਾ ਚਾਹੀਦਾ ਜਾਂ ਕੀ ਨਹੀਂ ਖਾਣਾ ਚਾਹੀਦਾ, ਇਹ ਅਸੀਂ ਭੁੱਲ ਜਾਂਦੇ ਹਾਂ। ਨਤੀਜੇ ਵਜੋਂ ਸਭ ਕੁਝ ਬੇਮੇਲ ਹੋ ਜਾਂਦਾ ਹੈ। ਖਾਣ ਵਾਲੇ ਨੂੰ ਖਾਣੇ ਦੇ ਸਵਾਦ ਦਾ ਜਾਂ ਉਸ ਤੋਂ ਤ੍ਰਿਪਤੀ ਦਾ ਮਜ਼ਾ ਜ਼ਰੂਰ ਆਉਂਦਾ ਹੈ ਪਰ ਸਨੈਕਸ, ਖਾਣਾ, ਕੌਫੀ, ਕੋਲਡ ਡ੍ਰਿੰਕਸ, ਆਈਸਕ੍ਰੀਮ, ਸਭ ਚੀਜ਼ਾਂ ਪੇਟ ਵਿਚ ਇਕੱਠੀਆਂ ਮਿਲ ਕੇ ਜਦੋਂ ਬਖੇੜਾ ਖੜ੍ਹਾ ਕਰਦੀਆਂ ਹਨ ਤਾਂ ਉਦੋਂ ਸਾਨੂੰ ਬਾਅਦ ਵਿਚ ਹੋਸ਼ ਆਉਂਦੀ ਹੈ ਅਤੇ ਗੜਬੜੀ ਦਾ ਪਤਾ ਲਗਦਾ ਹੈ।

**ਖਾਈ ਜਾਓ ਦਾ ਖਮਿਆਜ਼ਾ :** ਖਾਈ ਜਾਓ ਦੀ ਸੋਚ ਦਾ ਮਾੜਾ ਨਤੀਜਾ ਖਾਣ ਵਾਲੇ ਨੂੰ ਖਾਣੇ ਤੋਂ ਬਾਅਦ ਹੀ ਪਤਾ ਲਗਦਾ ਹੈ। ਪਾਰਟੀ ਜਾਂ ਸਮਾਗਮ ਵਿਚ ਲੋਕ ਸਨੈਕਸ ਅਤੇ ਭੋਜਨ ਵਾਲੀਆਂ ਚੀਜ਼ਾਂ ਇਕੱਠੀਆਂ ਹੀ ਖਾ ਜਾਂਦੇ ਹਨ। ਕੋਲਡ ਡ੍ਰਿੰਕਸ, ਆਈਸਕ੍ਰੀਮ, ਚਾਹ, ਕੌਫੀ ਸਭ ਡਕਾਰ ਜਾਂਦੇ ਹਨ। ਇਹ ਕਬਜ਼, ਅਪਚ, ਪੇਟ ਦਰਦ, ਅਮਲਤਾ, ਪੇਟ ਵਿਚ ਜਲਣ, ਮੋਟਾਪਾ, ਦਿਲ ਦੇ ਰੋਗ ਅਤੇ ਨਾਲ ਹੀ ਹੋਰ ਰੋਗਾਂ ਦਾ ਕਾਰਨ ਬਣਦਾ ਹੈ। ਖਾਈ ਜਾਓ, ਖਾਈ ਜਾਓ ਤੋਂ ਬਾਅਦ ਪਛਤਾਈ ਜਾਓ ਦੀ ਸਥਿਤੀ ਪੈਦਾ ਹੁੰਦੀ ਹੈ। ਇਸ ਖਾਈ ਜਾਓ ਦੇ ਕੁਝ ਮਾੜੇ ਨਤੀਜੇ ਛੇਤੀ ਪਤਾ ਲੱਗ ਜਾਂਦੇ ਹਨ ਅਤੇ ਕੁਝ ਬਾਅਦ ਵਿਚ ਪਤਾ ਲੱਗਦੇ ਹਨ। ਪਹਿਲਾਂ-ਪਹਿਲ ਤਾਂ ਸਰੀਰ ਬਹੁਤ ਕੁਝ ਝੱਲ ਜਾਂਦਾ ਹੈ, ਟਾਲ ਜਾਂਦਾ ਹੈ, ਫਿਰ ਬਾਅਦ ਵਿਚ ਜਦੋਂ ਵੱਡੀਆਂ ਪ੍ਰੇਸ਼ਾਨੀਆਂ ਸਾਹਮਣੇ ਆਉਂਦੀਆਂ ਹਨ ਤਾਂ ਅਸੀਂ ਸਮਝਦੇ ਹਾਂ ਅਤੇ ਜਾਗਦੇ ਹਾਂ। ਉਦੋਂ ਤੱਕ ਕੁਝ ਬਿਮਾਰੀਆਂ ਨੂੰ ਸਰੀਰ ਵਿਚ ਘਰ ਬਣਾਉਣ ਦਾ ਮੌਕਾ ਮਿਲ ਚੁੱਕਾ ਹੁੰਦਾ ਹੈ।

**ਨਤੀਜਾ, ਹੱਲ ਅਤੇ ਸਾਵਧਾਨੀਆਂ :** ਤੁਸੀਂ ਪਾਰਟੀ ਵਿਚ ਸ਼ਾਮਿਲ ਜ਼ਰੂਰ ਹੋਵੋ ਪਰ ਪੂਰੀ ਪਾਰਟੀ ਜਾਂ ਸਮੂਹ ਭੋਜਨ ਦੇ ਦੌਰਾਨ ਤੁਸੀਂ ਹੋਸ਼ ਬਣਾਈ ਰੱਖੋ। ਖਾਣੇ ਦੇ ਸੱਦੇ ਅਤੇ ਪੇਸ਼ ਕੀਤੀਆਂ ਗਈਆਂ ਚੀਜ਼ਾਂ 'ਤੇ ਵਿਵੇਕਪੂਰਨ ਫੈਸਲਾ ਲਓ। ਮੇਜ਼ 'ਤੇ ਰੱਖੀਆਂ ਗਈਆਂ ਜਾਂ ਪਾਰਟੀ ਵਿਚ ਪਰੋਸੀਆਂ ਗਈਆਂ ਖਾਣ-ਪੀਣ ਦੀਆਂ ਚੀਜ਼ਾਂ ਨੂੰ ਪਹਿਲਾਂ ਦੇਖੋ, ਫਿਰ ਤੈਅ ਕਰੋ ਕਿ ਸਵਾਦ ਲਈ ਖਾਓਗੇ ਜਾਂ ਸਿਹਤ ਲਈ। ਹਮੇਸ਼ਾ ਪਲੇਟ ਛੋਟੀ ਲਓ। ਚਮਚ ਛੋਟਾ ਲਓ। ਪਲੇਟ ਵਿਚ ਘੱਟ ਮਾਤਰਾ ਵਿਚ ਆਪਣੇ ਸਵਾਦ ਵਾਲੀ ਚੀਜ਼ਾਂ ਜਾਂ ਸਿਹਤ ਵਾਲੀ ਚੀਜ਼ ਰੱਖੋ ਅਤੇ ਉਸ ਨੂੰ ਚਮਚ ਨਾਲ ਥੋੜ੍ਹਾ-ਥੋੜ੍ਹਾ ਕਰਕੇ ਆਰਾਮ ਨਾਲ ਖਾਓ। ਜੇ ਸੂਪ ਹੈ ਤਾਂ ਉਸ ਨੂੰ ਖਾਣੇ ਤੋਂ ਪਹਿਲਾਂ ਇਕ ਕਟੋਰੀ ਜਾਂ ਕੱਪ ਸੂਪ ਲੈ ਲਓ। ਫਿਰ ਕੁਝ ਦੇਰ ਦੇ ਫਰਕ ਨਾਲ ਆਪਣੀ ਮਨਪਸੰਦ ਜਾਂ ਸਿਹਤਮੰਦ ਚੀਜ਼ ਘੱਟ ਮਾਤਰਾ ਵਿਚ ਪਲੇਟ ਵਿਚ ਰੱਖ ਕੇ ਚਮਚ ਨਾਲ ਥੋੜ੍ਹਾ-ਥੋੜ੍ਹਾ ਕਰਕੇ ਖਾਓ। ਅਜਿਹਾ ਕਰੋਗੇ ਤਾਂ ਸਵਾਦ ਵਾਲੀਆਂ ਚੀਜ਼ਾਂ ਨਾਲ ਤੁਸੀਂ ਛੇਤੀ ਸੰਤੁਸ਼ਟ ਹੋ ਜਾਓਗੇ ਅਤੇ ਜ਼ਿਆਦਾ ਖਾਣੇ ਤੋਂ ਬਚ ਜਾਓਗੇ।

ਸਿਹਤ ਲਈ ਸਲਾਦ, ਫਲ, ਜੂਸ 'ਤੇ ਧਿਆਨ ਦਿਓ। ਪੁੰਗਰੀਆਂ ਚੀਜ਼ਾਂ ਹਨ ਤਾਂ ਉਨ੍ਹਾਂ ਨੂੰ ਲਓ ਪਰ ਆਰਾਮ ਨਾਲ ਥੋੜ੍ਹਾ-ਥੋੜ੍ਹਾ ਖਾਓ। ਖਾਣਾ ਕੁਝ ਵੀ ਖਾਓ ਪਰ ਅਖੀਰ ਵਿਚ ਚਾਹ, ਕੌਫੀ, ਕੋਲਡ ਡ੍ਰਿੰਕਸ ਜਾਂ ਆਈਸਕ੍ਰੀਮ ਕਦੇ ਨਾ ਲਓ। ਜੇ ਵੀ ਲੈਣ ਦੀ ਇੱਛਾ ਹੋਵੇ, ਘੱਟ ਮਾਤਰਾ ਵਿਚ ਲਓ ਅਤੇ ਬੜੇ ਆਰਾਮ ਨਾਲ ਫੁਰਸਤੀਆ ਅੰਦਾਜ਼ ਵਿਚ ਖਾਓ। ਖਾਂਦੇ ਸਮੇਂ ਗੱਲਾਂ ਘੱਟ ਕਰੋ। ਹਮੇਸ਼ਾ ਘੱਟ ਮਾਤਰਾ ਵਿਚ ਪੋਸ਼ਕ ਚੀਜ਼ਾਂ ਖਾਓ। ਤੇਜ਼ ਮਸਾਲਾ, ਗ੍ਰੇਵੀ, ਕੋਲਡ ਡ੍ਰਿੰਕਸ, ਆਈਸਕ੍ਰੀਮ ਤੋਂ ਤੌਬਾ ਕਰੋ ਜਾਂ ਘੱਟ ਮਾਤਰਾ ਵਿਚ ਲਓ। ਕਿਸੇ ਦੇ ਕਹਿਣ 'ਤੇ ਵਿਵੇਕਪੂਰਨ ਫੈਸਲਾ ਲਓ। ਸਿਹਤ ਦੀ ਕੁੰਜੀ ਤੁਹਾਡੇ ਆਪਣੇ ਹੱਥ ਵਿਚ ਹੈ।

# ਮਾਹਾਵਾਰੀ ਨੂੰ ਨਿਯਮਿਤ ਕਰਨ ਦੇ ਘਰੇਲੂ ਉਪਾਅ



ਔਰਤਾਂ ਨੂੰ ਹਰ ਮਹੀਨੇ ਮਾਹਾਵਾਰੀ ਦੇ ਦਰਦ ਵਿੱਚੋਂ ਲੰਘਣਾ ਪੈਂਦਾ ਹੈ। ਇਸ ਨਾਲ ਸਰੀਰ ਵਿੱਚ ਕਈ ਤਰ੍ਹਾਂ ਦੇ ਬਦਲਾਅ ਅਤੇ ਕਮਜ਼ੋਰੀ ਆ ਜਾਂਦੀ ਹੈ। ਕਈ ਵਾਰ ਤਾਂ ਸਰੀਰ ਵਿੱਚ ਦਰਦ, ਪਿੱਠ ਵਿੱਚ ਦਰਦ, ਵਾਲਾਂ ਦਾ ਝੜਨਾ, ਘਬਰਾਹਟ ਦੇ ਇਲਾਵਾ ਸਿਹਤ ਨਾਲ ਜੁੜੀਆਂ ਹੋਰ ਵੀ ਬਹੁਤ ਪ੍ਰੇਸ਼ਾਨੀਆਂ ਆਉਣੀਆਂ ਸ਼ੁਰੂ ਹੋ ਜਾਂਦੀਆਂ ਹਨ ਜਿਸ ਦਾ ਕਾਰਨ ਕਮਜ਼ੋਰੀ ਹੋ ਸਕਦਾ ਹੈ। ਕਈ ਵਾਰ ਤਾਂ ਸਰੀਰ ਵਿੱਚ ਕਮਜ਼ੋਰੀ ਆ ਜਾਣ ਦੇ ਕਾਰਨ ਮਾਹਾਵਾਰੀ ਵਿੱਚ ਦੇਰੀ ਆ ਜਾਂਦੀ ਹੈ ਅਤੇ ਕੁਝ ਲੋਕਾਂ ਨੂੰ ਤਾਂ 1-2 ਮਹੀਨੇ ਮਾਹਾਵਾਰੀ ਆਉਂਦੀ ਹੀ ਨਹੀਂ ਹੈ। ਇਸ ਦਾ ਸਹੀ ਸਮੇਂ 'ਤੇ ਇਲਾਜ ਨਾ ਕੀਤਾ ਜਾਵੇ ਤਾਂ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਮਰ ਤੋਂ ਪਹਿਲਾਂ ਮਾਹਾਵਾਰੀ ਬੰਦ ਹੋਣ 'ਤੇ ਬਹੁਤ ਸਾਰੇ ਰੋਗ ਸਰੀਰ ਨੂੰ ਘੇਰ ਲੈਂਦੇ ਹਨ। ਮਾਹਾਵਾਰੀ ਦਾ ਰੁਕਣਾ ਵੀ ਸਰੀਰ ਵਿੱਚ ਹੋਣ ਵਾਲੀ ਗੜਬੜੀ ਦਾ ਹੀ ਕਾਰਨ ਹੈ। ਜੇ ਤੁਹਾਨੂੰ ਵੀ ਇਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਹੈ ਤਾਂ ਕੁਝ ਘਰੇਲੂ ਨੁਸਖੇ ਅਪਨਾ ਕੇ ਮਾਹਾਵਾਰੀ ਨੂੰ ਨਿਯਮਿਤ ਕਰ ਸਕਦੇ ਹੋ। ਇਸ ਲਈ ਆਪਣੇ ਡਾਕਟਰ ਦੀ ਸਲਾਹ ਜ਼ਰੂਰ ਲਓ।

1. ਰਾਤ ਨੂੰ ਇਨ੍ਹਾਂ ਚੀਜ਼ਾਂ ਦੇ ਨਾਲ ਪੀਓ ਦੁੱਧ

ਰਾਤ ਨੂੰ ਸੌਣ ਤੋਂ ਪਹਿਲਾਂ ਇੱਕ ਗਲਾਸ ਗਰਮ ਦੁੱਧ ਵਿੱਚ ਥੋੜ੍ਹੀ ਜਿਹੀ ਮਿਸ਼ਰੀ ਪਾ ਕੇ ਪੀਓ ਅਤੇ ਇਸ ਨਾਲ 4 ਛੁਹਾਰੇ ਖਾਓ। ਰੋਜ਼ਾਨਾ 3-4 ਦਿਨ ਇਸ ਦੀ ਵਰਤੋਂ ਕਰਨ ਨਾਲ ਫ਼ਾਇਦਾ ਮਿਲਦਾ ਹੈ।

2. ਸਵੇਰੇ ਇੰਝ ਖਾਓ ਬਾਦਾਮ

ਰਾਤ ਨੂੰ 2 ਛੁਹਾਰੇ ਅਤੇ 4 ਬਾਦਾਮ ਨੂੰ ਪਾਣੀ ਵਿੱਚ ਭਿਓਂ ਕੇ ਰੱਖ ਦਿਓ। ਸਵੇਰੇ ਇਸ ਦੇ ਨਾਲ ਥੋੜ੍ਹੀ ਜਿਹੀ ਮਿਸ਼ਰੀ ਨੂੰ ਪੀਸ ਕੇ ਮੱਖਣ ਦੇ ਨਾਲ ਇਸ ਦੀ ਵਰਤੋਂ ਕਰੋ। ਮਾਹਾਵਾਰੀ ਨਾਲ ਜੁੜੀਆਂ ਸਮੱਸਿਆਵਾਂ ਦੂਰ ਹੋ ਜਾਣਗੀਆਂ।

3. ਐਲੋਵੇਰਾ ਵੀ ਹੈ ਲਾਭਕਾਰੀ

ਹਰ ਰੋਜ਼ 50 ਗ੍ਰਾਮ ਐਲੋਵੇਰਾ ਜੂਸ ਨੂੰ 1 ਗਲਾਸ ਪਾਣੀ ਵਿੱਚ ਪਾ ਕੇ ਪੀਓ। ਰਾਤ ਦੇ ਸਮੇਂ ਦੁਬਾਰਾ ਇਸ ਦੀ ਵਰਤੋਂ ਕਰੋ। ਇਸ ਗੱਲ ਦਾ ਧਿਆਨ ਰੱਖੋ ਕਿ ਇਸ ਨੂੰ ਪੀਣ ਤੋਂ 1 ਘੰਟਾ ਪਹਿਲਾਂ ਅਤੇ ਬਾਅਦ ਵਿੱਚ ਕੁਝ ਨਾ ਖਾਓ।

# ਮੋਟਾਪੇ ਦਾ ਕਾਰਨ ਬਣਦੀਆਂ ਨੇ ਸਵੇਰ ਦੀਆਂ ਇਹ ਗ਼ਲਤੀਆਂ



ਮੋਟਾਪਾ ਅੱਜਕਲ ਲੋਕਾਂ ਦੀ ਆਮ ਸਮੱਸਿਆ ਹੈ। ਗਲਤ ਖਾਣ-ਪੀਣ ਅਤੇ ਲਾਈਫ਼ਸਟਾਈਲ ਦੀ ਵਜ੍ਹਾ ਨਾਲ ਉਹ ਮੋਟਾਪੇ ਦਾ ਸ਼ਿਕਾਰ ਹੋ ਜਾਂਦੇ ਹਨ, ਜੋ ਮੋਟਾਪੇ ਦਾ ਮੁੱਖ ਕਾਰਨ ਹਨ। ਇਸ ਨਾਲ ਨਾ ਸਿਰਫ਼ ਭਾਰ ਵਧਦਾ ਹੈ ਬਲਕਿ ਸਰੀਰ ਨੂੰ ਕਈ ਬੀਮਾਰੀਆਂ ਵੀ ਲੱਗ ਜਾਂਦੀਆਂ ਹਨ। ਅਜਿਹੇ ਵਿੱਚ ਡਾਈਟਿੰਗ ਦੇ ਇਲਾਵਾ ਤੁਸੀਂ ਆਪਣੀ ਰੋਜ਼ਾਨਾ ਦੇ ਕੰਮਾਂ ਵਿੱਚ ਕੁਝ ਬਦਲਾਅ ਕਰਕੇ ਮੋਟਾਪੇ ਨੂੰ ਘੱਟ ਕਰ ਸਕਦੇ ਹੋ। ਆਓ ਜਾਣਦੇ ਹਾਂ ਸਵੇਰੇ ਕੀਤੀਆਂ ਹੋਈਆਂ ਕਿਹੜੀਆਂ ਗਲਤੀਆਂ ਦੇ ਕਾਰਨ ਭਾਰ ਵਧਦਾ ਹੈ।

1. ਨੀਂਦ ਘੱਟ ਲੈਣਾ

ਰਾਤ ਵਿੱਚ ਘੱਟ ਤੋਂ ਘੱਟ 8 ਘੰਟੇ ਦੀ ਨੀਂਦ ਲੈਣਾ ਬਹੁਤ ਜ਼ਰੂਰੀ ਹੈ ਪਰ ਇਸ ਭੱਜਦੌੜ ਭਰੀ ਜ਼ਿੰਦਗੀ ਵਿੱਚ ਲੋਕਾਂ ਦੇ ਕੋਲ ਭਰਪੂਰ ਨੀਂਦ ਲੈਣ ਦਾ ਸਮਾਂ ਨਹੀਂ ਹੁੰਦਾ। ਰੋਜ਼ਾਨਾ ਘੱਟ ਨੀਂਦ ਲੈਣ ਦੀ ਵਜ੍ਹਾ ਨਾਲ ਸਰੀਰ ਵਿੱਚ ਭਾਰ ਵਧਾਉਣ ਵਾਲੇ ਹਾਰਮੋਨਸ ਲੇਵਲ ਵਧ ਜਾਂਦਾ ਹੈ ਜਿਸ ਨਾਲ ਸਰੀਰ ਮੋਟਾਪੇ ਦਾ ਸ਼ਿਕਾਹ ਹੋ ਜਾਂਦਾ ਹੈ।

**ਗਲਤ ਖਾਣ-ਪੀਣ ਅਤੇ ਲਾਈ.ਫਸਟਾਈਲ ਦੀ ਵਜ੍ਹਾ ਨਾਲ ਉਹ ਮੋਟਾਪੇ ਦਾ ਸ਼ਿਕਾਰ ਹੋ ਜਾਂਦੇ ਹਨ, ਜੋ ਮੋਟਾਪੇ ਦਾ ਮੁੱਖ ਕਾਰਨ ਹਨ। ਇਸ ਨਾਲ ਨਾ ਸਿਰ.ਫ ਭਾਰ ਵਧਦਾ ਹੈ ਬਲਕਿ ਸਰੀਰ ਨੂੰ ਕਈ ਬੀਮਾਰੀਆਂ ਵੀ ਲੱਗ ਜਾਂਦੀਆਂ ਹਨ।**

2. ਸਵੇਰੇ ਪਾਣੀ ਨਾਲ ਪੀਣਾ

ਕਈ ਲੋਕ ਸਵੇਰੇ ਉੱਠਦੇ ਹੀ ਬੈੱਡ ਟੀ ਪੀਂਦੇ ਹਨ। ਖਾਲੀ ਪੇਟ ਪਾਣੀ ਨਾ ਪੀਣ ਦੀ ਵਜ੍ਹਾ ਨਾਲ ਪੇਟ ਸਾਫ਼ ਨਹੀਂ ਹੁੰਦਾ, ਜਿਸ ਨਾਲ ਭਾਰ ਵਧਣ ਲੱਗਦਾ ਹੈ। ਅਜਿਹੇ ਵਿੱਚ ਸਵੇਰੇ ਉਠਦੇ ਹੀ 1 ਗਲਾਸ ਪਾਣੀ ਜ਼ਰੂਰ ਪੀਣਾ ਚਾਹੀਦਾ ਹੈ। ਜਿਸ ਸਰੀਰ ਦੇ ਜ਼ਹਿਰੀਲੇ ਪਦਾਰਥ ਬਾਹਰ ਨਿਕਲ ਜਾਂਦੇ ਹਨ ਅਤੇ ਮੈਟਾਬੋਲੀਜ਼ਮ ਵੀ ਤੇਜ਼ ਹੁੰਦਾ ਹੈ।

3. ਸਮੇਂ 'ਤੇ ਨਾਸ਼ਤਾ ਨਾ ਕਰਨਾ

ਕਈ ਲੋਕ ਸਵੇਰੇ ਸਮਾਂ ਨਾ ਹੋਣ ਦੀ ਵਜ੍ਹਾ ਨਾਲ ਬ੍ਰੇਕਫ਼ਾਸਟ ਨਹੀਂ ਕਰਦੇ ਜਾਂ ਦੇਰ ਨਾਲ ਕਰਦੇ ਹਨ। ਇਸ ਨਾਲ ਰਾਤ ਨੂੰ ਖਾਣੇ ਅਤੇ ਨਾਸ਼ਤੇ ਵਿੱਚ ਬਹੁਤ ਲੰਬਾ ਗੈਪ ਪੈ ਜਾਂਦਾ ਹੈ, ਜਿਸ ਨਾਲ ਸਰੀਰ ਵਿੱਚ ਮੈਟਾਬੋਲੀਜ਼ਮ ਘੱਟ ਹੋ ਜਾਂਦਾ ਹੈ ਅਤੇ ਭਾਰ ਵਧਣ ਲੱਗਦਾ ਹੈ।

4. ਪ੍ਰੋਟੀਨ ਦੀ ਕਮੀ

ਸਰੀਰ ਵਿੱਚ ਪ੍ਰੋਟੀਨ ਦੀ ਕਮੀ ਹੋਣ 'ਤੇ ਵੀ ਮੈਟਾਬੋਲਿਜਮ ਵਿਗੜ ਜਾਂਦਾ ਹੈ ਅਤੇ ਭਾਰ ਵੀ ਵਧਣ ਲੱਗਦਾ ਹੈ। ਅਜਿਹੇ ਵਿੱਚ ਤੁਸੀਂ ਆਪਣੇ ਆਹਾਰ ਵਿੱਚ ਦੁੱਧ, ਦਹੀਂ, ਪਨੀਰ ਅਤੇ ਅੰਡਾ ਜ਼ਰੂਰ ਸ਼ਾਮਲ ਕਰੋ।

5. ਕਸਰਤ ਨਾ ਕਰਨਾ

ਭਾਰ ਵਧਣ ਦਾ ਸਭ ਤੋਂ ਵੱਡਾ ਕਾਰਨ ਕਸਰਤ ਨਾ ਕਰਨਾ ਹੈ। ਇਸ ਨਾਲ ਸਰੀਰ ਦੀ ਕੈਲੋਰੀ ਬਰਨ ਨਹੀਂ ਹੁੰਦੀ ਅਤੇ ਹੌਲੀ-ਹੌਲੀ ਸਰੀਰ ਮੋਟਾਪੇ ਦਾ ਸ਼ਿਕਾਰ ਹੋ ਜਾਂਦਾ ਹੈ। ਇਸ ਲਈ ਰੋਜ਼ਾਨਾ ਦਿਨ ਵਿੱਚ ਘੱਟ ਤੋਂ ਘੱਟ ਅੱਧਾ ਘੰਟਾ ਕਸਰਤ ਜ਼ਰੂਰ ਕਰੋ।

# ਪੇਟ 'ਚ ਅਲਸਰ ਦੇ ਲੱਛਣਾਂ ਨੂੰ ਨਾ ਕਰੋ ਨਜ਼ਰਅੰਦਾਜ਼



ਮਾਡਰਨ ਲਾਈਫ਼ ਸਟਾਈਲ ਵਿੱਚ ਗਲਤ ਖਾਣ-ਪੀਣ ਦੀ ਵਜ੍ਹਾ ਕਾਰਨ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਸਿਹਤ ਸੰਬੰਧੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਨ੍ਹਾਂ ਵਿੱਚੋਂ ਇੱਕ ਹੈ ਪੇਟ ਦਾ ਅਲਸਰ। ਪੇਟ ਦਾ ਅਲਸਰ ਮਤਲੱਬ ਪੇਟ ਵਿੱਚ ਹੋਣ ਵਾਲੇ ਛਾਲੇ। ਸਮੱਸਿਆ ਵਧਣ 'ਤੇ ਇਹ ਛਾਲੇ ਜਖਮ ਦੇ ਰੂਪ ਵਿੱਚ ਬਦਲ ਜਾਂਦੇ ਹਨ। ਪੇਟ ਵਿੱਚ ਅਲਸਰ ਹੋਣ ਦਾ ਕਾਰਨ ਸਾਡੀਆਂ ਖਾਣ-ਪੀਣ ਦੀਆਂ ਗਲਤ ਆਦਤਾਂ ਹਨ। ਅਲਸਰ ਕਈ ਤਰ੍ਹਾਂ ਦੇ ਹੁੰਦੇ ਹਨ ਜਿਵੇਂ ਕਿ ਪੇਪਟਿਕ ਅਲਸਰ, ਗੈਸਟ੍ਰਿਕ ਅਲਸਰ, ਇਸੋਫ਼ੇਗਲ ਅਲਸਰ। ਅੱਜ ਅਸੀਂ ਤੁਹਾਨੂੰ ਪੇਟ ਵਿੱਚ ਅਲਸਰ ਹੋਣ ਦੇ ਲੱਛਣ ਅਤੇ ਸੰਕੇਤਾਂ ਬਾਰੇ ਦੱਸਣ ਜਾ ਰਹੇ ਹਾਂ ਆਓ ਜਾਣਦੇ ਹਾਂ ਇਨ੍ਹਾਂ ਬਾਰੇ ਪੇਟ ਵਿੱਚ ਅਲਸਰ ਹੋਣ ਦੇ ਲੱਛਣ

1. ਛਾਤੀ ਵਿੱਚ ਜਲਣ: ਅਸਲ ਵਿੱਚ ਗਲਤ ਖਾਣ-ਪੀਣ ਦੀਆਂ ਆਦਤਾਂ ਦੇ ਕਾਰਨ ਪੇਟ ਵਿੱਚ ਐਸਿਡ ਬਣ ਜਾਂਦਾ ਹੈ। ਪੇਟ ਵਿੱਚ ਮੌਜੂਦ ਐਸਿਡ ਉਪਰ ਦੇ ਪਾਸੇ ਪਾਈਪ ਵਿੱਚ ਆ ਜਾਂਦਾ ਹੈ, ਜਿਸ ਨਾਲ ਛਾਤੀ ਵਿੱਚ ਜਲਣ ਹੋਣ ਲੱਗਦੀ ਹੈ।
2. ਵੋਮਟਿੰਗ ਆਉਣਾ: ਵਾਰ-ਵਾਰ ਜੀ ਮਚਲਾਉਣਾ ਜਾਂ ਫ਼ਿਰ ਵੋਮਟਿੰਗ ਆਉਣਾ ਵੀ ਪੇਟ ਵਿੱਚ ਅਲਸਰ ਹੋਣ ਦਾ ਲੱਛਣ ਹੈ। ਇਸ ਨੂੰ ਨਜ਼ਰ ਅੰਦਾਜ਼ ਨਾ ਕਰੋ। ਉਂਝ ਹੀ ਵੋਮਟਿੰਗ ਵਿੱਚ ਬਲੱਡ ਆਉਣਾ ਵੀ ਇਸ ਦਾ ਲੱਛਣ ਹੋ ਸਕਦਾ ਹੈ।
3. ਪੇਟ ਫੁੱਲਣਾ : ਅਕਸਰ ਲੋਕਾਂ ਨੂੰ ਪੇਟ ਫੁੱਲਣ ਵਰਗੀਆਂ ਸਮੱਸਿਆਵਾਂ ਰਹਿੰਦੀਆਂ ਹਨ। ਇਹ ਪੇਟ ਵਿੱਚ ਅਲਸਰ ਹੋਣ ਦੀ ਨਿਸ਼ਾਨੀ ਹੋ ਸਕਦੀ ਹੈ।
4. ਭਾਰ ਘੱਟ ਹੋਣਾ: ਜੇ ਤੁਹਾਡਾ ਅਚਾਨਕ ਭਾਰ ਘੱਟ ਹੋਣ ਲੱਗੇ ਤਾਂ ਇਹ ਵੀ ਅਲਸਰ ਦਾ ਲੱਛਣ ਹੋ ਸਕਦਾ ਹੈ।
5. ਭੁੱਖ ਲੱਗਣਾ:ਵਾਰ-ਵਾਰ ਭੁੱਖ ਲੱਗਣਾ ਜਾਂ ਫ਼ਿਰ ਦਿਨ ਵਿੱਚ ਕਈ ਵਾਰ ਖਾਣਾ ਵੀ ਅਲਸਰ ਦੀ ਨਿਸ਼ਾਨੀ ਹੈ।



# ਦਿਲ ਲਈ ਖਤਰਨਾਕ ਹੈ ਬਲੱਡ ਪ੍ਰੈਸ਼ਰ, ਸ਼ੂਗਰ ਤੇ ਮੋਟਾਪਾ



ਡਾ. ਮਨਜੀਤ ਸਿੰਘ ਬੱਲ
83508- 00237

ਦਿਲ ਐਸਾ ਜ਼ਬਰਦਸਤ ਪੰਪ ਹੈ ਜੋ ਬਿਨਾਂ ਥੱਕੇ ਤੇ ਬਿਨਾਂ ਆਰਾਮ ਕੀਤੇ ਪੂਰੀ ਉਮਰ ਕੰਮ ਕਰਦਾ ਹੈ। ਇਹ ਹਰੇਕ ਮਿੰਟ 5 ਤੋਂ 6 ਲੀਟਰ ਖ਼ੂਨ ਪੰਪ ਕਰਕੇ ਅੱਗੇ ਭੇਜਦਾ ਜੋ ਦਿਲ ਦੇ ਆਪਣੇ ਪੱਠਿਆਂ ਸਮੇਤ, ਸਰੀਰ ਦੇ ਸਾਰੇ ਅੰਗਾਂ ਤੇ ਤੰਤੂਆਂ ਨੂੰ ਆਕਸੀਜਨ ਤੇ ਤਾਕਤ ਪ੍ਰਦਾਨ ਕਰਦਾ ਹੈ। ਵਧਦੀ ਉਮਰ ਨਾਲ ਖ਼ੂਨ ਦੀਆਂ ਨਾੜੀਆਂ ਦੇ ਅੰਦਰ ਚਰਬੀ ਦੀ ਪੇਪੜੀ ਜਿਹੀ ਜੰਮ ਜਾਂਦੀ ਹੈ ਜਿਸ ਨੂੰ 'ਐਥਰੋ-ਸਕਲੀਰੋਸਿਸ' ਕਿਹਾ ਜਾਂਦਾ ਹੈ। ਇਸ ਕਾਰਨ ਦਿਲ ਨੂੰ ਪੂਰੀ ਤਾਕਤ ਨਹੀਂ ਮਿਲਦੀ। ਇਸ ਨੂੰ 'ਕੋਰੋਨਰੀ ਆਰਟਰੀ ਡਿਸਈਜ਼' ਕਹਿੰਦੇ ਹਨ। ਦਿਮਾਗ ਦੀ ਨਾੜੀ ਵਿੱਚ ਪੇਪੜੀ ਜੰਮ ਜਾਵੇ ਤਾਂ ਸਟਰੋਕ; ਦਿਲ ਦੀ ਨਾੜੀ 'ਚ ਹੋਵੇ ਤਾਂ ਛਾਤੀ ਵਿੱਚ ਦਰਦ, ਦਿਲ ਦਾ ਦੌਰਾ ਜਾਂ ਅਚਾਨਕ ਮੌਤ; ਲੱਤਾਂ ਦੀਆਂ ਨਾੜੀਆਂ 'ਚ ਹੋਵੇ ਤਾਂ (ਗੈਂਗਰੀਨ) ਉਂਗਲਾਂ ਕਾਲੀਆਂ ਹੋ ਕੇ ਝੜ ਜਾਂਦੀਆਂ ਹਨ।

ਕੋਰੋਨਾਰੀ ਆਰਟਰੀ ਡਿਸਈਜ਼: ਹੋ ਸਕਦਾ ਹੈ ਕਿ ਕਾਫ਼ੀ ਸਮਾਂ ਕੋਈ ਵੀ ਅਲਾਮਤਾਂ ਨਾ ਹੋਣ, ਜਾਂ ਫ਼ਿਰ ਪੌੜੀਆਂ ਚੜ੍ਹਨ ਜਾਂ ਭਾਰਾ ਕੰਮ ਕਰਨ ਵੇਲੇ ਛਾਤੀ ਵਿੱਚ ਪੀੜ ਹੁੰਦੀ ਹੋਵੇ, ਜਾਂ ਫ਼ਿਰ ਦਿਲ ਦਾ ਦੌਰਾ ਪੈ ਜਾਵੇ ਤੇ ਇਲਾਜ ਨਾਲ ਵਿਅਕਤੀ ਠੀਕ ਹੋ ਜਾਵੇ, ਤੇ ਜਾਂ ਫ਼ਿਰ ਵੱਡਾ ਦੌਰਾ ਪਵੇ ਤੇ ਅਚਾਨਕ ਮੌਤ ਹੋ ਜਾਵੇ। ਭਾਵੇਂ ਜਾਗਰੂਕਤਾ ਕਰਕੇ ਪਿਛਲੇ ਕੁਝ ਸਾਲਾਂ ਦੌਰਾਨ ਅਜਿਹੇ ਕੇਸਾਂ ਦੀ ਦਰ ਘਟੀ ਹੈ ਫ਼ਿਰ ਵੀ ਭਾਰਤ ਸਮੇਤ ਵਿਕਾਸਸ਼ੀਲ ਦੇਸ਼ਾਂ ਵਿੱਚ ਇਹ ਇੱਕ ਵੱਡੀ ਸਮੱਸਿਆ ਹੈ। ਭਾਰਤੀਆਂ ਵਿੱਚ ਇਹ ਰੋਗ ਹੋਣ ਦੇ ਵਧੇਰੇ ਚਾਂਸ ਹੁੰਦੇ ਹਨ। ਖ਼ੂਨ ਵਿੱਚ ਘੱਟ ਕੋਲੈਸਟਰੋਲ ਨਾਲ ਵੀ ਇਹ ਤਹਿ ਜੰਮ ਜਾਂਦੀ ਹੈ। ਭਾਰਤੀਆਂ ਵਿੱਚ ਇਹ, ਮੁਕਾਬਲਤਨ ਛੋਟੀ ਉਮਰ ਵਿੱਚ ਹੋ ਜਾਂਦੀ ਹੈ। ਮੌਤਾਂ ਦੇ ਚਾਂਸ, ਗੋਰਿਆਂ ਨਾਲੋਂ ਦੋ ਗੁਣਾਂ ਜ਼ਿਆਦਾ ਹੁੰਦੇ ਹਨ। ਅਜਿਹਾ ਕਿਉਂ ਹੈ?

ਘਿਓ, ਮੱਖਣ, ਚਰਬੀ, ਮਿਠਾਈਆਂ ਤੇ ਹੋਰ ਭੋਜਨ ਖਾਣ ਵੇਲੇ ਅਸੀਂ ਕਿਸੇ ਵੀ ਤਰ੍ਹਾਂ ਦਾ ਹਿਸਾਬ ਨਹੀਂ ਰੱਖਦੇ। ਨਾ ਹੀ ਅਸੀਂ ਬਲੱਡ ਪ੍ਰੈਸ਼ਰ, ਸ਼ੂਗਰ, ਮੋਟਾਪੇ ਨੂੰ ਗੰਭੀਰਤਾ ਨਾਲ ਲੈਂਦੇ ਹਾਂ। ਖਾਈ ਜਾਣਾ ਪਰ ਵਰਜ਼ਿਸ਼ ਵਾਲੇ ਕੰਮ ਨਹੀਂ ਕਰਨੇ। ਸ਼ਹਿਰੀਕਰਣ ਇਸ ਦਾ ਇੱਕ ਹੋਰ ਕਾਰਨ ਹੈ ਜਿਸ ਕਰਕੇ ਜੀਵਨ ਢੰਗ ਬਦਲ ਗਿਆ ਹੈ।

ਉਮਰ (ਔਰਤਾਂ ਦੀ 45 ਸਾਲ ਤੋਂ ਤੇ ਮਰਦਾਂ ਦੀ 55 ਸਾਲ ਤੋਂ ਵਡੇਰੀ), ਮਰਦ ਜਾਂ ਔਰਤ ਹੋਣਾ, ਪਰਿਵਾਰਕ ਪਿੱਠ-ਭੂਮੀ ਤੇ ਜਿਨਸ ਵਰਗੇ ਕਾਰਨ ਤੁਹਾਡੇ ਵੱਸ ਵਿੱਚ ਨਹੀਂ ਹਨ ਪ੍ਰੰਤੂ ਹਾਈ ਕੋਲੈਸਟਰੋਲ, ਤੰਬਾਕੂਨੋਸ਼ੀ, ਬਲੱਡ ਪ੍ਰੈਸ਼ਰ, ਸ਼ੂਗਰ ਰੋਗ, ਮੋਟਾਪਾ, ਸ਼ਰਾਬ ਦਾ ਸੇਵਨ ਕਾਰਨ ਜਾਂ ਵਰਜਿਸ਼ ਕਰਨਾ ਵੱਸ ਵਿੱਚ ਹੈ।

ਕੋਲੈਸਟਰੋਲ ਭੋਜਨ (ਮੀਟ-ਮੁਰਗਾ, ਆਂਡਾ, ਦੁੱਧ ਆਦਿ) 'ਚੋਂ ਆਉਂਦਾ ਹੈ ਤੇ ਕੁਝ ਸਰੀਰ ਦੇ ਅੰਦਰ ਬਣਦਾ ਹੈ। ਕੋਲੈਸਟਰੋਲ ਨੂੰ ਐਲਡੀਐਲ (ਲੋਅ ਡੈਨਸਿਟੀ ਲਾਇਪੋਪ੍ਰੋਟੀਨ) ਕਹਿੰਦੇ ਹਨ ਜੋ ਐਥਰੋਸਕਲੀਰੋਸਿਸ ਪੈਦਾ ਕਰਕੇ ਦਿਲ ਦਾ ਦੁਸ਼ਮਣ ਬਣਦਾ ਹੈ। ਜਦ ਕਿ ਐਚਡੀਐਲ (ਹਾਈ ਡੈਨਸਿਟੀ ਲਾਇਪੋਪ੍ਰੋਟੀਨ) ਸਾਡੇ ਲਈ ਲਾਹੇਵੰਦਾ ਹੈ ਤੇ ਦਿਲ ਨੂੰ ਕਾਇਮ ਰੱਖਣ ਵਿੱਚ ਸਹਾਈ ਹੁੰਦਾ ਹੈ। ਜਿਨ੍ਹਾਂ ਦਾ ਭਾਰ ਜ਼ਿਆਦਾ ਹੈ (ਸਾਧਾਰਨ ਭਾਰ ਤੋਂ 10-30% ਵਧੇਰੇ), ਉਨ੍ਹਾਂ ਨੂੰ ਦਿਲ ਦੀ ਸਮੱਸਿਆ 2- 6 ਗੁਣਾਂ ਵਧੇਰੇ ਹੁੰਦੀ ਹੈ। 'ਵੇਸਟ' ਤੇ 'ਹਿੱਪ' ਦੀ ਨਾਰਮਲ ਅਨੁਪਾਤ ਔਰਤਾਂ ਵਿੱਚ 0.85 ਤੇ ਪੁਰਸ਼ਾਂ ਵਿੱਚ 0.95 ਹੋਣੀ ਚਾਹੀਦੀ ਹੈ। ਸਵੇਰੇ ਉਠ ਕੇ ਰੋਜ਼ ਸੈਰ ਕਰੋ। ਸਿਗਰਿਟਨੋਸ਼ੀ ਬਲੱਡ ਪ੍ਰੈਸ਼ਰ ਵਧਾਉਂਦੀ ਹੈ ਤੇ ਐਚਡੀਐਲ ਘਟਾਉਂਦੀ ਹੈ। ਖ਼ੂਨ ਦੀਆਂ ਨਾੜੀਆਂ ਤੇ ਸੈਲਾਂ ਨੂੰ ਨੁਕਸਾਨ ਪਹੁਚਾਉਂਦੀ ਤੇ ਹਰਟ ਅਟੈਕ ਵਧਾਉਂਦੀ ਹੈ। ਕੋਲੈਸਟਰੋਲ ਦਾ ਪੱਧਰ ਕੁਝ ਵੀ ਹੋਵੇ, ਜੇਕਰ ਵਿਅਕਤੀ ਨੂੰ ਸ਼ੂਗਰ ਰੋਗ ਹੈ ਤਾਂ ਦਿਲ ਦੇ ਦੌਰੇ ਜਾਂ ਬ੍ਰੇਨ ਸਟਰੋਕ ਦਾ ਖ਼ਤਰਾ ਦੁੱਗਣਾ ਜਾਂ ਤਿਗਣਾ ਹੋ ਜਾਂਦਾ ਹੈ। ਸਾਧਾਰਨ ਵਿਅਕਤੀ ਨਾਲੋਂ ਸ਼ੂਗਰ ਦਾ ਮਰੀਜ਼, ਕਈ ਗੁਣਾਂ ਵਧੇਰੇ ਦਿਲ ਦਾ ਰੋਗੀ ਬਣਦਾ ਹੈ। ਸ਼ੂਗਰ ਦੇ ਤਕਰੀਬਨ 80% ਰੋਗੀਆਂ ਦੀ,ਦਿਲ ਦੇ ਦੌਰੇ ਕਾਰਨ ਮੌਤ ਹੁੰਦੀ ਹੈ।

ਦਿਲ ਦੀ ਸਮੱਸਿਆ ਤੋਂ ਬਚਣ ਲਈ ਵੱਖ ਵੱਖ ਤਰ੍ਹਾਂ ਦੇ ਫ਼ਲ ਤੇ ਸਲਾਦ ਖਾਓ, ਹੋ ਸਕੇ ਤਾਂ ਦਿਨ ਵਿੱਚ ਤਿੰਨ ਚਾਰ ਵਾਰ। ਇਨ੍ਹਾਂ ਵਿੱਚ ਵਿਟਾਮਿਨਜ਼, ਖਣਿਜ ਤੇ ਐਂਟੀ ਆਕਸੀਡੈਂਟ ਬਹੁਤ ਹੁੰਦੇ ਹਨ। ਚਰਬੀ, ਅਲਪ ਮਾਤਰਾ ਵਿੱਚ ਹੁੰਦੀ ਜਾਂ ਕਹਿ ਲਓ ਕਿ ਹੁੰਦੀ ਹੀ ਨਹੀਂ। ਘੱਟ ਚਰਬੀ ਜਾਂ ਚਰਬੀ-ਰਹਿਤ ਆਹਾਰ ਖਾਓ। ਘੱਟ ਚਰਬੀ ਵਾਲਾ ਜਾਂ ਚਰਬੀ ਰਹਿਤ (ਸਕਿੱਮਡ ਜਾਂ ਟੋਨਡ) ਦੁੱਧ ਵਰਤੋ। ਰੈਡ ਮੀਟ ਤੋਂ ਪ੍ਰਹੇਜ਼ ਕਰੋ। ਮੱਛੀ ਤੇ ਕੁਝ ਹੱਦ ਤੱਕ ਕੁੱਕੜ (ਚਿਕਨ) ਲਾਹੇਵੰਦ ਹਨ। ਅਨਾਜ ਵੀ ਅਲੱਗ ਅਲੱਗ ਤਰ੍ਹਾਂ ਦੇ ਖਾਓ। ਛਾਣ-ਬੂਰੇ (ਸੂੜ੍ਹੇ) ਵਾਲੇ ਆਟੇ ਦੀਆਂ ਰੋਟੀਆਂ ਸਿਹਤ ਲਈ ਚੰਗੀਆਂ ਹਨ। ਲੂਣ ਦੀ ਵਰਤੋਂ ਘਟ ਕਰ ਦਿਓ।

ਜੇ ਤੁਸੀਂ ਪੈਗ ਲਾਉਣ ਦੇ ਆਦੀ ਹੋ ਤਾਂ ਇੱਕ ਹੀ ਲਓ। ਥਾਲੀ ਭਰ ਕੇ ਖਾਣਾ ਬੰਦ ਕਰ ਦਿਓ। ਵਧੇਰੇ ਕੈਲਰੀਜ਼ ਤੇ ਘੱਟ ਪੌਸ਼ਟਿਕਤਾ ਵਾਲੀਆਂ ਵਸਤਾਂ ਜਿਵੇਂ ਕੈਂਡੀਜ਼, ਸੌਫ਼ਟ ਡਰਿੰਕਸ, ਜੈਮ, ਜੈਲੀਜ਼ ਤੇ ਹੋਰ ਜੰਕ ਫੂਡ ਨਾ ਹੀ ਲਓ ਤਾਂ ਚੰਗਾ ਹੈ। ਮਲਾਈ, ਪਰੌਂਠੇ, ਆਈਸ ਕਰੀਮ, ਸਮੋਸੇ, ਕਚੌਰੀਆਂ, ਰਬੜੀ, ਮੱਖਣ, ਪਨੀਰ, ਦੇਸੀ ਘਿਓ ਆਦਿ ਦਾ ਸੇਵਨ ਘੱਟ ਕਰ ਦਿਓ। ਅੰਡੇ ਦਾ ਪੀਲਾ ਭਾਗ, ਬੱਕਰੇ, ਭੇਡੂ ਆਦਿ ਦਾ (ਰੈਡ) ਮੀਟ, ਬਟਰ ਚਿਕਨ, ਪੂਰੀ ਚਰਬੀ ਵਾਲਾ ਦੁੱਧ, ਦੇਸੀ ਘਿਓ, ਮਲਾਈ, ਆਈਸ ਕਰੀਮ, ਰਬੜੀ, ਇਹਨਾਂ ਦੀ ਘਰੋੜੀ, ਮੱਖਣ, ਆਦਿ ਵਿੱਚ ਜ਼ਿਆਦਾ ਕੋਲੈਸਟਰੋਲ ਤੇ ਸੈਚੂਰੇਟਡਫ਼ੈਟ ਹੁੰਦੇ ਹਨ। ਬੇਕਰੀ ਦੇ ਬਿਸਕੁਟ, ਪੈਟੀਜ਼, ਕੇਕ ਤੇ ਪੇਸਟ੍ਰੀਆਂ ਵਿੱਚ ਵੀ ਕਾਫ਼ੀ ਚਰਬੀ ਹੁੰਦੀ ਹੈ। ਦਾਲ, ਸਬਜ਼ੀ ਨੂੰ ਤੜਕਾ ਲਾਉਣ ਲਈ ਸੈਚੂਰੇਟਡ ਫ਼ੈਟੀ ਏਸਿਡਜ਼ ਜਿਵੇਂ ਬਨਾਸਪਤੀ ਘਿਓ,ਕੋਕੋਨਟ ਤੇ ਪਾਮ ਆਇਲ ਦਿਲ ਲਈ ਮਾੜੇ ਹਨ, ਇਨ੍ਹਾਂ ਤੋਂ ਪ੍ਰਹੇਜ਼ ਕਰੋ।

ਐਵੇਂ ਨਹੀਂ ਕਿਹਾ ਜਾਂਦਾ 'ਸਿਆਣੇ ਦਾ ਆਖਿਆ ਤੇ ਔਲ਼ੇ ਦਾ ਖਾਧਾ ਬਾਅਦ 'ਚ ਪਤਾ ਲਗਦੈ'। ਔਲ਼ੇ ਦਾ ਤੇਲ, ਮੂੰਗਫ਼ਲੀ, ਕਨੋਲਾ ਤੇ ਸਰੋਂ ਦਾ ਤੇਲ; ਪੂਫ਼ਾ ਸੂਰਜਮੁਖੀ ਦਾ ਤੇਲ, ਸੋਇਆ ਬੀਨ ਦਾ ਤੇਲ; ਤੇ ਓਮੇਗਾ 3-ਫ਼ੈਟੀ ਏਸਿਡਜ਼ ਬਦਲ ਬਦਲ ਕੇ ਵਰਤੋ। ਲਸਣ ਦੀ ਵਰਤੋਂ ਲਾਹੇਵੰਦ ਹੈ। ਜ਼ਰੂਰੀ ਨਹੀਂ ਕਿ ਤੁਸੀਂ ਵਰਜ਼ਿਸ਼ ਵਾਸਤੇ ਜਿੰਮ ਹੀ ਜਾਓ; 30 ਤੋਂ 45 ਮਿੰਟ ਦੀ ਰੋਜ਼ਾਨਾ ਸੈਰ ਤੇ ਵਧੇਰੇ ਕਿਰਿਆਸ਼ੀਲ ਰਹਿਣ ਵਾਲੇ ਕੰਮ ਮੋਟਾਪਾ ਘਟਾਉਂਦੇ ਤੇ ਚੁਸਤ ਦਰੁਸਤ ਰੱਖਦੇ ਹਨ। ਜੇ ਤੁਸੀਂ ਤੰਬਾਕੂ ਦਾ ਸੇਵਨ ਕਰਦੇ ਹੋ ਤਾਂ ਅੱਜ ਹੀ ਇਸ ਨੂੰ ਛੱਡਣ ਦਾ ਫ਼ੈਸਲਾ ਕਰ ਲਓ। ਇਹ ਛੱਡਣ ਤੋਂ ਬਾਅਦ 24 ਘੰਟੇ ਦੇ ਅੰਦਰ ਹੀ ਦਿਲ ਦੇ ਦੌਰੇ ਦਾ ਖ਼ਤਰਾ ਘਟਣਾ ਸ਼ੁਰੂ ਹੋ ਜਾਂਦਾ ਹੈ। ਮੂੰਹ ਦੀ ਬਦਬੋ ਤੇ ਸਵਾਦ ਤਕਰੀਬਨ ਇੱਕ ਹਫ਼ਤੇ ਵਿੱਚ ਠੀਕ ਹੋ ਜਾਂਦੇ ਹਨ। 'ਸਮੋਕਰਜ਼' ਵਾਲੀ ਖੰਘ ਤਿੰਨਾਂ ਮਹੀਨਿਆਂ ਵਿੱਚ ਹਟ ਜਾਂਦੀ ਹੈ। ਇਹ ਨੰਬਰ ਚੇਤੇ ਰੱਖੋ- 200 100 40 200। ਇਹ ਮੋਬਾਇਲ ਨੰਬਰ ਨਹੀਂ ਹੈਗਾ, ਇਹ ਹੈ-ਕੋਲੈਸਟ੍ਰੋਲ 200 ਮਿਲੀਗ੍ਰਾਮ ਤੋਂ ਘੱਟ, ਐਲਡੀਐਲ (ਲੋਅ ਡੈਨਸਿਟੀ ਲਾਇਪੋ-ਪ੍ਰੋਟੀਨ) < 100 ਮਿਲੀਗ੍ਰਾਮ %, ਐਚਡੀਐਲ (ਹਾਈ ਡੈਨਸਿਟੀ ਲਾਇਪੋਪ੍ਰੋਟੀਨ) < 40 ਮਿਲੀਗ੍ਰਾਮ % ਤੇ ਟ੍ਰਾਈਲਸਿਰਾਇਡ < 200 ਮਿਲੀਗ੍ਰਾਮ %। ਅਰਥਾਤ ਭੋਜਨ, ਵਰਜ਼ਿਸ਼ ਤੇ ਕੰਮ-ਕਾਜ ਦੌਰਾਨ ਕਿਰਿਆਸ਼ੀਲ ਰਹਿਣ ਨਾਲ ਇਨ੍ਹਾਂ ਦੇ ਲੇਵਲ, ਉਕਤ ਅਨੁਸਾਰ ਘੱਟ ਰੱਖਣ ਦੇ ਉਪਰਾਲੇ ਕਰਨੇ ਚਾਹੀਦੇ ਹਨ ਆਰੰਭ ਵਿੱਚ ਹਾਈ ਬਲੱਡ ਪ੍ਰੈਸ਼ਰ ਦੇ ਕੋਈ ਲੱਛਣ ਨਹੀਂ ਹੁੰਦੇ, ਸੋ ਗਾਹੇ-ਬ-ਗਾਹੇ ਇਹ ਚੈਕ ਕਰਵਾਉਂਦੇ ਰਹਿਣਾ ਚਾਹੀਦਾ ਹੈ। ਜਿਹੜੇ ਵਿਅਕਤੀ ਬਲੱਡ ਪ੍ਰੈਸ਼ਰ ਦੇ ਮਰੀਜ਼ ਹਨ, ਉਨ੍ਹਾਂ ਨੂੰ ਨਿਰੰਤਰ ਪ੍ਰਹੇਜ਼, ਕਸਰਤ ਤੇ ਬਾਕਾਇਦਾ ਦਵਾ ਲੈਣੀ ਚਾਹੀਦੀ ਹੈ। ਤੇ ਡਾਕਟਰ ਦੀ ਸਲਾਹ ਤੋਂ ਬਿਨਾ, ਆਪਣੇ ਆਪ ਇਲਾਜ ਬਦਲਨਾ ਜਾਂ ਬੰਦ ਨਹੀਂ ਕਰਨਾ ਚਾਹੀਦਾ। ਆਪਣੇ ਡਾਕਟਰ ਦੀ ਸਲਾਹ ਮੰਨੋ ਤੇ ਉਹੀ ਦਵਾਈਆਂ ਖਾਓ ਜੋ ਡਾਕਟਰ ਨੇ ਦੱਸੀਆਂ ਹਨ, ਆਪਣੀ ਮਰਜ਼ੀ ਨਾ ਕਰੋ।



# ਹਜ਼ਰਤ ਸ਼ਾਹ ਅਬਦੁਲ ਲਤੀਫ਼ ਭਿਟਾਈ

ਪ੍ਰਿੰ. ਗੁਰਚਰਨ ਸਿੰਘ ਤਲਵਾੜਾ

ਹਜ਼ਰਤ ਸ਼ਾਹ ਅਬਦੁਲ ਲਤੀਫ਼ ਭਿਟਾਈ ਸਿੰਧ ਦੇ ਇਕ ਕਾਮਿਲ ਸੂਫ਼ੀ ਦਰਵੇਸ਼ ਹੋਏ ਹਨ। ਆਪ ਦਾ ਜੀਵਨ ਕਾਲ 1689 ਤੋਂ 1752 ਈਸਵੀ ਮੰਨਿਆ ਜਾਂਦਾ ਹੈ। ਆਪ ਦਾ ਜਨਮ ਹਾਲਾ ਹਵੇਲੀ ਪਿੰਡ ਵਿਚ ਹੋਇਆ, ਜੋ ਪਾਕਿਸਤਾਨ ਦੇ ਜ਼ਿਲ੍ਹਾ ਹੈਦਰਾਬਾਦ ਵਿਖੇ ਸਥਿਤ ਹੈ। ਆਪ ਦੇ ਪਿਤਾ ਜੀ ਦਾ ਨਾਂ ਸੱਯਦ ਹਬੀਬ ਸੀ।

ਹਜ਼ਰਤ ਸ਼ਾਹ ਅਬਦੁਲ ਲਤੀਫ਼ ਭਿਟਾਈ ਦੀ ਬਚਪਨ ਤੋਂ ਰੁਚੀ ਫ਼ਕੀਰੀ ਵੱਲ ਸੀ। ਆਪ ਫ਼ਕੀਰਾਂ ਅਤੇ ਜੋਗੀਆਂ ਦੀ ਸੁਹਬਤ ਵਿਚ ਵੀ ਰਹੇ। ਆਪ ਨੇ ਇਕ ਰੇਤ ਦੇ ਟਿੱਲੇ ਨੂੰ ਆਬਾਦ ਕਰ ਕੇ ਉੱਥੇ ਰਹਿਣਾ ਸ਼ੁਰੂ ਕਰ ਦਿੱਤਾ। ਆਪ ਦੇ ਮੁਰੀਦ ਵੀ ਨੇੜੇ ਛੋਟੀਆਂ ਝੌਂਪੜੀਆਂ ਬਣਾ ਕੇ ਰਹਿਣ ਲੱਗੇ। ਸਿੰਧੀ ਭਾਸ਼ਾ ਵਿਚ ਰੇਤ ਦੇ ਟਿੱਬੇ ਨੂੰ 'ਭਿੱਟ' ਆਖਦੇ ਹਨ। ਆਪ ਨੇ ਜੋ ਨਵਾਂ ਪਿੰਡ ਵਸਾਇਆ, ਉਸ ਨੂੰ 'ਭਿੱਟ' ਕਿਹਾ ਜਾਣ ਲੱਗਾ ਅਤੇ ਆਪ ਨੂੰ ਸ਼ਾਹ ਅਬਦੁਲ ਲਤੀਫ਼ ਭਿਟਾਈ।

ਆਪ ਖ਼ੁਦ ਇਸਲਾਮੀ ਸ਼ਰੀਅਤ ਦੀ ਪਾਲਣਾ ਕਰਦੇ ਸਨ ਪਰ ਦੂਜੇ ਮਜ਼ਹਬਾਂ ਦੇ ਲੋਕਾਂ ਨਾਲ ਵੀ ਆਪ ਦੀ ਮੁਹੱਬਤ ਸੀ। ਕਿਹਾ ਜਾਂਦਾ ਹੈ ਕਿ ਆਪ ਆਪਣੇ ਪਾਸ ਹਰ ਵੇਲੇ ਕੁਰਆਨ ਮਜੀਦ ਅਤੇ ਮਸਨਵੀ ਮੌਲਾਨਾ ਰੂਮ ਰੱਖਿਆ ਕਰਦੇ ਸਨ। ਐਸੀ ਮਾਨਤਾ ਹੈ ਕਿ ਜਦੋਂ ਆਪ ਨੇ ਸਚਲ ਸਰਮਸਤ ਨੂੰ ਬਚਪਨ ਵਿਚ ਵੇਖਿਆ ਤਾਂ ਇਸ਼ਾਰਾ ਕੀਤਾ ਕਿ ਇਹ ਵੱਡਾ ਦਰਵੇਸ਼ ਹੋਵੇਗਾ। ਆਪ ਆਪਣੇ ਮੁਰੀਦਾਂ ਨੂੰ ਸੁਲਹਕੁਲ ਨੀਤੀ ਦਾ ਉਪਦੇਸ਼ ਦਿੰਦੇ ਸਨ। 1752 ਵਿਚ ਆਪ ਦੀ ਵਫ਼ਾਤ ਹੋਈ। ਉਸ ਸਮੇਂ ਆਪ ਦੀ ਉਮਰ 63 ਸਾਲ ਸੀ। ਆਪ ਦਾ ਕਲਾਮ ਸਿੰਧੀ ਭਾਸ਼ਾ 'ਚ ਹੈ ਤੇ ਸਿੰਧ 'ਚ ਬੇਹੱਦ ਮਕਬੂਲ ਹੈ। ਗੁਰਸੀਆਂ ਸ਼ਬਦਾਂ 'ਚ ਵੀ ਆਪ ਦਾ ਕਲਾਮ ਮਿਲਦਾ ਹੈ। •

94634-63193

# ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ




ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ 1670 ਈਸਵੀ ਵਿਚ ਰਜੌਰੀ (ਪੁਣਛ) ਵਿਖੇ ਸ੍ਰੀ ਰਾਮ ਦੇਵ ਭਾਰਦਵਾਜ ਰਾਜਪੂਤ ਦੇ ਘਰ ਹੋਇਆ। ਉਨ੍ਹਾਂ ਦਾ ਨਾਂ ਲਛਮਣ ਦਾਸ ਰੱਖਿਆ ਗਿਆ। ਉਨ੍ਹਾਂ ਨੇ ਜਾਨਕੀ ਪ੍ਰਸਾਦ ਵੈਰਾਗੀ ਸਾਧੂ ਪਾਸੋਂ ਰਾਜੌਰੀ ਵਿਖੇ ਉਪਦੇਸ਼ ਲਿਆ। ਫਿਰ ਸਾਧੂ ਰਾਮਦਾਸ ਪਾਸੋਂ ਰਾਮਥੰਮਣ, ਲਾਹੌਰ ਵਿਖੇ ਤੇ ਇਸੇ ਤਰ੍ਹਾਂ ਜੋਗੀ ਔਘੜ ਨਾਥ ਪਾਸੋਂ ਨਾਸਿਕ ਵਿਖੇ ਉਪਦੇਸ਼ ਲਿਆ। ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਜਦ ਨਾਂਦੇੜ ਪੁੱਜੇ ਤਾਂ ਉਥੇ ਉਨ੍ਹਾਂ ਦੀ ਮੁਲਾਕਾਤ ਗੁਰੂ ਸਾਹਿਬ ਨਾਲ ਹੋਈ ਤੇ ਉਹ ਗੁਰੂ ਸਾਹਿਬ ਨੂੰ ਹੀ ਸਮਰਪਿਤ ਹੋ ਗਏ।

ਗੁਰੂ ਗੋਬਿੰਦ ਸਿੰਘ ਜੀ ਉਨ੍ਹਾਂ ਨੂੰ ਅੰਮ੍ਰਿਤਪਾਨ ਕਰਵਾ ਕੇ ਮਾਧੋ ਦਾਸ ਬੈਰਾਗੀ ਤੋਂ ਬਾਬਾ ਬੰਦਾ ਸਿੰਘ ਬਹਾਦਰ ਬਣਾਇਆ, ਰਹਿਤ 'ਚ ਪੱਕੇ ਰਹਿਣ ਤੇ ਔਕੜ ਵੇਲੇ ਅਕਾਲ ਪੁਰਖ ਅੱਗੇ ਅਰਦਾਸ ਕਰਨ ਦੀ ਹਦਾਇਤ ਕੀਤੀ। ਸਿੱਖ ਸਾਜਣ ਤੋਂ ਬਾਅਦ ਗੁਰੂ ਜੀ ਨੇ ਬੰਦਾ ਸਿੰਘ ਬਹਾਦਰ ਨੂੰ ਪੰਜਾਬ ਭੇਜਿਆ। ਗੁਰੂ ਸਾਹਿਬ ਦੇ ਛੋਟੇ ਸਾਹਿਬਜ਼ਾਦਿਆਂ ਨੂੰ ਨੀਹਾਂ 'ਚ ਚਿਣਵਾਏ ਜਾਣ ਤੇ ਗੁਰੂ ਘਰ ਦੇ ਹੋਰ ਦੋਖੀਆਂ ਨੂੰ ਕੀਤੇ ਦੀ ਸਜ਼ਾ ਦੇਣ ਲਈ 26 ਨਵੰਬਰ 1709 ਨੂੰ ਬਾਬਾ ਬੰਦਾ ਸਿੰਘ ਬਹਾਦਰ ਨੇ ਸਮਾਣੇ ਉੱਤੇ ਧਾਵਾ ਬੋਲਿਆ, ਜਿਥੇ ਗੁਰੂ ਤੇਗ ਬਹਾਦਰ ਜੀ ਨੂੰ ਸ਼ਹੀਦ ਕਰਨ ਵਾਲਾ ਜਲਾਦ ਸੱਯਦ ਜਲਾਲਦੀਨ ਤੇ ਛੋਟੇ ਸਾਹਿਬਜ਼ਾਦਿਆਂ ਨੂੰ ਸ਼ਹੀਦ ਕਰਨ ਵਾਲੇ ਜੱਲਾਦ ਸ਼ਾਸਲਬੇਗ ਤੇ ਬਾਸ਼ਲਬੇਗ ਰਹਿੰਦੇ ਸਨ।

12 ਮਈ 1710 ਨੂੰ ਸਢੌਰਾ ਫ਼ਤਹਿ ਕਰਨ ਉਪਰੰਤ ਚੱਪੜਚਿੜੀ ਦੇ ਮੈਦਾਨ 'ਚ 14 ਮਈ 1710 ਨੂੰ ਸਰਹਿੰਦ ਆਦਿ ਨੂੰ ਜਿੱਤਦੇ ਹੋਏ ਬਾਬਾ ਜੀ 1715 ਨੂੰ ਬਟਾਲਾ, ਕਲਾਨੌਰ ਵੱਲ ਨਿੱਕਲ ਗਏ। ਉਨ੍ਹਾਂ ਨੇ ਅਖ਼ੀਰਲੀ ਲੜਾਈ ਲਾਹੌਰ ਦੇ ਸੂਬੇ ਅਬਦੁਲ ਸਮੱਦ ਖ਼ਾਂ ਨਾਲ ਗੁਰਦਾਸਪੁਰ ਤੋਂ ਚਾਰ ਮੀਲ ਪੱਛਮ ਵੱਲ ਗੁਰਦਾਸ ਨੰਗਲ ਦੀ ਗੜ੍ਹੀ ਵਿਚ ਲੜੀ। ਫ਼ੌਜ ਨੇ ਗੜ੍ਹੀ ਅੰਦਰ ਰਾਸ਼ਨ-ਪਾਣੀ ਜਾਣਾ ਬੰਦ ਕਰ ਦਿੱਤਾ। ਬਾਬਾ ਜੀ ਤੇ ਸਿੰਘ ਅੰਨ-ਪਾਣੀ ਤੇ ਜੰਗੀ ਸਾਜ਼-ਸਮਾਨ ਦੀ ਤੰਗੀ ਦੇ ਬਾਵਜੂਦ ਸਿਦਕਦਿਲੀ ਨਾਲ ਜੂਝਦੇ ਰਹੇ।

ਫ਼ੌਜ ਦਾ ਗੜ੍ਹੀ ਦੁਆਲੇ ਘੇਰਾ ਤੰਗ ਹੁੰਦਾ ਗਿਆ ਤੇ ਅਖ਼ੀਰ ਭੁੱਖੇ-ਭਾਣੇ ਸਿੰਘ ਅੱਠ ਮਹੀਨੇ ਦੀ ਲੜਾਈ ਤੋਂ ਬਾਅਦ 7 ਦਸੰਬਰ 1715 ਨੂੰ ਫ਼ੌਜ ਦੁਆਰਾ ਫੜ ਲਏ ਗਏ। ਜਦ ਬਾਬਾ ਜੀ ਨੂੰ ਫੜ ਕੇ ਲਿਜਾਇਆ ਜਾ ਰਿਹਾ ਸੀ ਤਾਂ ਉਨ੍ਹਾਂ ਦੇ ਨਾਲ ਦੋ-ਤਿੰਨ ਸੌ ਸਿੱਖਾਂ ਦੇ ਹੱਥ-ਪੈਰ ਬੰਨ੍ਹ ਕੇ, ਸੀਸ ਵੱਢ ਕੇ ਨੇਜ਼ਿਆਂ-ਉੱਪਰ ਟੰਗੇ ਹੋਏ ਸਨ। ਬਾਬਾ ਬੰਦਾ ਸਿੰਘ ਬਹਾਦਰ ਦੀ ਮਾਤਾ, ਸੁਪਤਨੀ ਤੇ ਤਿੰਨ ਸਾਲ ਦੇ ਸਪੁੱਤਰ ਬਾਬਾ ਅਜੈ ਸਿੰਘ ਨੂੰ ਵੀ ਫੜ ਲਿਆ ਗਿਆ। ਬਾਬਾ ਜੀ ਤੇ ਬਾਕੀ ਸਿੱਖਾਂ ਨੂੰ ਲਾਹੌਰ ਲਿਜਾਇਆ ਗਿਆ। ਬੇਪਤੀ ਕਰ ਕੇ ਬਾਜ਼ਾਰਾਂ 'ਚ ਘੁਮਾਇਆ ਗਿਆ ਤੇ ਫਿਰ ਲਾਹੌਰ ਤੋਂ



• ਸੁਖਵਿੰਦਰ ਸਿੰਘ ਮੁੱਲਾਂਪੁਰ
99141-84794

ਦਿੱਲੀ ਵੱਲ ਨੂੰ ਤੋਰਿਆ ਗਿਆ। ਬਾਬਾ ਜੀ ਨੂੰ ਦਰ ਥਾਵਾਂ 'ਤੇ ਜ਼ੰਜੀਰਾਂ ਨਾਲ ਨੂੜ ਕੇ ਲੋਹੇ ਦੇ ਪਿੰਜਰੇ 'ਚ ਬੰਦ ਕੀਤਾ ਗਿਆ। ਬਾਬਾ ਜੀ ਦੇ ਮਗਰ ਕੈਦੀਆਂ ਦੀ ਗਿਣਤੀ 740 ਸੀ, ਨੇਜ਼ਿਆਂ 'ਤੇ ਟੰਗੇ ਸਿਰਾਂ ਦੀ ਗਿਣਤੀ 2,000 ਸੀ। ਇਸ ਤੋਂ ਇਲਾਵਾ 700 ਗੱਡੇ ਸਿੱਖਾਂ ਦੇ ਸੀਸਾਂ ਦੇ ਸਨ।

ਇਹ ਕਾਫ਼ਲਾ 28 ਫਰਵਰੀ 1716 ਨੂੰ ਦਿੱਲੀ ਪੁੱਜਾ। ਮੁਗ਼ਲ ਬਾਦਸ਼ਾਹ ਫ਼ਰੱਖ਼ਸੀਅਰ ਦੇ ਹੁਕਮ ਨਾਲ ਬਾਬਾ ਬੰਦਾ ਸਿੰਘ ਬਹਾਦਰ, ਭਾਈ ਬਾਜ ਸਿੰਘ, ਬਾਬਾ ਕਾਨ੍ਹ ਸਿੰਘ, ਭਾਈ ਫ਼ਤਹਿ ਸਿੰਘ ਆਦਿ ਸਿੱਖ ਸਰਦਾਰਾਂ ਨੂੰ ਵੱਖਰੀ ਕੈਦ 'ਚ ਰੱਖਿਆ ਗਿਆ। ਬਾਕੀ 694 ਸਿੱਖਾਂ ਨੂੰ ਸਰਬਰਾਹ ਖ਼ਾਂ ਕੋਤਵਾਲ ਦੇ ਹਵਾਲੇ ਕਰ ਦਿੱਤਾ ਗਿਆ ਤਾਂ ਕਿ ਉਨ੍ਹਾਂ ਨੂੰ ਕਤਲ ਕਰ ਦਿੱਤਾ ਜਾਵੇ। ਕੈਦੀ ਸਿੱਖਾਂ ਦਾ ਕਤਲੇਆਮ 5 ਮਾਰਚ 1716 ਨੂੰ ਸ਼ੁਰੂ ਹੋਇਆ ਤੇ ਰੋਜ਼ਾਨਾ ਇਕ ਸੌ ਸਿੱਖਾਂ ਨੂੰ ਕਤਲ ਕੀਤਾ ਜਾਂਦਾ। ਸ਼ਹਾਦਤਾਂ ਦਾ ਇਹ ਸਿਲਸਿਲਾ [redacted] ਸੱਤ ਦਿਨ ਜਾਰੀ ਰਿਹਾ। ਗੁਰੂ ਦੇ ਸਿੱਖਾਂ ਨੂੰ ਧਰਮ ਪਰਿਵਰਤਨ ਕਰਨ ਲਈ ਮਜਬੂਰ ਕੀਤਾ ਗਿਆ ਪਰ ਸਿੱਖ ਅਡੋਲ ਰਹੇ ਤੇ ਧਰਮ ਪਰਿਵਰਤਨ ਦੀ ਥਾਂ ਸ਼ਹਾਦਤ ਦਾ ਜਾਮ ਪੀ ਗਏ। ਬਾਬਾ ਬੰਦਾ ਸਿੰਘ ਜੀ ਤੇ ਸਾਥੀਆਂ ਨੂੰ ਤਿੰਨ ਮਹੀਨੇ ਬੰਦੀਖ਼ਾਨੇ 'ਚ ਸਖ਼ਤ ਤਸੀਹੇ ਦਿੱਤੇ ਗਏ ਤੇ 9 ਜੂਨ 1716 ਨੂੰ ਬਾਬਾ ਬੰਦਾ ਸਿੰਘ ਬਹਾਦਰ ਜੀ ਨੂੰ ਸ਼ਹੀਦ ਕਰਨ ਦਾ ਦਿਨ ਰੱਖਿਆ ਗਿਆ।

ਬਾਬਾ ਜੀ ਤੇ ਉਨ੍ਹਾਂ ਦੇ ਸਾਥੀਆਂ ਨੂੰ ਬਾਜ਼ਾਰ 'ਚ ਘੁਮਾਇਆ ਗਿਆ। ਇਸ ਉਪਰੰਤ ਉਨ੍ਹਾਂ ਦੇ ਤਿੰਨ ਸਾਲ ਦੇ ਬੱਚੇ ਅਜੈ ਸਿੰਘ ਦੇ ਬਾਬਾ ਜੀ ਸਾਹਮਣੇ ਟੁਕੜੇ-ਟੁਕੜੇ ਕਰ ਕੇ ਉਸ ਦਾ ਦਿਲ ਬਾਬਾ ਜੀ ਦੇ ਮੂੰਹ ਵਿਚ ਦਿੱਤਾ ਗਿਆ। ਫਿਰ ਬਾਬਾ ਜੀ ਦਾ ਸਰੀਰ ਗਰਮ ਜੰਬੂਰਾਂ ਨਾਲ ਨੋਚਿਆ ਗਿਆ ਤੇ ਕਈ ਤਰ੍ਹਾਂ ਦੇ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ। ਉਨ੍ਹਾਂ ਦੇ ਬਾਕੀ ਸਾਥੀ ਸਿੰਘਾਂ ਨੂੰ ਵੀ ਤਸੀਹੇ ਦੇ ਕੇ ਸ਼ਹੀਦ ਕਰ ਦਿੱਤਾ ਗਿਆ। ਗੁਰੂ ਦੇ ਅਜਿਹੇ ਸਿਦਕੀ ਸਿੱਖਾਂ ਦੀ ਸ਼ਹਾਦਤ ਨੂੰ ਕੋਟਿ-ਕੋਟਿ ਪ੍ਰਣਾਮ। •

## ਗੁਰੂ ਅਰਜਨ ਦੇਵ ਜੀ ਦੀ ਸਹਿਜ ਅਵਸਥਾ ਦੇ ਝਲਕਾਰੇ ਉਨ੍ਹਾਂ ਬਾਰੇ ਪ੍ਰਚਲਤ ਬਾਲ ਸਾਖੀਆਂ ਤੋਂ ਪ੍ਰਤੱਖ ਮਿਲਦੇ ਰਹਨ। ਉਨ੍ਹਾਂ ਦੀ ਲਾਸਾਨੀ ਸ਼ਹਾਦਤ ਨੇ ਸਿੱਖ ਧਰਮ ਵੱਡਾ ਆਤਮਿਕ ਬਲ ਬਖ਼ਸ਼ਿਆ...

# ਸ੍ਰੀ ਗੁਰੂ ਅਰਜਨ ਦੇਵ ਜੀ ਦਾ ਬਾਲ ਰੂਪ

ਗੁਰੂ ਅਰਜਨ ਦੇਵ ਜੀ ਦਾ ਜਨਮ ਵੈਸਾਖ ਮਹੀਨੇ ਦਾ ਹੈ। ਇਸੇ ਮਹੀਨੇ ਗੁਰੂ ਅੰਗਦ ਦੇਵ ਜੀ ਦਾ ਵੀ ਪ੍ਰਕਾਸ਼ ਹੋਇਆ। ਉਸ ਦਿਨ 5 ਵੈਸਾਖ ਸੀ। ਭਾਵੇਂ ਅਸੀਂ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਕੱਤਕ ਦੀ ਪੂਰਨਮਾਸ਼ੀ ਵਾਲੇ ਦਿਨ ਮਨਾਉਂਦੇ ਹਾਂ ਪਰ ਕਈ ਪੁਰਾਤਨ ਲਿਖਤਾਂ ਵਿਚ ਗੁਰੂ ਸਾਹਿਬ ਦਾ ਪ੍ਰਕਾਸ਼ 20 ਵੈਸਾਖ ਨੂੰ ਹੋਇਆ ਲਿਖਿਆ ਮਿਲਦਾ ਹੈ। ਗੁਰੂ ਅਰਜਨ ਦੇਵ ਜੀ ਦਾ ਜਨਮ 19 ਵੈਸਾਖ ਸੰਮਤ 1620 ਨੂੰ ਹੋਇਆ, ਈਸਵੀ ਸੰਨ 1563 ਸੀ ਤੇ ਅਪ੍ਰੈਲ ਮਹੀਨੇ ਦੀ 15 ਤਰੀਕ ਸੀ। ਗੁਰੂ ਜੀ ਬੀਬੀ ਭਾਨੀ ਜੀ ਅਤੇ ਗੁਰੂ ਰਾਮਦਾਸ ਜੀ ਦੇ ਸਪੁੱਤਰ ਸਨ। ਨਾਨਾ-ਨਾਨੀ ਜੀ ਦਾ ਨਾਂ ਕ੍ਰਮਵਾਰ ਗੁਰੂ ਅਮਰਦਾਸ ਜੀ ਤੇ ਮਨਸਾ ਦੇਵੀ ਜੀ ਸੀ। ਬੀਬੀ ਅਨੂਪੀ ਤੇ ਹਰਿਦਾਸ ਜੀ ਦਾਦੀ-ਦਾਦਾ ਜੀ ਸਨ। ਗੁਰੂ ਸਾਹਿਬ ਦੇ ਦਾਦਕੇ ਲਾਹੌਰ ਤੇ ਨਾਨਕੇ ਗੋਇੰਦਵਾਲ ਸਨ। ਗੁਰੂ ਸਾਹਿਬ ਦਾ ਜਨਮ ਗੋਇੰਦਵਾਲ ਵਿਖੇ ਹੋਇਆ। ਉਨ੍ਹਾਂ ਦਾ ਬਚਪਨ ਇਥੇ ਹੀ ਬੀਤਿਆ। ਗੁਰੂ ਜੀ ਤਿੰਨ ਭਰਾ ਸਨ। ਗੁਰੂ ਜੀ ਸਭ ਤੋਂ ਛੋਟੇ ਸਨ। ਵੱਡੇ ਭਰਾ ਦਾ ਨਾਂ ਪ੍ਰਿਥੀ ਚੰਦ ਸੀ ਤੇ ਉਸ ਤੋਂ ਛੋਟੇ ਮਹਾਦੇਵ ਸਨ। ਪ੍ਰਿਥੀ ਚੰਦ ਨੇ ਗੁਰੂ ਗੱਦੀ ਲਈ ਬੇਅੰਤ ਲਲਕ ਵਿਖਾਈ ਪਰ ਉਹ ਗੁਰੂ ਅਰਜਨ ਦੇਵ ਜੀ ਦੇ ਸਹਿਜ ਅੱਗੇ ਮਿੱਟੀ ਹੋ ਗਿਆ। ਗੁਰੂ ਜੀ ਅੰਦਰ ਵਸਦੇ ਸਹਿਜ ਦੇ ਝਲਕਾਰੇ ਉਨ੍ਹਾਂ ਬਾਰੇ ਪ੍ਰਚਲਤ ਬਾਲ ਸਾਖੀਆਂ ਤੋਂ ਪ੍ਰਤੱਖ ਹੁੰਦੇ ਹਨ।

### ਗੇਂਦ

ਇਕ ਵਾਰ ਬਾਲ (ਗੁਰੂ) ਅਰਜਨ ਦੇਵ ਜੀ ਵਿਹੜੇ 'ਚ ਗੇਂਦ ਨਾਲ ਖੇਡ ਰਹੇ ਸਨ। ਖੇਡਦੇ ਸਮੇਂ ਗੇਂਦ ਰੁੜ੍ਹਦੀ-ਰੁੜ੍ਹਦੀ ਗੁਰੂ ਅਮਰਦਾਸ ਜੀ ਦੇ ਕਮਰੇ ਅੰਦਰ ਚਲੀ ਗਈ। ਬਾਲ ਅਰਜਨ ਦੇਵ ਵੀ ਗੇਂਦ ਦੇ ਮਗਰ ਰਿੜ੍ਹਦੇ ਹੋਏ ਅੰਦਰ ਜਾ ਵੜੇ। ਬਾਲ ਅਰਜਨ ਦੇਵ ਜੀ ਨੂੰ ਅੰਦਰ ਗੇਂਦ ਨਾ ਦਿਸੀ। ਉਨ੍ਹਾਂ ਸੋਚਿਆ ਗੇਂਦ ਪਲੰਘ ਉੱਪਰ ਹੋਵੇਗੀ। ਪਲੰਘ ਉੱਪਰ ਗੁਰੂ ਅਮਰਦਾਸ ਜੀ ਆਰਾਮ ਕਰ ਰਹੇ ਸਨ। ਬਾਲ ਅਰਜਨ ਦੇਵ ਪਲੰਘ 'ਤੇ ਚੜ੍ਹਨ ਲਈ ਪਾਵੇ ਦਾ ਸਹਾਰਾ ਲੈ ਕੇ ਖੜ੍ਹੇ ਹੋਏ ਤੇ ਫਿਰ ਬਾਹੀ ਨਾਲ ਲਟਕ ਕੇ ਉੱਤੇ ਚੜ੍ਹਨ ਦਾ ਯਤਨ ਕਰਨ ਲੱਗੇ। ਇਸ ਨਾਲ ਪਲੰਘ ਹਿਲਿਆ ਤੇ ਗੁਰੂ ਅਮਰਦਾਸ ਜੀ ਧਿਆਨ ਅੰਦਰੋਂ ਬੋਲੇ, 'ਇਹ ਕੌਣ ਵੱਡਾ ਪੁਰਖ ਹੈ, ਜਿਸ ਨੇ ਸਾਡਾ ਪਲੰਘ ਹਿਲਾ ਦਿੱਤਾ!' ਉਨ੍ਹਾਂ ਦੇਖਿਆ ਤਾਂ ਬਾਲ ਅਰਜਨ ਦੇਵ ਜੀ ਪਲੰਘ 'ਤੇ ਚੜ੍ਹਨ ਦਾ ਯਤਨ ਕਰ ਰਹੇ ਸਨ। ਨਾਨਾ ਗੁਰੂ ਬਾਲ ਅਰਜਨ ਜੀ ਨੂੰ ਦੇਖ ਕੇ ਮੁਸਕਰਾਏ ਤੇ ਉਨ੍ਹਾਂ ਦੇ ਮੂੰਹ ਸਹਿਜ ਭਾਅ ਨਿਕਲਿਆ, "ਕਾਹਲਾ ਨਾ ਪੈ, ਸਮਾਂ ਆਉਣ 'ਤੇ ਇਸ ਆਸਣ ਦਾ ਵੀ ਮਾਲਕ ਹੋ ਜਾਵੇਂਗਾ।"

ਜਦੋਂ ਬੀਬੀ ਭਾਨੀ ਜੀ ਦੀ ਨਿਗਾਹ ਉਸ ਪਾਸੇ ਗਈ ਤਾਂ ਉਹ ਖਿੱਝਰੇ-ਤਿੱਝਰੇ ਬਾਲ ਅਰਜਨ ਨੂੰ ਫੜਨ ਲਈ ਦੌੜੇ ਮਤੇ ਉਹ ਪਲੰਘ 'ਤੇ ਚੜ੍ਹ ਕੇ ਪਿਤਾ ਗੁਰੂ ਦੇ ਵਸਤਰ ਮੈਲੇ ਨਾ ਕਰ ਦੇਣ ਤੇ ਪਿਤਾ ਗੁਰੂ ਦੀ ਨੀਂਦ ਨਾ ਖ਼ਰਾਬ ਹੋ ਜਾਵੇ ਪਰ ਪਿਤਾ ਗੁਰੂ ਨੇ ਬੀਬੀ ਭਾਨੀ ਨੂੰ ਰੋਕ ਦਿੱਤਾ ਤੇ ਖ਼ੁਦ ਬਾਲ ਅਰਜਨ ਨੂੰ ਚੁੱਕਣ ਲਈ ਬਾਹਾਂ ਪਸਾਰੀਆਂ। ਬਾਲ ਅਰਜਨ ਸਰੀਰੋਂ ਭਾਰੇ ਸਨ। ਨਾਨਾ ਗੁਰੂ ਦੇ ਮੁੱਖੋਂ ਫਿਰ ਨਿੱਕਲਿਆ, 'ਐਨਾ ਗਹੁਰਾ, ਬੋਹਿਥ ਜਿੰਨਾ, ਵੱਡਾ ਹੋ ਬਾਣੀ ਦਾ ਵੀ ਬੋਹਿਥ ਹੋਵੇਗਾ।" ਹੁਣ ਇਹ ਸ਼ਬਦ 'ਦੋਹਤਾ ਬਾਣੀ ਦਾ ਬੋਹਿਥਾ' ਪੰਜਾਬੀ ਬੋਲੀ ਦਾ ਮੁਹਾਵਰਾ ਹੀ ਬਣ ਗਿਆ ਹੈ।

ਨਾਨਾ ਗੁਰੂ ਦੇ ਦੋਵੇਂ ਬਚਨ ਪੂਰੇ ਹੋਏ। ਬਾਲ ਅਰਜਨ ਗੁਰੂ ਰਾਮਦਾਸ ਜੀ ਤੋਂ ਬਾਅਦ ਪੰਜਵੇਂ ਗੁਰੂ ਹੋਏ ਤੇ ਬਾਣੀ ਬੋਹਿਥ ਪੱਖੋਂ ਉਨ੍ਹਾਂ ਨੇ ਆਦਿ ਗ੍ਰੰਥ ਜੀ ਦੀ ਸਾਜਨਾ ਹੀ ਨਹੀਂ ਕੀਤੀ ਸਗੋਂ ਇਸ ਅੰਦਰ ਦਰਜ ਬਾਣੀ ਵਿਚ ਉਨ੍ਹਾਂ ਦਾ ਖ਼ੁਦ ਦਾ ਬਾਣੀ ਭਾਗ ਕਰੀਬ 40 ਫ਼ੀਸਦੀ ਹੈ।

### ਥਾਲ

ਇਕ ਹੋਰ ਸਾਖੀ ਪ੍ਰਸਿੱਧ ਹੈ ਕਿ ਨਾਨਾ ਗੁਰੂ ਲੰਗਰ ਛਕਣ ਲਈ ਪੰਗਤ 'ਚ ਬੈਠੇ ਸਨ। ਖੇਡ ਰਹੇ ਬਾਲ ਅਰਜਨ ਦੀ ਨਿਗਾਹ ਉਨ੍ਹਾਂ 'ਤੇ ਪਈ। ਉਹ ਰਿੜ੍ਹਦੇ-ਰਿੜ੍ਹਦੇ ਨਾਨਾ ਗੁਰੂ ਕੋਲ ਆ ਗਏ। ਬਾਲ ਅਰਜਨ ਨੇ ਨਾਨਾ ਗੁਰੂ ਦਾ ਪ੍ਰਸ਼ਾਦੀ ਥਾਲ ਨੰਨ੍ਹੇ ਹੱਥਾਂ ਨਾਲ ਖਿਲਾਰ ਦਿੱਤਾ। ਮੁਸਕਰਾਉਂਦੇ ਨਾਨਾ ਗੁਰੂ ਬਾਲ ਅਰਜਨ ਨੂੰ ਨਿਹਾਰਦੇ ਰਹੇ। ਇਕ ਸੇਵਕ ਨੇ ਜਦੋਂ ਇਹ ਵੇਖਿਆ ਤਾਂ ਉਹ ਬਾਲ ਅਰਜਨ ਨੂੰ ਚੁੱਕ ਕੇ ਲੰਗਰ ਹਾਲ ਤੋਂ ਬਾਹਰ ਛੱਡ ਆਇਆ ਪਰ ਬਾਲ ਅਰਜਨ ਫਿਰ ਆਏ ਤੇ ਨਾਨਾ ਗੁਰੂ ਦਾ ਥਾਲ ਦੁਬਾਰਾ ਖਿਲਾਰਨ ਲੱਗੇ। ਸੇਵਕ ਰੋਕਣ ਦਾ ਯਤਨ ਕਰਨ ਲੱਗਾ ਪਰ ਨਾਨਾ ਗੁਰੂ ਨੇ ਉਸ ਨੂੰ ਵਰਜ ਦਿੱਤਾ। ਗੁਰੂ ਅਮਰਦਾਸ ਜੀ ਦੇ ਮੁੱਖੋਂ ਨਿਕਲਿਆ, "ਠਹਿਰ ਓਏ ਥਾਲ ਦਿਆ ਮਾਲਕਾ, ਐਨਾ ਕਾਹਲਾ ਨਾ ਪੈ, ਖਿਲਾਰ ਲੈ, ਖਿਲਾਰ ਲੈ। ਇਹ ਥਾਲ ਤੈਨੂੰ ਹੀ ਸਾਂਭਣਾ ਤੇ ਪਰੋਸਣਾ ਪੈਣਾ ਹੈ।" ਬਾਅਦ ਵਿਚ ਨਾਨਾ ਗੁਰੂ ਦੇ ਇਨ੍ਹਾਂ ਬੋਲਾਂ ਨੇ ਆਦਿ ਬੀੜ ਦੀ ਸਾਜਨਾ ਦੇ ਰੂਪ ਰਾਹੀਂ ਮੁੰਦਾਵਣੀ ਦੇ ਸ਼ਬਦ ਬਣ ਪ੍ਰਕਾਸ਼ ਧਾਰਿਆ :

*ਥਾਲ ਵਿਚਿ ਤਿੰਨਿ ਵਸਤੂ ਪਈਓ*
*ਸਤੁ ਸੰਤੋਖੁ ਵੀਚਾਰੋ॥*
*ਅੰਮ੍ਰਿਤ ਨਾਮੁ ਠਾਕੁਰ ਕਾ ਪਇਓ*
*ਜਿਸ ਕਾ ਸਭਸੁ ਅਧਾਰੋ॥*
*ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ*
*ਹੋਇ ਉਧਾਰੋ॥*
*ਏਹ ਵਸਤੁ ਤਜੀ ਨਹ ਜਾਈ ਨਿਤ*
*ਨਿਤ ਰਖੁ ਉਰਿ ਧਾਰੋ॥*
*ਤਮ ਸੰਸਾਰੁ ਚਰਨ ਲਗਿ ਤਰੀਐ*
*ਸਭੁ ਨਾਨਕ ਬ੍ਰਹਮ ਪਸਾਰੋ॥*

### ਓਟੀਆ

ਗੁਰੂ ਅਰਜਨ ਦੇਵ ਜੀ ਜਦੋਂ ਬਾਲ ਸਨ ਤਾਂ ਗੋਇੰਦਵਾਲ ਵਿਖੇ ਮਾਤਾ ਬੀਬੀ ਭਾਨੀ ਜੀ ਦੇ ਪਿੱਛੇ ਪਿੱਛੇ ਤੁਰਦੇ ਰਹਿੰਦੇ ਸਨ। ਬੀਬੀ ਜੀ ਚੁੱਲ੍ਹੇ-ਚੌਂਕੇ ਦਾ ਕੰਮ ਕਰਦੇ ਤਾਂ ਬਾਲ ਅਰਜਨ ਹਰ ਕੰਮ ਨੂੰ ਨੀਝ ਨਾਲ ਦੇਖਦੇ। ਸਿੱਖ ਸਾਹਿਤ ਦੱਸਦਾ ਹੈ ਕਿ ਬੀਬੀ ਜੀ ਜਦੋਂ ਰੋਟੀ-ਟੁੱਕ ਬਣਾਉਂਦੇ ਸਨ ਤਾਂ ਬਾਲ ਅਰਜਨ ਚੁਪਕੇ ਜਿਹੇ ਚੌਂਕੇ ਦੁਆਲੇ ਬਣਾਏ ਓਟੀਏ ਨਾਲ ਲੱਗ ਕੇ ਖੜ੍ਹੇ ਹੋ ਜਾਂਦੇ ਤੇ ਧਿਆਨ ਨਾਲ ਚੁੱਲ੍ਹੇ ਵਿਚ ਬਲਦੀ ਅੱਗ, ਉੱਤੇ ਧਰੀ ਤਵੀ ਤੇ ਤਵੀ 'ਤੇ ਪੱਕਦੀ ਰੋਟੀ ਨੂੰ ਨਿਹਾਰਦੇ ਰਹਿੰਦੇ। ਮੱਠੇ-ਮੱਠੇ ਸੇਕ ਨਾਲ ਤਪਦੀ ਤਵੀ 'ਤੇ ਪੱਕਦੀ ਰੋਟੀ ਦੇ ਧਿਆਨ ਅੰਦਰ ਉਹ ਵਰਤਮਾਨ ਤੋਂ ਕਿੰਨੇ ਸਾਲ ਅਗਾਂਹ ਵੇਖਣ ਲੱਗ ਜਾਂਦੇ, ਜਦੋਂ ਉਨ੍ਹਾਂ ਸਿੱਖੀ ਦੀ ਰੋਟੀ ਪਕਾਉਣ ਲਈ ਖ਼ੁਦ ਤਪਤੀ ਤਵੀ ਉੱਤੇ ਜਾ ਬੈਠਣਾ ਸੀ। ਬੀਬੀ ਜੀ ਨੇ ਪੁੱਛਣਾ, ਅਰਜਨ! ਕੀ ਵੇਖਦਾ ਹੈਂ? ਤਾਂ ਬਾਲ ਅਰਜਨ ਬੋਲਦੇ : "ਮਾਂ, ਰੋਟੀ ਨੂੰ ਪੱਕਣ ਲਈ ਕਿੰਨੇ ਕੁ ਸੇਕ ਦੀ ਲੋੜ ਹੁੰਦੀ ਹੈ?"

ਲਾਹੌਰ ਵਿਖੇ ਉਨ੍ਹਾਂ ਨੂੰ ਤੱਤੀ ਤਵੀ ਉੱਤੇ ਬੈਠਾ ਕੇ ਤਸੀਹੇ ਦਿੱਤੇ ਗਏ।





• ਹਰਪ੍ਰੀਤ ਕੌਰ ਹਰਫ਼
82849-42992

[redacted]

ਉਨ੍ਹਾਂ ਨੇ ਛਾਲੇ-ਛਾਲੇ ਹੋਇਆ ਆਪਣਾ ਤਨ ਰਾਵੀ ਅੰਦਰ ਸਮਾ ਲਿਆ ਸੀ। ਇਸ ਤੋਂ ਬਾਅਦ ਤੱਤੀ ਤਵੀ ਪੰਜਾਬੀ ਬੋਲੀ ਦਾ ਤੇਜੱਸਵੀ ਸ਼ਬਦ ਬਣ ਗਿਆ। ਅੱਜ ਜਦੋਂ ਵੀ ਇਹ ਸ਼ਬਦ ਕਿਸੇ ਲਿਖਤ ਜਾਂ ਬੋਲਾਂ ਅੰਦਰ ਆਉਂਦਾ ਹੈ ਤਾਂ ਇਸ ਦਾ ਅਰਥ ਗੁਰੂ ਅਰਜਨ ਦੇਵ ਜੀ ਦੇ ਲਟ-ਲਟ ਬਲਦੇ ਸ਼ਹਾਦਤੀ ਬਿੰਬ ਨੂੰ ਪ੍ਰਕਾਸ਼ਮਾਨ ਕਰਦਾ ਹੈ ਤੇ ਸਾਡੇ ਦਿਲਾਂ ਅੰਦਰ ਅਣਖ ਨਾਲ ਜਿਊਣ ਤੇ ਜੂਝਣ ਦਾ ਜਜ਼ਬਾ ਪੈਦਾ ਕਰਦਾ ਹੈ ਅਤੇ ਓਟੀਏ ਨਾਲ ਖੜ੍ਹੇ ਬਾਲ ਅਰਜਨ ਤੱਤੇ ਰਾਹਾਂ ਉੱਤੇ ਤੁਰਦੇ ਹੋਏ ਗੁਰੂ ਬਣ ਦੁਨੀਆ ਦੇ ਹਰ ਪ੍ਰਾਣੀ ਲਈ ਜ਼ਿੰਦਗੀ ਦਾ ਸੋਮਾਂ ਹੋ ਜਾਂਦੇ ਹਨ।

### ਕੌਡੀਆਂ

ਬਾਲ ਅਵਸਥਾ ਵੇਲੇ (ਗੁਰੂ) ਅਰਜਨ ਦੇਵ ਜੀ ਪ੍ਰਿਥੀ ਚੰਦ ਤੇ ਮਹਾਦੇਵ ਨਾਲ ਕੌਡੀਆਂ ਖੇਡਦੇ ਹੁੰਦੇ ਸਨ। ਖੇਡ ਦੌਰਾਨ ਪ੍ਰਿਥੀ ਚੰਦ ਦੀ ਬਿਰਤੀ ਸਦਾ ਰੋਂਦੂਆਂ ਵਾਲੀ ਰਹਿੰਦੀ। ਉਹ ਰੌਂਡੀ ਪਿੱਟਦਾ ਆਪਣੀਆਂ ਹਾਰੀਆਂ ਹੋਈਆਂ ਕੌਡੀਆਂ ਨੂੰ ਹੇਰਾਫੇਰੀ ਨਾਲ ਦੁਬਾਰਾ ਪ੍ਰਾਪਤ ਕਰਨ ਦੀ ਤਾਕ 'ਚ ਰਹਿੰਦਾ। ਮਹਾਦੇਵ ਖੇਡਦਾ ਜ਼ਰੂਰ ਸੀ ਪਰ ਉਸ ਦਾ ਧਿਆਨ ਜਿੱਤ-ਹਾਰ ਤੋਂ ਨਿਰਲੇਪ ਤੇ ਸਭ ਕੁਝ ਲੁਟਾ ਦੇਣ ਵਾਲਾ ਹੁੰਦਾ ਸੀ ਪਰ ਬਾਲ ਅਰਜਨ ਦੇਵ ਜੀ ਬਹੁਤ ਸਹਿਜ ਤੇ ਸੰਜਮ ਨਾਲ ਖੇਡਦੇ। ਖੇਡ ਦੇ ਨਿਯਮਾਂ ਦਾ ਪਾਲਣ ਕਰਦੇ ਹੋਏ ਉਹ ਜਿੱਥੇ ਦੂਸਰੇ ਦੀ ਜਿੱਤ ਨੂੰ ਸਤਿਕਾਰ ਦਿੰਦੇ, ਉੱਥੇ ਪ੍ਰਿਥੀ ਚੰਦ ਨੂੰ ਆਪਣੇ ਨਿਵੇਕਲੇ ਅੰਦਾਜ਼ ਨਾਲ ਨਿਰਉੱਤਰ ਤੇ ਸ਼ਰਮਿੰਦਾ ਵੀ ਕਰ ਦਿੰਦੇ ਸਨ। ਜਦ ਕਦੇ ਇਹ ਬਾਲ-ਝਗੜੇ ਬੀਬੀ ਭਾਨੀ ਜੀ ਸਾਹਮਣੇ ਪੇਸ਼ ਹੁੰਦੇ ਤਾਂ ਮਾਂ ਆਪਣੇ ਬੇਟਿਆਂ ਦੀ ਤਬੀਅਤ ਅਨੁਸਾਰ ਜਾਣੀ-ਜਾਣ ਬਣ ਨਿਆਂ ਕਰਦੀ। ਨਿਆਂ ਉਪਰੰਤ ਅਰਜਨ ਦੇਵ ਜੀ ਜਿੱਤੀਆਂ ਹੋਈਆਂ ਕੌਡੀਆਂ ਵੀ ਵੱਡੇ ਭਰਾ ਪ੍ਰਿਥੀ ਚੰਦ ਨੂੰ ਦੇ ਦੇਣ ਲਈ ਮਾਂ ਨੂੰ ਬੇਨਤੀ ਕਰਦੇ। ਬੀਬੀ ਭਾਨੀ ਜੀ ਦੀਆਂ ਅੱਖਾਂ ਨਮ ਹੋ ਜਾਂਦੀਆਂ। ਸ਼ਾਇਦ ਉਹ ਇਸ ਪੁੱਤਰ ਵੱਲੋਂ ਕੌਡੀਆਂ ਤਾਂ ਕੀ ਆਪਣਾ ਸਭ ਕੁਝ ਦੁਨੀਆ ਲਈ ਕੁਰਬਾਨ ਕਰ ਦੇਣ ਵਾਲੇ ਸਾਕੇ ਨੂੰ ਕਿੰਨਾ ਸਮਾਂ ਪਹਿਲਾਂ ਵੇਖ ਰਹੇ ਹੁੰਦੇ। ਗੁਰੂ ਜੀ ਨੇ ਸ਼ਹਾਦਤ ਦੇ ਕੇ ਰੌਂਡੀ ਪਿੱਟਣ ਵਾਲੇ ਬੀਰਬਲ, ਪ੍ਰਿਥੀ ਚੰਦ, ਚੰਦੂ, ਸਰਹੰਦੀ ਸਮੇਤ ਬਾਦਸ਼ਾਹ ਜਹਾਂਗੀਰ ਨੂੰ ਵੀ ਇਤਿਹਾਸ ਦੀਆਂ ਨਜ਼ਰਾਂ ਅੰਦਰ ਜਨਮਾਂ-ਜਨਮਾਂ ਤਕ ਸ਼ਰਮਿੰਦੇ ਤੇ ਨਿਰਉਤਰ ਰਹਿਣ ਲਈ ਮਜਬੂਰ ਕਰ ਛੱਡਿਆ ਹੈ।

### ਸਿਫ਼ਤ

ਗੁਰੂ ਸਾਹਿਬ ਦੀ ਸ਼ਖ਼ਸੀਅਤ ਨੂੰ ਪਰਿਭਾਸ਼ਤ ਕਰਨ ਦਾ ਅਨੂਠਾ ਯਤਨ ਭਾਈ ਨੰਦ ਲਾਲ ਗੋਯਾ ਜੀ ਨੇ ਆਪਣੀਆਂ ਲਿਖਤਾਂ ਵਿਚ ਕੀਤਾ ਹੈ। ਭਾਈ ਸਾਹਿਬ ਗੁਰੂ ਜੀ ਦੇ ਬਾਣੀ ਬੋਹਿਥ ਵਾਲੇ ਸਰੂਪ ਦੀ ਸਿਫ਼ਤ ਇਸ ਤਰ੍ਹਾਂ ਕਰਦੇ ਹਨ, 'ਰੱਬੀ ਵਿਚਾਰ ਵਾਲੀ ਬਾਣੀ ਉਸੇ ਤੋਂ ਉਤਰਦੀ ਹੈ। ਸਿਦਕ ਭਰੋਸੇ ਵਾਲੇ ਗਿਆਨ ਭਰਪੂਰ ਲੇਖ ਵੀ ਉਸੇ ਦੇ ਹੀ ਹਨ। ਰੱਬੀ ਗਿਆਨ ਗੋਸਟ ਉਸੇ ਤੋਂ ਚਮਕ ਦਮਕ ਪ੍ਰਾਪਤ ਹੈ। ਰੱਬੀ ਹੁਸਨ ਉਸੇ ਤੋਂ ਨਿਖਾਰ ਅਤੇ ਖੇੜਾ ਆਉਂਦਾ ਹੈ।'

ਭਾਈ ਸਾਹਿਬ ਨੇ ਉਨ੍ਹਾਂ ਦੇ ਨਾਮ 'ਅਰਜਨ' ਦੇ ਹਰ ਅੱਖਰ ਨੂੰ ਕਿੰਨੀ ਸੋਹਣੀ ਵਿਆਖਿਆ ਪ੍ਰਦਾਨ ਕਰਵਾਈ ਹੈ : ਸੰਸਾਰ ਨੂੰ ਇਕ ਲੜੀ ਵਿਚ ਪਰੋਈ ਰੱਖਣ ਵਾਲੀ ਰੱਬ ਦੀ ਏਕਤਾ ਦਰਸਾਉਣ ਵਾਲੇ ਅਰਜਨ ਨਾਮ ਦਾ 'ਅਲਿਫ਼' ਹਰ ਨਿਰਾਸੇ ਤੇ ਧ੍ਰਿਕਾਰੇ ਨੂੰ ਸਹਾਇਤਾ ਦੇਣ ਵਾਲਾ ਹੈ ਅਤੇ ਉਨ੍ਹਾਂ ਦੇ ਨਾਮ ਦੀ ਖ਼ੁਸ਼ੀ ਵਧਾਉਣ ਵਾਲੀ 'ਰੇ' ਹਰ ਥੱਕੇ-ਟੁੱਟੇ ਅਤੇ ਨਿਮਾਣੇ ਦੀ ਮਿੱਤਰ ਹੈ। ਉਨ੍ਹਾਂ ਦੇ ਨਾਂ ਦੀ ਰੱਬੀ ਸੁਗੰਧ ਵਾਲੀ 'ਜੀਮ' ਪੱਕੇ ਸਿਦਕਵਾਨਾਂ ਦੀ ਰੂਹ ਨੂੰ ਤਾਜ਼ਗੀ ਬਖ਼ਸ਼ਣ ਵਾਲੀ ਹੈ ਅਤੇ ਬਖ਼ਸ਼ਿਸ਼ ਦਾ ਸਾਥੀ 'ਨੂਨ' ਸ਼ਰਧਾਵਾਨਾਂ ਨੂੰ ਨਿਵਾਜਣ ਵਾਲਾ ਹੈ।

### ਏਕ ਜੋਤ


ਭਾਰਤੀ ਸਾਹਿਤ ਪਰੰਪਰਾ ਵਿਚ ਰਿਸ਼ੀ ਵੇਦ ਵਿਆਸ ਨੇ 'ਅਰਜਨ' ਨਾਂ ਦੇ ਪਾਤਰ ਨੂੰ ਮਹਾਭਾਰਤ ਵਿਚ ਕੇਂਦਰੀ ਮਹੱਤਵ ਵਾਲਾ ਪਾਤਰ ਬਣਾਇਆ ਹੈ। ਉਸ ਨੂੰ ਯੁੱਧ ਲਈ ਤਿਆਰ ਕਰਨ ਵਾਸਤੇ ਭਗਵਾਨ ਖ਼ੁਦ ਕ੍ਰਿਸ਼ਨ ਰੂਪ ਧਾਰ ਕੇ ਗੀਤਾ ਦੀ ਰਚਨਾ ਕਰਦੇ ਹਨ। ਕ੍ਰਿਸ਼ਨ ਉਸ ਦੇ ਰਥਵਾਨ ਬਣ ਕੇ ਮਹਾਭਾਰਤ ਦੀ ਜਿੱਤ ਨੂੰ ਸੰਭਵ ਬਣਾਉਂਦੇ ਹਨ। ਇਥੇ ਕ੍ਰਿਸ਼ਨ ਤੇ ਅਰਜਨ ਦੋ ਸੁਤੰਤਰ ਜੋਤਾਂ ਹਨ ਜਿਹੜੀਆਂ ਇਕ-ਦੂਜੇ ਦੇ ਸਹਿਯੋਗ ਨਾਲ ਜੀਵਨ ਨੂੰ ਨਵੇਂ ਅਰਥ ਦਿੰਦੀਆਂ ਹਨ ਪਰ ਗੁਰੂ ਅਰਜਨ ਦੇਵ ਜੀ ਏਕ ਜੋਤ ਅਧੀਨ ਬਾਣੀ ਬੋਹਿਥ ਤੇ ਸ਼ਹੀਦ ਬਣ ਕੇ ਜ਼ਿੰਦਗੀ ਜਿਉਣ ਦਾ ਬਿਲਕੁਲ ਨਿਵੇਕਲਾ ਰਾਹ ਖੋਲ੍ਹ ਦਿੰਦੇ ਹਨ। ਇਸ ਰਾਹੇ ਤੁਰੇ ਖ਼ਾਲਸਾ ਪੰਥ ਨੇ ਵਿਸ਼ਵ ਮਾਨਵ ਲਈ ਜੀਵਨ ਦੇ ਪਰਸਪਰਕ ਅਰਥ ਹੀ ਬਦਲ ਦਿੱਤੇ ਸਨ। ਲੋੜ ਹੈ ਉਨ੍ਹਾਂ ਅਰਥਾਂ ਨੂੰ ਜੀਵਨ ਮੁੱਲਾਂ ਅੰਦਰ ਟਿਕਾਈ ਰੱਖਣ ਦੀ।

ਸੰਨ 2019 ਦੇ ਹਿਸਾਬ ਨਾਲ ਗੁਰੂ ਸਾਹਿਬ ਨੂੰ ਜਨਮ ਲਿਆਂ 457 ਸਾਲ ਹੋ ਚੁੱਕੇ ਹਨ। ਉਹ 1606 ਈਸਵੀ ਵਿਚ ਸ਼ਹਾਦਤ ਨੂੰ ਪ੍ਰਾਪਤ ਹੋਏ ਸਨ ਪਰ ਗੁਰੂ ਗ੍ਰੰਥ ਸਾਹਿਬ ਸੰਗ ਉਹ ਸਦਾ-ਸਦਾ ਲਈ ਸਾਡੇ ਹਿਰਦਿਆਂ ਅੰਦਰ ਨਿਵਾਸ ਕਰਦੇ ਹਨ। •

### ਬਾਲ ਖੇਡਾਂ

ਗੁਰ ਗੱਦੀ 'ਤੇ ਬਿਰਾਜਮਾਨ ਹੋ ਜਾਣ ਉਪਰੰਤ ਕਿੰਨੇ ਸਾਲਾਂ ਬਾਅਦ ਗੁਰੂ ਅਰਜਨ ਦੇਵ ਜੀ ਇਕ ਦਿਨ ਖਡੂਰ ਸਾਹਿਬ ਹੁੰਦੇ ਹੋਏ ਗੋਇੰਦਵਾਲ ਆ ਕੇ ਠਹਿਰੇ। ਸਭ ਕੁਝ ਭੁੱਲ-ਭੁਲਾ ਕੇ ਉਹ ਮੋਹਨ ਜੀ ਤੇ ਮੋਹਰੀ ਜੀ ਦੀ ਬੇਨਤੀ 'ਤੇ ਪੂਰਾ ਦਿਨ ਬਾਲ ਖੇਡਾਂ ਖੇਡਦੇ ਰਹੇ। ਸਿੱਖ ਸਾਹਿਤ ਦੱਸਦਾ ਹੈ ਕਿ ਗੁਰੂ ਸਾਹਿਬ ਸਾਰਾ ਦਿਨ ਮਾਮੇ ਮੋਹਰੀ ਜੀ ਤੇ ਮੋਹਨ ਜੀ ਸਮੇਤ ਆਪਣੇ ਬਚਪਨ ਦੇ ਦੋਸਤਾਂ ਨਾਲ ਕੁਸ਼ਤੀ, ਗੁੱਲੀ ਡੰਡਾ, ਕਬੱਡੀ, ਮੁਗਦਰ ਚੁਕਣੇ ਆਦਿ ਖੇਡਾਂ ਖੇਡਦੇ ਰਹੇ। ਉਸ ਦਿਨ ਉਹ ਵਿਸਮਾਦ ਅਵਸਥਾ ਵਿਚ ਇਹ ਵੀ ਭੁੱਲ ਗਏ ਕਿ ਉਹ ਗੁਰੂ ਵੀ ਹਨ। ਉਨ੍ਹਾਂ ਪੂਰਾ ਦਿਨ ਆਪਣੇ ਬਾਲਪਣ ਨੂੰ ਦੁਬਾਰਾ ਜੀਵਿਆ।

# ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ



ਹੱਕ, ਸੱਚ, ਧਰਮ ਤੇ ਮਨੁੱਖੀ ਆਜ਼ਾਦੀ ਦੀ ਰੱਖਿਆ ਦੇ ਉੱਚੇ ਆਦਰਸ਼ ਲਈ ਸ਼ਹਾਦਤ ਦੇਣ ਵਾਲੇ ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਸਿੱਖ ਧਰਮ ਦੇ ਪ੍ਰਥਮ ਸ਼ਹੀਦ ਗੁਰੂ ਹਨ। ਉਨ੍ਹਾਂ ਵੱਲੋਂ ਦਿੱਤੀ ਗਈ ਸ਼ਹਾਦਤ ਸਿੱਖ ਕੌਮ ਲਈ ਉਹ ਸ਼ਕਤੀ ਬਣ ਕੇ ਉੱਭਰੀ ਜਿਸ ਤੋਂ ਅਗਵਾਈ ਲੈ ਕੇ ਸਿੱਖ ਪੰਥ ਨੇ ਸ਼ਹਾਦਤਾਂ ਦੀ ਇਕ ਅਜਿਹੀ ਲੜੀ ਸਿਰਜੀ, ਜਿਸ ਦਾ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਹੋਰ ਕੋਈ ਮੁਕਾਬਲਾ ਨਹੀਂ। ਜੇਕਰ ਸਿੱਖ ਧਰਮ ਅੰਦਰ 'ਸ਼ਹਾਦਤ' ਦੇ ਪ੍ਰਸੰਗ ਨੂੰ ਸਮਝਣਾ ਹੋਵੇ ਤਾਂ ਸਾਨੂੰ ਸਭ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 'ਜਉ ਤਉ ਪ੍ਰੇਮ ਖੇਲਣ ਕਾ ਚਾਉ॥ ਸਿਰੁ ਧਰਿ ਤਲੀ ਗਲੀ ਮੇਰੀ ਆਉ॥ ਇਤੁ ਮਾਰਗਿ ਪੈਰੁ ਧਰੀਜੈ॥ ਸਿਰੁ ਦੀਜੈ ਕਾਣਿ ਨ ਕੀਜੈ॥' ਵਾਲੇ ਬਚਨਾਂ ਨੂੰ ਸਮਝਣਾ ਪਵੇਗਾ। ਇਹ ਧਰਮ ਦੀ ਖ਼ਾਤਰ ਸ਼ਹਾਦਤ ਦੀ ਪ੍ਰੇਰਣਾ ਦਾ ਮੂਲ ਹੈ। ਇਸ ਮਗਰੋਂ ਪੰਚਮ ਗੁਰਦੇਵ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ਼ਹਾਦਤ ਦੇ ਕੇ ਇਸ ਦੇ ਅਮਲ ਨੂੰ ਰੂਪਮਾਨ ਕੀਤਾ। ਇੰਜ ਅਸੀਂ ਦੇਖਦੇ ਹਾਂ ਕਿ ਸ਼ਹਾਦਤ ਦੀ ਗੁੜ੍ਹਤੀ ਸਾਨੂੰ ਗੁਰੂ ਸਾਹਿਬਾਨ ਨੇ ਦਿੱਤੀ ਹੈ। ਇਸੇ ਲਈ ਸਿੱਖ ਧਰਮ ਅੰਦਰ ਸ਼ਹਾਦਤ ਸ਼ਬਦ ਬਹੁਤ ਹੀ ਸਤਿਕਾਰ ਭਰੇ ਸ਼ਬਦਾਂ ਵਿਚ ਸਾਹਮਣੇ ਹੈ। ਸਿੱਖੀ ਅੰਦਰ ਇਸ ਸ਼ਬਦ ਦੀ ਵਰਤੋਂ ਸੱਚ ਦੀ ਆਵਾਜ਼ ਬੁਲੰਦ ਰੱਖਣ ਲਈ ਦਿੱਤੀ ਗਈ ਕੁਰਬਾਨੀ ਦੀ ਗਵਾਹੀ ਵਜੋਂ ਹੈ ਅਤੇ ਇਹ ਗਵਾਹੀ ਕੋਈ ਆਮ ਨਹੀਂ ਸਗੋਂ ਸਮਾਜਕ ਸਰੋਕਾਰਾਂ ਦੇ ਨਾਲ-ਨਾਲ ਰੂਹਾਨੀਅਤ ਨਾਲ ਵੀ ਲਬਰੇਜ਼ ਹੈ।

ਪੰਜਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਦੇ ਮੂਲ ਨੂੰ ਸਮਝਦਿਆਂ ਇਕ ਗੱਲ ਸਾਫ਼ ਹੁੰਦੀ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਮੇਂ ਤੋਂ ਚੱਲਿਆ ਆ ਰਿਹਾ ਹਕੂਮਤ ਦਾ ਵਿਰੋਧ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸਮੇਂ ਸਿਖ਼ਰ 'ਤੇ ਪੁੱਜ ਗਿਆ ਸੀ। ਗੁਰੂ ਜੀ ਨੂੰ ਪ੍ਰਿਥੀ ਚੰਦ, ਸੁਲਹੀ ਖ਼ਾਨ ਅਤੇ ਚੰਦੂ ਆਦਿ ਦੇ ਵਿਰੋਧ ਦਾ ਵੀ ਸਾਹਮਣਾ ਕਰਨਾ ਪਿਆ। ਗੁਰੂ ਸਾਹਿਬ ਨੇ ਜਦੋਂ ਸਿੱਖ ਕੌਮ ਨੂੰ ਜਥੇਬੰਦ ਕਰਨ ਦੀਆਂ ਤਿਆਰੀਆਂ ਆਰੰਭੀਆਂ ਤਾਂ ਬਾਦਸ਼ਾਹ ਜਹਾਂਗੀਰ ਦੀ ਧਾਰਮਿਕ ਕੱਟੜਤਾ ਇਸ ਨੂੰ ਬਰਦਾਸ਼ਤ ਨਾ ਕਰ ਸਕੀ। ਇਸ ਤਰ੍ਹਾਂ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪੂਰਾ ਜੀਵਨ ਇਕ ਸੰਘਰਸ਼ਮਈ ਜੀਵਨ ਰਿਹਾ। ਪਰ ਸ਼ਾਂਤੀ ਦੇ ਸਾਗਰ, ਨਿਮਰਤਾ ਦੇ ਪੁੰਜ, ਪਰਉਪਕਾਰੀ ਪਾਤਸ਼ਾਹ ਜੀ ਨੇ ਅਜਿਹੇ ਕਠਿਨਾਈਆਂ ਭਰੇ ਸਮੇਂ ਵਿਚ ਵੀ ਸਿੱਖ ਧਰਮ ਦੇ ਵਿਕਾਸ ਲਈ ਕਾਰਜ ਜਾਰੀ ਰੱਖੇ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਿੱਖਾਂ ਨੂੰ ਜਿਥੇ ਉੱਚ ਆਤਮਿਕ ਜੀਵਨ ਜਿਉਣ ਦੀ ਪ੍ਰੇਰਨਾ ਕੀਤੀ, ਉਥੇ ਹੀ ਸਿੱਖੀ ਦੇ ਵਿਕਾਸ ਲਈ ਕਈ ਮਹੱਤਵਪੂਰਨ ਕਾਰਜ ਕੀਤੇ। ਆਪ ਨੇ ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਵਲੋਂ ਵਸਾਏ ਨਗਰ 'ਗੁਰੂ ਕਾ ਚੱਕ' ਨੂੰ 'ਚੱਕ ਰਾਮਦਾਸ' ਜਾਂ 'ਰਾਮਦਾਸਪੁਰ' ਦਾ ਨਾਂ ਦੇ ਕੇ ਇਸ ਦਾ ਵਿਕਾਸ ਕੀਤਾ। ਇਸ ਦੇ ਨਾਲ ਹੀ ਪੰਜਵੇਂ ਪਾਤਸ਼ਾਹ ਨੇ ਸ੍ਰੀ ਗੁਰੂ ਰਾਮਦਾਸ ਜੀ ਵੱਲੋਂ ਤਿਆਰ ਕਰਵਾਏ ਜਾ ਰਹੇ ਅੰਮ੍ਰਿਤ ਸਰੋਵਰ ਦੀ ਸੰਪੂਰਨਤਾ ਕਰਵਾਈ ਤੇ ਇਸ ਦੇ ਵਿਚਕਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਨੀਂਹ ਰੱਖੀ। ਆਪ ਵਲੋਂ ਕੀਤੇ ਗਏ ਅਹਿਮ ਕਾਰਜਾਂ ਵਿੱਚੋਂ ਇਕ ਮਹਾਨ ਕੰਮ ਆਦਿ ਸ੍ਰੀ ਗ੍ਰੰਥ ਸਾਹਿਬ ਦੀ ਸੰਪਾਦਨਾ ਦਾ ਵੀ ਹੈ। ਇਸੇ ਤਰ੍ਹਾਂ ਆਪ ਨੇ ਵੱਖ-ਵੱਖ ਸ਼ਹਿਰਾਂ ਦੀ ਸਥਾਪਨਾ ਕੀਤੀ, ਸਰੋਵਰ ਬਣਵਾਏ ਤੇ ਸਿੱਖਾਂ ਨੂੰ ਵਪਾਰ ਲਈ ਪ੍ਰੇਰਿਆ। ਆਪ ਜੀ ਵਲੋਂ ਤੀਹ ਰਾਗਾਂ ਵਿਚ ਰਚੀ ਗਈ ਬਾਣੀ, ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਅੰਦਰ ਸੁਸ਼ੋਭਿਤ ਹੈ। ਇਨ੍ਹਾਂ ਸਭ ਕਾਰਜਾਂ ਸਮੇਤ ਧਰਮ ਪ੍ਰਚਾਰ ਤੇ ਸਮਾਜ ਸੁਧਾਰ ਲਈ ਆਪ ਨੇ ਅਨੇਕਾਂ ਹੋਰ ਕਾਰਜ ਵੀ ਕੀਤੇ।

ਪਰਉਪਕਾਰੀ ਸਤਿਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਵਡਿਆਈ ਵਿਰੋਧੀਆਂ ਤੋਂ ਸਹਾਰੀ ਨਾ ਗਈ, ਜਿਸ ਦਾ ਨਤੀਜਾ ਇਹ ਨਿਕਲਿਆ ਕਿ ਮਨੁੱਖਤਾ ਦੇ ਹਮਦਰਦ, ਸ਼ਾਂਤੀ ਸਰੂਪ, ਨਿਮਰਤਾ ਦੇ ਪੁੰਜ, ਆਦਰਸ਼ਕ ਸ਼ਖ਼ਸੀਅਤ ਨੂੰ ਅਨੇਕਾਂ ਸਰੀਰਕ ਤਸੀਹੇ ਦਿੱਤੇ ਗਏ। ਜ਼ਾਲਿਮਾਂ ਵਲੋਂ ਸਖ਼ਤ ਗਰਮੀ ਦੇ ਮੌਸਮ 'ਚ ਆਪ ਨੂੰ ਉਬਲਦੀ ਦੇਗ 'ਚ ਬਿਠਾਇਆ ਗਿਆ, ਤੱਤੀ ਤਵੀ ਤੇ ਚੌਂਕੜਾ ਲਵਾਇਆ ਗਿਆ ਤੇ ਪਾਵਨ ਸੀਸ ਤੇ ਸੜਦੀ-ਬਲਦੀ ਰੇਤਾ ਪਾਈ ਗਈ। ਸਭ ਕਸ਼ਟਾਂ ਨੂੰ ਬੜੇ ਸਹਿਜ ਵਿਚ ਸਹਾਰਦਿਆਂ ਇਸ ਨੂੰ ਕਰਤਾਰ ਦਾ ਭਾਣਾ ਸਮਝ ਕੇ ਆਪ ਅਡੋਲ ਰਹੇ। ਇਸ ਤਰ੍ਹਾਂ 30 ਮਈ 1606 ਈਸਵੀ ਨੂੰ ਆਪ ਨੂੰ ਸ਼ਹੀਦ ਕਰ ਦਿੱਤਾ ਗਿਆ।

ਉਂਜ ਤਾਂ ਸ੍ਰੀ ਗੁਰੂ ਅਰਜਨ ਸਾਹਿਬ ਦੀ ਸ਼ਹੀਦੀ ਦੇ ਅਨੇਕਾਂ ਕਾਰਨ ਮੰਨੇ ਜਾਂਦੇ ਹਨ ਪਰ ਅਸਲ ਕਾਰਨ ਬਾਦਸ਼ਾਹ ਜਹਾਂਗੀਰ ਦੀ ਧਾਰਮਿਕ ਕੱਟੜਤਾ ਤੇ ਤੰਗਦਿਲੀ ਸੀ। ਬਾਕੀ ਸਾਰੇ ਕਾਰਨ ਸਹਾਇਕ ਸਿੱਧ ਹੋਏ। ਅਸਲ ਵਿਚ ਜਹਾਂਗੀਰ ਮੌਕੇ ਦੀ ਭਾਲ 'ਚ ਸੀ ਕਿ ਕਦੋਂ ਕੋਈ ਬਹਾਨਾ ਮਿਲੇ ਤੇ ਉਹ ਸਿੱਖ ਲਹਿਰ ਨੂੰ ਖ਼ਤਮ ਕਰੇ ਤੇ ਉਨ੍ਹਾਂ ਦੇ ਮੁਖੀ ਸ੍ਰੀ ਗੁਰੂ ਅਰਜਨ ਸਾਹਿਬ ਨੂੰ ਜਾਂ ਤਾਂ ਮੁਸਲਮਾਨ ਬਣਾ ਦੇਵੇ ਜਾਂ ਸ਼ਹੀਦ ਕਰ ਦੇਵੇ। ਇਸ ਗੱਲ ਦਾ ਜ਼ਿਕਰ ਉਹ ਆਪਣੀ ਸਵੈ-ਜੀਵਨੀ ਤੁਜ਼ਕੇ ਜਹਾਂਗੀਰੀ ਵਿਚ ਵੀ ਕਰਦਾ ਹੈ। ਉਸ ਨੂੰ ਬਹਾਨੇ ਦੀ ਤਲਾਸ਼ ਸੀ ਤੇ ਉਹ ਉਸ ਨੂੰ ਖੁਸਰੋ ਦੀ ਬਗ਼ਾਵਤ ਵਿੱਚੋਂ ਮਿਲਿਆ। ਜਹਾਂਗੀਰ ਨੇ ਗੁਰੂ ਸਾਹਿਬ ਨੂੰ ਯਾਸਾ-ਏ-ਸਿਆਸਤ ਅਧੀਨ ਸਜ਼ਾ ਦਿੱਤੀ, ਜਿਸ ਤੋਂ ਭਾਵ ਹੈ ਕਿ ਤਸੀਹੇ ਦੇ ਕੇ ਮਾਰਨਾ ਹੈ।

ਦੂਸਰੇ ਪਾਸੇ ਗੁਰੂ ਸਾਹਿਬ ਦੀ ਸ਼ਹੀਦੀ ਨੇ ਸਿੱਖ ਲਹਿਰ ਨੂੰ ਨਵੀਂ ਸੇਧ ਦਿੱਤੀ ਅਤੇ ਪੰਜਾਬ ਦੇ ਇਤਿਹਾਸ ਉੱਤੇ ਇਸ ਦਾ ਦੂਰਗਾਮੀ ਅਸਰ ਹੋਇਆ। ਇਸ ਨਾਲ ਸਿੱਖਾਂ ਦੇ ਮਨਾਂ ਉਤੇ ਇਹ ਗੱਲ ਘਰ ਕਰ ਗਈ ਕਿ ਧਰਮ ਦੀ ਰੱਖਿਆ ਲਈ ਜ਼ੁਲਮ ਦੇ ਅੱਗੇ ਗੋਡੇ ਟੇਕਣ ਦੀ ਬਜਾਏ ਹਥਿਆਰਬੰਦ ਹੋਣਾ ਤੇ ਵੈਰੀ ਨਾਲ ਦੋ ਹੱਥ ਕਰਨਾ ਲਾਜ਼ਮੀ ਹੈ। ਪੰਚਮ ਪਾਤਸ਼ਾਹ ਦੀ ਸ਼ਹਾਦਤ ਤੋਂ ਬਾਅਦ ਛੇਵੇਂ ਪਾਤਸ਼ਾਹ ਗੁਰੂ ਹਰਗੋਬਿੰਦ ਸਾਹਿਬ ਨੇ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਧਾਰਨ ਕੀਤੀਆਂ ਤੇ ਅਕਾਲ ਪੁਰਖ ਦਾ ਤਖ਼ਤ ਸਦਾ ਰਹਿਣ ਵਾਲੇ 'ਸ੍ਰੀ ਅਕਾਲ ਤਖ਼ਤ ਸਾਹਿਬ' ਦੀ ਸਥਾਪਨਾ ਕੀਤੀ।

ਇਤਿਹਾਸਕਾਰਾਂ ਦੀ ਨਜ਼ਰ ਵਿਚ ਸ੍ਰੀ ਗੁਰੂ ਅਰਜਨ ਸਾਹਿਬ ਦੀ ਸ਼ਹੀਦੀ ਧਰਮ ਦੇ ਇਤਿਹਾਸ ਵਿਚ ਇਕ ਮਹਾਨ ਤੇ ਜੁਗ ਪਲਟਾਊ ਘਟਨਾ ਅਤੇ ਇਨਕਲਾਬੀ ਮੋੜ ਦੀ ਸੂਚਕ ਹੈ। ਇਸ ਸ਼ਹਾਦਤ ਨੇ ਸਿੱਖਾਂ ਨੂੰ ਜ਼ੁਲਮ ਨਾਲ ਟੱਕਰ ਲੈਣ, ਅਕਾਲ ਪੁਰਖ ਦਾ ਭਾਣਾ ਮੰਨਣ, ਸਬਰ, ਸੰਤੋਖ ਤੇ ਦ੍ਰਿੜ੍ਹਤਾ ਨਾਲ ਆਪਣੇ ਹੱਕਾਂ ਦੀ ਰੱਖਿਆ ਕਰ ਸਕਣ ਦਾ ਚੱਜ ਸਿਖਾ ਕੇ ਸਿੱਖੀ ਦੇ ਮਹੱਲ ਦੀਆਂ ਨੀਹਾਂ ਨੂੰ ਅਜਿਹਾ ਮਜ਼ਬੂਤ ਕੀਤਾ ਕਿ ਆਉਣ ਵਾਲੇ ਸਮੇਂ ਦੇ ਜ਼ੁਲਮ ਤੇ ਝੱਖੜ ਇਸ ਦਾ ਕੁਝ ਨਾ ਵਿਗਾੜ ਸਕੇ। ਇਸ ਸ਼ਹਾਦਤ ਨੇ ਸਿੱਖ ਮਰਜੀਵੜਿਆਂ ਨੂੰ ਮਰਨ ਦੀ ਇਹੋ ਜਿਹੀ ਜਾਚ ਸਿਖਾਈ ਕਿ ਉਹ 'ਬਹੁਰਿ ਨ ਮਰਨਾ ਹੋਇ' ਦੇ ਲਕਸ਼ ਨੂੰ ਪ੍ਰਾਪਤ ਹੋ ਗਏ। ਇਸ ਸ਼ਹੀਦੀ ਨਾਲ ਸਿੱਖ ਇਤਿਹਾਸ ਵਿਚ ਸ਼ਹੀਦੀਆਂ ਦਾ ਨਵਾਂ ਅਧਿਆਇ ਆਰੰਭ ਹੋਇਆ। ਇਸ ਤਰ੍ਹਾਂ ਗੁਰੂ ਸਾਹਿਬ ਦੀ ਸ਼ਹਾਦਤ ਸਾਡੇ ਲਈ ਰਾਹ ਦਸੇਰਾ ਹੈ, ਜਿਸ 'ਤੇ ਚੱਲ ਕੇ ਅਸੀਂ ਆਪਣੇ ਧਰਮ ਦੇ ਸੁਨਹਿਰੀ ਅਸੂਲਾਂ ਦੀ ਖ਼ਾਤਰ ਜਬਰ ਜ਼ੁਲਮ ਦੇ ਟਾਕਰੇ ਲਈ ਸਦਾ ਤਿਆਰ ਰਹਿਣਾ ਹੈ। ਸੱਚ ਦੀ ਖ਼ਾਤਰ ਸੰਘਰਸ਼ਸ਼ੀਲ ਰਹਿਣਾ ਹੈ ਅਤੇ ਝੂਠ, ਅਨਿਆਂ ਆਦਿ ਦੀ ਜੜ੍ਹ ਪੁੱਟਣ ਲਈ ਕਦੇ ਵੀ ਪਿੱਛੇ ਨਹੀਂ ਹਟਣਾ। ਆਓ, ਗੁਰੂ ਸਾਹਿਬ ਵੱਲੋਂ ਦਿੱਤੀ ਗਈ ਪਾਵਨ ਸ਼ਹਾਦਤ ਦੇ ਅਸਲ ਮਨੋਰਥ ਅਨੁਸਾਰ ਆਪਣੀਆਂ ਜੀਵਨ ਸੇਧਾਂ ਨਿਰਧਾਰਤ ਕਰੀਏ। ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ 'ਤੇ ਸਮੂਹ ਸੰਗਤ ਨੂੰ ਮੇਰੀ ਇਹੋ ਅਪੀਲ ਹੈ। •




• ਭਾਈ ਗੋਬਿੰਦ ਸਿੰਘ ਲੌਂਗੋਵਾਲ

ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

# ਇਸਲਾਮਿਕ ਸੰਦਰਭ 'ਚ ਈਦ-ਉਲ-ਫ਼ਿਤਰ ਦਾ ਤਿਉਹਾਰ



• ਮੁਹੰਮਦ ਅੱਬਾਸ ਧਾਲੀਵਾਲ
98552-59650



[redacted]

ਸੰਸਾਰ ਵਿਚ ਵੱਖ-ਵੱਖ ਧਰਮਾਂ 'ਚ ਵਿਸ਼ਵਾਸ ਰੱਖਣ ਵਾਲੇ ਕਰੋੜਾਂ ਲੋਕ ਵੱਸਦੇ ਹਨ ਜੋ ਆਪਣੇ-ਆਪਣੇ ਰਿਵਾਜ ਅਨੁਸਾਰ ਤਿਉਹਾਰ ਮਨਾ ਕੇ ਖ਼ੁਸ਼ੀਆਂ ਪ੍ਰਾਪਤ ਕਰਦੇ ਹਨ। ਹਰ ਧਰਮ 'ਚ ਮਨਾਏ ਜਾਂਦੇ ਤਿਉਹਾਰ ਦਾ ਪਿਛੋਕੜ ਕਿਸੇ ਨਾ ਕਿਸੇ ਰੂਪ ਵਿਚ ਉਸ ਧਰਮ 'ਚ ਵਾਪਰੀ ਕਿਸੇ ਮੁੱਖ ਘਟਨਾ ਨਾਲ ਹੁੰਦਾ ਹੈ।

ਇਸਲਾਮ ਧਰਮ ਦੇ ਅਨੁਯਾਈ, ਭਾਵ ਮੁਸਲਮਾਨਾਂ ਦੁਆਰਾ ਮੁੱਖ ਤੌਰ 'ਤੇ ਦੋ ਤਿਉਹਾਰ ਈਦ-ਉਲ-ਫ਼ਿਤਰ ਤੇ ਈਦ-ਉਲ-ਜ਼ੁਹਾ ਸਾਂਝੇ ਤੌਰ 'ਤੇ ਮਨਾਏ ਜਾਂਦੇ ਹਨ। ਈਦ-ਉਲ-ਫ਼ਿਤਰ ਵਿਚਲਾ ਸ਼ਬਦ 'ਈਦ' ਅਰਬੀ ਭਾਸ਼ਾ ਦੇ ਸ਼ਬਦ 'ਊਦ' ਤੋਂ ਨਿਕਲਿਆ ਹੈ, ਇਸ ਦਾ ਅਰਥ ਹੈ ਵਾਪਸ ਆਉਣਾ ਜਾਂ ਵਾਰ-ਵਾਰ ਆਉਣਾ। ਈਦ ਕਿਉਂਕਿ ਹਰ ਸਾਲ ਆਉਂਦੀ ਹੈ, ਇਸ ਲਈ ਇਸ ਦਾ ਨਾਂ ਈਦ ਪੈ ਗਿਆ, ਦੂਜੇ ਅਰਥਾਂ ਵਿਚ ਈਦ ਦੇ ਅਰਥ 'ਖ਼ੁਸ਼ੀ' ਹਨ।

ਈਦ ਦਾ ਇਤਿਹਾਸ ਸਦੀਆਂ ਪੁਰਾਣਾ ਹੈ। ਇਕ ਥਾਂ ਇਹ ਵੀ ਰਵਾਇਤ ਹੈ ਕਿ ਜਦੋਂ ਹਜ਼ਰਤ ਆਦਮ (ਅਲੈਹ ਅਲਸਾਮ) ਦੀ ਤੌਬਾ ਕਬੂਲ ਹੋਈ ਤਾਂ ਉਸ ਦਿਨ ਦੁਨੀਆ ਵਿਚ ਪਹਿਲੀ ਵਾਰ ਈਦ ਮਨਾਈ ਗਈ। ਇਸੇ ਤਰ੍ਹਾਂ ਹਜ਼ਰਤ ਇਬਰਾਹੀਮ (ਅਲੈਹ ਅਸਲਾਮ) ਨੂੰ ਜਦੋਂ ਨਮਰੂਦ ਦੁਆਰਾ ਅੱਗ ਦੇ ਹਵਾਲੇ ਕੀਤਾ ਗਿਆ ਤਾਂ ਅੱਗ ਨੇ ਉਨ੍ਹਾਂ ਨੂੰ ਜਲਾਉਣ ਦੀ ਥਾਂ ਫੁੱਲਾਂ ਦੇ ਬਗ਼ੀਚੇ ਦਾ ਰੂਪ ਧਾਰਨ ਕਰ ਲਿਆ ਤਾਂ ਇਬਰਾਹੀਮ ਦੀ ਕੌਮ ਨੇ ਇਸ ਖ਼ੁਸ਼ੀ 'ਚ ਈਦ ਮਨਾਈ। ਇਸੇ ਤਰ੍ਹਾਂ ਜਦ ਹਜ਼ਰਤ ਯੂਨਸ (ਅਲੈਹ ਅਸਲਾਮ) ਨੂੰ ਮਛਲੀ ਦੇ ਪੇਟ 'ਚੋਂ ਰਿਹਾਈ ਮਿਲੀ ਤਾਂ ਉਨ੍ਹਾਂ ਦੀ ਉਮਤ ਨੇ ਉਸ ਦਿਨ ਈਦ ਮਨਾਈ। ਇਸੇ ਤਰ੍ਹਾਂ ਜਦੋਂ ਅੱਲ੍ਹਾ ਪਾਕ ਨੇ ਹਜ਼ਰਤ ਮੂਸਾ (ਅਲੈਹ ਅਸਲਾਮ) ਦੀ ਕੌਮ, ਭਾਵ ਬਨੀ ਇਸਰਾਈਲ ਨੂੰ ਫ਼ਿਰੌਨ ਦੇ ਜ਼ੁਲਮਾਂ ਤੋਂ ਛੁਟਕਾਰਾ ਦਿਵਾਇਆ ਤਾਂ ਉਨ੍ਹਾਂ ਵਾਸਤੇ ਵੀ ਉਸ ਦਿਨ ਈਦ ਹੀ ਸੀ।

ਈਦ-ਉਲ-ਫ਼ਿਤਰ ਦੋ ਸ਼ਬਦਾਂ ਦੇ ਮੇਲ ਈਦ ਤੇ ਫ਼ਿਤਰ ਤੋਂ ਬਣਿਆ ਹੈ। ਈਦ ਦੇ ਅਰਥ ਖ਼ੁਸ਼ੀ ਹਨ ਤੇ ਫ਼ਿਤਰ ਦਾ ਅਰਥ ਹੈ ਰੋਜ਼ਾ ਖੋਲ੍ਹਣਾ, ਭਾਵ ਈਦ ਦੇ ਦਿਨ ਰਮਜ਼ਾਨ ਦਾ ਮਹੀਨਾ ਸਮਾਪਤ ਹੋ ਜਾਂਦਾ ਹੈ, ਅਰਥਾਤ ਸ਼ਵਾਲ ਮਹੀਨੇ ਦੀ ਪਹਿਲੀ ਤਰੀਕ ਨੂੰ ਈਦ-ਉਲ-ਫ਼ਿਤਰ ਦਾ ਤਿਉਹਾਰ ਮਨਾਇਆ ਜਾਂਦਾ ਹੈ। ਈਦ-ਉਲ-ਫ਼ਿਤਰ ਮਨਾਉਣ ਦਾ ਫ਼ੈਸਲਾ ਕਈ ਵਾਰ 29ਵਾਂ ਰੋਜ਼ਾ ਖੋਲ੍ਹਣ ਤੋਂ ਬਾਅਦ ਚੰਦਰਮਾ ਨਜ਼ਰ ਆਉਣ ਉਪਰੰਤ ਹੀ ਕਰ ਦਿੱਤਾ ਜਾਂਦਾ ਹੈ। ਜੇ ਚੰਦਰਮਾ ਉਨੱਤੀਆਂ ਦਾ ਨਹੀਂ ਵਿਖਾਈ ਦਿੰਦਾ ਤਾਂ 30 ਰੋਜ਼ੇ ਪੂਰੇ ਕਰ ਲੈਣ ਤੋਂ ਬਾਅਦ ਈਦ-ਉਲ-ਫ਼ਿਤਰ ਮਨਾਈ ਜਾਂਦੀ ਹੈ। ਇਹ ਵੀ ਜ਼ਿਕਰਯੋਗ ਹੈ ਕਿ ਈਦ ਦੇ ਦਿਨ ਰੋਜ਼ਾ ਰੱਖਣਾ ਹਰਾਮ ਹੈ।

ਇਸਲਾਮ ਵਿਚ ਨਵੇਂ ਰੂਪ 'ਚ ਈਦ ਦਾ ਆਰੰਭ 624 ਈਸਵੀ ਤੋਂ ਮੰਨਿਆ ਜਾਂਦਾ ਹੈ। ਇਸ ਤੋਂ ਪਹਿਲਾਂ ਹਜ਼ਰਤ ਮੁਹੰਮਦ ਸਲੱਲਾਹੋ ਅਲੈਵਸਲਮ ਦੀ ਹਿਜਰਤ ਕਰ ਕੇ ਆਉਣ ਤਕ ਮਦੀਨੇ ਦੇ ਲੋਕ ਸਾਲ 'ਚ ਦੋ ਦਿਨ ਮੇਲੇ ਦੀ ਸ਼ਕਲ 'ਚ ਖ਼ੁਸ਼ੀਆਂ ਮਨਾਉਂਦੇ ਸਨ। ਇਸ ਦੌਰਾਨ ਇਹ ਲੋਕ ਤਰ੍ਹਾਂ-ਤਰ੍ਹਾਂ ਦੇ ਖੇਡ ਤਮਾਸ਼ਿਆਂ 'ਚ ਲੱਗੇ ਰਹਿੰਦੇ ਸਨ ਤੇ ਹੁੱਲੜਬਾਜ਼ੀ ਕਰਨ ਨੂੰ ਹੀ ਈਦ ਕਿਆਸਦੇ ਸਨ। ਜਦੋਂ ਹਜ਼ਰਤ ਮੁਹੰਮਦ ਸਾਹਿਬ ਨੇ ਇਸ ਸੰਦਰਭ 'ਚ ਉਕਤ ਦਿਨਾਂ ਨੂੰ ਮਨਾਉਣ ਦਾ ਕਾਰਨ ਪੁੱਛਿਆ ਤਾਂ ਉਨ੍ਹਾਂ ਕਿਹਾ ਕਿ ਅਸੀਂ ਸ਼ੁਰੂ ਤੋਂ ਇਸੇ ਤਰ੍ਹਾਂ ਸਾਲ 'ਚ ਦੋ ਵਾਰ ਇਹ ਦਿਨ ਮਨਾਉਂਦੇ ਆ ਰਹੇ ਹਾਂ ਤਾਂ ਹਜ਼ਰਤ ਮੁਹੰਮਦ ਸਾਹਿਬ ਨੇ ਆਖਿਆ ਕਿ ਇਸ ਨਾਲੋਂ ਬਿਹਤਰ ਦੋ ਦਿਨ ਤਹਾਨੂੰ ਅੱਲ੍ਹਾ ਪਾਕ ਦੁਆਰਾ ਦਿੱਤੇ ਗਏ ਹਨ, ਇਕ ਈਦ-ਉਲ-ਫ਼ਿਤਰ ਤੇ ਦੂਜਾ ਈਦ-ਉਲ-ਜ਼ੁਹਾ। ਬਿਨਾਂ ਸ਼ੱਕ ਅੱਲ੍ਹਾ ਪਾਕ ਦੁਆਰਾ ਖ਼ੁਸ਼ੀ ਦੇ ਇਹ ਦਿਨ ਉਦੇਸ਼ਾਂ ਤੇ ਮਕਸਦ ਭਰੇ ਹਨ।

ਇਸਲਾਮ ਗ਼ਰੀਬਾਂ ਨਾਲ ਭਲਾਈ ਤੇ ਹੁਸਨ-ਏ-ਸਲੂਕ ਕਰਨ ਦੀ ਪ੍ਰੇਰਣਾ ਦਿੰਦਾ ਹੈ। ਬੇਸਹਾਰਾ, ਕਮਜ਼ੋਰ ਤੇ ਆਰਥਿਕ ਤੌਰ 'ਤੇ ਪੱਛੜੇ ਲੋਕਾਂ ਦੀ ਸਹਾਇਤਾ ਕਰਨ ਦੇ ਨਿਰਦੇਸ਼ ਦਿੰਦਾ ਹੈ। ਇਸ ਦੀ ਝਲਕ ਸਾਨੂੰ ਈਦ-ਉਲ-ਫ਼ਿਤਰ ਦੇ ਨਾਲ ਵੀ ਸਦਕਾ-ਏ-ਫ਼ਿਤਰ ਦੇ ਰੂਪ ਵਿਚ ਭਲੀਭਾਂਤ ਵਿਖਾਈ ਦਿੰਦੀ ਹੈ। ਇਹ ਕਿ ਰੋਜ਼ਿਆਂ ਦੌਰਾਨ ਰੋਜ਼ਾਦਾਰ ਤੋਂ ਜੋ ਕੋਤਾਹੀਆਂ ਹੋ ਜਾਂਦੀਆਂ ਹਨ, ਉਨ੍ਹਾਂ ਦੀ ਤਲਾਫ਼ੀ ਲਈ ਹਜ਼ਰਤ ਮੁਹੰਮਦ ਸਾਹਿਬ ਨੇ ਗ਼ਰੀਬਾਂ ਵਿਚਕਾਰ ਸਦਕਾ-ਏ-ਫ਼ਿਤਰ ਤਕਸੀਮ ਕਰਨ ਦੇ ਨਿਰਦੇਸ਼ ਦਿੱਤੇ ਹਨ। ਸਦਕਾ-ਏ-ਫ਼ਿਤਰ ਘਰ ਦੇ ਹਰ ਜੀਅ ਵੱਲੋਂ ਬਾਲਗ (ਨਾਬਾਲਿਗ ਦੇ ਮਾਂ-ਬਾਪ ਜਾਂ ਵਾਰਿਸ) ਵੱਲੋਂ ਦਿੱਤਾ ਜਾਂਦਾ ਹੈ, ਭਾਵ ਈਦ ਵਾਲੇ ਦਿਨ ਸੂਰਜ ਚੜ੍ਹਨ ਤੋਂ ਪਹਿਲਾਂ ਜੇ ਕਿਸੇ ਬੱਚੇ ਨੇ ਜਨਮ ਲਿਆ ਹੈ ਤਾਂ ਉਸ ਦੀ ਤਰਫ਼ੋਂ ਇਹ ਸਦਕਾ-ਏ-ਫ਼ਿਤਰ ਉਸ ਦੇ ਮਾਂ-ਬਾਪ ਵੱਲੋਂ ਕੱਢਿਆ ਜਾਣਾ ਵਾਜਿਬ ਹੈ। ਸਦਕਾ-ਏ-ਫ਼ਿਤਰ ਪ੍ਰਤੀ ਜੀਅ ਦੇ ਹਿਸਾਬ ਨਾਲ ਜੋ ਹਿੱਸਾ ਬਣਦਾ ਹੈ ਉਹ ਦੋ ਕਿੱਲੋ ਕਣਕ, ਜਾਂ ਸਾਢੇ ਤਿੰਨ ਕਿੱਲੋ ਜੌਂ ਜਾਂ ਖਜੂਰ ਕਿਸ਼ਮਿਸ਼, ਕਣਕ ਜਿਸ ਦੀ ਕੀਮਤ ਅੱਜ ਭਾਰਤੀ ਕਰੰਸੀ ਮੁਤਾਬਿਕ ਲਗਪਗ 40 ਰੁਪਏ ਹੈ, ਇਹ ਜ਼ਕਾਤ ਦੇ ਪੈਸਿਆਂ ਦੀ ਤਰ੍ਹਾਂ ਗ਼ਰੀਬ ਲੋਕਾਂ ਵਿਚ ਤਕਸੀਮ ਕਰਨ ਦਾ ਹੁਕਮ ਹੈ ਤਾਂ ਜੋ ਉਹ ਵੀ ਆਪਣੇ ਬੱਚਿਆਂ ਸਮੇਤ ਈਦ ਦੀਆਂ ਖ਼ੁਸ਼ੀਆਂ 'ਚ ਸ਼ਾਮਲ ਹੋ ਸਕਣ।

ਇਕ ਵਾਕਿਆ ਅਨੁਸਾਰ ਇਕ ਈਦ ਮੌਕੇ ਹਜ਼ਰਤ ਮੁਹੰਮਦ ਸਲੱਲਾਹੋ ਅਲੈਵਸਲੱਮ ਆਪਣੇ ਦੋਵੇਂ ਦੋਹਤਿਆਂ ਹਜ਼ਰਤ ਹਸਨ ਤੇ ਹੁਸੈਨ ਨਾਲ ਈਦ ਦੀ ਨਮਾਜ਼ ਪੜ੍ਹਨ ਜਾ ਰਹੇ ਸਨ ਕਿ ਰਸਤੇ ਵਿਚ ਕੁਝ ਬੱਚੇ ਖੇਡਦੇ ਵਿਖਾਈ ਦਿੱਤੇ। ਉਨ੍ਹਾਂ ਬੱਚਿਆਂ 'ਚੋਂ ਇਕ ਬੱਚਾ ਬਹੁਤ ਨਿਰਾਸ਼, ਦੁਖੀ ਤੇ ਪਰੇਸ਼ਾਨ ਵਿਖਾਈ ਦਿੱਤਾ ਤਾਂ ਆਪ ਨੇ ਉਸ ਪਾਸੋਂ ਦੁਖੀ ਹੋਣ ਦਾ ਕਾਰਨ ਪੁੱਛਿਆ। ਉਸ ਨੇ ਕਿਹਾ ਕਿ ਮੇਰਾ ਬਾਪ ਮਰ ਚੁੱਕਾ ਹੈ ਤੇ ਮਾਂ ਨੇ ਦੂਜਾ ਵਿਆਹ ਕਰ ਲਿਆ ਹੈ ਇਸ ਲਈ ਹੁਣ ਮੇਰੀ ਦੇਖ-ਭਾਲ ਕਰਨ ਵਾਲਾ ਕੋਈ ਨਹੀਂ ਹੈ। ਹਜ਼ਰਤ ਮੁਹੰਮਦ ਸਾਹਿਬ ਨੇ ਬੱਚੇ ਨੂੰ ਤਸੱਲੀ ਦਿੱਤੀ ਤੇ ਕਿਹਾ ਕਿ ਕੀ ਤੂੰ ਪਸੰਦ ਕਰੇਂਗਾ ਕਿ ਮੁਹੰਮਦ (ਸ) ਤੇਰਾ ਬਾਪ ਹੋਵੇ ਤੇ ਆਇਸ਼ਾ (ਰਜ਼ੀ ਅਲਾਹ ਅਨਹਾਂ) ਤੇਰੀ ਮਾਂ ਤੇ ਹਜ਼ਰਤ ਫ਼ਾਤਿਮਾ (ਰਜ਼ੀ ਅਲਾਹ ਅਨਹਾਂ) ਤੇਰੀ ਭੈਣ ਹੋਵੇ? ਜ਼ਿਕਰਯੋਗ ਹੈ ਕਿ ਆਇਸ਼ਾ (ਰ) ਹਜ਼ਰਤ ਮੁਹੰਮਦ ਸਲੱਲਾਹੋ ਅਲੈਵਸਲੱਮ ਦੀ ਪਤਨੀ ਤੇ ਫ਼ਾਤਿਮਾ ਆਪ ਦੀ ਲਾਡਲੀ ਬੇਟੀ ਸੀ। ਆਪ ਉਸ ਬੱਚੇ ਨੂੰ ਅਪਣੇ ਘਰ ਲੈ ਆਏ ਅਤੇ ਅਪਣੀ ਪਤਨੀ ਆਇਸ਼ਾ ਨੂੰ ਫ਼ਰਮਾਇਆ ਕਿ ਤੈਨੂੰ ਪੁੱਤਰ ਦੀ ਖ਼ਾਹਿਸ਼ ਸੀ, ਇਹ ਤੇਰਾ ਬੇਟਾ ਹੈ ਤੇ ਫ਼ਾਤਿਮਾ ਨੂੰ ਕਿਹਾ ਕਿ ਤੈਨੂੰ ਭਰਾ ਚਾਹੀਦਾ ਸੀ, ਇਹ ਤੇਰਾ ਭਰਾ ਹੈ ਤੇ ਫਿਰ ਕਿਹਾ ਹਸਨ ਅਤੇ ਹੁਸੈਨ ਦੇ ਕੱਪੜੇ ਲਿਆ ਕੇ ਉਨ੍ਹਾਂ 'ਚੋਂ ਇਕ ਵਧੀਆ ਜੋੜਾ ਉਸ ਬੱਚੇ ਨੂੰ ਪਹਿਨਾਇਆ ਤੇ ਉਸ ਨੂੰ ਆਪਣੇ ਨਾਲ ਲੈ ਕੇ ਈਦ ਦੀ ਨਮਾਜ਼ ਪੜ੍ਹਨ ਲਈ ਤਸ਼ਰੀਫ਼ ਲੈ ਗਏ।

ਈਦ ਦੀਆਂ ਸੁੰਨਤਾਂ ਵਿਚ ਗ਼ੁਸਲ (ਨਹਾਉਣਾ), ਅਪਣੀ ਹੈਸੀਅਤ ਮੁਤਾਬਿਕ ਫ਼ਜ਼ੂਲ ਖ਼ਰਚੀ ਤੋਂ ਪਰਹੇਜ਼ ਕਰਦੇ ਹੋਏ ਨਵੇਂ ਕੱਪੜੇ ਪਹਿਨਣਾ, ਖਜੂਰ ਖਾਣਾ, ਈਦ ਪੜ੍ਹਨ ਲਈ ਪੈਦਲ ਜਾਣਾ, ਇਕ ਰਸਤੇ ਜਾਣਾ ਤੇ ਦੂਜੇ ਰਸਤੇ ਘਰ ਵਾਪਸ ਆਉਣਾ, ਰਸਤੇ ਵਿਚ ਜਾਂਦੇ-ਆਉਂਦੇ ਧੀਮੀ ਆਵਾਜ਼ ਵਿਚ ਇਹ ਤਕਬੀਰਾਂ ਪੜ੍ਹਨਾ, ਜਿਵੇਂ ਅੱਲ੍ਹਾ ਹੂ ਅਕਬਰ, ਅੱਲ੍ਹਾ ਹੂ ਅਕਬਰ, ਲਾ-ਇਲਾਹਾ ਇਲਲਾਹ ਹੂ ਵਲਾਹ ਹੋ ਅਕਬਰ, ਅਲਾਹ ਹੂ ਅਕਬਰ, ਵਾਲਿਲਾਹ ਹਿਲ ਹਮਦ ਵੀ ਸੁੰਨਤ ਹੈ।

ਈਦ ਦੀ ਨਮਾਜ਼ ਉਪਰੰਤ ਇਮਾਮ ਵੱਲੋਂ ਜੋ ਖ਼ੁਤਬਾ (ਪ੍ਰਵਚਨ) ਦਿੱਤਾ ਜਾਂਦਾ ਹੈ, ਜਿਸ ਵਿਚ ਰੱਬ ਦੀ ਵਡਿਆਈ ਤੇ ਉਸਤਤ ਦੇ ਨਾਲ-ਨਾਲ ਸੰਸਾਰ ਦੀ ਸੁੱਖ-ਸ਼ਾਂਤੀ ਲਈ ਦੁਆ ਤੇ ਆਪਣੇ ਗੁਨਾਹਾਂ ਦੀ ਮਾਫ਼ੀ ਮੰਗੀ ਜਾਂਦੀ ਹੈ, ਉਸ ਨੂੰ ਸੁਣਨਾ ਹਰ ਈਦ ਦੀ ਨਮਾਜ਼ ਪੜ੍ਹਨ ਵਾਲੇ ਮੁਸਲਮਾਨ ਤੇ ਵਾਜਿਬ ਹੈ। ਹਜ਼ਰਤ ਮੁਹੰਮਦ ਸਲੱਲਾਹੋ ਅਲੈਵਸਲੱਮ ਨੇ ਫ਼ਰਮਾਇਆ ਹੈ ਕਿ ਈਦ ਦੀ ਨਮਾਜ਼ ਤੋਂ ਫ਼ਾਰਿਗ ਹੋ ਕੇ ਜਦ ਬੰਦੇ ਵਾਪਸ ਪਰਤਦੇ ਹਨ ਕਿ ਉਨ੍ਹਾਂ ਦੇ ਗੁਨਾਹ ਮਾਫ਼ ਹੋ ਚੁੱਕੇ ਹੁੰਦੇ ਹਨ। •

ਕੌਮੀ ਪੱਤ੍ਰਿਕਾ

## ਗੋਰਾ ਬਰਿਆਰ ਕਤਲ ਮਾਮਲੇ ਵਿੱਚ ਸ਼ਾਮਲ ਗੈਂਗਸਟਰ ਜੱਗੂ ਭਗਵਾਨਪੁਰੀਆ ਦਾ ਸਾਥੀ ਬਟਾਲਾ ਤੋਂ ਗ੍ਰਿਫ਼ਤਾਰ

# ਮੁੱਢਲੀ ਪੁੱਛਗਿੱਛ ਮੁਤਾਬਿਕ ਜੱਗੂ ਭਗਵਾਨਪੁਰੀਆ ਨਾਲ ਲਗਾਤਾਰ ਸੰਪਰਕ ਵਿੱਚ ਸੀ ਗ੍ਰਿਫਤਕਾਰ ਕੀਤਾ ਦੋਸ਼ੀ ਮਸੀਹ : ਡੀਜੀਪੀ ਗੌਰਵ ਯਾਦਵ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ’ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਗੈਂਗਸਟਰ ਵਿਰੋਧੀ ਟਾਸਕ ਫੋਰਸ (ਏ.ਜੀ.ਟੀ.ਐਫ.) ਪੰਜਾਬ ਨੇ ਬਟਾਲਾ ਦੇ ਘੁਮਾਣ ਵਿੱਚ ਹੋਈ ਸਨਸਨੀਖੇਜ਼ ਗੋਲੀਬਾਰੀ ਦੀ ਵਾਰਦਾਤ ਦੇ ਸਬੰਧ ਵਿੱਚ ਗੈਂਗਸਟਰ ਜੱਗੂ ਭਗਵਾਨਪੁਰੀਆ ਦੇ ਕਰੀਬੀ ਸਾਥੀ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਇੱਥੇ ਐਤਵਾਰ ਨੂੰ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਨੈਲਸਨ ਮਸੀਹ ਉਰਫ਼ ਸੰਨੀ ਵਜੋਂ ਹੋਈ ਹੈ, ਜੋ ਗੁਰਦਾਸਪੁਰ ਦੇ ਪਿੰਡ ਅਠਵਾਲ ਦਾ ਰਹਿਣ ਵਾਲਾ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦਾ ਲੰਮਾ ਅਪਰਾਧਿਕ ਪਿਛੋਕੜ ਹੈ ਅਤੇ ਉਹ ਕਤਲ, ਇਰਾਦਾ ਕਤਲ, ਡਕੈਤੀ, ਲੁੱਟ-ਖੋਹ ਅਤੇ ਅਸਲਾ ਐਕਟ ਦੀ ਉਲੰਘਣਾ ਸਮੇਤ ਲਗਭਗ ਸੱਤ ਅਪਰਾਧਿਕ ਮਾਮਲਿਆਂ ਦਾ ਸਾਹਮਣਾ ਕਰ ਰਿਹਾ ਹੈ।

ਜਾਣਕਾਰੀ ਅਨੁਸਾਰ, 26 ਮਈ, 2025 ਦੀ ਸ਼ਾਮ ਨੂੰ ਬਟਾਲਾ ਦੇ ਪਿੰਡ ਘੁਮਾਣ ਵਿਖੇ, ਘੁਮਾਣ ਤੋਂ ਸ੍ਰੀ ਹਰਗੋਬਿੰਦਪੁਰ ਸੜਕ ’ਤੇ ਸਥਿਤ ਪੈਟਰੋਲ ਪੰਪ ਦੇ ਬਾਹਰ ਇੱਕ ਸਨਸਨੀਖੇਜ਼ ਗੋਲੀਕਾਂਡ ਹੋਇਆ ਸੀ, ਜਿਸ ਦੌਰਾਨ ਗੁਰਪ੍ਰੀਤ ਸਿੰਘ ਗੋਰਾ ਉਰਫ਼ ਗੋਰਾ ਬਰਿਆਰ ਦੀ ਮੌਤ ਹੋ ਗਈ ਸੀ ਅਤੇ ਬਿੱਲਾ ਮੰਡਿਆਲਾ ਜ਼ਖਮੀ ਹੋ ਗਿਆ ਸੀ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਪੁੱਛਗਿੱਛ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਮਸੀਹ ਗੈਂਗਸਟਰ ਜੱਗੂ ਭਗਵਾਨਪੁਰੀਆ ਦੇ ਲਗਾਤਾਰ ਸੰਪਰਕ ਵਿੱਚ ਸੀ। ਉਨ੍ਹਾਂ ਦੱਸਿਆ ਕਿ ਭਗਵਾਨਪੁਰੀਆ ਦੇ ਨਿਰਦੇਸ਼ਾਂ ’ਤੇ ਕਾਰਵਾਈ ਕਰਦਿਆਂ, ਮੁਲਜ਼ਮ ਮਸੀਹ ਨੇ ਗੋਰਾ ਬਰਿਆਰ ਦੇ ਕਤਲ ਦੀ ਸਾਜ਼ਿਸ਼ ਰਚੀ ਸੀ ਅਤੇ ਆਪਣੇ ਤਿੰਨ ਸਾਥੀਆਂ ਨਾਲ ਮਿਲ ਕੇ ਇਸ ਹਮਲੇ ਨੂੰ ਅੰਜਾਮ ਦਿੱਤਾ ਸੀ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਬਾਕੀ ਮੁਲਜ਼ਮਾਂ ਦੀ ਭਾਲ ਅਤੇ ਗ੍ਰਿਫਤਾਰੀ ਲਈ ਹੋਰ ਜਾਂਚ ਜਾਰੀ ਹੈ। ਗ੍ਰਿਫ਼ਤਾਰ ਵਿਅਕਤੀ ਨੂੰ ਅਗਲੀ ਕਾਰਵਾਈ ਲਈ ਬਟਾਲਾ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਹੈ।

ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਏਜੀਟੀਐਫ ਪ੍ਰਮੋਦ ਬਾਨ ਨੇ ਕਿਹਾ ਕਿ ਗੋਰਾ ਬਰਿਆਰ ਕਤਲ ਕੇਸ ਵਿੱਚ ਸ਼ਾਮਲ ਮੁੱਖ ਮੁਲਜ਼ਮ ਦੀ ਬਟਾਲਾ ਦੇ ਅਧਿਕਾਰ ਖੇਤਰ ਵਿੱਚ ਮੌਜੂਦਗੀ ਦੀ ਗੁਪਤ ਇਤਲਾਹ ਮਿਲੀ ਸੀ, ਜਿਸ ਤੋਂ ਬਾਅਦ ਏਜੀਟੀਐਫ ਦੀਆਂ ਟੀਮਾਂ ਨੇ ਡੀਐਸਪੀ ਰਾਜਨ ਪਰਮਿੰਦਰ ਦੀ ਨਿਗਰਾਨੀ ਹੇਠ ਬਟਾਲਾ ਪੁਲਿਸ ਦੀ ਟੀਮਾਂ ਨਾਲ ਮਿਲ ਕੇ ਖੁਫੀਆ ਕਾਰਵਾਈ ਨੂੰ ਅੰਜਾਮ ਦਿੱਤਾ ਅਤੇ ਦੋਸ਼ੀ ਵਿਅਕਤੀ ਨੈਲਸਨ ਮਸੀਹ ਨੂੰ ਪਿੰਡ ਸ਼ਾਹਬਾਦ ਨੇੜੇ ਕਾਦੀਆਂ-ਬਟਾਲਾ ਸੜਕ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ।

ਏਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਇਸ ਸਬੰਧੀ ਬਟਾਲਾ ਦੇ ਪੁਲਿਸ ਸਟੇਸ਼ਨ ਘੁਮਾਣ ਵਿਖੇ ਬੀਐਨਐਸ ਦੀ ਧਾਰਾ 103, 109, 111 ਅਤੇ 61(2) ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ 26.5.25 ਨੂੰ ਐਫਆਈਆਰ 89 ਅਧੀਨ ਕੇਸ ਦਰਜ ਕੀਤਾ ਗਿਆ ਸੀ।

# ਅਕਾਲੀ-ਭਾਜਪਾ ਅਤੇ ਕਾਂਗਰਸੀ ਸਰਕਾਰਾਂ ਨੇ ਐਸ.ਸੀ. ਭਾਈਚਾਰੇ ਨੂੰ ਸਿਰਫ ਵੋਟ ਬੈਂਕ ਵਜੋਂ ਵਰਤਿਆ

## ਵਿਰੋਧੀ ਧਿਰਾਂ ਦੇ ਬੱਚਿਆਂ ਨੂੰ ਪਹਾੜਾਂ ਦੇ ਪ੍ਰਾਈਵੇਟ ਸਕੂਲ ਮਿਲੇ ਪਰ ਸਾਨੂੰ ਵਿਰਾਸਤ ਵਿੱਚ ਸਰਕਾਰੀ ਸਕੂਲਾਂ ਦਾ ਕਬਾੜ ਫਰਨੀਚਰ ਮਿਲਿਆ-ਭਗਵੰਤ ਮਾਨ ਵੱਲੋਂ ਐਸ.ਸੀ. ਬੱਚਿਆਂ ਦੇ ਭਵਿੱਖ ਨਾਲ ਖੇਡਣ ਲਈ ਸਖ਼ਤ ਆਲੋਚਨਾ

**ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਵਾਇਤੀ ਸਿਆਸੀ ਪਾਰਟੀਆਂ ’ਤੇ ਆਰਥਿਕ ਤੌਰ ’ਤੇ ਕਮਜ਼ੋਰ ਅਤੇ ਪੱਛੜੇ ਵਰਗਾਂ ਨੂੰ ਅਣਗੌਲਿਆ ਕਰਨ ਦਾ ਦੋਸ਼ ਲਾਉਂਦਿਆਂ ਕਿਹਾ ਕਿ ਇਨ੍ਹਾਂ ਸਵਾਰਥੀ ਆਗੂਆਂ ਨੇ ਅਨੁਸੂਚਿਤ ਜਾਤੀਆਂ (ਐਸ.ਸੀ) ਭਾਈਚਾਰੇ ਨੂੰ ਹਮੇਸ਼ਾ ਆਪਣੇ ਵੋਟ ਬੈਂਕ ਵਾਂਗ ਵਰਤਿਆ ਹੈ।

ਇੱਥੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਪੋਸਟ ਮੈਟ੍ਰਿਕ ਵਜ਼ੀਫਾ ਸਕੀਮ ਤਹਿਤ ਗਰੀਬ ਵਿਦਿਆਰਥੀਆਂ ਦੀ ਭਲਾਈ ਲਈ ਰੱਖੇ ਪੈਸੇ ਨੂੰ ਹੜੱਪ ਲਿਆ ਸੀ, ਉਹ ਹੁਣ ਕਈ ਸਿਹਤ ਬਿਮਾਰੀਆਂ ਨਾਲ ਜੂਝ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਲੁੱਟ ਦਾ ਪੈਸਾ ਹੁਣ ਹਸਪਤਾਲਾਂ ਵਿੱਚ ਉਨ੍ਹਾਂ ਦੇ ਇਲਾਜ ’ਤੇ ਖਰਚ ਕੀਤਾ ਜਾ ਰਿਹਾ ਹੈ ਕਿਉਂਕਿ ਉਹ ਪਰਮਾਤਮਾ ਦੇ ਰੋਹ ਦਾ ਸਾਹਮਣਾ ਕਰ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਇਹ ਹਾਕਮ ਆਮ ਆਦਮੀ ਦੀਆਂ ਸਮੱਸਿਆਵਾਂ ਪ੍ਰਤੀ ਪੂਰੀ ਤਰ੍ਹਾਂ ਸੰਵੇਦਨਹੀਣ ਸਨ ਅਤੇ ਉਨ੍ਹਾਂ ਨੇ ਹਮੇਸ਼ਾ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਵੋਟ ਬੈਂਕ ਵਾਲਾ ਵਿਵਹਾਰ ਕੀਤਾ।

ਪਿਛਲੀਆਂ ਸਰਕਾਰਾਂ ’ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਆਪਣੇ ਸਰਕਾਰੀ ਅਹੁਦਿਆਂ ਦੀ ਦੁਰਵਰਤੋਂ ਕਰਕੇ ਬੇਸ਼ੁਮਾਰ ਦੌਲਤ ਇਕੱਠੀ ਕੀਤੀ ਅਤੇ ਵੱਡੇ-ਵੱਡੇ ਮਹਿਲ ਬਣਾਏ ਸਨ। ਉਨ੍ਹਾਂ ਕਿਹਾ ਕਿ ਇਸ ਮਹਿਲ ਦੀਆਂ ਕੰਧਾਂ ਉੱਚੀਆਂ ਸਨ ਅਤੇ ਆਮ ਲੋਕਾਂ ਲਈ ਦਰਵਾਜ਼ੇ ਅਕਸਰ ਬੰਦ ਰਹਿੰਦੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਆਗੂ ਲੋਕਾਂ ਦੀ ਪਹੁੰਚ ਤੋਂ ਬਾਹਰ ਰਹੇ, ਜਿਸ ਕਾਰਨ ਲੋਕਾਂ ਨੇ ਵੀ ਇਨ੍ਹਾਂ ਨੂੰ ਸੱਤਾ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਉਨ੍ਹਾਂ ਸਿਆਸੀ ਪਾਰਟੀਆਂ ਨੂੰ ਬੁਰੀ ਤਰ੍ਹਾਂ ਨਾਕਾਰ ਦਿੱਤਾ ਜੋ ਹਰ ਪੰਜ ਸਾਲਾਂ ਬਾਅਦ ਉਨ੍ਹਾਂ ਨੂੰ ਲੁੱਟਣ ਲਈ ‘ਉੱਤਰ ਕਾਟੋ, ਮੈਂ ਚੜ੍ਹਾਂ’ ਵਾਂਗ ਆਪਸ ਵਿੱਚ ਮਿਲੀਭੁਗਤ ਕਰਕੇ ਸੱਤਾ ਹਥਿਆਉਂਦੀਆਂ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਲੰਬੇ ਸਮੇਂ ਤੋਂ ਲੋਕਾਂ ਨੂੰ ਮੂਰਖ ਬਣਾਇਆ ਹੈ ਪਰ ਹੁਣ ਲੋਕ ਉਨ੍ਹਾਂ ਦੇ ਕੂੜ ਪ੍ਰਚਾਰ ਵਿੱਚ ਨਹੀਂ ਆਉਂਦੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਹੰਕਾਰੀ ਸਿਆਸਤਦਾਨਾਂ ਨੇ ਹਮੇਸ਼ਾ ਸੂਬੇ ਦੇ ਲੋਕਾਂ ਨੂੰ ਹਲਕੇ ਵਿੱਚ ਲਿਆ ਹੈ ਜਿਸ ਕਾਰਨ ਉਨ੍ਹਾਂ ਨੂੰ ਲੋਕਾਂ ਨੇ ਅੰਤ ਵਿੱਚ ਬਾਹਰ ਦਾ ਰਸਤਾ ਦਿਖਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕਾਨਵੈਂਟ ਸਕੂਲਾਂ ਦੇ ਪੜ੍ਹੇ-ਲਿਖੇ ਆਗੂਆਂ ਨੇ ਕਦੇ ਵੀ ਸੂਬੇ ਵਿੱਚ ਸਿੱਖਿਆ ਦੇ ਪੱਧਰ ਨੂੰ ਸੁਧਾਰਨ ਲਈ ਕੋਈ ਕਦਮ ਨਹੀਂ ਚੁੱਕਿਆ। ਉਨ੍ਹਾਂ ਕਿਹਾ ਕਿ ਇਸ ਦਾ ਇੱਕੋ-ਇੱਕ ਕਾਰਨ ਇਹ ਸੀ ਕਿ ਉਨ੍ਹਾਂ ਦੇ ਆਪਣੇ ਬੱਚੇ ਪਹਾੜਾਂ ਦੇ ਵੱਡੇ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ ਸਨ ਜਦੋਂ ਕਿ ਸਰਕਾਰੀ ਸਕੂਲਾਂ ਵਿੱਚ ਸਿਰਫ਼ ਸਧਾਰਨ ਪਰਿਵਾਰਾਂ ਦੇ ਬੱਚੇ ਹੀ ਪੜ੍ਹਦੇ ਸਨ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਹ ਯਕੀਨੀ ਬਣਾਉਣ ’ਤੇ ਧਿਆਨ ਕੇਂਦਰਿਤ ਕਰ ਰਹੀ ਹੈ ਕਿ ਆਮ ਘਰਾਂ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦੇ ਜੀਵਨ ਨੂੰ ਬਦਲਿਆ ਜਾ ਸਕੇ।

## ਫ਼ਸਲੀ ਵਿਭਿੰਨਤਾ ਨੂੰ ਵੱਡਾ ਹੁਲਾਰਾ ਦੇਵੇਗਾ 9.50 ਕਰੋੜ ਰੁਪਏ ਦੀ ਲਾਗਤ ਵਾਲਾ ਚਿੱਲੀ ਪ੍ਰੋਸੈਸਿੰਗ ਪਲਾਂਟ

# 5 ਟਨ ਪ੍ਰਤੀ ਘੰਟੇ ਦੀ ਸਮਰੱਥਾ ਵਾਲਾ ਪਲਾਂਟ ਅਬੋਹਰ ਵਿੱਚ ਸਤੰਬਰ 2025 ਤੱਕ ਹੋਵੇਗਾ ਕਾਰਜਸ਼ੀਲ: ਗੁਰਮੀਤ ਸਿੰਘ ਖੁੱਡੀਆਂ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵਿੱਚ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਯਤਨਾਂ ਤਹਿਤ ਪੰਜਾਬ ਸਰਕਾਰ ਵੱਲੋਂ ਸਤੰਬਰ 2025 ਤੱਕ ਅਬੋਹਰ ਵਿੱਚ 9.50 ਕਰੋੜ ਰੁਪਏ ਦੀ ਲਾਗਤ ਵਾਲਾ ਚਿੱਲੀ ਪ੍ਰੋਸੈਸਿੰਗ ਪਲਾਂਟ ਤਿਆਰ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ (ਪੈਗਰੈਕਸੋ) ਵੱਲੋਂ ਪ੍ਰਤੀ ਘੰਟਾ ਪੰਜ ਟਨ ਸਮਰੱਥਾ ਵਾਲਾ ਇਹ ਚਿੱਲੀ ਪ੍ਰੋਸੈਸਿੰਗ ਪਲਾਂਟ ਇੱਕ ਏਕੜ ਜ਼ਮੀਨ ’ਤੇ ਸਥਾਪਿਤ ਕੀਤਾ ਜਾ ਰਿਹਾ ਹੈ। ਇਸ ਨਾਲ ਸੂਬੇ ਦੇ ਖੇਤੀਬਾੜੀ ਖੇਤਰ ਨੂੰ ਵੱਡਾ ਹੁਲਾਰਾ ਮਿਲੇਗਾ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਕਿਸਾਨਾਂ ਨੂੰ ਪ੍ਰੋਸੈਸਿੰਗ ਲਈ ਢੁਕਵੀਆਂ ਵਧ-ਉਪਜ ਵਾਲੀਆਂ ਮਿਰਚ ਦੀਆਂ ਕਿਸਮਾਂ ਉਗਾਉਣ ਲਈ ਉਤਸ਼ਾਹਿਤ ਕਰਨ ਸਦਕਾ ਮਿਰਚ ਦੀ ਕਾਸ਼ਤ ਹੇਠ ਰਕਬਾ ਹਰ ਸਾਲ ਵਧ ਰਿਹਾ ਹੈ। ਸਾਲ 2024 ਤੱਕ, ਪੰਜਾਬ ਵਿੱਚ ਮਿਰਚ ਦੀ ਕਾਸ਼ਤ ਹੇਠ ਰਕਬਾ 10,614 ਹੈਕਟੇਅਰ ਸੀ, ਜੋ ਹਾਲ ਹੀ ਦੇ ਸਾਲਾਂ ਵਿੱਚ ਸਭ ਤੋਂ ਵੱਧ ਰਿਕਾਰਡ ਕੀਤਾ ਗਿਆ ਖੇਤਰ ਹੈ, ਜਿਸ ਵਿੱਚੋਂ 21,416 ਮੀਟ੍ਰਿਕ ਟਨ ਪੈਦਾਵਾਰ



ਹੋਈ। ਮਿਰਚਾਂ ਦੇ ਉਤਪਾਦਨ ਵਿੱਚ ਫਿਰੋਜ਼ਪੁਰ ਜ਼ਿਲ੍ਹਾ ਮੋਹਰੀ ਰਿਹਾ, ਇਸ ਤੋਂ ਬਾਅਦ ਪਟਿਆਲਾ, ਮਲੇਰਕੋਟਲਾ, ਸੰਗਰੂਰ, ਜਲੰਧਰ, ਤਰਨ ਤਾਰਨ, ਅੰਮ੍ਰਿਤਸਰ, ਐਸ.ਬੀ.ਐਸ. ਨਗਰ ਅਤੇ ਹੁਸ਼ਿਆਰਪੁਰ ਹਨ। ਫਿਰੋਜ਼ਪੁਰ ਦਾ ਔਸਤਨ ਝਾੜ ਪ੍ਰਤੀ ਹੈਕਟੇਅਰ ਲਗਭਗ 19 ਮੀਟ੍ਰਿਕ ਟਨ ਰਿਹਾ, ਜੋ ਖੇਤਰ ਵਿੱਚ ਅਪਣਾਏ ਜਾ ਰਹੇ ਕੁਸ਼ਲ ਖੇਤੀ ਅਭਿਆਸਾਂ ਅਤੇ ਕਿਸਾਨਾਂ ਦੀ ਰੌਸ਼ਨ-ਦਿਮਾਗੀ ਨੂੰ ਦਰਸਾਉਂਦਾ ਹੈ।

ਫੂਡ ਪ੍ਰੋਸੈਸਿੰਗ ਮੰਤਰੀ ਨੇ ਕਿਹਾ ਕਿ ਪੈਗਰੈਕਸੋ ਵੱਲੋਂ ਸਥਾਪਤ ਮਾਰਕੀਟਿੰਗ ਨੈੱਟਵਰਕ ਦੀ ਮਦਦ ਨਾਲ ਸਿੱਧੀ ਕਿਸਾਨਾਂ ਅਤੇ ਐਗਰੀਗੇਟਰਾਂ ਤੋਂ ਮਿਰਚਾਂ ਖ਼ਰੀਦੀਆਂ ਜਾਂਦੀਆਂ ਹਨ। ਇਹ ਕਾਰਪੋਰੇਸ਼ਨ ਪੰਜਾਬ ਦੀ ਲਾਲ ਮਿਰਚ ਦੇ ਪੇਸਟ ਨੂੰ ਵੱਡੇ ਪੱਧਰ ’ਤੇ ਨਿਰਯਾਤ ਕਰਦੀ ਹੈ। ਪੰਜਾਬ ਦੀਆਂ ਮਿਰਚਾਂ ਦੀ ਉੱਚ ਗੁਣਵੱਤਾ ਅਤੇ ਤਿੱਖੇ ਸਵਾਦ ਕਾਰਨ ਸਾਲ ਦਰ ਸਾਲ ਇਸ ਦੀ ਮੰਗ ਵਿੱਚ ਵਾਧਾ ਹੋ ਰਿਹਾ ਹੈ, ਜਿਸ ਨਾਲ ਕਿਸਾਨਾਂ ਨੂੰ ਪ੍ਰੋਸੈਸਿੰਗ ਲਈ ਲਾਲ ਮਿਰਚਾਂ ਦੀ ਕਾਸ਼ਤਕਾਰੀ ਕਰਨ ਵੱਲ ਹੋਰ ਉਤਸ਼ਾਹ ਮਿਲਿਆ ਹੈ।

ਮਿਰਚਾਂ ਦੀ ਕਾਸ਼ਤ ਪੰਜਾਬ ਦੀ ਖੇਤੀਬਾੜੀ ਵਿਭਿੰਨਤਾ ਦੇ ਇੱਕ ਮਹੱਤਵਪੂਰਨ ਹਿੱਸੇ ਵਜੋਂ ਉੱਭਰੀ ਹੈ, ਜਿਸ ਨਾਲ ਕਿਸਾਨਾਂ ਨੂੰ ਕਣਕ ਅਤੇ ਝੋਨੇ ਵਰਗੀਆਂ ਰਵਾਇਤੀ ਫਸਲਾਂ ਦੀ ਥਾਂ ਇੱਕ ਲਾਹੇਵੰਦ ਵਿਕਲਪ ਮਿਲਿਆ ਹੈ। ਉਨ੍ਹਾਂ ਕਿਹਾ ਕਿ ਰਾਜ ਦੀਆਂ ਅਨੁਕੂਲ ਖੇਤੀ-ਜਲਵਾਯੂ ਸਥਿਤੀਆਂ ਨੇ ਰਣਨੀਤਕ ਤੌਰ ’ਤੇ ਪੰਜਾਬ ਨੂੰ ਮਿਰਚਾਂ ਦੇ ਉਤਪਾਦਨ ਅਤੇ ਪ੍ਰੋਸੈਸਿੰਗ ਵਿੱਚ ਇੱਕ ਪ੍ਰਮੁੱਖ ਕਾਸ਼ਤਕਾਰ ਵਜੋਂ ਉਭਾਰਿਆ ਹੈ।

ਸ. ਖੁੱਡੀਆਂ ਨੇ ਕਿਹਾ ਕਿ ਪੰਜਾਬ ਹੁਣ ਮੱਧ ਪੂਰਬੀ ਅਤੇ ਅਫਰੀਕੀ ਕੈਰੇਬੀਅਨ ਦੇਸ਼ਾਂ ਸਮੇਤ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਵੀ ਲਾਲ ਮਿਰਚਾਂ ਦੇ ਪੇਸਟ ਦਾ ਵੱਡੇ ਪੱਧਰ ’ਤੇ ਨਿਰਯਾਤ ਕਰ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਪੈਗਰੈਕਸਕੋ ਦਾ ਟੀਚਾ ਹੈ ਕਿ ਪੰਜਾਬ ਦੀ ਲਾਲ ਮਿਰਚ ਦਾ ਪੇਸਟ ਆਲਮੀ ਪੱਧਰ ’ਤੇ ਨਿਰਯਾਤ ਕੀਤਾ ਜਾਵੇ। ਕਾਰਪੋਰੇਸ਼ਨ ਦੀ ਮਾਰਕੀਟਿੰਗ ਟੀਮ ਵਧਦੀ ਮੰਗ ਨੂੰ ਪੂਰਾ ਕਰਨ ਅਤੇ ਦੁਨੀਆ ਭਰ ਵਿੱਚ ਉਤਪਾਦ ਨੂੰ ਉਤਸ਼ਾਹਿਤ ਕਰਨ ਲਈ ਪ੍ਰਦਰਸ਼ਨੀਆਂ ਅਤੇ ਮੇਲਿਆਂ ਵਿੱਚ ਪੰਜਾਬ ਦੀਆਂ ਤਿੱਖੇ ਸਵਾਦ ਵਾਲੀਆਂ ਮਿਰਚਾਂ ਨੂੰ ਸਰਗਰਮੀ ਨਾਲ ਪ੍ਰਦਰਸ਼ਿਤ ਕਰ ਰਹੀ ਹੈ।

# ਸੂਬੇ ‘ਚ ਨਸ਼ੇ ਖਿਲਾਫ਼ ਲੋਕ ਲਹਿਰ ਬਣਨੀ ਹੋਈ ਸ਼ੁਰੂ : ਰਾਜਪਾਲ ਗੁਲਾਬ ਚੰਦ ਕਟਾਰੀਆ

## ➢ ਰੋਜ਼ਗਾਰ ਦੇ ਬਿਹਤਰ ਮੌਕੇ ਹੀ ਨਸ਼ਿਆਂ ‘ਤੇ ਲਗਾ ਸਕਦੇ ਹਨ ਰੋਕ ➢ ਬੱਚਿਆਂ ਨੂੰ ਸਹੀ ਰਸਤਾ ਦਿਖਾਉਣ ‘ਚ ਮਾਪਿਆਂ ਤੇ ਅਧਿਆਪਕਾਂ ਦੀ ਜ਼ਿੰਮੇਵਾਰੀ ਸਭ ਤੋਂ ਅਹਿਮ ➢ ਨਸ਼ਿਆਂ ਦੇ ਖ਼ਾਤਮੇ ਲਈ ਪੰਜਾਬ ਸਰਕਾਰ ਦੇ ਯਤਨਾਂ ਦੀ ਕੀਤੀ ਸ਼ਲਾਘਾ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਡੀ.ਏ.ਵੀ ਕਾਲਜ ਆਫ਼ ਐਜੂਕੇਸ਼ਨ ਵਿਖੇ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਪੰਜਾਬ ਵਿਚ ਨਸ਼ਿਆਂ ਵਿਰੁੱਧ ਜਨਤਕ ਜਾਗਰੂਕਤਾ ਵੱਧ ਰਹੀ ਹੈ ਅਤੇ ਇਹ ਹੁਣ ਇਕ ਲੋਕ ਲਹਿਰ ਦਾ ਰੂਪ ਧਾਰਨ ਕਰਨ ਲੱਗ ਪਈ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਚੁੱਕੇ ਗਏ ਠੋਸ ਕਦਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਵਿਚ ਸਕਾਰਾਤਮਕ ਬਦਲਾਅ ਦਿਖਾਈ ਦੇ ਰਿਹਾ ਹੈ ਅਤੇ ਲੋਕ ਹੁਣ ਨਸ਼ਿਆਂ ਵਿਰੁੱਧ ਇਕਜੁੱਟ ਹੋ ਰਹੇ ਹਨ।




ਰਾਜਪਾਲ ਨੇ ਸਪੱਸ਼ਟ ਕੀਤਾ ਕਿ ਨਸ਼ਿਆਂ ਦੀ ਸਮੱਸਿਆ ਨੂੰ ਸਿਰਫ਼ ਸਰਕਾਰੀ ਯਤਨਾਂ ਨਾਲ ਖ਼ਤਮ ਨਹੀਂ ਕੀਤਾ ਜਾ ਸਕਦਾ, ਇਸ ਲਈ ਸਮਾਜ ਦੇ ਹਰ ਵਰਗ, ਮਾਪਿਆਂ, ਅਧਿਆਪਕਾਂ, ਨੌਜਵਾਨਾਂ, ਆਮ ਲੋਕਾਂ ਅਤੇ ਪ੍ਰਸ਼ਾਸਨ ਨੂੰ ਮਿਲ ਕੇ ਸਰਗਰਮ ਭੂਮਿਕਾ ਨਿਭਾਉਣੀ ਪਵੇਗੀ। ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਅਤੇ ਖਾਲੀਪਣ ਨਸ਼ੇ ਦੀ ਲਤ ਦੇ ਮੂਲ ਕਾਰਨ ਹਨ। ਜੇਕਰ ਨੌਜਵਾਨਾਂ ਨੂੰ ਰੁਜ਼ਗਾਰ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਜੋੜਿਆ ਜਾਵੇ ਤਾਂ ਉਹ ਇਸ ਬੁਰਾਈ ਤੋਂ ਬਚ ਸਕਦੇ ਹਨ। ਉਨ੍ਹਾਂ ਸੁਝਾਅ ਦਿੱਤਾ ਕਿ ਵਿੱਦਿਅਕ ਸੰਸਥਾਵਾਂ ਆਪਣੀ ਭੂਮਿਕਾ ਨਿਭਾਉਣ, ਟੀਮਾਂ ਬਣਾਉਣ ਅਤੇ ਵਿਦਿਆਰਥੀਆਂ ਨੂੰ ਪਿੰਡਾਂ ਵਿਚ ਭੇਜਣ ਤਾਂ ਜੋ ਉਹ ਜ਼ਮੀਨੀ ਹਕੀਕਤ ਨੂੰ ਜਾਣ ਸਕਣ। ਇਸ ਰਾਹੀਂ ਨਸ਼ੇ ਦੀ ਲਤ ਨੂੰ 50 ਫੀਸਦੀ ਤੱਕ ਘਟਾਉਣਾ ਸੰਭਵ ਹੈ।

ਰਾਜਪਾਲ ਨੇ ਮਾਵਾਂ ਨੂੰ ਬੱਚਿਆਂ ਦੇ ਜੀਵਨ ਵਿਚ ਸਭ ਤੋਂ ਪ੍ਰਭਾਵਸ਼ਾਲੀ ਵਿਅਕਤੀ ਦੱਸਦਿਆਂ ਕਿਹਾ ਕਿ ਇਕ ਮਾਂ ਦੀ ਭੂਮਿਕਾ ਉਨ੍ਹਾਂ ਨੂੰ ਬੁਰੀ ਸੰਗਤ ਅਤੇ ਨਸ਼ੇ ਤੋਂ ਬਚਾਉਣ ਵਿਚ ਸਭ ਤੋਂ ਮਹੱਤਵਪੂਰਨ ਹੁੰਦੀ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਖੇਤੀ, ਕਾਰੋਬਾਰ ਅਤੇ ਖੇਡਾਂ ਵਰਗੀਆਂ ਸਕਾਰਾਤਮਕ ਗਤੀਵਿਧੀਆਂ ਵਿਚ ਸ਼ਾਮਲ ਕਰਨ ਅਤੇ ਉਨ੍ਹਾਂ ਵਿਚ ਸਖ਼ਤ ਮਿਹਨਤ ਦੀ ਆਦਤ ਪਾਉਣ।

ਇਸ ਤੋਂ ਪਹਿਲਾਂ, ਪਿੰਡ/ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ, ਰਾਜਪਾਲ ਨੇ ਕਿਹਾ ਕਿ ਇਨ੍ਹਾਂ ਕਮੇਟੀਆਂ ਦੀ ਭੂਮਿਕਾ ਨਸ਼ਾ ਵਿਰੋਧੀ ਮੁਹਿੰਮ ਵਿਚ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਨ੍ਹਾਂ ਕਮੇਟੀਆਂ ਨੂੰ ਹੋਰ ਸ਼ਕਤੀਸ਼ਾਲੀ ਬਣਾਇਆ ਜਾਵੇ, ਤਾਂ ਜੋ ਇਹ ਨਸ਼ਾ ਤਸਕਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਰੋਕਣ ਵਿਚ ਫੈਸਲਾਕੁੰਨ ਭੂਮਿਕਾ ਨਿਭਾਅ ਸਕਣ।

ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਪੰਜਾਬ ਵੀਰਾਂ, ਸੰਤਾਂ ਅਤੇ ਸ਼ਹੀਦਾਂ ਦੀ ਧਰਤੀ ਹੈ, ਜਿਸ ਨੇ ਆਜ਼ਾਦੀ ਸੰਗਰਾਮ, ਦੇਸ਼ ਦੀ ਰੱਖਿਆ ਅਤੇ ਅਨਾਜ ਉਤਪਾਦਨ ਵਿਚ ਮੋਹਰੀ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਇਸ ਦੀ ਪੁਰਾਣੀ ਸ਼ਾਨ ਅਤੇ ਲੀਡਰਸ਼ਿਪ ਭੂਮਿਕਾ ਨੂੰ ਬਹਾਲ ਕਰਨ ਲਈ ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਇਕ ਫੈਸਲਾਕੁੰਨ ਲੜਾਈ ਲੜਨੀ ਪਵੇਗੀ।

ਰਾਜਪਾਲ ਨੇ ਦੁਹਰਾਇਆ ਕਿ ਨਸ਼ਿਆਂ ਵਿਰੁੱਧ ਇਹ ਜੰਗ ਸਿਰਫ਼ ਉਦੋਂ ਹੀ ਸਫਲ ਹੋ ਸਕਦੀ ਹੈ ਜਦੋਂ ਪ੍ਰਸ਼ਾਸਨ, ਸਮਾਜ, ਮਾਪੇ, ਨੌਜਵਾਨ ਅਤੇ ਹਰੇਕ ਨਾਗਰਿਕ ਇਕੱਠਾ ਹੋਵੇ। ਉਨ੍ਹਾਂ ਕਿਹਾ ਕਿ ਜੋ ਵੀ ਕੰਮ ਮਿਲਦਾ ਹੈ, ਉਸਨੂੰ ਸਮਰਪਣ ਭਾਵਨਾ ਨਾਲ ਕਰੋ। ਇਕ ਆਦਮੀ ਦਾ ਸਤਿਕਾਰ ਉਸ ਦੇ ਗੁਣਾਂ ਨਾਲ ਹੁੰਦਾ ਹੈ, ਪੈਸੇ ਨਾਲ ਨਹੀਂ।

ਇਸ ਦੌਰਾਨ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਵਿਚ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਬਾਰੇ ਰਾਜਪਾਲ ਪੰਜਾਬ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਨਸ਼ਾ ਛੁਡਾਊ ਕੇਂਦਰਾਂ ਵਿਚ ਬਿਸਤਰਿਆਂ ਦੀ ਗਿਣਤੀ 100 ਤੋਂ ਵਧਾ ਕੇ 460 ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ ਨਿੱਜੀ ਨਸ਼ਾ ਛੁਡਾਊ ਕੇਂਦਰਾਂ ਵਿਚ ਬਿਸਤਰਿਆਂ ਦੀ ਸਮਰੱਥਾ 70 ਤੋਂ ਵਧਾ ਕੇ 222 ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਟਾਂਡਾ, ਮੁਕੇਰੀਆਂ ਅਤੇ ਗੜ੍ਹਸ਼ੰਕਰ ਵਿਚ ਤਿੰਨ ਨਵੇਂ ਮਨੋਵਿਗਿਆਨੀ ਨਿਯੁਕਤ ਕੀਤੇ ਗਏ ਹਨ।

ਇਸ ਤੋਂ ਇਲਾਵਾ ਜ਼ਿਲ੍ਹੇ ਵਿਚ ਤਿੰਨ ਨਵੇਂ ਓਟ ਸੈਂਟਰ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਹੌਟ ਸਪਾਟ ਖੇਤਰਾਂ ਵਿਚ ਅਸੀਂ ਲੋਕਾਂ ਨੂੰ ਜਾਗਰੂਕ ਕਰਨ ਲਈ ਘਰ-ਘਰ ਟੀਮਾਂ ਭੇਜ ਰਹੇ ਹਾਂ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਨਸ਼ਿਆਂ ਵਿਰੁੱਧ ਮੁਹਿੰਮ ਵਿਚ ਵੀ ਆਪਣੀ ਭੂਮਿਕਾ ਵਧੀਆ ਢੰਗ ਨਾਲ ਨਿਭਾਅ ਰਹੀ ਹੈ। ਜਿਥੇ ਪੁਲਿਸ ਵੱਡੇ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰ ਰਹੀ ਹੈ, ਉੱਥੇ ਉਨ੍ਹਾਂ ਦੀਆਂ ਜਾਇਦਾਦਾਂ ਵੀ ਜ਼ਬਤ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਪੰਜਾਬ ਦੇ ਰਾਜਪਾਲ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਹੁਸ਼ਿਆਰਪੁਰ ਜ਼ਿਲ੍ਹਾ 100 ਫੀਸਦੀ ਨਸ਼ਾ ਮੁਕਤ ਹੋ ਜਾਵੇਗਾ।

ਇਸ ਮੌਕੇ ਰਾਜਪਾਲ ਪੰਜਾਬ ਦੇ ਸਕੱਤਰ ਵਿਵੇਕ ਪ੍ਰਤਾਪ ਸਿੰਘ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸ.ਐਸ.ਪੀ ਸੰਦੀਪ ਕੁਮਾਰ ਮਲਿਕ, ਏ.ਡੀ.ਸੀ (ਜਨਰਲ) ਅਮਰਬੀਰ ਕੌਰ ਭੁੱਲਰ, ਐਸਡੀਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਡੀ.ਏ.ਵੀ ਕਾਲਜ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ. ਅਨੂਪ ਕੁਮਾਰ, ਪ੍ਰਿੰਸੀਪਲ ਵਿਧੀ ਭੱਲਾ ਤੇ ਹੋਰ ਸ਼ਖਸੀਅਤਾਂ ਮੌਜੂਦ ਸਨ।

# ਪੰਜਾਬੀ ਯੂਨੀਵਰਸਿਟੀ ਦੀ ਤਾਜ਼ਾ ਖੋਜ; ਪੁਰਾਣੇ ਦਸਤਾਵੇਜ਼ਾਂ ਵਿੱਚ ਵਰਤੀ ਸਿਆਹੀ ਤੋਂ ਲੱਗ ਸਕੇਗਾ ਲਿਖਤ ਦੇ ਸਮੇਂ ਬਾਰੇ ਅੰਦਾਜ਼ਾ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਵੱਲੋਂ ਇੱਕ ਤਾਜ਼ਾ ਖੋਜ ਰਾਹੀਂ ਈਜਾਦ ਕੀਤੇ ਗਏ ਵਿਗਿਆਨਕ ਤਰੀਕਿਆਂ ਅਤੇ ਪ੍ਰਮਾਣਿਤ ਤਕਨੀਕ ਰਾਹੀਂ ਹੁਣ ਪੁਰਾਣੇ ਦਸਤਾਵੇਜ਼ਾਂ ਦੀਆਂ ਲਿਖਤਾਂ ਵਿੱਚ ਵਰਤੀ ਗਈ ਸਿਆਹੀ ਦੇ ਅਧਾਰ ’ਤੇ ਉਨ੍ਹਾਂ ਦੇ ਲਿਖੇ ਜਾਣ ਦੇ ਸਮੇਂ ਜਾਂ ਉਮਰ ਬਾਰੇ ਸਹੀ ਪਤਾ ਲਗਾਇਆ ਜਾਣਾ ਸੰਭਵ ਹੈ। ਯੂਨੀਵਰਸਿਟੀ ਦੇ ਫ਼ੋਰੈਂਸਿਕ ਵਿਗਿਆਨ ਵਿਭਾਗ ਵਿਖੇ ਪ੍ਰੋ. ਕੋਮਲ ਸੈਣੀ ਦੀ ਨਿਗਰਾਨੀ ਵਿੱਚ ਖੋਜਾਰਥੀ ਵਿਨਾਇਕ ਗੁਪਤਾ ਵੱਲੋਂ ਕੀਤੀ ਗਈ ਇਸ ਖੋਜ ਰਾਹੀਂ ਜੈੱਲ ਪੈੱਨ ਸਿਆਹੀ ਨੂੰ ਇਸ ਵਿੱਚ ਮੌਜੂਦ ਵਿਲੱਖਣ ਰਸਾਇਣਕ ਤੱਤਾਂ ਦੇ ਅਧਾਰ ’ਤੇ ਵੱਖ-ਵੱਖ ਤੌਰ ਉੱਤੇ ਪਛਾਣੇ ਜਾਣ ਅਤੇ ਵੱਖ-ਵੱਖ ਲਿਖ਼ਤਾਂ ਵਿੱਚ ਫ਼ਰਕ ਸਥਾਪਤ ਕਰਨ ਦੀ ਤਕਨੀਕ ਵਿਕਸਤ ਕੀਤੀ ਗਈ ਹੈ।

ਪ੍ਰੋ. ਕੋਮਲ ਸੈਣੀ ਨੇ ਦੱਸਿਆ ਕਿ ਵਸੀਅਤ, ਇਕਰਾਰਨਾਮੇ, ਸਮਝੌਤੇ, ਪੱਤਰ ਆਦਿ ਦਸਤਾਵੇਜ਼, ਜੋ ਕਿ ਬਹੁਤ ਸਾਰੀਆਂ ਕਾਨੂੰਨੀ ਕਾਰਵਾਈਆਂ ਦੀ ਰੀੜ੍ਹ ਦੀ ਹੱਡੀ ਬਣਦੇ ਹਨ, ਅਕਸਰ ਆਪਣੀ ਪ੍ਰਮਾਣਿਕਤਾ, ਮੌਲਿਕਤਾ ਅਤੇ ਲਿਖ਼ਤ ਸ਼ੈਲੀ ਆਦਿ ਪੱਖਾਂ ਤੋਂ ਇਸ ਸਬੰਧੀ ਜਾਂਚ ਅਧੀਨ ਆਉਂਦੇ ਹਨ। ਅਜਿਹੇ ਦਸਤਾਵੇਜ਼ਾਂ ਵਿੱਚ ਵਰਤੀ ਗਈ ਸਿਆਹੀ ਦੇ ਸਮੇਂ ਨੂੰ ਸਥਾਪਤ ਕਰਨ, ਉਨ੍ਹਾਂ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਅਤੇ ਧੋਖਾਧੜੀ ਨੂੰ ਰੋਕਣ ਦੇ ਪੱਖ ਤੋਂ ਇਹ ਵਿਧੀ ਅਹਿਮ ਹੋ ਸਕਦੀ ਹੈ। ਉਨ੍ਹਾਂ ਦੱਸਿਆ ਕਿ ਜਾਂਚ ਏਜੰਸੀਆਂ ਅਤੇ ਨਿਆਂਇਕ ਅਧਿਕਾਰੀਆਂ ਨੂੰ ਫ਼ੈਸਲੇ ਲੈਣ ਵਿੱਚ ਸਹਾਇਤਾ ਕਰ ਸਕਣ ਦੀ ਸਮਰਥਾ ਵਾਲ਼ੀ ਇਸ ਖੋਜ ਦੀ ਫ਼ੋਰੈਂਸਿਕ ਵਿਗਿਆਨ ਅਤੇ ਕਾਨੂੰਨ ਖੇਤਰ ਦੇ ਮਾਹਿਰਾਂ ਵੱਲੋਂ ਸ਼ਲਾਘਾ ਕੀਤੀ ਗਈ ਹੈ। ਇਸ ਅਧਿਐਨ ਦੇ ਨਤੀਜੇ ਕੌਮਾਂਤਰੀ ਵਿਗਿਆਨਕ ਰਸਾਲਿਆਂ ਵਿੱਚ ਛਪ ਹੋ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਸ ਅਧਿਐਨ ਤਹਿਤ ਜੈੱਲ ਪੈੱਨ ਸਿਆਹੀ ਦੀ ਰਸਾਇਣਕ ਰਚਨਾ ਦੀ ਜਾਂਚ ਕਰਨ ਲਈ ਵੱਖ-ਵੱਖ ਵਿਸ਼ਲੇਸ਼ਣਾਤਮਕ ਤਕਨੀਕਾਂ ਵਰਤੀਆਂ ਗਈਆਂ ਜਿਨ੍ਹਾਂ ਵਿੱਚ ਖਾਸ ਤੌਰ ’ਤੇ ਗੈਸ ਕ੍ਰੋਮੈਟੋਗ੍ਰਾਫੀ-ਮਾਸ ਸਪੈਕਟ੍ਰੋਮੈਟਰੀ ਦੀ ਵਰਤੋਂ ਕੀਤੀ ਗਈ।

ਖੋਜਾਰਥੀ ਡਾ. ਵਿਨਾਇਕ ਗੁਪਤਾ ਨੇ ਦੱਸਿਆ ਕਿ ਨਤੀਜਿਆਂ ਦੀ ਪ੍ਰਮਾਣਿਕਤਾ ਅਤੇ ਭਰੋਸੇਯੋਗਤਾ ਨੂੰ ਵੱਡੇ ਪੱਧਰ ਉੱਤੇ ਅੰਕੜਿਆਂ ਦੇ ਵਿਸ਼ਲੇਸ਼ਣਾਂ ਨਾਲ਼ ਪਰਖਿਆ ਗਿਆ ਜਿਸ ਵਿੱਚੋਂ ਅਹਿਮ ਨਤੀਜੇ ਸਾਹਮਣੇ ਆਏ। ਵਿਸ਼ਲੇਸ਼ਣ ਇਹ ਯਕੀਨੀ ਬਣਾਉਂਦਾ ਹੈ ਕਿ ਇਸ ਵਿਧੀ ਨੂੰ ਫ਼ੋਰੈਂਸਿਕ ਮਾਹਰਾਂ ਵੱਲੋਂ ਆਪਣੀ ਜਾਂਚ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ਼ ਲਾਗੂ ਕੀਤਾ ਜਾ ਸਕਦਾ ਹੈ। ਦਸਤਾਵੇਜ਼ਾਂ ਦੀ ਜ਼ਾਅਲਸਾਜ਼ੀ, ਛੇੜਛਾੜ ਅਤੇ ਕਾਨੂੰਨੀ ਤੌਰ ’ਤੇ ਮਹੱਤਵਪੂਰਨ ਦਸਤਾਵੇਜ਼ਾਂ ਵਿੱਚ ਤਬਦੀਲੀ ਕੀਤੇ ਜਾਣ ਨਾਲ਼ ਸਬੰਧਤ ਮਾਮਲਿਆਂ ਨੂੰ ਹੱਲ ਕਰਨ ਵਿੱਚ ਸਹਾਇਤਾ ਮਿਲੇਗੀ।

ਉਨ੍ਹਾਂ ਕਿਹਾ ਕਿ ਫ਼ੋਰੈਂਸਿਕ ਦਸਤਾਵੇਜ਼ ਜਾਂਚਕਰਤਾ ਅਕਸਰ ਅਜਿਹੇ ਮੁੱਦਿਆਂ ਨਾਲ਼ ਨਜਿੱਠਦੇ ਹਨ ਜਿੱਥੇ ਕਾਨੂੰਨੀ ਪ੍ਰਣਾਲੀ ਲਈ ਗੰਭੀਰ ਚੁਣੌਤੀਆਂ ਦਰਪੇਸ਼ ਹੁੰਦੀਆਂ ਹਨ। ਫ਼ੋਰੈਂਸਿਕ ਜਾਂਚਾਂ ਦੇ ਸੰਦਰਭ ਵਿੱਚ ਇਸ ਖੋਜ ਦੀ ਅਹਿਮ ਮਹੱਤਤਾ ਹੈ।

## ਗਾਜ਼ਾ ’ਚ ਰਾਹਤ ਸਮੱਗਰੀ ਵੰਡਣ ਵੇਲੇ ਗੋਲੀਬਾਰੀ, ਪੰਜ ਮੌਤਾਂ



**ਦੀਰ ਅਲ-ਬਲਾਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਗਾਜ਼ਾ ਪੱਟੀ ’ਚ ਇਜ਼ਰਾਈਲ ਅਤੇ ਅਮਰੀਕਾ ਪੱਖੀ ਗਰੁੱਪ ਵੱਲੋਂ ਚਲਾਏ ਜਾ ਰਹੇ ਰਾਹਤ ਸਹਾਇਤਾ ਵੰਡ ਕੇਂਦਰ ਤੋਂ ਕਰੀਬ ਇਕ ਕਿਲੋਮੀਟਰ ਦੂਰ ਇਜ਼ਰਾਇਲੀ ਗੋਲੀਬਾਰੀ ’ਚ ਪੰਜ ਵਿਅਕਤੀ ਮਾਰੇ ਗਏ ਅਤੇ ਕੁਝ ਹੋਰ ਜ਼ਖ਼ਮੀ ਹੋ ਗਏ ਹਨ। ਫਲਸਤੀਨੀ ਸਿਹਤ ਅਧਿਕਾਰੀਆਂ ਅਤੇ ਚਸ਼ਮਦੀਦਾਂ ਨੇ ਇਹ ਜਾਣਕਾਰੀ ਦਿੱਤੀ। ਇਜ਼ਰਾਇਲੀ ਫੌਜ ਨੇ ਕਿਹਾ ਕਿ ਉਸ ਨੇ ਆਪਣੇ ਜਵਾਨਾਂ ਦੇ ਨੇੜੇ ਆਉਣ ਵਾਲੇ ਲੋਕਾਂ ’ਤੇ ਚਿਤਾਵਨੀ ਵਜੋਂ ਗੋਲੀਆਂ ਚਲਾਈਆਂ ਸਨ। ਗਾਜ਼ਾ ਦੇ ਦੱਖਣੀ ਸ਼ਹਿਰ ਖ਼ਾਨ ਯੂਨਿਸ ਦੇ ਨਾਸਿਰ ਹਸਪਤਾਲ ’ਚ ਚਾਰ ਲਾਸ਼ਾਂ ਲਿਆਂਦੀਆਂ ਗਈਆਂ। ਉਥੇ ਮੌਜੂਦ ਫਲਸਤੀਨੀ ਚਸ਼ਮਦੀਦਾਂ ਨੇ ਦੱਸਿਆ ਕਿ ਇਜ਼ਰਾਇਲੀ ਫੌਜ ਨੇ ਉਨ੍ਹਾਂ ’ਤੇ ਗੋਲੀਬਾਰੀ ਕੀਤੀ ਸੀ ਜੋ ਰਾਫ਼ਾਹ ’ਚ ਗਾਜ਼ਾ ਮਾਨਵੀ ਫਾਊਂਡੇਸ਼ਨ ਵੱਲੋਂ ਚਲਾਏ ਜਾ ਰਹੇ ਰਾਹਤ ਸਹਾਇਤਾ ਕੇਂਦਰ ਤੋਂ ਕਰੀਬ ਇਕ ਕਿਲੋਮੀਟਰ ਦੂਰ ਹੈ। ਇਜ਼ਰਾਇਲੀ ਫੌਜ ਨੇ ਕਿਹਾ ਕਿ ਉਸ ਨੇ ਉਨ੍ਹਾਂ ਲੋਕਾਂ ’ਤੇ ਚਿਤਾਵਨੀ ਵਜੋਂ ਗੋਲੀਆਂ ਚਲਾਈਆਂ ਜੋ ਸ਼ੱਕੀ ਸਨ। ਉਨ੍ਹਾਂ ਕਿਹਾ ਕਿ ਲੋਕ ਜਵਾਨਾਂ ਵੱਲ ਅੱਗੇ ਵੱਧ ਰਹੇ ਸਨ ਅਤੇ ਉਨ੍ਹਾਂ ਪਿੱਛੇ ਹਟਣ ਦੀ ਚਿਤਾਵਨੀ ਨੂੰ ਨਜ਼ਰਅੰਦਾਜ਼ ਕਰ ਦਿੱਤਾ ਸੀ। ਇਸ ਦੌਰਾਨ ਅਲ-ਅਵਦਾ ਹਸਪਤਾਲ ਨੇ ਇਕ ਬਿਆਨ ’ਚ ਕਿਹਾ ਕਿ ਉਥੇ 42 ਵਰ੍ਹਿਆਂ ਦੇ ਵਿਅਕਤੀ ਦੀ ਲਾਸ਼ ਲਿਆਂਦੀ ਗਈ ਹੈ। ਇਸ ਦੇ ਨਾਲ ਹੀ 29 ਜ਼ਖ਼ਮੀਆਂ ਨੂੰ ਲਿਆਂਦਾ ਗਿਆ ਹੈ ਜੋ ਗਾਜ਼ਾ ’ਚ ਇਕ ਹੋਰ ਰਾਹਤ ਸਹਾਇਤਾ ਕੇਂਦਰ ਕੋਲ ਜ਼ਖ਼ਮੀ ਹੋਏ ਸਨ।

# ਮੁੱਖ ਮੰਤਰੀ ਦੇ ਹਲਕੇ ਦੀਆਂ ਸਮੱਸਿਆਵਾਂ ਬਰਕਰਾਰ: ਬਿੱਟੂ



**ਅਮਰਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਵੱਲੋਂ ਅਮਰਗੜ੍ਹ ਦੀ ਦਾਣਾ ਮੰਡੀ ਵਿੱਚ ਰੈਲੀ ਕਰਕੇ ਆਪਣੀ ਸਿਆਸੀ ਤਾਕਤ ਦਾ ਮੁਜ਼ਾਹਰਾ ਕੀਤਾ ਗਿਆ। ਇਸ ਰੈਲੀ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਅਮਨ ਥਾਪਰ ਨੇ ਕੀਤੀ। ਇਸ ਮੌਕੇ ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ, ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਜਨਰਲ ਸਕੱਤਰ ਪੰਜਾਬ ਅਨਿਲ ਸਰੀਨ, ਮੀਤ ਪ੍ਰਧਾਨ ਫਤਹਿ ਜੰਗ ਬਾਜਵਾ, ਸੀਨੀਅਰ ਆਗੂ ਗੇਜਾ ਰਾਮ ਵਾਲਮੀਕਿ ਆਦਿ ਆਗੂਆਂ ਨੇ ਸ਼ਿਰਕਤ ਕੀਤੀ। ਚੁੱਘ ਨੇ ਆਮ ਆਦਮੀ ਪਾਰਟੀ ਸਰਕਾਰ ’ਤੇ ਨਿਸ਼ਾਨਾ ਸੇਧਦਿਆਂ ਕਿਹਾ, ਪੰਜਾਬ ’ਚ ਕਾਨੂੰਨ ਵਿਵਸਥਾ ਦੀ ਹਾਲਤ ਡਗਮਗਾ ਹੋ ਚੁੱਕੀ ਹੈ। ਮੰਚ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਹੀਰਾ ਸਿੰਘ ਨੂੰ ਮਾਲਵੇ ਲਈ ਕੀਮਤੀ ਨਗੀਨਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੇ ਆਪਣੇ ਹਲਕੇ ਦੀਆਂ ਮੁੱਢਲੀਆਂ ਸਮੱਸਿਆਵਾਂ ਜਿਉਂ ਦੀ ਤਿਉਂ ਹਨ, ਜਿਹੜਾ ਸਰਕਾਰ ਦੀ ਅਯੋਗਤਾ ਨੂੰ ਦਰਸਾਉਂਦਾ ਹੈ। ਬਿੱਟੂ ਨੇ ਕਾਂਗਰਸ ’ਤੇ ਵੀ ਤਨਜ ਕੱਸਦਿਆਂ ਕਿਹਾ ਕਿ ਸਰਕਾਰ ਬਣਾਉਣ ਦੇ ਸੁਪਨੇ ਦੇਖ ਰਹੀ ਕਾਂਗਰਸ ਅੰਦਰੂਨੀ ਝਗੜਿਆਂ ਕਾਰਨ ਕਈ ਟੁਕੜਿਆਂ ਵਿੱਚ ਵੰਡ ਚੁੱਕੀ ਹੈ। ਭਾਜਪਾ ’ਚ ਨਵੇਂ ਸ਼ਾਮਲ ਹੋਏ ਹੀਰਾ ਸਿੰਘ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਲੀਡਰਸ਼ਿਪ ਵਾਲੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਲੋਕ ਸੇਵਾ ਦੀ ਨਵੀਂ ਸ਼ੁਰੂਆਤ ਕਰਨ ਦਾ ਐਲਾਨ ਕੀਤਾ। ਮੰਚ ਦੀ ਕਾਰਵਾਈ ਭਾਵਨਾ ਮਹਾਜਨ ਅਤੇ ਦਵਿੰਦਰ ਸਿੰਘ ਬੱਬੀ ਨੇ ਕੀਤੀ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਜਾਹਿਦ ਪੀਰ, ਵੈਦ ਮੋਹਨ ਲਾਲ, ਤਰਸੇਮ ਥਾਪਰ, ਲੋਮਿਸ ਸ਼ਰਮਾ, ਜਰਨੈਲ ਸਿੰਘ, ਗੁਰਵੀਰ ਗਰਚਾ, ਮਨਪ੍ਰੀਤ ਔਲਖ, ਹਰਮਨ ਕੌੜਾ, ਲਵ ਭੁੱਲਰ, ਪ੍ਰੇਮ ਚੰਦ ਕਪੂਰ ਆਦਿ ਹਾਜ਼ਰ ਸਨ।

## ਸੀਵਰੇਜ ਪਾਏ ਜਾਣ ਦਾ ਜਖੇਪਲ ਦੀ ਪੰਚਾਇਤ ਵਲੋਂ ਵਿਰੋਧ



**ਚੀਮਾ ਮੰਡੀ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸੀਵਰੇਜ ਬੋਰਡ ਚੀਮਾ ਤੋਂ ਜਖੇਪਲ ਸੜਕ ਦੇ ਨਾਲ ਨਾਲ ਕਈ ਪਿੰਡਾਂ ਦੇ ਖੇਤਾਂ ਨੂੰ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਸੋਧਿਆ ਹੋਇਆ ਪਾਣੀ ਸਹੀ ਢੰਗ ਨਾਲ ਪਹੁੰਚਾਉਣ ਲਈ ਵੱਲੋਂ ਪੁਰਾਣੀ ਪਾਈਪ ਪੁੱਟ ਕੇ ਪਾਈ ਜਾ ਰਹੀ ਨਵੀਂ ਪਾਈਪਲਾਈਨ ਦਾ ਧਾਲੀਵਾਲ ਜਖੇਪਲ ਦੀ ਪੰਚਾਇਤ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਧਾਲੀਵਾਲ ਜਖੇਪਲ ਦੇ ਸਰਪੰਚ ਮਨਪ੍ਰੀਤ ਸਿੰਘ ਨੇ ਇਸ ਕੰਮ ’ਤੇ ਇਤਰਾਜ਼ ਜਤਾਉਂਦਿਆਂ ਕਿਹਾ ਕਿ ਇਸ ਪਾਈਪਲਾਈਨ ਨੂੰ ਪਿੰਡ ਤੋਲਾਵਾਲ ਦੇ ਖੇਤਾਂ ਵਾਲੇ ਪਾਸੇ ਹੀ ਪਾਇਆ ਜਾਵੇ ਕਿਉਂਕਿ ਉਨ੍ਹਾਂ ਦਾ ਪਿੰਡ ਉੱਚਾ ਹੋਣ ਕਰਕੇ ਇਹ ਪਾਈਪਲਾਈਨ ਵਿਅਰਥ ਹੋ ਕੇ ਰਹਿ ਗਈ ਹੈ ਜਦੋਂਕਿ ਤੋਲਾਵਾਲ ਵੱਲ ਨਿਵਾਣ ਹੋਣ ਕਾਰਨ ਪਾਣੀ ਅਸਾਨੀ ਨਾਲ ਜਾ ਸਕਦਾ ਹੈ। ?ਉਨ੍ਹਾਂ ਦੋਸ਼ ਲਾਇਆ ਕਿ ਇਸ ਨਵੀਂ ਪਾਈਪ ਲਾਈਨ ਦੇ ਕੰਮ ਲਟਕਣ ਕਾਰਨ ਹੁਣ ਆਮ ਰਾਹਗੀਰ ਵੀ ਪ੍ਰੇਸ਼ਾਨ ਹੋ ਰਹੇ ਹਨ। ਇਸ ਸਬੰਧੀ ਪੰਜਾਬ ਸੀਵਰੇਜ ਬੋਰਡ ਸੰਗਰੂਰ ਦੇ ਐੱਸਡੀਓ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਬੋਰਡ ਵਲੋਂ ਕੋਈ ਨਵੀਂ ਪਾਈਪਲਾਈਨ ਨਹੀਂ ਪਾਈ ਜਾ ਰਹੀ ਸਗੋਂ ਖਰਾਬ ਹੋ ਚੁੱਕੀ ਪਾਈਪਲਾਈਨ ਨੂੰ ਬਦਲਕੇ ਨਵੀਂ ਪਾਈਪ ਹੀ ਪਾਈ ਜਾ ਰਹੀ ਹੈ।

## ਮਨਰੇਗਾ ਮੇਟ ਦੀ ਮੌਤ ਦਾ ਮਾਮਲਾ: ਪੀੜਤ ਪਰਿਵਾਰ ਵਲੋਂ ਦਿੱਲੀ-ਲੁਧਿਆਣਾ ਮੁੱਖ ਮਾਰਗ ਜਾਮ

**ਸੰਗਰੂਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਥੋਂ ਨੇੜਲੇ ਪਿੰਡ ਖੇੜੀ ਵਿੱਚ ਇੱਕ ਮਗਨਰੇਗਾ ਮਜ਼ਦੂਰ ਔਰਤ ਦੀ ਸੜਕ ਹਾਦਸੇ ਵਿੱਚ ਹੋਈ ਮੌਤ ਮਗਰੋਂ ਅੱਜ ਪਰਿਵਾਰਿਕ ਮੈਂਬਰਾਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਦਿੱਲੀ-ਲੁਧਿਆਣਾ ਮਾਰਗ ਜਾਮ ਕਰ ਦਿੱਤਾ। ਸਬੰਧਤ ਪਰਿਵਾਰ ਨੇ ਮਜ਼ਦੂਰ ਜਥੇਬੰਦੀਆਂ ਨਾਲ ਰਲ ਕੇ ਇਸ ਮੌਕੇ ਜਿੱਥੇ ਸੂਬਾ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਉਨ੍ਹਾਂ ਪੀੜਤ ਪਰਿਵਾਰ ਲਈ 10 ਲੱਖ ਰੁਪਏ ਮੁਆਵਜ਼ਾ ਅਤੇ ਪਰਿਵਾਰਕ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਕੀਤੀ। ਦੱਸਣਯੋਗ ਹੈ ਕਿ ਪਿੰਡ ਖੇੜੀ ਵਿੱਚ ਇੱਕ ਮਜ਼ਦੂਰ ਔਰਤ ਮਨਰੇਗਾ ਮੇਟ ਰਾਣੀ ਕੌਰ ਪਤਨੀ ਦੀਦਾਰ ਸਿੰਘ ਨੂੰ ਤੇਜ਼ ਰਫਤਾਰ ਵਾਹਨ ਨੇ ਟੱਕਰ ਮਾਰ ਦਿੱਤੀ ਸੀ। ਇਸ ਦੌਰਾਨ ਉਸ ਦੀ ਮੌਕੇ ’ਤੇ ਹੀ ਮੌਤ ਹੋ ਗਈ ਸੀ। ਪਿੰਡ ਵਾਸੀਆਂ ਅਤੇ ਮਜ਼ਦੂਰ ਜਥੇਬੰਦੀ, ਡੇਮੋਕਰੈਟਿਕ ਮਨਰੇਗਾ ਫਰੰਟ ਦੇ ਸੂਬਾ ਆਗੂ ਰਾਜ ਕੁਮਾਰ ਕਨਸੂਹਾ ਖੁਰਦ ਅਤੇ ਨਾਰੀ ਏਕਤਾ ਜ਼ਬਰ ਵਿਰੋਧੀ ਫਰੰਟ ਦੀ ਸੂਬਾ ਪ੍ਰਧਾਨ ਹਰਪ੍ਰੀਤ ਕੌਰ ਧੂਰੀ ਨੇ ਸੰਗਰੂਰ ਰੋਡ ਹਾਈਵੇਅ ਜਾਮ ਕਰਕੇ ਮਜ਼ਦੂਰ ਪਰਿਵਾਰ ਦੀਆਂ ਹੱਕੀ ਮੰਗਾਂ ਮੰਨਣ ਦੀ ਮੰਗ ਕੀਤੀ।

# ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹੇ 'ਚ ਵੱਖ ਵੱਖ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਵੱਖ ਵੱਖ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਜ਼ਿਲ੍ਹੇ ਵਿੱਚ 5 ਅਗਸਤ 2025 ਤੱਕ ਲਾਗੂ ਰਹਿਣਗੇ।

**ਜਨਤਕ ਥਾਵਾਂ 'ਤੇ ਤੇਜ਼ਧਾਰ ਹਥਿਆਰ ਲੈ ਕੇ ਜਾਣ 'ਤੇ ਮਨਾਹੀ ਹੁਕਮ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਜ਼ਿਲ੍ਹੇ ਵਿੱਚ ਅਮਨ ਕਾਨੂੰਨ ਕਾਇਮ ਰੱਖਣ ਅਤੇ ਲੋਕ ਹਿਤ ਵਿੱਚ ਸ਼ਾਂਤੀ ਬਰਕਰਾਰ ਰੱਖਣ ਲਈ ਜ਼ਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ ਜਨਤਕ ਥਾਵਾਂ 'ਤੇ ਅਗਨ ਸ਼ਸ਼ਤਰ, ਅਸਲਾ, ਵਿਸਫੋਟਕ, ਜਲਣਸ਼ੀਲ, ਚੀਜ਼ਾਂ, ਤੇਜ਼ਧਾਰ ਹਥਿਆਰ ਜਿਵੇਂ ਕਿ ਟਕੂਏ, ਬਰਛੇ, ਤ੍ਰਿਸ਼ੂਲ ਆਦਿ ਸ਼ਾਮਲ ਹਨ, ਨੂੰ ਚੁੱਕਣ 'ਤੇ ਪਾਬੰਦੀ ਲਗਾਈ ਹੈ। ਇਹ ਹੁਕਮ ਦਿਵਿਆਂਗ/ਬਿਰਧ ਵਿਅਕਤੀ (ਜੋ ਬਿਨਾਂ ਡੰਡੇ ਲਾਠੀ ਦੇ ਸਹਾਰੇ ਤੋਂ ਚੱਲ ਨਹੀਂ ਸਕਦੇ) ਅਤੇ ਸੁਰੱਖਿਆ ਅਮਲੇ/ਡਿਊਟੀ 'ਤੇ ਤਾਇਨਾਤ ਪੁਲਿਸ ਅਮਲੇ 'ਤੇ ਲਾਗੂ ਨਹੀਂ ਹੋਵੇਗਾ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

**ਜ਼ਿਲ੍ਹੇ ਵਿੱਚ ਪਾਣੀ ਦੀਆਂ ਟੈਂਕੀਆਂ ਉਪਰ ਚੜ੍ਹਨ 'ਤੇ ਪਾਬੰਦੀ ਜਾਰੀ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਜ਼ਿਲ੍ਹਾ ਪਟਿਆਲਾ ਦੀਆਂ ਸੀਮਾਵਾਂ ਅੰਦਰ (ਪਿੰਡਾਂ ਅਤੇ ਸ਼ਹਿਰਾਂ) ਵਿੱਚ ਬਣੀਆਂ ਪਾਣੀ ਦੀਆਂ ਟੈਂਕੀਆਂ ਉਪਰ ਕਿਸੇ ਕਿਸਮ ਦੇ ਵਿਖਾਵੇ ਲਈ ਚੜ੍ਹਨ 'ਤੇ ਪਾਬੰਦੀ ਲਗਾਈ ਹੈ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

**ਜ਼ਿਲ੍ਹੇ 'ਚ ਵਿਖਾਵਾ ਕਰਨ 'ਤੇ ਪਾਬੰਦੀ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਜ਼ਿਲ੍ਹਾ ਪਟਿਆਲਾ ਦੀਆਂ ਹੱਦਾਂ ਅੰਦਰ ਕਿਸੇ ਕਿਸਮ ਦੇ ਵਿਖਾਵੇ/ਰੋਸ ਧਰਨੇ ਤੇ ਰੈਲੀਆਂ ਕਰਨ, ਮੀਟਿੰਗਾਂ ਕਰਨ, ਨਾਅਰੇ ਲਗਾਉਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ 'ਤੇ ਮਨਾਹੀ ਦੇ ਹੁਕਮ ਜਾਰੀ ਕੀਤੇ ਹਨ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

**ਜ਼ਿਲ੍ਹੇ 'ਚ ਠੀਕਰੀ ਪਹਿਰੇ ਲਗਾਉਣ ਦੇ ਹੁਕਮ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਪਟਿਆਲਾ ਜ਼ਿਲ੍ਹੇ ਅੰਦਰ ਪੈਂਦੇ ਪਿੰਡਾਂ, ਰੇਲਵੇ ਟਰੈਕ, ਨਹਿਰਾਂ ਦੇ ਪੁਲ, ਨਹਿਰਾਂ, ਜਲ ਨਿਕਾਸ ਦੇ ਨਾਲਿਆਂ, ਰਜਬਾਹੇ, ਇੰਡੀਅਨ ਆਇਲ ਪਾਈਪ ਲਾਈਨ, ਅਹਿਮ ਪਲਾਂਟ, ਗੈਸ ਪਾਈਪ ਲਾਈਨ ਦੀ ਪ੍ਰਾਪਰਟੀ ਅਤੇ ਬਿਜਲੀ ਦੀਆਂ ਟਰਾਂਸਮਿਸ਼ਨ ਲਾਈਨਾਂ, ਅਨਾਜ ਦੇ ਭੰਡਾਰ, ਪੈਟਰੋਲ ਪੰਪ, ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਪੈਂਦੇ ਬੈਂਕ, ਡਾਕਖਾਨਿਆਂ, ਸਰਕਾਰੀ/ਗੈਰ ਸਰਕਾਰੀ ਪ੍ਰਾਪਰਟੀ ਆਦਿ 'ਤੇ ਸਾਰੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਬਾਲਗ ਵਿਅਕਤੀਆਂ ਨੂੰ ਠੀਕਰੀ ਪਹਿਰੇ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਆਦੇਸ਼ ਦਿੱਤੇ ਹਨ ਕਿ ਸਾਰੇ ਪਿੰਡਾਂ ਦੇ ਨਰੋਈ ਸਿਹਤ ਵਾਲੇ ਬਾਲਗ ਵਿਅਕਤੀ ਬਿਜਲੀ ਸਟੇਸ਼ਨ ਅਤੇ ਸਪਲਾਈ ਲਾਈਨਾਂ, ਰੇਲ ਪਟੜੀਆਂ, ਜਲ ਸਪਲਾਈ ਸਕੀਮਾਂ, ਨਹਿਰਾਂ, ਜਲ ਨਿਕਾਸ ਦੇ ਨਾਲਿਆਂ ਨੂੰ ਨੁਕਸਾਨ ਪਹੁੰਚਾਣ ਤੋਂ ਬਚਾਉਣ ਲਈ ਅਤੇ ਲੋਕਾਂ ਦੀ ਜਾਨ ਤੇ ਮਾਲ ਦੀ ਰਾਖੀ ਲਈ ਠੀਕਰੀ ਪਹਿਰੇ ਲਗਾ ਕੇ ਡਿਊਟੀ ਨਿਭਾਉਣਗੇ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਪਟਿਆਲਾ ਇਸ਼ਾ ਸਿੰਗਲ ਨੇ ਜ਼ਿਲ੍ਹਾ ਪਟਿਆਲਾ ਵਿੱਚ ਸਮੂਹ ਧਾਰਮਿਕ ਸਥਾਨਾਂ 'ਤੇ ਠੀਕਰੀ ਪਹਿਰਾ ਲਗਾਉਣ ਲਈ ਪਿੰਡਾਂ ਦੀਆਂ ਸਮੂਹ ਪੰਚਾਇਤਾਂ ਅਤੇ ਧਾਰਮਿਕ ਸਥਾਨਾਂ ਦੀਆਂ ਕਮੇਟੀਆਂ/ਬੋਰਡਾਂ/ਟਰੱਸਟ ਦੇ ਮੁਖੀਆਂ ਨੂੰ ਠੀਕਰੀ ਪਹਿਰਾ ਲਗਾਉਣ ਦੀ ਜਿੰਮੇਵਾਰੀ ਲਗਾਈ ਹੈ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

**ਭਾਖੜਾ ਅਤੇ ਹੋਰ ਵੱਡੀਆਂ-ਛੋਟੀਆਂ ਨਹਿਰਾਂ ਵਿੱਚ ਨਹਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਜ਼ਿਲ੍ਹਾ ਪਟਿਆਲਾ ਦੀ ਹੱਦ ਅੰਦਰੋਂ ਵੱਖ ਵੱਖ ਸਥਾਨਾਂ ਤੋਂ ਲੰਘਦੀ ਭਾਖੜਾ ਨਹਿਰ ਅਤੇ ਹੋਰ ਵੱਡੀਆਂ-ਛੋਟੀਆਂ ਨਦੀਆਂ/ਨਹਿਰਾਂ ਵਿੱਚ ਕਿਸੇ ਵੀ ਸਥਾਨ 'ਤੇ ਆਮ ਜਨਤਾ ਦੇ ਨਹਾਉਣ ਅਤੇ ਤੈਰਨ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਵਧੀਕ ਜ਼ਿਲ੍ਹਾ ਮੈਜਿਸਟਰੇਟ ਨੇ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਦੇ ਖਿਲਾਫ ਕਾਨੂੰਨੀ ਕਾਰਵਾਈ ਨੂੰ ਅਮਲ ਵਿੱਚ ਲਿਆਉਣ ਦੇ ਆਦੇਸ਼ ਦਿੱਤੇ ਹਨ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

**ਕਿਰਾਏਦਾਰਾਂ, ਨੌਕਰਾਂ ਅਤੇ ਪੇਇੰਗ ਗੈਸਟ ਦਾ ਪੂਰਾ ਵੇਰਵਾ ਪੁਲਿਸ ਥਾਣਿਆਂ 'ਚ ਦਰਜ ਕਰਵਾਉਣ ਦੇ ਹੁਕਮ ਜਾਰੀ**

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਹੁਕਮ ਜਾਰੀ ਕੀਤੇ ਹਨ ਕਿ ਜਿਲ੍ਹਾ ਪਟਿਆਲਾ ਦੀ ਹੱਦ ਅੰਦਰ ਮਿਊਂਸਪਲ ਕਮੇਟੀਆਂ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਜਦੋਂ ਵੀ ਕੋਈ ਵਿਅਕਤੀ ਆਪਣੇ ਘਰ ਵਿੱਚ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਰੱਖੇਗਾ ਤਾਂ ਉਹ ਉਸ ਦਾ ਪੂਰਾ ਵੇਰਵਾ ਨੇੜੇ ਦੇ ਪੁਲਿਸ ਥਾਣੇ/ਚੌਂਕੀ ਵਿੱਚ ਦਰਜ ਕਰਾਉਣਾ ਯਕੀਨੀ ਬਣਾਏਗਾ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

**ਏਵੀਏਸ਼ਨ ਕਲੱਬ ਦੇ ਦੋ ਕਿਲੋਮੀਟਰ ਘੇਰੇ 'ਚ ਲਾਰਟੇਨ ਕਾਈਟਸ/ਵਿਸ਼ ਕਾਈਟਸ ਉਡਾਉਣ 'ਤੇ ਪਾਬੰਦੀ**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸਿਵਲ ਏਵੀਏਸ਼ਨ ਕਲੱਬ ਪਟਿਆਲਾ ਦੇ ਨੇੜੇ ਦੋ ਕਿਲੋਮੀਟਰ ਘੇਰੇ ਵਿੱਚ ਲਾਰਟੇਨ ਕਾਈਟਸ/ਵਿਸ਼ ਕਾਈਟਸ ਦੀ ਵਰਤੋਂ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਹੈ। ਹੁਕਮ 5 ਅਗਸਤ ਤੱਕ ਲਾਗੂ ਰਹਿਣਗੇ।

# ਨਗਰ ਨਿਗਮ ਵਲੋਂ ਵਾਤਾਵਰਣ ਦਿਵਸ ਮੌਕੇ 'ਇੱਕ ਰੁੱਖ ਮਾਂ ਦੇ ਨਾਮ' ਮੁਹਿੰਮ ਤਹਿਤ ਰੁੱਖ ਲਗਾਉਣ ਦੀ ਕੀਤੀ ਗਈ ਸ਼ੁਰੂਆਤ




**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੇ ਦਿਨੀਂ ਨਗਰ ਨਿਗਮ ਪਟਿਆਲਾ ਵੱਲੋਂ ਮਨਿਸਟਰੀ ਆਫ ਹਾਊਸਿੰਗ ਐਂਡ ਅਰਬਨ ਅਫੇਅਰਸ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਵਰਲਡ ਇਨਵਾਇਰਮੈਂਟ ਡੇ ਮੌਕੇ ਡੇ ਨੂੰਲਮ ਅਤੇ ਅਮਰੁਤ ਪ੍ਰੋਜੈਕਟ ਅਧੀਨ ਇੱਕ ਰੁਖ ਮਾਂ ਦੇ ਨਾਮ ਦੀ ਮੁਹਿੰਮ ਦੇ ਤਹਿਤ ਸੈਲਫ ਹੈਲਪ ਗਰੁੱਪ ਵੱਲੋਂ ਸੀਵਰੇਜ ਟ੍ਰੀਟਮੈਂਟ ਪਲਾਂਟ, ਅਬਲੋਵਾਲ ਵਿਖੇ ਪਲਾਂਟੇਸ਼ਨ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਮੇਅਰ ਕੁੰਦਨ ਗੋਗੀਆ, ਕਮਿਸ਼ਨਰ ਨਗਰ ਨਿਗਮ ਪਰਮਵੀਰ ਸਿੰਘ ਵੱਲੋਂ ਸੀਵਰੇਜ ਟਰੀਟਮੈਂਟ ਪਲਾਂਟ, ਅਬਲੋਵਾਲ ਵਿਖੇ ਬੂਟੇ ਲਗਾਏ ਗਏ ਅਤੇ ਵਾਤਾਵਰਣ ਦੀ ਸਾਂਭ ਸੰਭਾਲ ਨਾਲ ਸਬੰਧਤ ਸੈਲਫ ਹੈਲਪ ਗਰੁੱਪਸ ਅਤੇ ਹੋਰ ਨੁਮਾਇੰਦਿਆ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ.

ਇਸ ਪ੍ਰੋਗਰਾਮ ਦੌਰਾਨ ਅਰਬਨ ਪਲੈਨਰ ਸ੍ਰੀ ਜਗਦੀਪ ਸਿੰਘ ਵੱਲੋਂ ਮੇਅਰ ਨਗਰ ਨਿਗਮ ਪਟਿਆਲਾ ਅਤੇ ਕਮਿਸ਼ਨਰ ਨਗਰ ਨਿਗਮ ਪਟਿਆਲਾ ਨੂੰ ਇਸ ਮੁਹਿੰਮ ਦੇ ਵੱਖ-ਵੱਖ ਪਹਿਲੂਆ ਸਬੰਧੀ ਜਾਣੂ ਕਰਵਾਇਆ ਗਿਆ ਅਤੇ ਇਹ ਵੀ ਦੱਸਿਆ ਗਿਆ ਕਿ ਇਸ ਮੁੰਹਿਮ ਦੋਰਾਨ ਨਗਰ ਨਿਗਮ ਪਟਿਆਲਾ ਵੱਲੋ ਲੱਗਭਗ 5000 ਤੋਂ ਵੱਧ ਬੂਟੇ ਲਗਾਏ ਜਾਣੇ ਹਨ। ਇਸ ਦੌਰਾਨ ਹਰਕਿਰਨ ਪਾਲ ਸਿੰਘ ਨਿਗਰਾਨ ਇੰਜੀਨੀਅਰ, ਗੁਰਪ੍ਰੀਤ ਸਿੰਘ ਵਾਲੀਆ ਨਿਗਰਾਨ ਇੰਜੀਨੀਅਰ, ਜਤਿੰਦਰਪਾਲ ਸਿੰਘ ਨਿਗਮ ਇੰਜੀਨੀਅਰ, ਮੁਨੀਸ਼ ਕੈਂਥ ਸਹਾਇਕ ਨਿਗਮ ਇੰਜੀਨੀਅਰ, ਅਮਨਿੰਦਰ ਸਿੰਘ ਸਹਾਇਕ ਨਿਗਮ ਇੰਜੀਨੀਅਰ, ਮਿਸ ਈਸ਼ਾ ਸ਼ਰਮਾ ਸਿਟੀ ਮਿਸ਼ਨ ਮੈਨੇਜਰ, ਸੁਦੇਸ਼ ਸ਼ਰਮਾ ਸਿਟੀ ਮਿਸ਼ਨ ਮੈਨੇਜਰ, ਮੁਕਤੇਸ਼ ਚੌਧਰੀ ਕੰਸਲਟੈਂਟ ਨੈਸ਼ਨਲ ਕਲੀਨ ਏਅਰ ਪ੍ਰੋਗਰਾਮ, ਅਤੇ ਮੋਹਿਤ ਸ਼ਰਮਾ ਕਮਿਊਨਿਟੀ ਆਰਗਨਾਈਜ਼ਰ ਵੱਲੋ ਵੀ ਬੂਟੇ ਲਗਾਏ ਗਏ।

# ਵੇਦਾਂਤਾ ਪਾਵਰ ਦੇ ਟੀ ਐਸ ਪੀ ਐਲ ਨੇ ਵਾਤਾਵਰਣ ਦਿਵਸ ਮੌਕੇ ਪੰਜਾਬ ਨੂੰ ਹਰਾ ਭਰਾ ਬਣਾਉਣ ਦਾ ਟੀਚਾ

**ਬਠਿੰਡਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵੇਦਾਂਤਾ ਪਾਵਰ ਦੀ ਕੰਪਨੀ ਅਤੇ ਉੱਤਰੀ ਭਾਰਤ ਦੇ ਸਭ ਤੋਂ ਵੱਡੇ ਨਿੱਜੀ ਥਰਮਲ ਪਾਵਰ ਪਲਾਂਟ ਤਲਵੰਡੀ ਸਾਬੋ ਪਾਵਰ ਲਿਮਟਿਡ (TSPL) ਨੇ ਵਿਸ਼ਵ ਵਾਤਾਵਰਣ ਦਿਵਸ ਮਨਾਉਂਦੇ ਹੋਏ ਵਾਤਾਵਰਣ ਪੱਖੀ ਆਪਣੀ ਜ਼ਿੰਮੇਵਾਰੀ ਅਤੇ ਸਾਂਝੀ ਭਾਗੀਦਾਰੀ ਦੇ ਮਜ਼ਬੂਤ ਸੁਨੇਹੇ ਨਾਲ ਮਨਾਇਆ। ਪਲਾਂਟ ਅਤੇ ਸਥਾਨਕ ਭਾਈਚਾਰੇ ਵਿੱਚ ਜਾਗਰੂਕਤਾ ਵਾਸਤੇ ਵੱਖ-ਵੱਖ ਗਤੀਵਿਧੀਆਂ ਕਰਵਾਇਆਂ ਗਈਆਂ, ਜੋ ਕੰਪਨੀ ਦੀ ਲੰਬੇ ਸਮੇਂ ਤੋਂ ਚੱਲ ਰਹੀ ਟਿਕਾਊ ਵਿਕਾਸ ਦੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਇਸ ਮੌਕੇ 'ਤੇ ਪਲਾਂਟ ਵਿਚ ਇੱਕ ਰੁੱਖ ਲਗਾਉਣ ਮੁਹਿੰਮ ਚਲਾਈ ਗਈ, ਜਿਸ ਵਿੱਚ ਇਕ ਵਿਸ਼ੇਸ ਮਹਿਮਾਨ ਵੱਜੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਵਾਤਾਵਰਣੀ ਇੰਜੀਨੀਅਰ, ਸ੍ਰੀ ਰਵੀਦੀਪ ਸਿੰਗਲਾ ਨੇ ਅਤੇ ਮਾਨਸਾ ਜ਼ਿਲ੍ਹੇ ਦੇ ਜੰਗਲਾਤ ਵਿਭਾਗ ਦੇ ਉੱਚ ਅਧਿਕਾਰੀਆਂ ਨੇ ਭਾਗ ਲਿਆ। ਮੁਹਿੰਮ ਦੌਰਾਨ 500 ਤੋਂ ਵੱਧ ਪੌਦੇ ਲਾਏ ਗਏ। ਜਦਕਿ ਸਾਲ ਭਰ ਵਿੱਚ 15,000 ਤੋਂ ਵੱਧ ਰੁੱਖ ਲਗਾਉਣ ਦਾ ਟੀਚਾ ਵੀ ਮਿਥਿਆ ਗਿਆ।



ਟੀਐਸਪੀਐਲ ਦੇ ਕਰਮਚਾਰੀਆਂ ਅਤੇ ਅਧਿਕਾਰੀਆਂ ਨੇ ਪਲਾਸਟਿਕ ਪ੍ਰਦੂਸ਼ਣ ਖਿਲਾਫ਼ ਖਿੱਤੇ ਅਤੇ ਨਿਜੀ ਜੀਵਨ ਵਿੱਚ ਵਾਤਾਵਰਣ-ਪੱਖੀ ਜੀਵਨਸ਼ੈਲੀ ਅਪਣਾਉਣ ਦੀ ਸ਼ਹੁੰ ਖਾਦੀ। ਸਮਾਗਮ ਦੌਰਾਨ ਪ੍ਰਸ਼ਨੋੱਤਰੀ, ਨਾਅਰਾ ਲਿਖਣ ਅਤੇ ਪੋਸਟਰ ਬਣਾਉਣ ਵਰਗੀਆਂ ਗਤੀਵਿਧੀਆਂ ਦੇ ਜੇਤੂਆਂ ਨੂੰ ਸ੍ਰੀ ਸਿੰਗਲਾ ਵੱਲੋਂ ਇਨਾਮ ਵੀ ਦਿੱਤੇ ਗਏ। ਇਹ ਸਭ ਕਦਮ ਟੀਐਸਪੀਐਲ ਦੇ ਉਸ ਦੂਰਗਾਮੀ ਮਿਸ਼ਨ ਦਾ ਹਿੱਸਾ ਹਨ ਜੋ ਪੰਜਾਬ ਵਿੱਚ ਵਾਤਾਵਰਣੀ ਮੁੜ-ਸਥਾਪਨਾ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਉਤੇ ਕੇਂਦਰਿਤ ਹੈ। ਕੰਪਨੀ ਨੇ ਪਲਾਸਟਿਕ ਦੀ ਵਰਤੋਂ, ਕਾਰਬਨ ਉਤਸਰਜਨ ਘਟਾਉਣ ਅਤੇ ਚੱਕਰੀ ਆਰਥਿਕਤਾ ਦੀ ਸਿਰਜਣਾ ਲਈ ਕਈ ਲੰਬੇ ਸਮੇਂ ਅਤੇ ਫਾਇਦੇ ਵਾਲੇ ਉਪਰਾਲੇ ਕੀਤੇ ਹਨ। ਸੰਸਥਾ ਨੂੰ ਭਾਰਤੀ ਉਦਯੋਗ ਸੰਘ (399) ਵੱਲੋਂ ਸਿੰਗਲ-ਯੂਜ਼ ਪਲਾਸਟਿਕ ਫਰੀ ਸਾਈਟ ਦਾ ਸਰਟੀਫਿਕੇਟ ਵੀ ਮਿਲ ਚੁੱਕਾ ਹੈ।

# ਪਿੰਗਲਵਾੜਾ ਦੀ ਪਲਸੌਰਾ ਸ਼ਾਖਾ 'ਚ ਭਗਤ ਪੂਰਨ ਸਿੰਘ ਦਾ ਜਨਮ ਦਿਹਾੜਾ ਮਨਾਇਆ



**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਵੱਲੋਂ ਪਲਸੌਰਾ, ਚੰਡੀਗੜ੍ਹ ਸਥਿਤ ਪਿੰਗਲਵਾੜਾ ਦੀ ਬਰਾਂਚ ਵਿਖੇ ਸੰਸਥਾ ਦੇ ਸੰਸਥਾਪਕ ਭਗਤ ਪੂਰਨ ਸਿੰਘ ਜੀ ਦਾ ਜਨਮ ਦਿਹਾੜਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਖ਼ੂਨਦਾਨ ਕੈਂਪ ਡਾ.ਬੀ.ਆਰ. ਅੰਬੇਡਕਰ ਇੰਸਟੀਚਿਊਟ ਫੇਜ਼ 6 ਮੋਹਾਲੀ ਦੀ ਟੀਮ ਵੱਲੋਂ ਅਤੇ ਮੈਡੀਕਲ ਕੈਂਪ ਫ਼ਾਇਵ ਰੀਵਰ ਸੰਸਥਾ ਵੱਲੋਂ ਲਗਾਇਆ ਗਿਆ ਜਿਸ ਦਾ ਉਦਘਾਟਨ ਸੀਜੇਐਮ-ਕਮ-ਸਕੱਤਰ ਕਾਨੂੰਨੀ ਸੇਵਾਵਾਂ ਅਥਾਰਟੀ ਚੰਡੀਗੜ੍ਹ ਵੱਲੋਂ ਅਤੇ ਮੈਡੀਕਲ ਕੈਂਪ ਦਾ ਉਦਘਾਟਨ ਪਿੰਗਲਵਾੜਾ ਦੇ ਨਿਸ਼ਕਾਮ ਸੇਵਕ ਸੇਵਾ ਮੁਕਤ ਏਡੀਜੀਪੀ ਸ.ਜਤਿੰਦਰ ਸਿੰਘ ਔਲਖ ਅਤੇ ਪੀ.ਸੀ ਜੈਨ ਨੇ ਕੀਤਾ।

ਇਸ ਮੌਕੇ ਪਿੰਗਲਵਾੜਾ ਦੇ ਸੋਸ਼ਲ ਵਰਕਰ ਹਰਪਾਲ ਸਿੰਘ ਨੇ ਦੱਸਿਆ ਕਿ ਪਲਸੌਰਾ ਸ਼ਾਖਾ ਵਿਖੇ ਸਪੈਸ਼ਲ ਬੱਚਿਆਂ ਲਈ ਇੱਕ ਸਕੂਲ ਵੀ ਚਲਾਇਆ ਜਾ ਰਿਹਾ ਹੈ ਅਤੇ ਇਸ ਸਕੂਲ ਦੇ ਵਿਦਿਆਰਥੀ ਸਕੂਲਾਂ ਦੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਮੈਡਲ ਜਿੱਤ ਕੇ ਲਿਆਏ ਹਨ। ਇਸ ਤੋਂ ਇਲਾਵਾ ਇੱਥੋਂ ਮਰੀਜ਼ਾਂ ਲਈ ਮੁਫਤ ਡੈਂਟਲ ਕੇਅਰ ਅਤੇ ਫਿਜੀਓਥਿਰੈਪੀ ਸੈਂਟਰ ਵੀ ਚੱਲ ਰਿਹਾ ਹੈ।

# ਡੀਟੀਐੱਫ ਦਾ ਵ਼ਫਦ ਐੱਸਡੀਐੱਮ ਨੂੰ ਮਿਲਿਆ; ਅਧਿਆਪਕਾਂ ਦੀਆਂ ਫਲੱਡ ਡਿਊਟੀਆਂ ਸਬੰਧੀ ਮੰਗ ਪੱਤਰ ਸੌਂਪਿਆ

**ਪਾਤੜਾਂ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਹੜ੍ਹ ਦੀ ਸਥਿਤੀ ਤੋਂ ਬਿਨਾਂ ਬਲਾਕ ਪਾਤੜਾਂ ਵਿੱਚ ਵੱਡੀ ਗਿਣਤੀ ਪ੍ਰਾਇਮਰੀ ਅਧਿਆਪਕਾਂ ਦੀਆਂ ਫਲੱਡ ਡਿਊਟੀਆਂ ਲਾਏ ਜਾਣ ਕਾਰਨ ਅਧਿਆਪਕਾਂ ਵਿੱਚ ਭਾਰੀ ਰੋਸ ਹੈ, ਜਿਸ ਨੂੰ ਲੈ ਕੇ ਡੈਮੋਕ੍ਰੈਟਿਕ ਟੀਚਰਜ਼ ਫਰੰਟ ਦੇ ਵਫ਼ਦ ਨੇ ਐੱਸਡੀਐੱਮ ਪਾਤੜਾਂ ਅਸ਼ੋਕ ਕੁਮਾਰ ਨੂੰ ਮਿਲ ਕੇ ਬੇਲੋੜੀਆਂ ਡਿਊਟੀਆਂ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ। ਐੱਸਡੀਐੱਮ ਨੇ ਉਨ੍ਹਾਂ ਨੂੰ ਫਲੱਡ ਡਿਊਟੀਆਂ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਸਖ਼ਤੀ ਨਾ ਕਰਨ ਅਤੇ ਫਲੱਡ ਡਿਊਟੀਆਂ ਦੇ ਫ਼ੈਸਲੇ 'ਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਪੁਨਰ ਵਿਚਾਰ ਕਰਨ ਦਾ ਭਰੋਸਾ ਦੁਆਇਆ ਗਿਆ।

ਜਥੇਬੰਦੀ ਦੇ ਬਲਾਕ ਪ੍ਰਧਾਨ ਰਾਜੀਵ ਕੁਮਾਰ ਅਤੇ ਜ਼ਿਲ੍ਹਾ ਸਕੱਤਰ ਜਸਪਾਲ ਖਾਂਗ ਨੇ ਦੱਸਿਆ ਕਿ ਫਲੱਡ ਡਿਊਟੀਆਂ ਦੇ ਵਾਜਿਬ ਹੱਲ ਲਈ ਪਹਿਲਾਂ ਤਹਿਸੀਲਦਾਰ ਪਾਤੜਾਂ ਨੂੰ ਮਿਲਿਆ ਗਿਆ ਸੀ ਪਰ ਕੋਈ ਠੋਸ ਹੱਲ ਨਹੀਂ ਨਿਕਲਿਆ।

ਉਨ੍ਹਾਂ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਇਸ ਤਰ੍ਹਾਂ ਦੀਆਂ ਫਲੱਡ ਡਿਊਟੀਆਂ ਸਿਰਫ਼ ਪਾਤੜਾਂ ਬਲਾਕ ਵਿੱਚ ਹੀ ਲਾਈਆਂ ਜਾ ਰਹੀਆਂ ਹਨ



ਜਦੋਂ ਕਿ ਜ਼ਿਲ੍ਹੇ ਪਟਿਆਲਾ ਵਿੱਚ ਪਾਤੜਾਂ ਟੇਲ 'ਤੇ ਸਥਿਤ ਇਲਾਕਾ ਹੈ। ਹੜ੍ਹ ਦੇ ਪਾਣੀ ਦੀ ਮਾਰ ਪਾਤੜਾਂ ਤੋਂ ਪਹਿਲਾਂ ਪਟਿਆਲਾ, ਦੇਵੀਗੜ੍ਹ ਰਾਜਪੁਰਾ ਅਤੇ ਘਨੌਰ ਬਲਾਕ ਵਿੱਚ ਪੈਂਦੀ ਹੈ ਪਰ ਇਨ੍ਹਾਂ ਬਲਾਕਾਂ ਵਿੱਚ ਅਜਿਹੀ ਕੋਈ ਡਿਊਟੀ ਨਹੀਂ ਲਗਾਈ ਜਾ ਰਹੀ, ਇਸ ਲਈ ਅਧਿਆਪਕਾਂ ਦੀਆਂ ਬੇਲੋੜੀਆਂ ਤੇ ਗ਼ੈਰ-ਵਿੱਦਿਅਕ ਡਿਊਟੀਆਂ ਲਗਾਉਣ ਦਾ ਸਖ਼ਤ ਵਿਰੋਧ ਕੀਤਾ ਗਿਆ। ਹੜ੍ਹ ਦੀ ਸੰਭਾਵਨਾ ਵਿੱਚ ਵੀ ਸਬੰਧਤ ਵਿਭਾਗਾਂ ਦੀਆਂ ਹੀ ਫਲੱਡ ਡਿਊਟੀਆਂ ਲਗਾਈਆਂ ਜਾਣ ਅਤੇ ਲੋੜ ਪੈਣ 'ਤੇ ਹੀ ਬਾਕੀ ਵਿਭਾਗਾਂ ਦੇ ਮੁਲਾਜ਼ਮਾਂ ਨਾਲ ਅਨੁਪਾਤਕ ਰੂਪ ਵਿੱਚ ਹੀ ਅਧਿਆਪਕਾਂ ਦੀਆਂ ਫਲੱਡ ਡਿਊਟੀਆਂ ਲਗਾਈਆਂ ਜਾਣ। ਇਸ ਮੌਕੇ ਡੀਟੀਐੱਫ ਤੋਂ ਸੂਬਾਈ ਆਗੂ ਅਤਿੰਦਰ ਘੱਗਾ, ਹਰਬੰਸ ਲਾਲ, ਵਿਨੋਦ ਕੁਮਾਰ, ਜਸਪਾਲ ਰਾਮ ਅਤੇ ਮਹਿੰਦਰ ਸਿੰਘ ਹੈਲਪਰ ਹਾਜ਼ਰ ਸਨ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਕਿਉਂ ਹੋਇਆ ਹਮਲਾ :ਠਾਕੁਰ ਦਲੀਪ ਸਿੰਘ



**ਲੁਧਿਆਣਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਹਮਲਾ ਹੋਣ ਦਾ ਅਸਲ ਕਾਰਨ ਇਹ ਹੈ ਕਿ ਸਿੱਖ ਸੋਚ ਰੱਖਣ ਵਾਲੇ ਸ਼ਰਧਾਲੂਆਂ ਦਾ ਪੰਜਾਬ ਅਤੇ ਭਾਰਤ ਤੇ ਰਾਜ ਨਹੀਂ ਸੀ। ਜੇਕਰ ਰਾਜ ਹੁੰਦਾ ਤਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਹਮਲਾ ਕਦੇ ਵੀ ਨਹੀਂ ਹੋ ਹੀ ਸਕਦਾ ਸੀ। ਦੂਜੀ ਗੱਲ ਕਿ ਯੋਧੇ ਹੋਣ ਕਾਰਨ, ਸਿੱਖ ਬਹੁਤ ਭਾਵੁਕ ਹੁੰਦੇ ਹਨ। ਪਰੰਤੂ, ਰਾਜਨੀਤੀ ਨੂੰ ਨਹੀਂ ਪਛਾਣਦੇ ,ਰਾਜਨੀਤੀ ਨਾ ਪਛਾਣ ਸਕਣ ਕਾਰਣ, ਰਾਜਨੀਤਿਕਾਂ ਨੇ ਸਿੱਖਾਂ ਨੂੰ ਆਪਣੀ ਚਾਲ ਵਿੱਚ ਫਸਾ ਲਿਆ। ਵਿਸ਼ੇਸ਼ ਰੂਪ ਵਿੱਚ ਇਹ ਦੋ ਕਾਰਨ ਹੀ ਇਸ ਹਮਲੇ ਦੀ ਅਸਲੀ ਜੜ ਹਨ। ਜੇ ਅਜਿਹੇ ਹਮਲਿਆਂ ਤੋਂ ਭਵਿੱਖ ਵਿੱਚ ਸਿੱਖਾਂ ਨੇ ਬਚਣਾ ਹੈ, ਤਾਂ ਉਹਨਾਂ ਨੂੰ ਰਾਜਨੀਤੀ ਸਮਝਣ ਦੀ ਲੋੜ ਹੈ। ਰਾਜਨੀਤੀ ਵਿੱਚ ਆ ਕੇ ਰਾਜ ਲੈਣ ਦੀ ਲੋੜ ਹੈ ਅਤੇ ਰਾਜ ਵੀ ਕੇਵਲ ਛੋਟੇ ਜਿਹੇ 'ਖਾਲਿਸਤਾਨ' ਕਹੇ ਜਾਂਦੇ ਖਿੱਤੇ ਦਾ ਨਹੀਂ; ਪੂਰੇ ਭਾਰਤ ਦਾ ਰਾਜ ਲੈਣ ਦੀ ਲੋੜ ਹੈ। ਉਹ ਰਾਜ ਕੇਵਲ ਕੇਸਾਧਾਰੀਆਂ ਦਾ ਨਹੀਂ, ਉਹ ਰਾਜ ਤਾਂ ਸਾਰੇ 'ਗੁਰੂ ਨਾਨਕ ਨਾਮ ਲੇਵਾ' ਸ਼ਰਧਾਲੂ ਸਿੱਖਾਂ ਦਾ ਹੋਣਾ ਚਾਹੀਦਾ ਹੈ ਜੋ ਆਪਣੀ ਪਦਵੀ ਤੋਂ ਜਿਆਦਾ ਸਿੱਖ ਪੰਥ ਲਈ ਸੋਚਦੇ ਹੋਣ। ਜੋ ਗੁਰੂ ਨਾਨਕ ਦੇਵ ਜੀ ਦੇ ਸ਼ਰਧਾਲੂ ਹੋਣਗੇ, ਉਹਨਾਂ ਦਾ ਰਾਜ ਹੀ ਸਿੱਖ ਰਾਜ ਹੋਵੇਗਾ। ਉਹ ਕਦੇ ਵੀ ਹਰਿਮੰਦਿਰ ਸਾਹਿਬ ਆਦਿ ਸਿੱਖ ਗੁਰਦੁਆਰਿਆਂ ਉੱਤੇ ਨਾ ਹਮਲਾ ਕਰਨਗੇ, ਅਤੇ ਨਾ ਕਰਨ ਦੇਣਗੇ। ਉਹ ਕਦੇ ਵੀ ਸਿੱਖ ਨੌਜਵਾਨਾਂ ਨੂੰ ਨਹੀਂ ਮਾਰਨਗੇ ਅਤੇ ਮਰਨ ਵੀ ਨਹੀਂ ਦੇਣਗੇ।

ਰਾਜ ਲੈਣ ਵਾਸਤੇ ਸਿੱਖਾਂ ਨੂੰ ਮਰਨ-ਮਾਰਨ, ਸ਼ਹੀਦੀਆਂ ਦੇਣ ਦੀ ਨਹੀਂ; ਰਾਜਨੀਤੀ ਕਰਨ ਦੀ ਲੋੜ ਹੈ। ਜੋ ਸੱਜਣ ਦੂਸਰਿਆਂ ਨੂੰ ਸ਼ਹੀਦੀਆਂ ਦੇਣ ਲਈ ਉਕਸਾਉਂਦੇ ਹਨ ਉਹ ਆਪ ਜਾ ਕੇ ਕਿਉਂ ਨਹੀਂ ਸ਼ਹੀਦੀਆਂ ਦੇ ਦਿੰਦੇ। ਸਿੱਖਾਂ ਨੂੰ ਰਾਜ ਲੈਣ ਅਤੇ ਕਰਨ ਵਾਸਤੇ ਇਹ ਸਾਰੇ ਗੁਣ ਧਾਰਨ ਕਰਨ ਦੀ ਲੋੜ ਹੈ।

# ਪਾਵਰਕਾਮ ਵਲੋਂ ਜੀ.ਬੀ. ਕਰੱਸ਼ਟ ਕਲੋਨੀ ਵਿਚ ਪੀ.ਜੀ.ਦੀਆਂ ਕੀਤੀ ਅਚਨਚੇਤ ਚੈਕਿੰਗ

**ਖਰੜ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਵਰਕਾਮ ਖਰੜ ਵਲੋਂ ਕਲੋਨੀਆਂ ਵਿਚ ਬਣੇ ਹੋਏ ਪੀ.ਜੀ.ਦੀ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਚੈਕਿੰਗ ਤੋਂ ਬਾਅਦ ਪੀ ਜੀ ਮਾਲਕਾਂ ਨੂੰ ਵੱਡੇ ਪੱਧਰ ਤੇ ਜੁਰਮਾਨ ਵੀ ਲਗਾਇਆ ਜਾ ਰਿਹਾ ਹੈ। ਪਾਵਰਕਾਮ ਖਰੜ ਦੇ ਐਸ.ਡੀ.ਓ.ਸਵਰਨਜੀਤ ਸਿੰਘ ਨੇ ਦਸਿਆ ਕਿ ਰੈਜ਼ੀਡੈਂਟਸ ਵੈਲਫੇਅਰ ਐਸੋਸੀਏਸ਼ਨ ਜੀ.ਬੀ.ਕਰੱਸ਼ਟ ਵਲੋਂ ਸ਼ਿਕਾਇਤ ਮਿਲੀ ਸੀ ਕਿ ਉਨ੍ਹਾਂ ਦੀ ਕਲੋਨੀ ਵਿਚ ਬਿਜਲੀ ਦੀ ਵੋਲਟੇਜ਼ ਘੱਟ ਆ ਰਹੀ ਅਤੇ ਬਿਜਲੀ ਦੇ ਹੋਰ ਟਰਾਂਸਫਮਾਰ ਰੱਖੇ ਜਾਣ ਅਤੇ ਪੀ.ਜੀ. ਬਣੇ ਹੋਏ ਹਨ। ਉਨ੍ਹਾਂ ਦੀ ਅਗਵਾਈ ਵਿਚ ਚੈਕਿੰਗ ਟੀਮ ਵਿਚ ਜੇ.ਈ.ਦਵਿੰਦਰ ਸਿੰਘ, ਜੇ.ਈ.ਜਤਿੰਦਰ ਸਿੰਘ, ਲਾਈਨਮੈਨ ਕਾਕਾ ਸਿੰਘ, ਸਹਾਇਕ ਲਾਈਨਮੈਨ ਕੇਵਲ ਸਿੰਘ ਤੇ ਮੀਟਰ ਰੀਡਿੰਗ ਕੰਪਨੀ ਦੇ ਸੁਪਰਵਾਈਜ਼ਰ ਗੁਰਜੀਤ ਸਿੰਘ ਸਮੇਤ ਹੋਰ ਸਟਾਫ ਮੈਂਬਰ ਹਾਜ਼ਰ ਸਨ। ਚੈਕਿੰਗ ਟੀਮ ਵਲੋਂ ਜੀ.ਬੀ.ਕਰੱਸ਼ਟ ਕਲੋਨੀ ਵਿਚ ਬਣੇ ਹੋਏ ਵੱਖ ਵੱਖ ਪੀ.ਜੀ.ਦੀ ਚੈਕਿੰਗ ਕੀਤੀ ਗਈ ਜਿਥੇ ਕਿ ਲੋਡ ਵਿਚ ਵੀ ਖਾਮੀਆਂ ਪਾਈਆਂ ਗਈਆਂ ਸਨ ਜਿਥੇ ਪੀ ਜੀ ਵਿਚ ਮੰਨਜ਼ੂਰ ਸੁਦਾ ਲੋਡ ਤੋਂ ਜ਼ਿਆਦਾ ਲੋਡ ਦੀ ਵਰਤੋਂ ਕੀਤੀ ਜਾ ਰਹੀ ਸੀ ਅਤੇ ਪੀ.ਜੀ. ਦੇ ਲੋਡ ਦੀ ਅਸੈਸਮੈਂਟ ਕਰਕੇ ਜੁਰਮਾਨੇ ਪਾਏ ਜਾ ਰਹੇ ਹਨ। ਕਲੋਨੀ ਵਿਚ ਬਿਜਲੀ ਦੇ ਟਰਾਂਸਫਰਮਰਾਂ ਦੀ ਮੰਗ ਬਾਰੇ ਸਪੱਸ਼ਟ ਕੀਤਾ ਜਿੰਨੇ ਟਰਾਂਸਫਰਮਰ ਮੰਨਜ਼ੂਰ ਹਨ ਉਨੇ ਕਲੋਨੀ ਵਿਚ ਲੱਗੇ ਹੋਏ ਹਨ। ਉਨ੍ਹਾਂ ਦਸਿਆ ਕਿ ਚੈਕਿੰਗ ਦੌਰਾਨ ਇਹ ਵੀ ਪਾਇਆ ਗਿਆ ਜੋ ਨਗਰ ਕੌਸਲ ਖਰੜ ਵਲੋਂ ਨਕਸ਼ੇ ਪਾਸ ਕੀਤੇ ਗਏ ਹਨ ਉਸ ਤੋਂ ਵੀ ਉਲਟ ਬਿਲਡਿੰਗਾਂ ਬਣਾਕੇ ਸਰਕਾਰ ਨੂੰ ਲੱਖਾਂ ਰੁਪਏ ਦਾ ਚੂਨਾ ਲਗਾਇਆ ਜਾ ਰਿਹਾ ਹੈ। ਉਨ੍ਹਾਂ ਸ਼ਹਿਰ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਬਿਜਲੀ ਲੋਡ ਜ਼ਰੂਰ ਵਧਾਉਣ ਅਤੇ ਇਹ ਚੈਕਿੰਗ ਭਵਿੱਖ ਵਿਚ ਵੀ ਜਾਰੀ ਰਹੇਗੀ।




# ਅਪ੍ਰੈਸ਼ਨ ਸ਼ੀਲਡ ਅਤੇ ਫਸਟ ਏਡ ਬਾਰੇ ਜਾਣਕਾਰੀ ਦਿੱਤੀ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੀ ਆਰ ਟੀ ਸੀ ਵਲੋ ਚਲਾਏ ਜਾ ਰਹੇ ਡਰਾਈਵਰ, ਕੰਡਕਟਰ ਅਤੇ ਟੈਕਨੀਕਲ ਸਟਾਫ ਦੇ ਟਰੇਨਿੰਗ ਸਕੂਲ ਵਿਖੇ, ਵੱਖ ਵੱਖ ਜ਼ਿਲ੍ਹਿਆਂ ਤੋਂ ਆਏ ਕਰਮਚਾਰੀਆਂ ਨੂੰ ਡਿਪਟੀ ਕਮਿਸ਼ਨਰ ਕਮ ਕੰਟਰੋਲਰ ਅਤੇ ਸਹਾਇਕ ਕੰਟਰੋਲਰ ਕਮ ਜ਼ਿਲਾ ਕਮਾਂਡਰ ਸਿਵਲ ਡਿਫੈਂਸ ਪਟਿਆਲਾ ਗੁਰਲਵਦੀਪ ਸਿੰਘ ਦੀਆਂ ਹਦਾਇਤਾਂ ਅਨੁਸਾਰ, ਅਪ੍ਰੈਸਨ ਸੰਧੂਰ ਅਤੇ ਅਪ੍ਰੈਸਨ ਸ਼ੀਲਡ ਬਾਰੇ ਜਾਣਕਾਰੀ ਦਿੱਤੀ ਗਈ। ਸ਼੍ਰੀ ਕਾਕਾ ਰਾਮ ਵਰਮਾ, ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਰੈਡ ਕਰਾਸ ਸੁਸਾਇਟੀ ਅਤੇ ਸਿਵਲ ਡਿਫੈਂਸ ਦੇ ਬਾਰਡਨ ਵਲੋਂ ਅਪੀਲ ਕੀਤੀ ਕਿ ਆਉਣ ਵਾਲੇ ਸਮੇਂ ਵਿੱਚ ਜੰਗਾਂ, ਕੁਦਰਤੀ ਜਾਂ ਮਨੁੱਖੀ ਆਫਤਾਵਾਂ ਸਮੇਂ ਆਪਣੇ ਆਪ ਨੂੰ, ਆਪਣੇ ਘਰ ਪਰਿਵਾਰਾਂ, ਮਹੱਲਿਆ, ਕਾਲੋਨੀਆਂ, ਦਫ਼ਤਰਾਂ, ਅਦਾਰਿਆਂ ਅਤੇ ਪੀੜਤਾਂ ਨੂੰ ਬਚਾਉਣ ਲਈ ਹਰੇਕ ਵਿਅਕਤੀ ਨੂੰ ਸਿਵਲ ਡਿਫੈਂਸ, ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ, ਪੀੜਤਾਂ ਨੂੰ ਰੈਸਕਿਯੂ ਟਰਾਂਸਪੋਰਟ ਕਰਨ ਦੀ ਟ੍ਰੇਨਿੰਗ ਲੈਣੀ ਚਾਹੀਦੀ ਹੈ। ਅਪ੍ਰੈਸਨ ਸ਼ੀਲਡ ਅਨੁਸਾਰ ਹਵਾਈ ਹਮਲਿਆਂ, ਬੰਬਾਂ, ਮਿਜ਼ਾਇਲਾਂ ਦੇ ਧਮਾਕਿਆਂ ਜਾਂ ਭੁਚਾਲ, ਅੱਗਾਂ ਲਗਣ, ਗੈਸਾਂ ਲੀਕ ਹੋਣ, ਬਿਜਲੀ ਸ਼ਾਟ ਸਮੇਂ ਤੁਰੰਤ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਉਣ ਲਈ, ਹਰੇਕ ਵਿਦਿਆਰਥੀ, ਨਾਗਰਿਕ ਕਰਮਚਾਰੀ ਨੂੰ ਹੁਣੇ ਤੋਂ ਹੀ ਤਿਆਰ ਹੋਣਾ ਜ਼ਰੂਰੀ ਹੈ। ਉਨ੍ਹਾਂ ਨੇ ਖ਼ਤਰੇ ਦੇ ਸਾਇਰਨ, ਬਲੈਕ ਆਊਟ, ਜ਼ਮੀਨ ਜਾਂ ਖਾਈਆਂ ਬੰਕਰਾਂ ਵਿੱਚ ਲੇਟਣ, ? ਕੰਨਾਂ ਵਿੱਚ ਉਂਗਲਾਂ ਦੇਣਾ, ? ਮੂੰਹ ਨੱਕ ਤੇ ਗਿੱਲਾ ਰੁਮਾਲ ਬੰਨਣਾ, ਦੰਦਾਂ ਵਿੱਚ ਰੁਮਾਲ ਦੇਣਾ, ਗੈਸਾਂ, ਧੂੰਏਂ ਤੋਂ ਬਚਣ, ਪੀੜਤਾਂ ਦੀ ਜਾਨਾਂ ਬਚਾਉਣ ਲਈ ਫਸਟ ਏਡ, ਸੀ ਪੀ ਆਰ, ਰਿਕਵਰੀ ਪੁਜੀਸ਼ਨ, ਵੈਂਟੀਲੈਟਰ ਬਣਾਉਟੀ ਸਾਹ ਕਿਰਿਆ, ਪੀੜਤਾਂ ਨੂੰ ਰੈਸਕਿਯੂ ਟਰਾਂਸਪੋਰਟ ਕਰਨ, ਸਿਲੰਡਰਾਂ ਦੀ ਵਰਤੋਂ ਬਾਰੇ ਜਾਗਰੂਕ ਕੀਤਾ ਜਾਂਦਾ ਹੈ। ਦਿਲ ਦੇ ਦੌਰੇ, ਕਾਰਡੀਅਕ ਅਰੈਸਟ, ਬੇਹੋਸ਼ੀ, ਸਾਹ ਕਿਰਿਆ ਬੰਦ ਹੋਣ ਤੇ ਪੀੜਤਾਂ ਨੂੰ ਬਚਾਉਣ ਦੇ ਢੰਗ ਤਰੀਕੇ ਦਸੇ। ਹੈਲਪ ਲਾਈਨ ਨੰਬਰਾਂ, ਸਾਇਬਰ ਸੁਰੱਖਿਆ, ਨਸ਼ਿਆਂ, ਅਪਰਾਧਾਂ ਤੋਂ ਬਚਣ ਦੀ ਜਾਣਕਾਰੀ ਦਿੱਤੀ। ਸਕੂਲ ਦੇ ਇੰਚਾਰਜ, ਇੰਸਪੈਕਟਰ ਜਸਪਾਲ ਸਿੰਘ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਕਾਕਾ ਰਾਮ ਵਰਮਾ ਵਲੋਂ ਹਾਦਸੇ ਘਟਾਉਣ ਅਤੇ ਕੀਮਤੀ ਜਾਨਾਂ ਬਚਾਉਣ ਲਈ ਬਹੁਤ ਵਧੀਆ ਸ਼ਾਨਦਾਰ ਢੰਗ ਤਰੀਕਿਆਂ ਨਾਲ ਟ੍ਰੇਨਿੰਗਾਂ ਕਰਵਾਈਆਂ ਜਾਂਦੀਆਂ ਹਨ। ਕਰਮਚਾਰੀਆਂ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਨ੍ਹਾਂ ਅਤਿ ਮਹੱਤਵਪੂਰਨ ਗਤੀਵਿਧੀਆਂ ਦੀ ਜਾਣਕਾਰੀ ਹਰ ਘਰ, ਪਰਿਵਾਰ, ਮੱਹਲੇ, ਸੰਸਥਾਵਾਂ ਪਿੰਡਾਂ, ਕਸਬਿਆਂ ਵਿਖੇ ਪਹੁੰਚਾਉਣ ਲਈ ਯਤਨ ਕੀਤੇ ਜਾਣ ਕਿਉਂਕਿ ਸਿਖਿਅਤ ਇਨਸਾਨ ਹੀ ਹੌਸਲੇ, ਹਿੰਮਤ, ਤਜਰਬੇ ਨਾਲ ਪੀੜਤਾਂ ਦੀ ਸਹਾਇਤਾ ਕਰ ਸਕਦੇ ਹਨ।

# ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ 29 ਚਲਾਨ, 8 ਲੱਖ 78 ਹਜਾਰ ਜੁਰਮਾਨੇ : ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ

## ਰਾਜਪੁਰਾ-ਚੰਡੀਗੜ੍ਹ ਤੇ ਰਾਜਪੁਰਾ-ਅੰਬਾਲਾ ਰੋਡ 'ਤੇ ਗੱਡੀਆਂ ਦੀ ਚੈਕਿੰਗ ਮੌਕੇ ਸਖ਼ਤ ਕਾਰਵਾਈ



**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਆਰ.ਟੀ.ਓ ਬਬਨਦੀਪ ਸਿੰਘ ਵਾਲੀਆ ਨੇ ਓਵਰ ਲੋਡਿਡ ਗੱਡੀਆਂ, ਟਰੱਕ, ਟ੍ਰੈਕਟਰ ਟਰਾਲੀਆਂ ਵੱਲੋਂ ਵਪਾਰਕ ਵਰਤੋਂ ਅਤੇ ਟੂਰਿਸਟ ਬੱਸਾਂ ਦੀ ਚੈਕਿੰਗ ਕੀਤੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਖ਼ੁਦ ਤੇ ਏ.ਆਰ.ਟੀ.ਓ. ਪਰਦੀਪ ਸਿੰਘ ਤੇ ਇਨਫੋਰਸਮੈਂਟ ਸਟਾਫ ਵੱਲੋਂ ਰਾਜਪੁਰਾ-ਚੰਡੀਗੜ੍ਹ ਤੇ ਰਾਜਪੁਰਾ-ਅੰਬਾਲਾ ਰੋਡ 'ਤੇ ਗੱਡੀਆਂ ਦੀ ਬੀਤੀ ਸ਼ਾਮ ਤੇ ਦੇਰ ਰਾਤ ਕੀਤੀ ਚੈਕਿੰਗ ਦੌਰਾਨ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ 29 ਚਲਾਨ ਕੀਤੇ ਗਏ ਅਤੇ 8 ਲੱਖ 78 ਹਜਾਰ ਰੁਪਏ ਜੁਰਮਾਨਾ ਕੀਤਾ ਗਿਆ, ਜਿਨ੍ਹਾਂ 'ਚ 21 ਓਵਰਲੋਡਿਡ ਟਰੱਕਾਂ ਤੇ ਕਮਰਸ਼ੀਅਲ ਵਰਤੋਂ ਵਾਲੇ ਟ੍ਰੈਕਟਰ ਟਰਾਲੀਆਂ ਦੇ 5 ਚਲਾਨ ਸਮੇਤ 3 ਵਹੀਕਲਾਂ ਵੱਲੋਂ ਨਿਰਧਾਰਤ ਨੇਮਾਂ ਤੋਂ ਵਧ ਚੌੜਾਈ ਦਾ ਸਮਾਨ ਲੱਦਣਾ ਸ਼ਾਮਲ ਹਨ। ਬਬਨਦੀਪ ਸਿੰਘ ਵਾਲੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਨਿਰਦੇਸ਼ਾਂ ਮੁਤਾਬਕ ਟਰਾਂਸਪੋਰਟ ਵਿਭਾਗ ਵੱਲੋਂ ਜਿੱਥੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸਕੂਲੀ ਬੱਚਿਆਂ ਦੀ ਆਵਾਜਾਈ ਸੁਰੱਖਿਅਤ ਹੋਵੇ, ਉਥੇ ਹੀ ਸੜਕ ਸੁਰੱਖਿਆ ਵੀ ਯਕੀਨੀ ਬਣਾਉਣ ਲਈ ਆਵਾਜਾਈ ਨੇਮਾਂ ਦੀ ਪਾਲਣਾ ਕਰਵਾਉਣ ਬਾਬਤ ਚੈਕਿੰਗ ਜੋਰਾਂ 'ਤੇ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਵਾਹਨ ਨੂੰ ਸੜਕ ਸੁਰੱਖਿਆ ਨੇਮਾਂ ਤੇ ਸਕੂਲ ਸੇਫ਼ ਵਾਹਨ ਨੀਤੀ ਦੀ ਉਲੰਘਣਾ ਨਹੀਂ ਕਰਨ ਦਿੱਤੀ ਜਾਵੇਗੀ।

ਆਰ.ਟੀ.ਓ. ਨੇ ਕਿਹਾ ਕਿ ਸੜਕ ਸੁਰੱਖਿਆ ਨੇਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਅਜਿਹੀ ਚੈਕਿੰਗ ਲਗਾਤਾਰ ਜਾਰੀ ਰਹੇਗੀ ਅਤੇ ਉਲੰਘਣਾ ਕਰਨ ਵਾਲਿਆਂ ਨਾਲ ਕੋਈ ਢਿੱਲ ਨਹੀਂ ਵਰਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਸੜਕ ਨੇਮਾਂ ਦੀ ਪਾਲਣਾਂ ਨਾ ਕਰਨ 'ਤੇ ਵੱਡੇ ਹਾਦਸੇ ਵਾਪਰਦੇ ਹਨ ਤੇ ਕਿਸੇ ਦੀ ਕੀਮਤੀ ਜਾਨ ਅਜਾਂਈ ਚਲੀ ਜਾਂਦੀ ਹੈ। ਉਨ੍ਹਾਂ ਨੇ ਕਿਹਾ ਕਿ ਓਵਰਲੋਡ ਵਾਹਨ, ਨਿਰਧਾਰਤ ਉਚਾਈ ਤੋਂ ਉਚਾ ਮਾਲ ਭਰਨ ਵਾਲੇ, ਟ੍ਰੈਕਟਰ ਟਰਾਲੀ ਦੀ ਵਪਾਰਕ ਮੰਤਵ ਲਈ ਵਰਤੋਂ, ਟੂਰਿਸਟ ਬੱਸ ਦੇ ਪਰਮਿਟ ਦੀ ਗ਼ਲਤ ਵਰਤੋਂ ਸਮੇਤ ਬਿਨ੍ਹਾਂ ਦਸਤਾਵੇਜਾਂ ਦੇ ਪਾਏ ਜਾਣ ਵਾਲੇ ਵਾਹਨ ਚਾਲਕਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

# ਜਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਨਰਸਿੰਗ ਵਿਦਿਆਰਥੀਆਂ ਦੇ ਸਹਿਯੋਗ ਨਾਲ ਚਲਾਇਆ ਡੇਂਗੂ ਵਿਰੋਧੀ ਡਰਾਈ ਡੇਅ ਅਭਿਆਨ

## ਸਿਹਤ ਟੀਮਾਂ ਵੱਲੋ ਹੁਣ ਤੱਕ ਖੁਸ਼ਕ ਦਿਵਸ ਮੌਕੇ 220730 ਘਰਾਂ/ਥਾਂਵਾ ਵਿੱਚ ਪਾਣੀ ਦੇ ਖੜੇ ਸਰੋਤਾਂ ਦੀ ਕੀਤੀ ਚੈਕਿੰਗ, 438 ਥਾਂਵਾਂ ਤੇ ਮੱਛਰਾਂ ਦਾ ਲ਼ਾਰਵਾ ਪਾਏ ਜਾਣ ਤੇ ਕਰਵਾਇਆ ਨਸ਼ਟ: ਸਿਵਲ ਸਰਜਨ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੇਂਗੂ ਬਿਮਾਰੀ ਦੀ ਰੋਕਥਾਮ ਲਈ ਵਿਸ਼ੇਸ ਤੌਰ ਤੇ ਡੇਂਗੂ ਵਿਰੋਧੀ ਡਰਾਈ ਡੇਅ ਅਭਿਆਨ ਚਲਾਇਆ ਗਿਆ । ਜਿਸ ਦੀ ਅਗਵਾਈ ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਨੇ ਕੀਤੀ। ਜਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਰਕਾਰੀ ਅਤੇ ਪ੍ਰਾਈਵੇਟ ਨਰਸਿੰਗ ਸਕੂਲਾਂ/ਕਾਲਜ਼ਾਂ ਦੇ ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵਰਕਰ ਦੇ ਸਹਿਯੋਗ ਨਾਲ ਡੇਂਗੂ ਦੇ ਹਾਟ-ਸਪਾਟ ਇਲਾਕਿਆਂ ਦੀ ਚੈਕਿੰਗ ਲਈ ਜਿਲ੍ਹੇ ਭਰ ਵਿੱਚ ਸਪੈਸ਼ਲ ਕੰਪੇਨ ਚਲਾਈ ਗਈ । ਅੱਜ ਖਾਸ ਤੌਰ ਤੇ ਜਿਲ੍ਹਾ ਪਟਿਆਲਾ ਅਧੀਨ ਆਉਂਦੇ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਦੀ ਚੈਕਿੰਗ ਕੀਤੀ ਗਈ । ਜਿਸ ਤਹਿਤ ਜਿਲ੍ਹੇ ਭਰ ਵਿੱਚ 103 ਹਸਪਤਾਲਾਂ ਦੀ ਚੈਕਿੰਗ ਕੀਤੀ ਗਈ। ਅੱਜ ਦੀ ਵਿਸ਼ੇਸ਼ ਮੁਹਿੰਮ ਵਿੱਚ 79 ਨਰਸਿੰਗ ਵਿਦਆਰਥੀ ਅਤੇ 835 ਆਸ਼ਾ ਵਰਕਰ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਘਰ-ਘਰ ਜਾ ਕੇ ਆਮ ਜਨਤਾ ਨੂੰ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਅਤੇ ਲੱਛਣ ਸਬੰਧੀ ਜਾਣਕਾਰੀ ਮੁੱਹਈਆ ਕਰਵਾਈ ਗਈ ਅਤੇ ਪਾਣੀ ਦੇ ਖੜੇ ਸਰੋਤਾਂ ਦੀ ਚੈਕਿੰਗ ਕੀਤੀ ਗਈ । ਜਿਨ੍ਹਾਂ ਘਰਾਂ ਅਤੇ ਥਾਵਾਂ ਵਿੱਚ ਡੇਂਗੂ ਦਾ ਲਾਰਵਾ ਮਿਲਿਆ, ਉਸ ਨੂੰ ਮੌਕੇ ਤੇ ਹੀ ਨਸ਼ਟ ਕੀਤਾ ਗਿਆ ।ਲੋਕਾਂ ਨੂੰ ਮੱਛਰਾਂ ਦੀ ਪੈਦਾਇਸ਼ ਨੂੰ ਰੋਕਣ ਲਈ ਆਪਣੇ ਘਰਾਂ ਦੀਆਂ ਛੱਤਾਂ ਜਾਂ ਵਿਹੜੇ ਵਿੱਚ ਪਏ ਕਬਾੜ ਆਦਿ ਸਮਾਨ ਵਿੱਚ ਪਾਣੀ ਜਮਾਂ ਨਾ ਹੋਣ ਦਿਣ ਬਾਰੇ ਸਮਝਾਇਆ ਗਿਆ । ਇਸ ਅਭਿਆਨ ਵਿੱਚ ਟੀਮਾਂ ਦਾ ਨਿਰੀਖਣ ਸਿਵਲ ਸਰਜਨ ਸਮੇਤ ਜਿਲ੍ਹਾ ਪ੍ਰੋਗਰਾਮ ਅਫਸਰਾਂ ਅਤੇ ਸੀਨੀਅਰ ਮੈਡੀਕਲ ਅਫਸਰਾਂ ਵੱਲੋਂ ਕੀਤਾ ਗਿਆ। ਸਿਵਲ ਸਰਜਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਅਪਣੇ ਆਲੇ ਦੁਆਲੇ ਦੀ ਸਫਾਈ ਰੱਖੀ ਜਾਵੇ ਅਤੇ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ ,ਪਾਣੀ ਦੀ ਨਿਕਾਸੀ ਕੀਤੀ ਜਾਵੇ। ਜਿਲ੍ਹਾ ਐਪੀਡੇਮਿਲੋਜਿਸਟ ਡਾ. ਸੁਮੀਤ ਸਿੰਘ ਨੇ ਦੱਸਿਆ ਕਿ ਡੇਂਗੂ ਵਿਰੋਧੀ ਚਲਾਏ ਡਰਾਈ ਡੇਅ ਅਭਿਆਨ ਅਧੀਨ ਸਟਾਫ ਦੀਆਂ ਟੀਮਾਂ ਨਾਲ ਨਰਸਿੰਗ ਵਿਦਿਆਰਥੀਆਂ ਵੱਲੋਂ ਜਿਲ੍ਹੇ ਭਰ ਦੇ 32481 ਘਰਾਂ ਵਿਚ ਪਹੰਚ ਕੇ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ ਅਤੇ 87 ਥਾਂਵਾ ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ। ਉਹਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਸਿਹਤ ਟੀਮਾਂ ਵੱਲੋਂ ਖੁਸ਼ਕ ਦਿਵਸ ਮੁਹਿੰਮ ਤਹਿਤ 220730 ਤੋਂ ਵੱਧ ਘਰਾਂ ਦਾ ਸਰਵੇਕੀਤਾ ਜਾ ਚੁੱਕਾ ਹੈ, ਜਿਹਨਾਂ ਵਿੱਚ 438 ਥਾਂਵਾ ਤੇ ਮਿਲੇ ਲਾਰਵੇ ਨੂੰ ਟੀਮਾਂ ਵੱਲੋਂ ਮੌਕੇ ਤੇ ਹੀ ਨਸ਼ਟ ਕਰਵਾ ਦਿੱਤਾ ਗਿਆ ਹੈ ਅਤੇ ਸਬੰਧਿਤ ਪਰਿਵਾਰਾਂ ਨੂੰ ਅਗਾਂਹ ਲਈ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਉਨ੍ਹਾ ਕਿਹਾ ਕਿ ਮੀਂਹ ਦਾ ਮੌਸਮ ਹੋਣ ਕਾਰਨ ਛੱਤਾਂ ਤੇ ਭਰਨ ਵਾਲੇ ਪਾਣੀ ਦੀ ਨਿਕਾਸੀ ਕੀਤੀ ਜਾਵੇ ਤਾਂ ਕਿ ਲਾਰਵੇ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕੇ। ਉਨ੍ਹਾਂ ਨੇ ਦੱਸਿਆ ਕਿ ਕਿਸੇ ਕਿਸਮ ਦਾ ਬੁਖਾਰ ਹੋਣ ਤੇ ਜਾਂਚ ਕਰਵਾਉਣੀ ਯਕੀਨੀ ਬਣਾਈ ਜਾਵੇ, ਜੋ ਕਿ ਸਰਕਾਰੀ ਸਿਹਤ ਸੰਸ਼ਥਾਵਾਂ ਵਿੱਚ ਮੁਫਤ ਮੌਜੂਦ ਹੈ। ਬੁਖਾਰ ਹੋਣ ਦੀ ਸੂਰਤ ਵਿੱਚ ਪੈਰਾਸੀਟਾਮੋਲ ਦੀ ਗੋਲੀ ਹੀ ਲਈ ਜਾਵੇ, ਹੋਰ ਦਵਾਈ ਡਾਕਟਰੀ ਸਲਾਹ ਨਾਲ ਹੀ ਲਈ ਜਾਵੇ। ਲੋਕਾਂ ਨੂੰ ਰਿਪੈਲੈਂਟ ਵਰਤਣ ਦੀ ਸਲਾਹ ਵੀ ਦਿੱਤੀ । ਉਹਨਾਂ ਕਿਹਾ ਕਿ ਇਹ ਗਤੀਵਿਧੀਆਂ ਲਗਾਤਾਰ ਜਾਰੀ ਰਹਿਣਗੀਆਂ।



# ਰੂਹਾਨੀ ਰੁਤਬੇ ਦੀ ਬਾਤ ਹੈ ਜੁਗਨੀ



ਮਰਦ ਅਤੇ ਔਰਤਾਂ ਜੁਗਨੀ ਨੂੰ ਇਕ ਗਹਿਣੇ ਵਜੋਂ ਵੀ ਪਹਿਨਦੇ ਹਨ। ਨਾਮ ਜਪਣ ਵੇਲੇ ਹੱਥ ਨਾਲ ਫੇਰਨ ਵਾਰੀ ਤਸਬੀਹ ਨੂੰ ਵੀ ਕਈ ਵਾਰ ਜੁਗਨੀ ਕਹਿ ਲਿਆ ਜਾਂਦਾ ਹੈ...

ਸੁਖਵੀਰ ਸਿੰਘ ਕੰਗ

ਜੁਗਨੀ ਪੰਜਾਬੀ ਲੋਕ ਗੀਤਾਂ ਦੀ ਇਕ ਪ੍ਰਮੁੱਖ ਸ਼ੈਲੀ ਹੈ ਜੋ ਪੰਜਾਬੀ ਗੀਤ ਅਤੇ ਸੰਗੀਤ ਪ੍ਰੇਮੀਆਂ ਵਿਚ ਬਹੁਤ ਹਰਮਨ ਪਿਆਰੀ ਹੈ। ਇਸ ਨੂੰ ਚੜ੍ਹਦੇ ਅਤੇ ਲਹਿੰਦੇ ਪੰਜਾਬ ਵਿਚ ਚਾਹ ਕੇ ਗਾਇਆ ਅਤੇ ਸੁਣਿਆ ਜਾਂਦਾ ਹੈ। ਅਲਗੋਜ਼ਿਆਂ ਦੇ ਸੁਰ ਦੀ ਚਾਸ਼ਣੀ 'ਚ ਭਿੱਜੀ ਜੁਗਨੀ ਹਰ ਸੰਗੀਤ ਰਸੀਏ ਦਾ ਮਨ ਮੋਹ ਲੈਂਦੀ ਹੈ। ਪੰਜਾਬੀ ਗਾਇਕੀ ਦੇ ਇਸ ਸੂਹੇ ਰੰਗ ਦਾ ਪਿਛੋਕੜ ਅਤੇ ਇਤਿਹਾਸ ਬਹੁਤ ਪੁਰਾਣਾ ਹੈ। ਇਹ ਪੰਜਾਬੀ ਤੋਂ ਇਲਾਵਾ, ਮੁਲਤਾਨੀ, ਫ਼ਾਰਸੀ, ਅਰਬੀ ਆਦਿ ਭਾਸ਼ਾਵਾਂ ਵਿਚ ਵੀ ਪ੍ਰਚੱਲਿਤ ਹੈ। ਜੁਗਨੀ ਗਾਉਣ ਵਾਲੇ ਪੁਰਾਣੇ ਅਤੇ ਜੱਦੀ-ਪੁਸ਼ਤੀ ਗਾਇਕਾਂ ਨੂੰ ਸੁਣਨ ਤੇ ਇਹ ਆਭਾਸ ਸਹਿਜੇ ਹੀ ਹੋ ਜਾਂਦਾ ਹੈ ਕਿ ਜੁਗਨੀ ਇਨਸਾਨੀ ਰੂਹ ਦੀ ਗੱਲ ਹੈ, ਇਹ ਜ਼ਿੰਦਗੀ ਦਾ ਸਾਰ ਹੈ ਅਤੇ ਰੱਬ ਦੇ ਨਾਂ ਦੀ ਤਸਬੀਹ ਹੈ :

ਅਵਲ ਨਾਮ ਅੱਲਾ ਦਾ ਲਈਏ,
ਫੇਰ ਦਰੂਦ ਨਬੀ ਨੂੰ ਕਹੀਏ,
ਹਰ ਦਮ ਅਜਿਜ਼ੀ ਵਿਚ ਰਹੀਏ,
ਓ ਪੀਰ ਮੇਰਿਆ ਜੁਗਨੀ ਰਹਿੰਦੀ ਆ
ਨਾਮ ਅਲੀ ਦਾ ਲੈਂਦੀ ਆ...

## ਦੰਦ ਕਥਾਵਾਂ ਵਿਚ ਸਾਂਭੀ ਜੁਗਨੀ

ਗੀਤਾਂ ਅਤੇ ਦੰਦ ਕਥਾਵਾਂ ਵਿਚ ਸਾਂਭੀ ਜੁਗਨੀ ਦੇ ਅਰੰਭ ਅਤੇ ਪਿਛੋਕੜ ਬਾਰੇ ਕੋਈ ਪ੍ਰਮਾਣਿਕ ਤੱਥ ਤਾਂ ਨਹੀਂ ਮਿਲਦੇ ਪਰ ਇਸ ਦੀ ਪੁਰਾਣੀ ਗਾਇਕੀ ਦੇ ਕੇਂਦਰੀ ਭਾਵ ਨੂੰ ਮਹਿਸੂਸ ਕਰ ਕੇ ਅਤੇ ਇਸ ਸਬੰਧੀ ਪੜ੍ਹੇ-ਸੁਣੇ ਬਿਰਤਾਤਾਂ ਦੇ ਅਧਾਰ 'ਤੇ ਕਿਹਾ ਜਾ ਸਕਦਾ ਹੈ ਕਿ ਜੁਗਨੀ ਹਜ਼ਾਰਾਂ ਸਾਲ ਪਹਿਲਾਂ ਹੋਂਦ ਵਿਚ ਆ ਚੁੱਕੀ ਸੀ। ਪੁਰਾਤਨ ਸਮੇਂ ਤੋਂ ਸਿੱਧ, ਯੋਗੀ, ਪੀਰ ਅਤੇ ਫ਼ਕੀਰ ਆਪਣੇ ਗਲ਼ੇ ਵਿਚ ਧਾਤ ਦਾ ਕੈਪਸੂਲ-ਨੁਮਾ ਤਵੀਤ ਧਾਗੇ ਜਾਂ ਮਾਲ਼ਾ ਵਿਚ ਪਰੋ ਕੇ ਧਾਰਨ ਕਰ ਕੇ ਰੱਖਦੇ ਸਨ ਜੋ ਉਨ੍ਹਾਂ ਦੀ ਸਾਧਨਾ, ਯੋਗ ਅਤੇ ਫ਼ਕੀਰੀ ਦੀ ਕਮਾਈ ਅਤੇ ਰੂਹ ਹੁੰਦਾ ਸੀ। ਇਸ ਨੂੰ ਯੋਗ-ਗ੍ਰਹਿਣੀ ਕਿਹਾ ਜਾਂਦਾ ਸੀ ਜੋ ਅੱਗੇ ਚੱਲ ਕੇ ਯੋਗਿਨੀ ਅਤੇ ਫਿਰ ਜੁਗਨੀ ਬਣ ਗਈ। ਕੁਝ ਯੋਗੀ ਜਾਂ ਫ਼ਕੀਰ ਇਸ ਨੂੰ ਡੌਲ਼ੇ ਨਾਲ ਵੀ ਬੰਨ ਲੈਂਦੇ ਸਨ।

## ਜੁਬਲੀ ਸ਼ਬਦ

ਇਸ ਤੋਂ ਬਿਨ੍ਹਾਂ ਇਕ ਹੋਰ ਦੰਦ ਕਥਾ ਸੁਣਨ ਨੂੰ ਮਿਲਦੀ ਹੈ ਕਿ ਭਾਰਤ ਵਿਚ ਆਪਣੇ ਸਾਮਰਾਜ ਦੇ ਪੰਜਾਹ ਵਰ੍ਹੇ ਪੂਰੇ ਹੋਣ ਤੇ 1887 ਵਿਚ ਬਰਤਾਨਵੀ ਰਾਣੀ ਵਿਕਟੋਰੀਆ ਨੇ ਗੋਲਡਨ ਜੁਬਲੀ ਦੇ ਜਸ਼ਨਾਂ ਵਜੋਂ ਇਕ ਮਸ਼ਾਲ ਪੂਰੇ ਭਾਰਤ ਦੇ ਪ੍ਰਮੁੱਖ ਸ਼ਹਿਰਾਂ ਵਿਚ ਘੁੰਮਾਈ ਸੀ ਇਹ ਮਸ਼ਾਲ ਜਿਸ ਸ਼ਹਿਰ ਜਾਂਦੀ ਤਾਂ ਉੱਥੇ ਇਕੱਠ ਕਰ ਕੇ ਅੰਗਰੇਜ਼ ਅਫ਼ਸਰਾਂ ਅਤੇ ਉਨ੍ਹਾਂ ਦੇ ਹਮਾਇਤੀਆਂ ਵੱਲੋਂ ਜਸ਼ਨ ਮਨਾਇਆ ਜਾਂਦਾ ਸੀ। ਇਸ ਦੇ ਵਿਰੋਧ ਵਜੋਂ ਪੰਜਾਬ ਦੇ ਸੁਤੰਤਰਤਾ ਸੰਗਰਾਮੀਆਂ ਨੇ ਅੰਗਰੇਜ਼ਾਂ ਦੇ ਜਸ਼ਨ ਦੇ ਮੁਕਾਬਲੇ ਵਜੋਂ ਉਸੇ ਸ਼ਹਿਰ, ਉਸੇ ਸਮੇਂ ਬਰਾਬਰ ਇਕੱਠ ਕਰ ਕੇ ਆਪਣਾ ਗੁੱਸਾ ਜ਼ਾਹਰ ਕਰਨ ਦਾ ਫ਼ੈਸਲਾ ਕੀਤਾ। ਇਕੱਠ ਕਰਨ ਅਤੇ ਵਧੇਰੇ ਲੋਕਾਂ ਨੂੰ ਬਿਠਾਈ ਰੱਖਣ ਲਈ ਅੰਮ੍ਰਿਤਸਰ ਜ਼ਿਲ੍ਹੇ ਦੇ ਦੋ ਕਵੀਸ਼ਰਾਂ ਨੂੰ ਬੁਲਾ ਕੇ ਹਰ ਪ੍ਰੋਗਰਾਮ ਉੱਤੇ ਜੁਬਲੀ ਵਿਰੋਧੀ ਗੀਤ ਗਾਉਣ ਲਈ ਕਿਹਾ ਗਿਆ। ਬਿਸ਼ਨਾ ਅਤੇ ਮਾਂਦਾ ਨਾਂ ਦੇ ਇਨ੍ਹਾਂ ਅਨਪੜ੍ਹ ਗਾਇਕਾਂ ਨੇ 'ਜੁਬਲੀ' ਸ਼ਬਦ ਨੂੰ 'ਜੁਗਨੀ' ਸਮਝਦਿਆਂ ਆਪਣੇ ਹਿਸਾਬ ਨਾਲ ਮੌਕੇ 'ਤੇ ਸਬੰਧਤ ਸ਼ਹਿਰ ਦਾ ਨਾਂ ਲੈ ਕੇ ਗੀਤ ਜੋੜ ਲਏ :

ਜੁਗਨੀ ਜਾ ਵੜੀ ਮਜੀਠੇ,
ਕੋਈ ਰੰਨ ਨਾ ਚੱਕੀ ਪੀਠੇ,
ਪੁੱਤ ਗੱਭਰੂ ਮੁਲਕ ਵਿਚ ਮਾਰੇ,
ਰੋਵਣ ਅੱਖੀਆਂ ਪਰ ਬੁੱਲ੍ਹ ਸੀਤੇ,
ਪੀਰ ਮੇਰਿਆ ਓਏ ਜੁਗਨੀ ਆਈ ਆ,
ਇਨ੍ਹਾਂ ਕਿਹੜੀ ਜੋਤ ਜਗਾਈ ਆ।
ਜੁਗਨੀ ਜਾ ਵੜੀ ਲੁਧਿਆਣੇ,
ਉਹਨੂੰ ਪੈ ਗਏ ਅੰਨੇ ਕਾਣੇ
ਮਾਰਨ ਮੁੱਕੀਆਂ ਮੰਗਣ ਦਾਣੇ,
ਪੀਰ ਮੇਰਿਆ ਉਏ ਜੁਗਨੀ ਕਹਿੰਦੀ ਆ
ਜਿਹੜੀ ਨਾਮ ਸਾਈਂ ਦਾ ਲੈਂਦੀ ਆ।

## ਜੁਗਨੀ ਦੇ ਸਫ਼ਰ ਦਾ ਇਕ ਮੋੜ

ਕਈ ਜੁਗਨੀ ਦੀ ਉਪਜ ਆਜ਼ਾਦੀ ਦੀ ਲੜਾਈ ਨਾਲ ਜੋੜ ਦਿੰਦੇ ਹਨ ਪਰ ਇਹ ਸਹੀ ਨਹੀਂ ਹੈ। ਇਸ ਨੂੰ ਅਸੀਂ ਜੁਗਨੀ ਦੇ ਸਫ਼ਰ ਦਾ ਇਕ ਮੋੜ ਹੀ ਕਹਿ ਸਕਦੇ ਹਾਂ। ਜਿਸ ਨੇ ਜੁਗਨੀ ਨੂੰ ਸ਼ਹਿਰਾਂ ਅਤੇ ਕਸਬਿਆਂ ਨਾਲ ਜੋੜ ਦਿੱਤਾ। ਕਈ ਵਾਰ ਜੁਗਨੀ ਤੋਂ ਸੋਹਣੀ ਮੁਟਿਆਰ ਦਾ ਭਾਵ ਵੀ ਲੈ ਲਿਆ ਜਾਂਦਾ ਹੈ। ਕਾਫ਼ੀ ਗਾਇਕਾਂ ਨੇ ਇਸ ਭਾਵ ਵਿਚ ਵੀ ਗਾਇਆ ਹੈ। ਰਾਤ ਨੂੰ ਉੱਡਦੇ ਹੋਏ ਰੋਸ਼ਨੀ ਬਿਖੇਰਨ ਵਾਲੇ ਜੀਵ ਜੁਗਨੂੰ ਦੀ ਮਾਦਾ ਨੂੰ ਵੀ ਕਈ ਜੁਗਨੀ ਕਹਿ ਦਿੰਦੇ ਹਨ। ਮਰਦ ਅਤੇ ਔਰਤਾਂ ਜੁਗਨੀ ਨੂੰ ਇਕ ਗਹਿਣੇ ਵਜੋਂ ਵੀ ਪਹਿਨਦੇ ਹਨ। ਨਾਮ ਜਪਣ ਵੇਲੇ ਹੱਥ ਨਾਲ ਫੇਰਨ ਵਾਰੀ ਤਸਬੀਹ ਨੂੰ ਵੀ ਕਈ ਵਾਰ ਜੁਗਨੀ ਕਹਿ ਲਿਆ ਜਾਂਦਾ ਹੈ।

ਜੁਗਨੀ ਨੂੰ ਸੰਗੀਤਕ ਰੂਪ ਵਿਚ ਗਾਉਣ ਵਾਲਿਆਂ ਦੀ ਗੱਲ ਕਰੀਏ ਤਾਂ ਸਭ ਤੋਂ ਪਹਿਲਾਂ ਦੋ ਨਾਂ ਉੱਭਰਦੇ ਹਨ, ਪਹਿਲਾ ਪਿੰਡ ਕੋਟ ਇਨਾਇਤ ਖਾਂ (ਪਾਕਿਸਤਾਨ) ਵਾਲਾ ਨਵਾਬ ਹੈ, ਜੋ ਨੈਬ ਕੋਟੀਆ ਘੁਮਿਆਰ ਦੇ ਨਾਂ ਨਾਲ ਮਸ਼ਹੂਰ ਹੈ ਅਤੇ ਦੂਸਰਾ ਵੀ ਪਾਕਿਸਤਾਨ ਦੇ ਕਸਬੇ ਲਾਲਾ ਮੂਸਾ ਦਾ ਆਲਮ ਲੁਹਾਰ ਹੈ, ਜੋ ਚਿਮਟੇ ਵਾਲਾ ਤਖ਼ੱਲਸ ਨਾਲ ਮਸ਼ਹੂਰ ਹੈ। ਨੈਬ ਕੋਟੀਆ ਜਦੋਂ ਆਪਣੇ ਪੁੱਤਰਾਂ ਸਰਜਾ, ਮਿਰਜਾ, ਬੂਟੇ ਅਤੇ ਜਾਨੇ ਨਾਲ ਗਾਉਂਦਿਆ ਜਦੋਂ 'ਪੀਰ ਮੇਰਿਆ ਜੁਗਨੀ' ਤੋਂ ਬਾਅਦ ਜਦੋਂ 'ਉਏ' ਕਹਿੰਦਾ ਹੈ ਤਾਂ ਸੰਗੀਤ ਰਸੀਆਂ ਦੇ ਕਾਲਜੇ ਧੂ ਪਾ ਦਿੰਦਾ ਹੈ, ਉਹ ਜੁਗਨੀ ਲੋਰੀ ਵਾਂਗ ਗਾਉਂਦਾ ਹੈ :

ਅੱਵਲ ਸਿਫ਼ਤ ਖ਼ੁਦਾ ਦੀ ਆਖਾਂ
ਜਿਹੜਾ ਪਰਵਰਦਿਗਾਰ,
ਦੂਜੀ ਸਿਫ਼ਤ ਰਸੂਲ ਇਲ-ਲਿਲਹਾ ਦੀ,
ਆਖਾਂ ਹਮਦ ਹਜ਼ਾਰ,
ਤੀਜੀ ਸਿਫ਼ਤ ਉਨ੍ਹਾਂ ਦੀ ਆਖਾਂ,
ਜਿਹੜੇ ਪਿਆਰੇ ਯਾਰ,
ਨਾਮ ਨਵਾਬ ਤੇ ਜਾਤ ਕੰਮੀ ਦੀ,
ਜੁਗਨੀ ਕਰਾਂ ਤਿਆਰ
ਪੀਰ ਮੇਰਿਆ ਜੁਗਨੀ ਉਏ,
ਪੀਰ ਮੇਰਿਆ ਜੁਗਨੀ ਕਹਿੰਦੀ ਆ
ਜਿਹੜੀ ਨਾਮ ਅੱਲਾ ਦਾ ਲੈਂਦੀ ਆ।

ਇਸੇ ਤਰ੍ਹਾਂ ਆਲਮ ਲੁਹਾਰ ਨੇ ਜਿੱਥੇ ਬਹੁਤ ਸਾਰੀਆਂ ਲੋਕ-ਕਥਾਵਾਂ ਅਤੇ ਗੀਤਾਂ ਨੂੰ ਪੰਜਾਬੀ ਲੋਕ ਗਾਇਕੀ ਦੀ ਝੋਲੀ ਪਾਇਆ ਉੱਥੇ ਉਸ ਨੇ ਜੁਗਨੀ ਨੂੰ ਵੀ ਬੜੀ ਰੂਹ ਨਾਲ ਗਾਇਆ :

ਅਲੀ ਵਾਕ ਇਮਾਮ ਦਾ,
ਮੈਂ ਖ਼ਿਰਦ ਕਰਾਂ ਦਮ ਦਮ,
ਇਹਨੂੰ ਪੈਣ ਉਜੱਲੇ ਨੂਰ ਦੇ,
ਜਿਉਂ ਕਤਰੇ ਸ਼ਬਨਮ,
ਮੈਂ ਪੜ੍ਹੀ ਨਮਾਜ਼ ਐ ਇਸ਼ਕ ਦੀ,
ਦੂਰ ਹੋਏ ਸਭ ਗ਼ਮ,
ਓ ਮੈਂ ਗਾਵਾਂ ਜੁਗਨੀ।

ਇੱਥੇ ਬੁੱਢਾ ਸ਼ੇਖ ਦੀ ਜੁਗਨੀ ਦਾ ਵੀ ਜਿਕਰ ਕਰਨਾ ਬਣਦਾ ਹੈ :

ਇਹ ਜਿੱਤਣ ਨਾਲੋਂ ਹਾਰਨ ਚੰਗਾ ਜੇ,
ਤੂੰ ਸੁਣ ਮਸਤ ਫ਼ਕੀਰਾ,
ਜਿੱਤ ਜਾਏਂ ਤੇ ਛੱਲਾ ਕੱਚ ਦਾ,
ਹਾਰ ਜਾਏਂ ਤੇ ਹੀਰਾ,
ਓ ਪੀਰ ਮੇਰਿਆ ਤੇਰੀ ਜੁਗਨੀ
ਸਾਈਂ ਬੋਹੜਾਂ ਵਾਲਿਆ ਤੇਰੀ ਜੁਗਨੀ।

## ਪੰਜਾਬੀ ਗਾਇਕੀ ਅਤੇ ਜੁਗਨੀ

ਜੇਕਰ ਪੰਜਾਬੀ ਗਾਇਕੀ ਅਤੇ ਜੁਗਨੀ ਦਾ ਦਮ ਦੇਖਣਾ ਹੋਵੇ ਤਾਂ ਬੀਬਾ ਗੁਰਮੀਤ ਬਾਵਾ ਜੀ ਦੀ ਜੁਗਨੀ ਸੁਣੀ ਜਾ ਸਕਦੀ ਹੈ। ਆਪਣੀ ਬੁਲੰਦ ਆਵਾਜ਼ ਨਾਲ ਹੱਥ ਦੀ ਉਂਗਲ ਅਤੇ ਬਾਂਹ ਖੜ੍ਹੀ ਕਰਕੇ ਅਤੇ ਕਦੇ ਹੱਥ ਕੰਨ ਵੱਲ ਕਰ ਕੇ ਤੇ ਕੂਹਣੀ ਉਤਾਂਹ ਵੱਲ ਕਰ ਕੇ ਜਦੋਂ ਉਹ ਲੰਬੀ ਹੇਕ ਲਾਉਂਦੇ ਹਨ ਤਾਂ ਸੁਣਨ ਵਾਲਿਆਂ ਦੇ ਸਾਹ ਰੁਕ ਜਾਂਦੇ ਹਨ ਅਤੇ ਲੂੰ ਕੰਡੇ ਖੜ੍ਹੇ ਹੋ ਜਾਂਦੇ ਹਨ। 45 ਸੈਕਿੰਡ ਤਕ ਦੀ ਲੰਬੀ ਹੇਕ ਦੀ ਮਲਿਕਾ ਜਦੋਂ ਜੁਗਨੀ ਗਾਉਂਦੀ ਹੈ ਅਤੇ ਕਚੀਚੀ ਲੈ ਕੇ ਬੰਦ ਦੀ ਆਖ਼ਰੀ ਸਤਰ ਕਹਿੰਦੀ ਹੈ ਤਾਂ ਲੋਕ ਅਸ਼-ਅਸ਼ ਕਰ ਉੱਠਦੇ ਹਨ। ਗੀਤ ਦਾ ਬੰਦ ਮੁਕਾ ਕੇ ਸਟੈਂਡ ਵਾਲੇ ਮਾਈਕ ਤੋਂ ਝੁਕ ਕੇ ਪਿੱਛੇ ਹੱਟਣ ਦਾ ਉਨ੍ਹਾਂ ਦਾ ਆਪਣਾ ਹੀ ਅੰਦਾਜ਼ ਰਿਹਾ ਹੈ।

ਜੁਗਨੀ ਨੂੰ ਆਲਮੀ ਪ੍ਰਸਿੱਧੀ ਦੇਣ ਵਿਚ ਆਲਮ ਲੁਹਾਰ ਦੇ ਪੁੱਤਰ ਆਰਿਫ਼ ਲੁਹਾਰ ਦਾ ਵੀ ਅਹਿਮ ਯੋਗਦਾਨ ਹੈ। ਅੱਜ ਦੀ ਪੰਜਾਬੀ ਲੋਕ ਗਾਇਕੀ ਦੇ ਨਾਮਵਰ ਤੇ ਦਮਦਾਰ ਫ਼ਨਕਾਰ ਨੇ ਕੋਕ ਸਟੂਡੀਓ ਵਿਚ ਮੀਸ਼ਾ ਸ਼ਫ਼ੀ ਨਾਲ ਇਕ ਨਿਵੇਕਲੇ ਸੰਗੀਤ ਵਿਚ ਜੁਗਨੀ ਗਾ ਕੇ ਇਸ ਨੂੰ ਹੋਰ ਪ੍ਰਸਿੱਧੀ ਅਤੇ ਵਧੇਰੇ ਹਰਮਨ ਪਿਆਰਤਾ ਦਿਵਾਈ :

ਏ ਵੇ ਅੱਲਾ ਵਾਲਿਆਂ ਦੀ ਜੁਗਨੀ ਜੀ,
ਏ ਵੇ ਨਬੀ ਪਾਕ ਦੀ ਜੁਗਨੀ ਜੀ,
ਏ ਵੇ ਮੌਲਾ ਅਲੀ ਵਾਲੀ ਜੁਗਨੀ ਜੀ,
ਏ ਵੇ ਮੇਰੇ ਪੀਰ ਦੀ ਜੁਗਨੀ ਜੀ,
ਦਮ ਗੁਟਕੂੰ, ਦਮ ਗੁਟਕੂੰ, ਕਰੇ ਸਾਈਂ,
ਇਹ ਕਲਮਾਂ ਨਬੀ ਦਾ ਪੜ੍ਹੇ ਸਾਈਂ।

ਨੈਬ ਕੋਟੀਆ ਘੁਮਿਆਰ, ਆਲਮ ਲੁਹਾਰ ਅਤੇ ਗੁਰਮੀਤ ਬਾਵਾ ਨੇ ਜੁਗਨੀ ਅਲਗੋਜ਼ਿਆ ਨਾਲ ਗਾਈ। ਇਨ੍ਹਾਂ ਨੇ ਜੁਗਨੀ ਦੇ ਵੱਖੋ-ਵੱਖ ਬੰਦ ਗਾਏ ਹਨ ਅਤੇ ਭਾਸ਼ਾ ਦਾ ਵੀ ਫ਼ਰਕ ਹੈ, ਫਿਰ ਵੀ ਇਨ੍ਹਾਂ ਦੇ ਕੁਝ ਬੰਦ ਸਾਂਝੇ ਹਨ :

ਮੇਰੀ ਜੁਗਨੀ ਦੇ ਧਾਗੇ ਬੱਗੇ,
ਜੁਗਨੀ ਓਹਦੇ ਮੂੰਹੋਂ ਫੱਬੇ,
ਜਿਸ ਨੂੰ ਸੱਟ ਇਸ਼ਕ ਦੀ ਲੱਗੇ,
ਓ ਪੀਰ ਮੇਰਿਆ ਜੁਗਨੀ ਕਹਿੰਦੀ ਆ,
ਜਦ ਨਾਮ ਅਲੀ ਦਾ ਲੈਂਦੀ ਆ।
ਔਖੀ ਕਾਰ ਫ਼ਕੀਰੀ ਵਾਲੀ,
ਚੜ੍ਹ ਸੂਲੀ 'ਤੇ ਬਹਿਣਾ,
ਦਰ-ਦਰ 'ਤੇ ਨੇ ਟੁੱਕੜ ਮੰਗਣੇ,
ਮਾਈਏ ਭੈਣੇ ਕਹਿਣਾ,
ਭਾਵੇਂ ਲੱਖਾਂ ਹੀਲੇ ਕਰੀਏ,
ਇੱਥੇ ਜੋ ਬਣਿਆ ਸੋ ਰਹਿਣਾ
ਓ ਪੀਰ ਮੇਰਿਆ ਜੁਗਨੀ।

ਇਸ ਤੋਂ ਬਿਨ੍ਹਾਂ ਹੋਰ ਵੀ ਗਾਇਕਾਂ ਨੇ ਜੁਗਨੀ ਗਾਈ, ਜਿਸ ਵਿੱਚੋਂ ਬਹੁਤੇ ਗਾਇਕਾਂ ਦੀ ਜੁਗਨੀ ਅਸਲ ਸਿਧਾਂਤ ਤੋਂ ਦੂਰ ਹੈ। ਜੁਗਨੀ ਤਾਂ ਰੂਹ ਅਤੇ ਰਹਿਬਰ ਦੇ ਰਿਸ਼ਤੇ ਦੀ ਪਾਕ-ਪਵਿੱਤਰ ਨਿਸ਼ਾਨੀ ਦੀ ਬਾਤ ਹੈ। •

85678-72291

### ਨਿਪੁੰਨ ਯੋਗੀ ਦਾ ਚਿੰਨ੍ਹ

*ਯੋਗੀ ਆਪਣੇ ਚੇਲਿਆਂ ਨੂੰ ਯੋਗ ਵਿੱਦਿਆ ਵਿਚ ਨਿਪੁੰਨ ਹੋ ਜਾਣ ਤੇ ਉਨ੍ਹਾਂ ਨੂੰ ਯੋਗ ਦੇਣ ਵੇਲੇ ਉਨ੍ਹਾਂ ਦੇ ਗਲ਼ ਵਿਚ ਇਹ ਯੋਗਿਨੀ ਧਾਰਨ ਕਰਾਉਂਦੇ ਸਨ, ਭਾਵ ਇਹ ਯੋਗ ਗ੍ਰਹਿਣ ਅਤੇ ਨਿਪੁੰਨ ਯੋਗੀ ਦੇ ਚਿੰਨ੍ਹ ਵਜੋਂ ਪ੍ਰਚੱਲਿਤ ਹੋਈ। ਇਸੇ ਤਰ੍ਹਾਂ ਹੀ ਇਸਲਾਮ ਦੀ ਸੰਗੀਤ ਪ੍ਰੇਮੀ ਸੰਪਰਦਾਏ ਸੂਫ਼ੀ ਮਤ ਵਿਚ ਵੀ ਇਸੇ ਤਰ੍ਹਾਂ ਪੀਰ-ਮੁਰਸ਼ਦ ਆਪਣੇ ਸਭ ਤੋਂ ਕਾਬਲ ਸ਼ਾਗਿਰਦ ਨੂੰ ਜਦੋਂ ਆਪਣੀ ਗੱਦੀ ਦਿੰਦੇ ਜਾਂ ਖ਼ਾਸ ਅਵਸਥਾ ਵਿਚ ਪੁੱਜਣ ਵਾਲੇ ਦਰਵੇਸ਼ ਨੂੰ ਫ਼ਕੀਰੀ ਬਖ਼ਸ਼ਦੇ ਤਾਂ ਉਹ ਵੀ ਆਪਣੀ ਯੋਗਿਨੀ ਭਾਵ ਰੂਹ ਉਸ ਨੂੰ ਧਾਰਨ ਕਰਵਾ ਦਿੰਦੇ ਸਨ। ਇਸ ਤਰ੍ਹਾਂ ਯੋਗਿਨੀ ਅੱਗੇ ਤੋਂ ਅੱਗੇ ਚਲਦੀ ਰਹਿੰਦੀ ਸੀ। ਕਠਿਨ ਸਾਧਨਾ ਅਤੇ ਚਿੱਲ੍ਹੇ ਕੱਟ ਕੇ ਮਿਲੀ ਯੋਗਿਨੀ ਇਕ ਰੁਤਬਾ ਮੰਨੀ ਜਾਂਦੀ ਸੀ। ਇਸ ਅਵਸਰ 'ਤੇ ਜਸ਼ਨ ਵੀ ਮਨਾਏ ਜਾਂਦੇ ਸਨ, ਜਿਨ੍ਹਾਂ ਵਿਚ ਰੱਬ, ਅੱਲਾ, ਪੀਰ, ਮੁਰਸ਼ਦ ਜਾਂ ਗੁਰੂ ਦੀ ਸਿਫ਼ਤ ਸਲਾਹ ਦਾ ਗਾਇਨ ਵੀ ਹੁੰਦਾ ਸੀ। ਇਸ ਤਰ੍ਹਾਂ ਜੁਗਨੀ ਵਰਗਾ ਪਾਕ-ਪਵਿੱਤਰ ਗਹਿਣਾ ਕਦੇ ਸਿੱਧਾਂ, ਯੋਗੀਆਂ ਅਤੇ ਪੀਰਾਂ ਦੀ ਕਮਾਈ ਹੁੰਦਾ ਸੀ ਜਿਸ ਨੂੰ ਧਾਰਨ ਕਰ ਕੇ ਉਹ ਲੋਕਾਈ ਦੀ ਸੇਵਾ ਅਤੇ ਸੁਧਾਰ ਕਰਦੇ ਸਨ। ਇਹ ਪੰਜਾਬੀ ਲੋਕ ਗੀਤਾਂ ਵਿਚਲੀ ਯੋਗਿਨੀ ਤੋਂ ਬਣੀ ਜੁਗਨੀ ਦਾ ਅਰੰਭ ਅਤੇ ਅਸਲ ਵਜੂਦ ਹੈ।*

### ਯੋਗੀ ਫ਼ਕੀਰ

ਇਕ ਦੰਦ ਕਥਾਂ ਅਨੁਸਾਰ ਕਿਹਾ ਜਾਂਦਾ ਹੈ ਕਿ ਪੁਰਾਤਨ ਸਮੇਂ ਤੋਂ ਸਿੱਧ, ਯੋਗੀ, ਪੀਰ ਅਤੇ ਫ਼ਕੀਰ ਆਪਣੇ ਗਲ਼ੇ ਵਿਚ ਧਾਤ ਦਾ ਕੈਪਸੂਲ-ਨੁਮਾ ਤਵੀਤ ਧਾਗੇ ਜਾਂ ਮਾਲ਼ਾ ਵਿਚ ਪਰੋ ਕੇ ਧਾਰਨ ਕਰ ਕੇ ਰੱਖਦੇ ਸਨ ਜੋ ਉਨ੍ਹਾਂ ਦੀ ਸਾਧਨਾ, ਯੋਗ ਅਤੇ ਫ਼ਕੀਰੀ ਦੀ ਕਮਾਈ ਅਤੇ ਰੂਹ ਹੁੰਦਾ ਸੀ। ਇਸ ਨੂੰ ਯੋਗ-ਗ੍ਰਹਿਣੀ ਕਿਹਾ ਜਾਂਦਾ ਸੀ ਜੋ ਅੱਗੇ ਚੱਲ ਕੇ ਯੋਗਿਨੀ ਅਤੇ ਫਿਰ ਜੁਗਨੀ ਬਣ ਗਈ।




# ਰੁੱਖਾਂ ਤੇ ਮਨੁੱਖਾਂ ਦੀ ਨੇੜਤਾ

ਤ੍ਰਿਵੈਣੀ ਨਿੰਮ, ਪਿੱਪਲ ਤੇ ਬੋਹੜ ਦੇ ਇੱਕੋ ਥਾਂ ਲੱਗੇ ਦਰੱਖਤਾਂ ਦੇ ਝੁੰਡ ਨੂੰ ਕਿਹਾ ਜਾਂਦਾ ਸੀ। ਪੁਰਾਣੇ ਸਮਿਆਂ ਵਿਚ ਮੰਨਿਆਂ ਜਾਂਦਾ ਸੀ ਕਿ ਇਸ ਨੂੰ ਲਗਾਉਣ ਨਾਲ ਸਵਰਗ ਦੀ ਪ੍ਰਾਪਤੀ ਹੁੰਦੀ ਹੈ ਜਦਕਿ ਅਜਿਹਾ ਕੁਝ ਵੀ ਨਹੀਂ ਸੀ। ਕੀ ਸੀ ਤ੍ਰਿਵੈਣੀ ਤੇ ਸਵਰਗ ਦੀ ਸਚਾਈ ਆਓ ਇਸ ਵਾਰੇ ਚਰਚਾ ਕਰੀਏ। ਵਿਗਿਆਨ ਦਾ ਆਰੰਭ ਤਾਂ ਉਦੋਂ ਹੀ ਹੋ ਗਿਆ ਸੀ ਜਦੋਂ ਮਨੁੱਖ ਨੇ ਪੱਥਰਾਂ ਨੂੰ ਰਗੜ ਕੇ ਅੱਗ ਬਾਲਣੀ ਸਿੱਖ ਲਈ ਸੀ। ਵਿਗਿਆਨ ਦੀ ਪਹਿਲੀ ਖੋਜ ਜੇਕਰ ਪਹੀਏ ਦੀ ਖੋਜ ਨੂੰ ਮੰਨ ਲਿਆ ਜਾਵੇ ਤਾਂ ਕੁਝ ਗ਼ਲਤ ਨਹੀਂ ਹੋਵੇਗਾ। ਪੁਰਾਣੇ ਸਮਿਆਂ ਦੇ ਸਿਆਣੇ ਬਜ਼ੁਰਗ ਵਿਗਿਆਨ ਦੀ ਸੋਚ ਜਾਣ ਚੁੱਕੇ ਸਨ ਉਸ ਇਸ ਨੂੰ ਅਪਣਾਉਣਾ ਵੀ ਚਾਹੁੰਦੇ ਸਨ ਪਰ ਉਸ ਸਮੇਂ ਦੇ ਲੋਕਾਂ ਦਾ ਬੌਧਿਕ ਪੱਧਰ ਵਿਗਿਆਨ ਦਾ ਹਾਣੀ ਨਹੀਂ ਸੀ। ਇਹ ਸਭ ਗੱਲਾਂ ਉਨ੍ਹਾਂ ਦੀ ਸਮਝ ਤੋਂ ਬਾਹਰ ਸਨ। ਉਨ੍ਹਾਂ ਦੇ ਦਿਮਾਗ਼ 'ਚ ਸਿਰਫ਼ ਧਰਮ ਹੀ ਫਿੱਟ ਬੈਠਦਾ ਸੀ ਕਿਉਂਕਿ ਜ਼ਿਆਦਾ ਧਰਮੀ ਹੋਣ 'ਤੇ ਕਮਲੇ ਹੋਣ 'ਚ ਜ਼ਿਆਦਾ ਫ਼ਰਕ ਨਹੀਂ ਹੁੰਦਾ ਸੋ ਬਜ਼ੁਰਗਾਂ ਨੇ ਲੋਕਾਂ ਦਾ ਮਾਨਸਿਕ ਪੱਧਰ ਵਾਚਦੇ ਹੋਏ ਉਨ੍ਹਾਂ ਵਿਗਿਆਨਕ ਸਚਾਈਆਂ ਨੂੰ ਧਰਮ ਨਾਲ ਜੋੜ ਦਿੱਤਾ ਕਿਉਂਕਿ ਲੋਕ ਸਿਰਫ਼ ਧਰਮ ਦੀ ਭਾਸ਼ਾ ਨੂੰ ਸਮਝਦੇ ਸਨ। ਨਿੰਮ ਇਕ ਡਾਕਟਰੀ ਪੌਦਾ ਹੈ ਜਿਸ ਦੀ ਵਰਤੋਂ ਚਮੜੀ ਦੀਆਂ ਬਿਮਾਰੀਆਂ ਲਈ ਬਣਨ ਵਾਲੀਆਂ ਦਵਾਈਆਂ, ਕਰੀਮਾਂ ਅਤੇ ਸਾਬਣਾਂ 'ਚ ਕੀਤੀ ਜਾਂਦੀ ਹੈ, ਪਿੱਪਲ ਸਭ ਤੋਂ ਵੱਧ ਕਾਰਬਨ ਡਾਈਅਕਸਾਈਡ ਸੋਖਦਾ ਹੈ। ਬੋਹੜ ਦੁਆਰਾ ਛੱਡੀ ਗਈ ਆਕਸੀਜਨ ਸਾਰੇ ਰੁੱਖਾਂ ਤੋਂ ਜ਼ਿਆਦਾ ਮਾਤਰਾਂ 'ਚ ਹੁੰਦੀ ਹੈ ਹੁਣ ਵਿਗਿਆਨਕ ਤੱਥ ਉਨ੍ਹਾਂ ਲੋਕਾਂ ਦੀ ਸਮਝ ਤੋਂ ਬਾਹਰ ਦੀਆਂ ਗੱਲਾਂ ਸਨ, ਇਸ ਲਈ ਉਨ੍ਹਾਂ ਨੂੰ ਸਮਝਾਉਣ ਲਈ ਇਸ ਨਾਲ ਸਵਰਗ ਮਿਲਣ ਦੀ ਮਨਘੜਤ ਕਹਾਣੀ ਜੋੜ ਦਿੱਤੀ ਗਈ। ਧਰਮੀ ਲੋਕ ਇੱਥੇ ਨਰਕ ਵਰਗੇ ਮਾਹੌਲ 'ਚ ਰਹਿਣ ਲਈ ਤਿਆਰ ਸਨ ਪਰ ਮੌਤ ਤੋਂ ਬਾਅਦ ਸਵਰਗ ਹੀ ਜਾਣਾ ਚਾਹੁੰਦੇ ਹਨ। ਬੱਸ ਫਿਰ ਕੀ ਸੀ ਹਰ ਬੰਦਾ ਸਵਰਗ ਜਾਣ ਲਈ ਕਾਹਲਾ ਸੀ। ਫਿਰ ਕੀ ਚਾਰੇ ਪਾਸੇ ਤ੍ਰਿਵੈਣੀਆਂ ਹੀ ਤ੍ਰਿਵੈਣੀਆਂ ਇਸ ਤਰ੍ਹਾਂ ਸਾਰਾ ਵਾਤਾਵਰਨ ਹਰਿਆ ਭਰਿਆ ਹੋ ਗਿਆ। ਇਸੇ ਤਰ੍ਹਾਂ ਭੂਤਾਂ ਪ੍ਰੇਤਾਂ ਤੋਂ ਘਰ ਦੀ ਸੁਰੱਖਿਆ ਲਈ ਦਰਵਾਜ਼ੇ ਤੇ ਦੁਕਾਨਾਂ 'ਤੇ ਮਿਰਚਾਂ ਅਤੇ ਨਿੰਬੂ ਲਟਕਾਏ ਜਾਂਦੇ ਸੀ ਪਰ ਜੇਕਰ ਵਿਗਿਆਨ ਪੱਖੋਂ ਵਾਚੀਏ ਤਾਂ ਨਿੰਬੂ ਤੇ ਮਿਰਚਾਂ ਕਈ ਤਰ੍ਹਾਂ ਦੇ ਜਿਵਾਣੂਆਂ ਦਾ ਖ਼ਾਤਮਾ ਕਰਦੇ ਹਨ ਅਤੇ ਘਰ 'ਚੋਂ ਬਦਬੂ ਨੂੰ ਦੂਰ ਕਰ ਕੇ ਖੁਸ਼ਬੂ ਫੈਲਾਉਂਦੇ ਹਨ। ਜਿਸ ਘਰ 'ਚ ਨਵ ਜੰਮਿਆਂ ਬੱਚਾ ਹੁੰਦਾ ਹੈ ਉਸ ਬੱਚੇ ਦੀ ਜਿੰਨ ਪ੍ਰੇਤ ਤੋਂ ਰੱਖਿਆ ਲਈ ਦਰਵਾਜ਼ੇ ਕੋਲ ਪਾਥੀ ਬਾਲ ਕੇ ਰੱਖੀ ਜਾਂਦੀ ਸੀ। ਬਾਹਰੋਂ ਆਉਣ ਵਾਲੇ ਇਨਸਾਨ ਦੇ ਹੱਥ ਧੁਵਾਏ ਜਾਂਦੇ ਸਨ। ਘਰ ਦੇ ਦਰਵਾਜ਼ੇ ਅੱਗੇ ਨਿੰਮ ਬੰਨ੍ਹਿਆਂ ਜਾਂਦਾ ਸੀ। ਆਪਣੇ ਤੇ ਦੂਜੇ ਘਰਾਂ ਦੇ ਦਰਵਾਜ਼ਿਆਂ ਅੱਗੇ ਵੀ ਨਿੰਮ ਬੰਨ੍ਹ ਦਿੱਤਾ ਜਾਂਦਾ ਸੀ। ਇਹ ਸਾਰੇ ਵਹਿਮ ਭੂਤਾਂ ਪ੍ਰੇਤਾਂ ਤੋਂ ਬੱਚੇ ਦੀ ਰੱਖਿਆ ਲਈ ਕੀਤੇ ਜਾਂਦੇ ਸਨ ਅਤੇ ਜਣੇਪੇ ਵਾਲੀ ਔਰਤ ਦਾ ਖ਼ਾਸ ਖ਼ਿਆਲ ਰੱਖਿਆ ਜਾਂਦਾ ਸੀ। ਮੰਨਿਆ ਜਾਂਦਾ ਸੀ ਕਿ ਜਣੇਪੇ ਵਿਚ ਮਰੀ ਔਰਤ ਕਰੀਲ (ਚੁੜੇਲ)ਬਣ ਜਾਂਦੀ ਹੈ ਉਸ ਦੀ ਗਤੀ ਨਹੀਂ ਹੁੰਦੀ। ਇਸ ਲਈ ਜਣੇਪੇ ਵਾਲੀ ਔਰਤ ਦਾ ਖ਼ਾਸ ਖ਼ਿਆਲ ਰੱਖਿਆ ਜਾਂਦਾ ਸੀ। ਇਸ ਦੀ ਵਿਗਿਆਨਕ ਸਚਾਈ ਇਹ ਸੀ ਕਿ ਜਣੇਪੇ 'ਚ ਔਰਤ ਕਮਜ਼ੋਰ ਹੋ ਜਾਂਦੀ ਸੀ। ਉਸ ਨੂੰ ਬਿਮਾਰੀਆਂ ਜਲਦੀ ਪਕੜ 'ਚ ਲੈ ਲੈਂਦੀਆਂ ਸਨ। ਪਾਥੀ ਬਾਲਣ ਦਾ ਮਤਲਬ ਇਹ ਸੀ ਕਿ ਘਰ ਵਿਚ ਮੱਛਰ ਮੱਖੀ ਅਤੇ ਹੋਰ ਜ਼ਹਿਰੀਲੇ ਕਿਸਮ ਦੇ ਕੀੜੇ ਦਾਖ਼ਲ ਹੋ ਕੇ ਬੱਚੇ ਨੂੰ ਕੱਟ ਸਕਦੇ ਹਨ, ਉਨ੍ਹਾਂ ਨੂੰ ਭਜਾਉਣ ਲਈ ਪਾਥੀ ਬਾਲ ਕੇ ਧੂੰਆਂ ਕੀਤਾ ਜਾਂਦਾ ਸੀ। ਘਰ ਦੇ ਦਰਵਾਜ਼ੇ ਉੱਤੇ ਨਿੰਮ ਇਸ ਲਈ ਬੰਨ੍ਹਿਆ ਜਾਂਦਾ ਸੀ ਕਿ ਇਹ ਇਕ ਜੀਵਾਣੂ ਨਾਸ਼ਕ ਰੁੱਖ ਹੈ ਇਸ ਦੇ ਟਾਹਣੀ, ਪੱਤੇ ਅਤੇ ਨਿਮੋਲੀਆਂ ਉਹ ਕਈ ਕਿਸਮ ਦੀਆਂ ਛੂਤ ਦੀਆਂ ਬਿਮਾਰੀਆਂ ਦੇ ਕਿਟਾਣੂਆਂ ਨੂੰ ਖ਼ਤਮ ਕਰਦੇ ਹਨ ਇਸ ਲਈ ਮੰਨਿਆ ਜਾਂਦਾ ਸੀ ਜੋ ਕੋਈ ਬਿਮਾਰੀ ਜਾਂ ਕਿਟਾਣੂ ਬੱਚੇ ਕੋਲ ਨਾ ਆਵੇ। ਇਸ ਲਈ ਨਿੰਮ ਦਰਵਾਜ਼ੇ ਅੱਗੇ ਬੰਨ੍ਹ ਦਿੱਤਾ ਜਾਂਦਾ ਸੀ ਕਿਉਂਕਿ ਸ਼ਰੀਕੇ ਦੇ ਲੋਕ ਬੱਚੇ ਨੂੰ ਮਿਲਣ ਆਉਣਗੇ ਉਨ੍ਹਾਂ ਨੂੰ ਮਨ੍ਹਾਂ ਤਾਂ ਨਹੀਂ ਕੀਤਾ ਜਾ ਸਕੇਗਾ ਕਿ ਛੋਟੇ ਬੱਚੇ ਦੀ ਸੁਰੱਖਿਆ ਦਾ ਸਵਾਲ ਹੈ, ਤੁਸੀ ਨਾ ਆਓ। ਸੋ ਨਿੰਮ ਬੰਨ੍ਹ ਕੇ ਸੁਰੱਖਿਅਤ ਮਹਿਸੂਸ ਕੀਤਾ ਜਾਂਦਾ ਸੀ। ਸਿਰਫ਼ ਉਨ੍ਹਾਂ ਲੋਕਾਂ ਲਈ ਇਸ ਸਚਾਈ ਨੂੰ ਵਹਿਮ ਨਾਲ ਜੋੜਨਾਂ ਪੈਂਦਾ ਹੈ ਜਿਹੜੇ ਲੋਕ ਅੰਧਵਿਸ਼ਵਾਸੀ ਹੁੰਦੇ ਹਨ। ਵਾਤਾਵਰਨ ਸ਼ੁੱਧ ਤੇ ਸਾਫ਼ ਹੋਵੇਗਾ ਤਾਂ ਧਰਤੀ ਸਵਰਗ ਬਣ ਜਾਵੇਗੀ। ਮਰਨ ਤੋਂ ਬਾਅਦ ਵਾਲਾ ਸਵਰਗ ਤਾਂ ਪਤਾ ਨਹੀਂ ਮਿਲੇਗਾ ਜਾਂ ਨਹੀਂ ਪਰ ਜਿਉਂਦੇ ਜੀ ਸਵਰਗ ਜ਼ਰੂਰ ਮਿਲ ਸਕੇਗਾ। ਸੋ ਵਹਿਮਾਂ ਤੋਂ ਬਚੋਂ ਵਿਗਿਆਨ ਸੋਚ ਅਪਣਾਓ।

• ਹਰਚਰਨ ਕੌਰ
99158-65550





### ਦਰਵਾਜ਼ੇ 'ਤੇ ਨਿੰਮ ਬੰਨ੍ਹਣਾ

*ਘਰ ਦੇ ਦਰਵਾਜ਼ੇ ਉੱਤੇ ਨਿੰਮ ਇਸ ਲਈ ਬੰਨ੍ਹਿਆ ਜਾਂਦਾ ਸੀ ਕਿ ਇਹ ਜੀਵਾਣੂ ਨਾਸ਼ਕ ਰੁੱਖ ਹੈ। ਇਸ ਦੇ ਟਾਹਣੀ, ਪੱਤੇ ਤੇ ਨਿਮੋਲੀਆਂ ਕਈ ਕਿਸਮ ਦੀਆਂ ਛੂਤ ਦੀਆਂ ਬਿਮਾਰੀਆਂ ਦੇ ਕਿਟਾਣੂਆਂ ਨੂੰ ਖ਼ਤਮ ਕਰ ਦਿੰਦੇ ਹਨ। ਮੰਨਿਆ ਜਾਂਦਾ ਸੀ ਜੋ ਕੋਈ ਬਿਮਾਰੀ ਜਾਂ ਕਿਟਾਣੂ ਨਵ-ਜਨਮੇ ਬੱਚੇ ਕੋਲ ਨਾ ਆਵੇ। ਇਸ ਲਈ ਨਿੰਮ ਦਰਵਾਜ਼ੇ 'ਤੇ ਬੰਨ੍ਹ ਦਿੱਤਾ ਜਾਂਦਾ ਸੀ ਕਿਉਂਕਿ ਸ਼ਰੀਕੇ ਦੇ ਲੋਕ ਬੱਚੇ ਨੂੰ ਮਿਲਣ ਆਉਣਗੇ ਉਨ੍ਹਾਂ ਨੂੰ ਮਨ੍ਹਾਂ ਤਾਂ ਨਹੀਂ ਕੀਤਾ ਜਾ ਸਕੇਗਾ ਕਿ ਛੋਟੇ ਬੱਚੇ ਦੀ ਸੁਰੱਖਿਆ ਦਾ ਸਵਾਲ ਹੈ।*

# ਮੇਲ ਮਿਲਾਪ ਦਾ ਦਾਇਰਾ ਵਧਾਉਂਦੇ ਹਨ ਮੇਲੇ

ਤਰਸੇਮ ਸਿੰਘ 'ਭੰਗੂ'

ਜੰਗਲਾਂ ਵਿੱਚੋਂ ਨਿਕਲ ਕੇ ਮਨੁੱਖ ਨੇ ਜਦੋਂ ਆਲੇ-ਦੁਆਲੇ ਵਿਚਰਨਾ ਸ਼ੁਰੂ ਕੀਤਾ ਤਾਂ ਮਨੁੱਖੀ ਮੇਲ-ਮਿਲਾਪ ਦਾ ਦਾਇਰਾ ਵਧਿਆ। ਵੱਖ-ਵੱਖ ਸਮਾਜਾਂ ਵਿਚ ਬੱਝਣ ਤੋਂ ਬਾਅਦ ਹੀ ਸ਼ਾਇਦ ਮਨੁੱਖ ਨੂੰ ਸੱਭਿਅਕ ਅਤੇ ਸਮਾਜਿਕ ਪ੍ਰਾਣੀ ਦਾ ਦਰਜਾ ਮਿਲਿਆ। ਹੌਲੀ-ਹੌਲੀ ਮਨੁੱਖ ਰਿਸ਼ਤਿਆਂ ਵਿਚ ਬੱਝ ਗਿਆ। ਸਮਾਜ ਰੂਪੀ ਮਜ਼ਬੂਤ ਸੰਗਲ ਨੂੰ ਜੋੜੀ ਰੱਖਣ ਲਈ ਰਿਸ਼ਤੇ ਅਹਿਮ ਕੜੀ ਵਜੋਂ ਕੰਮ ਕਰਦੇ ਹਨ। ਮੇਲ-ਮਿਲਾਪ ਨਾਲ ਹੀ ਸਮਾਜਿਕ ਸਰਗਰਮੀਆਂ ਵਧਦੀਆਂ ਹਨ ਅਤੇ ਸੱਭਿਆਚਾਰ ਵਿਗਸਦਾ ਹੈ ਤੇ ਅੱਗੇ ਵਧਦਾ ਹੈ। ਸੱਥਾਂ 'ਚ ਬੈਠਣਾ, ਦੋਸਤਾਂ ਦਾ ਮੇਲ-ਮਿਲਾਪ, ਰਹੁ-ਰੀਤਾਂ ਅਤੇ ਤਮਾਮ ਸਰਗਰਮੀਆਂ ਸਾਡੇ ਸੱਭਿਆਚਾਰ ਦੀਆਂ ਚੂਲਾਂ ਹਨ। ਵਿਕਾਸ ਇਸ ਦੇ ਇਰਦ-ਗਿਰਦ ਹੀ ਘੁੰਮਦਾ ਹੈ।

## ਮੇਲਿਆਂ ਦੀ ਧਰਤੀ

ਭਾਰਤ ਨੂੰ ਮੇਲਿਆਂ ਦੀ ਧਰਤੀ ਵੀ ਕਹਿ ਲਿਆ ਜਾਵੇ ਤਾਂ ਵੀ ਕੋਈ ਅਤਿ ਕਥਨੀ ਨਹੀਂ। 365 ਦਿਨਾਂ ਵਿੱਚੋਂ ਕੋਈ ਅਜਿਹਾ ਦਿਨ ਨਹੀਂ ਹੋਵੇਗਾ ਜਿਸ ਦਿਨ ਕਿਧਰੇ ਕੋਈ ਮੇਲਾ ਨਾ ਲੱਗਦਾ ਹੋਵੇ।

ਪੰਜਾਬ ਵਿਚ ਗੁਰੂਆਂ, ਪੀਰਾਂ, ਫ਼ਕੀਰਾਂ, ਸਾਧੂ-ਸੰਤਾਂ ਅਤੇ ਹੋਰ ਰੱਬ ਦੇ ਭਗਤਾਂ ਦੇ ਨਾਂ 'ਤੇ ਅਨੇਕਾਂ ਮੇਲੇ ਲੱਗਦੇ ਹਨ। ਵਿਸਾਖੀ, ਦੀਵਾਲੀ, ਰੱਖੜ-ਪੁੰਨਿਆਂ, ਜਗਰਾਵਾਂ ਦੀ ਰੌਸ਼ਨੀ, ਹੋਲਾ ਮਹੱਲਾ, ਜਰਗ ਦਾ ਮੇਲਾ, ਚੋਲ਼ੇ ਦਾ ਮੇਲਾ, ਸ਼ਹੀਦੀ ਜੋੜ ਮੇਲਾ, ਛਪਾਰ ਦਾ ਮੇਲਾ, ਮੁਕਤਸਰ ਦਾ ਮਾਘੀ ਮੇਲਾ, ਲੌਂਗੋਵਾਲ ਦੀਆਂ ਤੀਆਂ, ਮਾਝੇ ਵਿਚ ਬੱਬੇ ਹਾਲੀ, ਘੋਨੇਵਾਲਾ ਅਤੇ ਮਾਕੋਵਾਲ ਦੀਆਂ ਛਿੰਝਾਂ ਬਹੁਤ ਮਸ਼ਹੂਰ ਹਨ। ਮੇਲੇ ਸਾਡੀ ਵਿਰਾਸਤ ਹਨ। ਜਿਹੜੀਆਂ ਕੌਮਾਂ ਆਪਣੀ ਵਿਰਾਸਤ ਨਹੀਂ ਸੰਭਾਲਦੀਆਂ ਉਹ ਜ਼ਿਆਦਾ ਦੇਰ ਜ਼ਿੰਦਾ ਨਹੀਂ ਰਹਿੰਦੀਆਂ।

## ਪੰਜਾਬੀਆਂ ਦੇ ਸੁਭਾਅ

ਮੇਲੇ ਮਿਲਣ ਦਾ ਸਬੱਬ ਹੁੰਦੇ ਹਨ। ਪੰਜਾਬੀਆਂ ਦੇ ਸੁਭਾਅ ਵਿਚ ਹੀ ਮਿਲਾਪ ਹੈ। ਅਖੇ, 'ਮੇਲਾ ਮੇਲੀਆਂ ਦਾ, ਯਾਰਾਂ ਬੇਲੀਆਂ ਦਾ।' ਮੇਲੇ ਤੋਂ ਕਈ ਸ਼ਬਦ ਪੈਦਾ ਹੋਏ ਹਨ। ਮੇਲ ਲਫ਼ਜ਼ ਵੀ ਮਿਲਣ ਤੋਂ ਬਣਿਆ ਹੈ। ਵਿਆਹ ਸ਼ਾਦੀ ਵਿਚ ਨਾਨਕਾ ਮੇਲ ਦੀ ਖ਼ਾਸ ਅਹਿਮੀਅਤ ਹੁੰਦੀ ਹੈ। ਮੇਲ ਵਿਚ ਆਈਆਂ ਔਰਤਾਂ ਨੂੰ ਮੇਲਣਾਂ ਕਿਹਾ ਜਾਂਦਾ ਹੈ। ਚਾਰ ਦਹਾਕੇ ਪਹਿਲਾਂ ਵਿਆਹ ਤੋਂ ਦੋ ਦਿਨ ਪਹਿਲਾਂ ਮੇਲ ਆਉਣਾ ਸ਼ੁਰੂ ਹੋ ਜਾਂਦਾ ਸੀ ਪਰ ਅਜੋਕੇ ਪਦਾਰਥਵਾਦੀ ਅਤੇ ਵਪਾਰਕ ਬਿਰਤੀਆਂ ਵਾਲੇ ਯੁੱਗ ਵਿਚ ਸਾਡੇ ਸੱਭਿਆਚਾਰ ਦਾ ਰੰਗ ਵੀ ਫਿੱਕਾ ਪੈ ਗਿਆ ਹੈ। ਹੁਣ ਤਾਂ ਪੈਲਸਾਂ ਵਿਚ ਕੁਝ ਘੰਟਿਆਂ ਦਾ ਹੀ ਮੇਲ ਹੁੰਦਾ ਹੈ। ਜਗ ਜਿਉਂਦਿਆਂ ਦੇ ਮੇਲੇ ਤਾਂ ਹੁੰਦੇ ਹੀ ਨੇ ਪਰ ਅਸਲ ਮੇਲੇ ਮਿਲਦਿਆਂ ਦੇ ਹੁੰਦੇ ਹਨ।

*'ਤੈਨੂੰ ਭਾਲਦਿਆਂ ਥੱਕ ਗਈਆਂ ਅੱਖੀਆਂ ਵੇ
ਮੇਲਾ ਮੈਨੂੰ ਦੱਖ ਨਾ ਦੇਵੇ।'
'ਕਿਤੇ ਮੇਲੇ 'ਚ ਨਜ਼ਰ ਨਾ ਆਇਆ ਵੇ
ਸਾਰਾ ਮੇਲਾ ਛਾਣ ਮਾਰਿਆ।
'ਮੇਲੇ ਮੁਕਸਰ ਦੇ ਚੱਲ ਚੱਲੀਏ
ਨਣਦ ਦਿਆ ਵੀਰਾ।
'ਚੱਲ ਚੱਲੀਏ ਜਰਗ ਦੇ ਮੇਲੇ ਨੀ
ਮੁੰਡਾ ਤੇਰਾ ਮੈਂ ਚੱਕ ਲਊਂ।*

## ਲੋਕ ਸਾਹਿਤ ਦਾ ਹਿੱਸਾ

ਮੇਲਿਆਂ ਦੇ ਸਬੰਧ ਵਿਚ ਅਜਿਹੇ ਅਨੇਕਾਂ ਹੀ ਲੋਕ ਗੀਤਾਂ ਦੇ ਮੁੱਖੜੇ ਅਤੇ ਬੋਲੀਆਂ ਸਾਡੇ ਲੋਕ ਸਾਹਿਤ ਦਾ ਹਿੱਸਾ ਹਨ। ਜੋ ਮਿਲਣ ਲਈ ਤੜਪਦੀਆਂ ਰੂਹਾਂ ਦੇ ਦਿਲਾਂ ਦੀ ਤਰਜਮਾਨੀ ਕਰਦੀਆਂ ਹਨ। ਪੰਜਾਬ ਵਿਚ ਮੱਸਿਆ ਤਾਂ ਹਰ ਮਹੀਨੇ ਕਈ ਜਗ੍ਹਾ ਲੱਗਦੀ ਹੈ। ਅਵਿੱਦਤ ਮਨ ਧਾਰਮਿਕ ਥਾਂ 'ਤੇ ਸੁੱਖਣਾ ਸੁੱਖ ਕੇ ਮਨ ਦੀ ਮੁਰਾਦ ਪੂਰੀ ਕਰਨਾ ਲੋਚਦਾ ਹੈ। ਹਰ ਮੱਸਿਆ ਜਾਣ ਵਾਲੀ ਨੂੰ ਕੋਈ ਮਸਖਰਾ ਇੰਜ ਕਾਨੀ ਵੀ ਕੱਸਦਾ ਹੈ :

ਸੁੱਖ ਲਈਆਂ ਪੰਜ ਮੱਸਿਆ
ਪਹਿਲੀ ਮੱਸਿਆ ਕੰਨਾਂ ਨੂੰ ਹੱਥ ਲਾਵੇ।

ਮੱਧ ਵਰਗੀ ਕਿਸਾਨ ਆਪਣੀ ਔਰਤ ਨੂੰ ਮੱਸਿਆ ਜਾਣ ਦੀ ਤਿਆਰੀ ਖਿੱਚਦੀ ਵੇਖ, ਖੇਤੀ ਦੇ ਕੰਮ ਨੂੰ ਪਹਿਲ ਦਿੰਦਾ ਇਸ ਬੋਲੀ ਰਾਹੀਂ ਰੋਕਦਾ, ਇੰਜ ਆਖਦਾ ਹੈ,

ਤੈਨੂੰ ਮੱਸਿਆ ਜਾਣ ਦੀ ਪੈ ਗਈ
ਇੱਥੇ ਮੇਰਾ ਚੱਲੇ ਵੇਲਣਾ ਭਾਨੋਂ
ਹੋ ਕੇ ਤਿਆਰ ਵੇਖ ਲੈ ਮਾਰੂ ਜਾਨੋਂ।

## ਜਵਾਨ ਹੋਣ ਦਾ ਭਰਮ

ਡੰਗਰ ਚਾਰਦਿਆਂ ਤਾਂ ਝੋਟਾ ਹੀ ਕਿਸੇ ਜਹਾਜ਼ ਤੋਂ ਘੱਟ ਨਹੀਂ ਹੁੰਦਾ ਸੀ। ਹੋ ਸਕਦੈ ਮੇਰੇ ਹਾਣੀ ਵੀ ਮੇਰੇ ਵਾਂਗ ਦਾਹੜੀਆਂ ਕਾਲੀਆਂ ਕਰ ਕੇ ਜਵਾਨ ਹੋਣ ਦਾ ਭਰਮ ਪਾਲਦੇ ਮੇਰੇ ਨੇੜਿਓਂ ਹੀ ਗੁਜ਼ਰ ਰਹੇ ਹੋਣ ਜਾਂ ਕਬੀਲਦਾਰੀਆਂ ਨਜਿੱਠਦੇ ਉਮਰੋਂ ਪਹਿਲਾਂ ਹੀ ਬੁੱਢੇ ਹੋ ਗਏ ਹੋਣ ਪਰ ਪਛਾਣਨ ਤੋਂ ਅਸਮਰਥ ਹਾਂ।

ਮੇਲੇ ਦੇ ਸ਼ੋਰ ਵਿਚ ਇਕ ਪਾਸੇ ਸੱਭਿਆਚਾਰਕ ਪ੍ਰੋਗਰਾਮ ਚੱਲ ਰਿਹਾ ਹੈ। ਗਾਇਕ ਜੋੜੀ ਗਾ ਰਹੀ ਹੈ ਲੋਕ ਨੋਟ ਵਾਰ ਰਹੇ ਹਨ। ਰੁਪਈਏ ਨਹੀਂ, ਵੱਖ-ਵੱਖ ਕਈ ਛੋਟੇ-ਵੱਡੇ ਨੋਟ ਉੱਡ ਰਹੇ ਹਨ। ਕੋਈ ਬਜ਼ੁਰਗ ਖਲੋਤਿਆਂ ਤੋਂ ਪੁੱਛ ਰਿਹਾ ਹੈ, 'ਕੌਣ ਆਇਆ ਗਾਉਣ ਐਤਕੀਂ ਬੱਲਿਆ ?

'ਹੱਛਾ, ਅਣਖ-ਉਣਖ ਤਾਂ ਮੈਨੂੰ ਦੀਹਦੀ ਨੀਂ ਇਹਦੇ 'ਚ, ਕਿਹੋ ਜਿਹੇ ਗੌਣ ਗਾਈ ਜਾਂਦਾ, ਮੇਲੇ ਆਈਆਂ ਧੀਆਂ ਭੈਣਾਂ ਦੀ ਵੀ ਭੋਰਾ ਸ਼ਰਮ ਨਈ, ਸਹੁਰੀ ਦੇ ਅਣਖੀ ਬਣੇ ਫਿਰਦੇ ਐ! ਕੁੜੀ ਸੂਹਣੀ ਲਈ ਫਿਰਦਾ ਕਾਲਾ ਜਿਹਾ।' ਬੁੜ-ਬੁੜ ਕਰਦਾ ਬਾਬਾ ਅੱਗੇ ਤੁਰ ਜਾਂਦਾ ਹੈ।


## ਅੱਗੇ ਹੋਣ ਦੀ ਕੋਸ਼ਿਸ਼

ਮੈਂ ਗੱਡੀ ਇਕ ਪਾਸੇ ਲਾ ਕੇ ਜਿੱਧਰ ਕੁਸ਼ਤੀਆਂ ਹੋਣੀਐ ਉਧਰ ਨੂੰ ਅਹੁਲਦਾ ਹਾਂ। ਤਿੰਨ ਢੋਲੀ ਡੱਗੇ 'ਤੇ ਡੱਗਾ ਮਾਰਦੇ ਕੁਝ ਸੁਣਨ ਨਹੀਂ ਦੇ ਰਹੇ। ਪਹਿਲੇ ਮੇਲਿਆਂ ਵਰਗਾ ਇਕੱਠ ਨਹੀਂ ਹੈ। ਵਾਹਣ ਦੇ ਚਾਰ-ਚੁਫੇਰੇ ਲੋਕ ਇਕ ਦੂਜੇ ਤੋਂ ਅੱਗੇ ਹੋਣ ਦੀ ਕੋਸ਼ਿਸ਼ ਕਰ ਰਹੇ ਹਨ। ਘੁਲਣ ਆਏ ਭਲਵਾਨਾਂ ਨੇ ਬੈਠਕਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਹਨ ਪਰ ਮੈਨੂੰ ਬੱਚੋ ਮਾਕੋਵਾਲੀਆ, ਜੀਤਾ, ਸੰਧਿਸਰਾ ਅਤੇ ਫੱਤੂ ਭੀਲੀਏ ਵਰਗਾ ਦਰਸ਼ਨੀ ਜਵਾਨ ਇਨ੍ਹਾਂ 'ਚੋਂ ਕੋਈ ਵੀ ਨਜ਼ਰ ਨਹੀਂ ਆ ਰਿਹਾ। ਇਕ ਪਾਸੇ ਢਿਲਕੇ ਪਰ ਮਜ਼ਬੂਤ ਸਰੀਰ ਵਾਲਾ ਬਜ਼ੁਰਗ ਮੁੰਗਲੀਆਂ ਫੇਰਦਾ ਕੈਪਸੂਲਾਂ ਦੀ ਪਦਾਇਸ਼ ਭਲਵਾਨਾਂ ਨਾਲੋਂ ਜਵਾਨ ਲੱਗ ਰਿਹਾ ਹੈ। ਗੱਡੀ ਹੋਈ ਮਾਲੀ ਦੀ ਝੰਡੀ ਨੇੜੇ ਨਰੋਏ ਸਰੀਰ ਦਾ ਇਕ ਗੱਭਰੂ ਬੈਠਕਾਂ ਮਾਰ ਰਿਹਾ ਹੈ। ਲਾਗੋਂ ਸੁਣਨ 'ਤੇ ਪਤਾ ਲੱਗਾ ਹੈ ਕਿ ਆਪਣੇ ਪਿੰਡ ਦਾ ਈ ਐ, ਕਿਸ ਲਾਣੇ 'ਚੋਂ ਆ ਪਤਾ ਨਹੀਂ। ਇਹ ਵੀ ਸੁਣਨ ਨੂੰ ਮਿਲਿਆ ਕਿ ਪ੍ਰਬੰਧਕਾਂ 'ਚੋਂ ਪਿੰਡ ਪੱਖੀ ਮੁਹਤਬਰ ਦੀ ਕੁਸ਼ਤੀ ਕਿਸੇ ਮਾੜੇ ਪਹਿਲਵਾਨ ਨਾਲ ਪਾਉਣੀ ਚਾਹੁੰਦਾ ਹੈ ਤਾਂ ਕਿ ਮੇਜ਼ਬਾਨ ਪਿੰਡ ਦੀ ਝੰਡੀ ਬਣੀ ਰਹੇ ਪਰ ਇਕ ਪਾਸਿਓਂ ਸੱਚ 'ਤੇ ਪਹਿਰਾ ਦੇਣ ਵਾਲੇ ਪ੍ਰਬੰਧਕ ਨੇ ਬਾਹਰੋਂ ਆਏ ਕਿਸੇ ਭਲਵਾਨ ਨਾਲ ਕੁਸ਼ਤੀ ਲੜਨ ਦਾ ਐਲਾਨ ਕਰ ਦਿੱਤਾ ਹੈ। ਸਾਰੇ ਘੋਲ਼ਾਂ ਵਿਚ ਏਹੀ ਘੋਲ ਲੱਗ ਰਿਹਾ ਹੈ। ਬਾਕੀ ਤਾਂ ਬਸ ਸਾਹ ਰੋਕੀ ਲੋਕ ਕੁਸ਼ਤੀ ਵੇਖਦੇ ਇਹੀ ਕਿਆਫ਼ੇ ਲਾ ਰਹੇ ਸਨ ਕਿ ਐਤਕੀਂ ਮਾਲੀ ਬਾਹਰਲੇ ਨੇ ਲੈ ਜਾਣੀ ਆ। ਏਹ ਕੀ, ਪੈਂਤੀ ਮਿੰਟ ਤਕ ਥੱਲਿਓਂ ਨਾ ਨਿਕਲ ਸਕਣ ਵਾਲਾ ਮੇਜ਼ਬਾਨ ਪਿੰਡ ਦਾ ਗੱਭਰੂ ਬਾਹਰਲੇ ਗੱਭਰੂ ਦੀਆਂ ਬਾਹਾਂ ਜਕੜ ਕੇ ਉੱਤੋਂ ਦੀ ਬਾਜ਼ੀ ਲਵਾ ਮੋਢੇ ਲਾ ਦਿੰਦਾ ਹੈ। ਢਹਿ ਗਿਆ, ਢਹਿ ਗਿਆ ਦਾ ਰੌਲਾ ਪੈ ਜਾਂਦਾ ਹੈ। ਢਾਹੁਣ ਵਾਲਾ ਇਕ ਲੱਤ 'ਤੇ ਇਕ ਬਾਂਹ ਚੁੱਕ ਕੇ ਭੰਗੜੇ ਦੇ ਅੰਦਾਜ਼ 'ਚ ਗੇੜੀ ਦਿੰਦਾ ਹੈ।

## ਭੁਲੇਖਾ ਪੈਣਾ

ਚਾਚੇ ਦੇ ਪੁੱਤ ਭਰਾ ਦੇ ਘਰ ਪੰਹੁਚਦਾ ਹਾਂ। ਘਰ 'ਚ ਮੇਲਾ ਵੇਖਣ ਆਏ ਰਿਸ਼ਤੇਦਾਰਾਂ ਦਾ ਵਿਆਹ ਵਿਚ ਆਏ ਮੇਲ ਵਾਂਗ ਭੁਲੇਖਾ ਪੈਂਦਾ ਹੈ। 'ਓ ਆ ਭਾਊ, ਤੂੰ ਤਾਂ ਸ਼ਹਿਰੀਆ ਬਣ ਕੇ ਮਿਲਣੋਂ-ਗਿਲਣੋਂ ਈ ਗਿਆ।' ਚਾਚੇ ਦਾ ਪੁੱਤ ਬਾਹਾਂ 'ਚ ਘੁੱਟਦਿਆਂ ਆਖਦਾ ਹੈ। ਕਈ ਹਾਣੀ ਰਿਸ਼ਤੇਦਾਰ ਬੱਗੇ ਹੋਏ ਪਛਾਣੇ ਨਹੀਂ ਗਏ, ਇਵੇਂ ਹੀ ਉਹ ਵੀ ਨਹੀਂ ਪਛਾਣ ਸਕੇ। ਗਈ ਰਾਤ ਤਕ ਖ਼ੂਬ ਯਾਦਾਂ ਤਾਜ਼ੀਆਂ ਹੋਈਆਂ ਹਨ। ਰਿਸ਼ਤੇਦਾਰਾਂ ਨਾ ਮਿਲਣ ਦੇ ਗਿਲੇ ਵੀ ਕੀਤੇ ਹਨ। ਮਹਿਸੂਸ ਹੋਇਆ ਕਿ ਰਿਸ਼ਤੇਦਾਰੀਆਂ ਤੇ ਮੇਲੇ ਮਿਲਦਿਆਂ ਦੇ ਹੀ ਹੁੰਦੇ ਹਨ। ਖਲੋਤੇ ਤਾਂ ਪਾਣੀ ਵੀ ਬੋਅ ਮਾਰ ਜਾਂਦੇ ਹਨ। ਰਿਸ਼ਤਿਆਂ 'ਚ ਆਈ ਖੜੋਤ ਵੀ ਸਾਡੇ ਅਮੀਰ ਸੱਭਿਆਚਾਰ ਨੂੰ ਢਾਹ ਲਾਉਂਦੀ ਹੈ। ਕਿਸੇ ਠੀਕ ਕਿਹਾ ਹੈ, 'ਪਾਣੀ ਵਗਦਿਆਂ ਦੇ ਤੇ ਰਿਸ਼ਤੇ ਮਿਲਦਿਆਂ ਦੇ।' ਆਓ, ਮੇਲ ਮਿਲਾਪ ਦਾ ਦਾਇਰਾ ਵਧਾਅ ਕੇ ਆਪਣੀ ਅਮੀਰ ਵਿਰਾਸਤ ਨੂੰ ਸੰਭਾਲੀਏ ਤਾਂ ਜੋ ਸਾਡੀਆਂ ਗੁਆਚ ਰਹੀਆਂ ਕਦਰਾਂ ਕੀਮਤਾਂ ਜ਼ਿੰਦਾ ਰਹਿ ਸਕਣ। •

94656-56214




### ਬਾਪੂ ਦੀ ਭਾਲ

ਛੋਟੇ ਹੁੰਦਿਆਂ ਆਪਣੇ ਪਿੰਡ ਦਾ ਮੇਲਾ ਤੇ ਕਈ ਹੋਰ ਮੇਲੇ ਬਾਪੂ ਦੇ ਮੋਢਿਆਂ 'ਤੇ ਚੜ੍ਹ ਕੇ ਵੇਖੇ ਸਨ। ਅੱਜ ਪੂਰੇ ਪੰਜਾਹ ਸਾਲਾਂ ਬਾਅਦ ਰੁਪਈਏ ਤੋਂ ਦੋ ਹਜ਼ਾਰ ਤਕ ਦੇ ਨੋਟ ਜੇਬ ਵਿਚ ਪਾਈ ਨਵੀਂ ਕਾਰ ਦੇ ਲਾਗੇ ਖਲੋਤਾ ਹਾਂ। ਇਸ ਵੇਲੇ ਬਾਪੂ ਬਣਿਆ ਆਪਣੇ-ਆਪ ਨੂੰ ਬਾਲ ਤਸੱਵਰ ਕਰਦਾ ਆਪਣੇ ਪਿੰਡ ਦੇ ਮੇਲੇ 'ਚੋਂ ਬਾਪੂ ਨੂੰ ਭਾਲ ਰਿਹਾ ਹਾਂ ਪਰ ਬਾਪੂ ਦਿੱਸ ਨਹੀਂ ਰਿਹਾ, ਕਿਹਦੇ ਮੋਢਿਆਂ 'ਤੇ ਚੜ੍ਹ ਕੇ ਮੇਲਾ ਵੇਖਿਆ ਜਾਵੇ! ਕਾਰ ਮਾਲਕ ਹੋਣ ਦੀ ਕੋਈ ਖ਼ੁਸ਼ੀ ਨਹੀਂ ਹੈ ਕਿਉਂਕਿ ਕੋਈ ਹਾਣੀ ਨਜ਼ਰ ਨਹੀਂ ਆ ਰਿਹਾ। ਜੋ ਕਹਿ ਸਕੇ, 'ਉਏ ਧਰਮਿਆਂ ਤੂੰ ਗੱਡੀ ਲੈ ਲਈ ?

### ਸਮਰੱਥਾ

ਪੰਜਾਬ ਦੇ ਹਰੇਕ ਪਿੰਡ ਵਿਚ ਕੋਈ ਨਾ ਕੋਈ ਛੋਟਾ-ਵੱਡਾ ਮੇਲਾ ਜ਼ਰੂਰ ਲੱਗਦਾ ਹੈ। ਕੋਈ ਸਮਾਂ ਸੀ, ਜਦੋਂ ਮੇਲੇ ਵਿਚ ਖ਼ਰਚਣ ਵਾਸਤੇ ਰੁਪਈਆ ਲੈਣ ਲਈ ਬਾਪੂ ਦੀਆਂ ਕਈ ਈਨਾਂ ਮੰਨਣੀਆਂ ਪੈਂਦੀਆਂ ਸਨ। ਜਿਵੇਂ ਡੰਗਰ ਚਾਰਨੇ, ਪਾਣੀ ਪਿਲਾਉਣਾ, ਪੱਠੇ ਵੱਢਣੇ, ਕੁਤਰਨੇ, ਪਤ੍ਰਨਾ ਆਦਿ। ਸ਼ਾਇਦ ਉਸ ਸਮੇਂ ਬਾਪੂ ਰੁਪਈਆ ਦੇਣ ਦੇ ਸਮਰੱਥ ਵੀ ਨਹੀਂ ਸੀ ਪਰ ਬਾਪੂ ਦੇਵੇ ਜਾਂ ਨਾ ਬਾਪੂ ਤੋਂ ਚੋਰੀ ਬੇਬੇ ਜ਼ਰੂਰ ਮੁੱਠੀ 'ਚ ਰੁਪਈਆ ਫੜਾ ਦਿੰਦੀ ਸੀ।

# ਅਲੌਨ ਮਸਕ ਵੱਲੋਂ ਟਰੰਪ ਖ਼ਿਲਾਫ਼ ਆਪਣੀਆਂ 'ਕੁਝ' ਸੋਸ਼ਲ ਮੀਡੀਆ ਪੋਸਟਾਂ 'ਤੇ ਅਫ਼ਸੋਸ ਜ਼ਾਹਰ




**ਵਾਸ਼ਿੰਗਟਨ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਅਰਬਪਤੀ ਕਾਰੋਬਾਰੀ ਐਲੋਨ ਮਸਕ (Billionaire businessman Elon Musk) ਨੇ ਬੁੱਧਵਾਰ ਨੂੰ ਕਿਹਾ ਕਿ ਉਨ੍ਹਾਂ ਨੂੰ ਪਿਛਲੇ ਹਫ਼ਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ (U.S. President Donald Trump) ਬਾਰੇ ਕੀਤੀਆਂ ਕੁਝ ਪੋਸਟਾਂ 'ਤੇ ਅਫ਼ਸੋਸ ਹੈ ਕਿਉਂਕਿ ਇਨ੍ਹਾਂ ਵਿਚ ਉਹ 'ਬਹੁਤ ਅਗਾਂਹ' ਲੰਘ ਗਏ ਸਨ।

ਟਰੰਪ ਨੇ ਸ਼ਨਿੱਚਰਵਾਰ ਨੂੰ ਕਿਹਾ ਸੀ ਕਿ ਮਸਕ ਨਾਲ ਉਸਦੇ ਰਿਸ਼ਤੇ ਸੋਸ਼ਲ ਮੀਡੀਆ 'ਤੇ ਇਕ-ਦੂਜੇ ਦੇ ਅਪਮਾਨ ਤੋਂ ਬਾਅਦ ਖਤਮ ਹੋ ਗਏ ਸਨ। ਆਪਣੀਆਂ ਪੋਸਟਾਂ ਵਿਚ ਟੇਸਲਾ ਅਤੇ ਸਪੇਸਐਕਸ ਦੇ ਸੀਈਓ ਮਸਕ ਨੇ ਰਾਸ਼ਟਰਪਤੀ ਦੇ ਵੱਡੇ ਟੈਕਸ ਅਤੇ ਖਰਚ ਬਿੱਲ ਨੂੰ "ਘਿਣਾਉਣੀ ਕਾਰਵਾਈ"ਦੱਸਿਆ ਸੀ।

ਮਸਕ ਨੇ ਉਦੋਂ ਤੋਂ ਟਰੰਪ ਦੀ ਆਲੋਚਨਾ ਕਰਦੀਆਂ ਆਪਣੀਆਂ ਕੁਝ ਪੋਸਟਾਂ ਨੂੰ ਮਿਟਾ ਦਿੱਤਾ ਹੈ, ਜਿਨ੍ਹਾਂ ਵਿੱਚ ਰਾਸ਼ਟਰਪਤੀ 'ਤੇ ਮਹਾਂਦੋਸ਼ ਦਾ ਮੁਕੱਦਮਾ ਚਲਾਉਣ ਲਈ ਸਮਰਥਨ ਦਾ ਸੰਕੇਤ ਦੇਣ ਵਾਲੀ ਇੱਕ ਪੋਸਟ ਵੀ ਸ਼ਾਮਲ ਹੈ। ਦੁਨੀਆ ਦੇ ਸਭ ਤੋਂ ਅਮੀਰ ਤਰੀਨ ਆਦਮੀ ਮਸਕ ਦੇ ਨਜ਼ਦੀਕੀ ਸੂਤਰਾਂ ਦਾ ਕਹਿਣਾ ਹੈ ਕਿ ਉਸਦਾ ਗੁੱਸਾ ਘਟਣਾ ਸ਼ੁਰੂ ਹੋ ਗਿਆ ਹੈ ਅਤੇ ਉਹ ਰਿਸ਼ਤੇ ਨੂੰ ਠੀਕ ਕਰਨਾ ਚਾਹ ਸਕਦਾ ਹੈ।ਮਸਕ ਨੇ ਬੁੱਧਵਾਰ ਨੂੰ ਆਪਣੀ ਮਾਲਕੀ ਵਾਲੇ ਸੋਸ਼ਲ ਮੀਡੀਆ ਪਲੈਟਫਾਰਮ ਐਕਸ 'ਤੇ ਆਪਣੀ ਇੱਕ ਪੋਸਟ ਵਿੱਚ ਲਿਖਿਆ, "ਮੈਨੂੰ ਪਿਛਲੇ ਹਫ਼ਤੇ ਰਾਸ਼ਟਰਪਤੀ ਡੋਨਲਡ ਟਰੰਪ ਬਾਰੇ ਆਪਣੀਆਂ ਕੁਝ ਪੋਸਟਾਂ 'ਤੇ ਅਫ਼ਸੋਸ ਹੈ। ਉਹ ਬਹੁਤ ਜ਼ਿਆਦਾ ਅਗਾਂਹ ਲੰਘ ਗਈਆਂ ਸਨ।"

# ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਿੰਡ ਬਾਰਨ ਤੇ ਨੰਦਪੁਰ ਕੇਸੋਂ ਦੇ ਛੱਪੜਾਂ ਦੇ ਚੱਲ ਰਹੇ ਕੰਮ ਦਾ ਜਾਇਜ਼ਾ



**ਪਟਿਆਲਾ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਿੰਡ ਬਾਰਨ ਤੇ ਨੰਦਪੁਰ ਕੇਸੋਂ 'ਚ ਛੱਪੜਾਂ ਦੀ ਸਫ਼ਾਈ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਪਿੰਡ ਬਾਰਨ ਵਿਖੇ ਗੁਰਦੁਆਰਾ ਸਾਹਿਬ ਨੇੜੇ ਥਾਪਰ ਮਾਡਲ ਨਾਲ ਵਿਕਸਤ ਕੀਤੇ ਛੱਪੜ ਵਿੱਚ ਕੰਧ ਦੇ ਪਏ ਅਧੂਰੇ ਕੰਮ ਦਾ ਗੰਭੀਰ ਨੋਟਿਸ ਲੈਂਦਿਆਂ ਸਬੰਧਤ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਛੱਪੜ 'ਤੇ ਹੋਏ ਖਰਚ ਅਤੇ ਜਦੋਂ ਛੱਪੜ ਦਾ ਕੰਮ ਸ਼ੁਰੂ ਕੀਤਾ ਗਿਆ ਸੀ ਉਸ ਸਮੇਂ ਤਾਇਨਾਤ ਜੇ.ਈ ਤੋਂ ਲੈ ਕੇ ਉੱਚ ਅਧਿਕਾਰੀਆਂ ਦੀ ਸੂਚੀ ਸੌਂਪਣ ਦੀ ਹਦਾਇਤ ਕਰਦਿਆਂ ਕਿਹਾ ਕਿ ਲੋਕਾਂ ਦੀ ਕਮਾਈ ਦਾ ਇੱਕ ਇੱਕ ਪੈਸਾ ਲੋਕਾਂ 'ਤੇ ਹੀ ਲਗਾਇਆ ਜਾਵੇਗਾ ਤੇ ਪੈਸੇ ਦੀ ਬਰਬਾਦੀ ਕਰਨ ਵਾਲਿਆਂ ਵਿਰੁੱਧ ਕਾਰਵਾਈ ਯਕੀਨੀ ਬਣਾਈ ਜਾਵੇਗੀਡਾ. ਬਲਬੀਰ ਸਿੰਘ ਨੇ ਨੰਦਪੁਰ ਕੇਸੋਂ ਦੇ ਛੱਪੜ ਦੀ ਪਹਿਲਾ ਡਿੱਗੀ ਕੰਧ ਦੇ ਕਾਰਨਾਂ ਅਤੇ ਨਵੀਂ ਬਣਾਈ ਜਾ ਰਹੀ ਕੰਕਰੀਟ ਦੀ ਕੰਧ ਦੇ ਕੰਮ 'ਚ ਦੇਰੀ ਦਾ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਇਹ ਵੱਡੀ ਅਣਗਹਿਲੀ ਹੈ ਜਿਸ ਨਾਲ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਵੀ ਨੁਕਸਾਨ ਪਹੁੰਚ ਸਕਦਾ ਹੈ, ਇਸ ਲਈ ਸਬੰਧਤ ਅਧਿਕਾਰੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਬਾਰਨ ਵਿਚੋਂ ਲੰਘਦੇ ਸੂਏ ਤੇ ਨਵਾਂ ਬਾਰਨ ਦੇ ਟੋਭੇ ਦੀ ਸਫ਼ਾਈ ਲਈ ਵੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਪਿੰਡ ਨੰਦਪੁਰ ਕੇਸੋਂ ਵਿਖੇ ਬਣੇ ਦੋ ਵੱਡੇ ਛੱਪੜਾਂ ਦੀ ਚੱਲ ਰਹੀ ਸਫ਼ਾਈ ਦੇ ਕੰਮ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਪਿੰਡ ਦੇ ਬਾਹਰ ਵਾਲੇ ਦੋਵੇਂ ਛੱਪੜਾਂ ਵਿੱਚੋਂ ਡਿਸਪੈਂਸਰੀ ਵਾਲੇ ਪਾਸੇ ਵਾਲਾ ਛੱਪੜ ਪੱਕਾ ਕੀਤਾ ਜਾਵੇਗਾ ਤੇ ਨਾਲ ਪਾਰਕ ਵਿਕਸਤ ਕੀਤਾ ਜਾਵੇਗਾ। ਪੱਕੇ ਛੱਪੜ ਤੋਂ ਬਾਅਦ ਪਾਣੀ ਕੱਚੇ ਛੱਪੜ ਰਾਹੀਂ ਹੁੰਦਾ ਹੋਇਆ ਖੇਤਾਂ ਨੂੰ ਸਿੰਚਾਈ ਲਗਾਇਆ ਜਾ ਸਕੇਗਾ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਟੈਂਡਰ ਹੋ ਚੁੱਕਾ ਹੈ ਤੇ ਇਹ ਕੰਮ ਜਲਦ ਮੁਕੰਮਲ ਹੋ ਜਾਵੇਗਾ। ਉਨ੍ਹਾਂ ਨੰਦਪੁਰ ਕੇਸੋਂ ਦੀ ਅਣਸੁਰੱਖਿਅਤ ਪਾਣੀ ਵਾਲੀ ਟੈਂਕੀ ਨੂੰ ਤੋੜਕੇ ਨਵੀਂ ਟੈਂਕੀ ਬਣਾਉਣ ਲਈ ਵੀ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ। ਇਸ ਮੌਕੇ ਉਨ੍ਹਾਂ ਦੱਸਿਆ ਕਿ ਪਿੰਡ ਨੰਦਪੁਰ ਕੇਸੋਂ ਨੂੰ 25 ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ ਹੈ ਤੇ ਰੰਗਲਾ ਪੰਜਾਬ ਵਿਕਾਸ ਸਕੀਮ ਤਹਿਤ ਹੋਰ ਜਿੰਨੀ ਵੀ ਗਰਾਂਟ ਦੀ ਜ਼ਰੂਰਤ ਹੋਵੇਗੀ ਉਹ ਪਿੰਡ ਨੂੰ ਦਿੱਤੀ ਜਾਵੇਗੀ। ਉਨ੍ਹਾਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਨੰਦਪੁਰ ਕੇਸੋਂ ਵਿਖੇ ਨਹਿਰੀ ਨਾਲੇ 'ਚ ਨਰਵਾਣਾ ਬਰਾਂਚ ਦਾ ਪਾਣੀ ਆਉਣਾ ਸ਼ੁਰੂ ਹੋ ਗਿਆ ਹੈ ਤੇ ਅਗਲੇ ਸਾਲ ਇਸ ਨਾਲੇ ਨੂੰ ਪੱਕਾ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬਰਸਾਤੀ

# ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦਾ ਫ਼ੌਜ ਦੀ ਮਹਿਲਾ ਸੀਨੀਅਰ ਅਫ਼ਸਰ ਵੱਲੋਂ ਸਨਮਾਨ



**ਪਟਿਆਲਾ, 12 ਜੂਨ --ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਫ਼ੌਜ ਵੱਲੋਂ ਆਪ੍ਰੇਸ਼ਨ ਸਿੰਦੂਰ ਦੌਰਾਨ ਪਟਿਆਲਾ ?ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਸਹਿਯੋਗ ਅਤੇ ਆਪ੍ਰੇਸ਼ਨ ਨੂੰ ਸਫਲ ਬਣਾਉਣ ਲਈ ਪਾਏ ਯੋਗਦਾਨ ਲਈ ਜ਼ਿਲ੍ਹੇ ਦੇ ਸਿਵਲ ਪ੍ਰਸ਼ਾਸਨ ਦਾ ਸਨਮਾਨ ਕੀਤਾ ਗਿਆ।

ਫ਼ੌਜ ਦੇ ਸੀਨੀਅਰ ਅਧਿਕਾਰੀ ਵੱਲੋਂ ਕਮਿਸ਼ਨਰ ਪਟਿਆਲਾ ਮੰਡਲ ਵਿਨੈ ਬੁਬਲਾਨੀ ਅਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨਾਲ ਮੁਲਾਕਾਤ ਕਰਕੇ ਭਾਰਤੀ ਫ਼ੌਜ, ਸਿਵਲ ਪ੍ਰਸ਼ਾਸਨ ਸਮੇਤ ਹੋਰ ਸੁਰੱਖਿਆ ਬਲਾਂ ਵਿਚਕਾਰ ਬਿਹਤਰ ਤਾਲਮੇਲ 'ਤੇ ਸੰਤੁਸ਼ਟੀ ਜ਼ਾਹਰ ਕਰਦਿਆਂ ਕਿਹਾ ਕਿ ਸੁਰੱਖਿਆ ਅਤੇ ਸ਼ਾਂਤੀ ਬਣਾਈ ਰੱਖਣ ਵਿੱਚ ਅਜਿਹੇ ਤਾਲਮੇਲ ਦੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ। ਇਸ ਮੌਕੇ ਉਨ੍ਹਾਂ ਜ਼ਿਲ੍ਹੇ ਦੇ ਆਮ ਨਾਗਰਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵੱਲੋਂ ਜ਼ਰੂਰੀ ਸੇਵਾਵਾਂ ਅਤੇ ਸੁਰੱਖਿਆ ਸਹਾਇਤਾ ਪ੍ਰਦਾਨ ਕਰਨ ਵਿੱਚ ਸਾਂਝੇ ਯਤਨਾਂ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ।

ਫ਼ੌਜ ਦੇ ਅਧਿਕਾਰੀਆਂ ਨੇ ਕਿਹਾ, "ਸਾਡੇ ਆਪ੍ਰੇਸ਼ਨ ਨੂੰ ਸਫਲ ਬਣਾਉਣ ਵਿੱਚ ਸਿਵਲ ਪ੍ਰਸ਼ਾਸਨ ਦੇ ਮਹੱਤਵਪੂਰਨ ਯੋਗਦਾਨ ਨੇ ਮੁੱਖ ਭੂਮਿਕਾ ਨਿਭਾਈ ਹੈ। ਉਨ੍ਹਾਂ ਦੀ ਤੁਰੰਤ ਪ੍ਰਤੀਕਿਰਿਆ, ਖੇਤਰੀ ਗਿਆਨ, ਅਤੇ ਸਰੋਤਾਂ ਨੂੰ ਜੁਟਾਉਣ ਅਤੇ ਮੌਕ ਡਰਿਲ ਕਰਨ ਦੀ ਯੋਗਤਾ ਨੇ ਫ਼ੌਜ ਨੂੰ ਵੱਖ-ਵੱਖ ਚੁਣੌਤੀਆਂ ਨੂੰ ਦੂਰ ਕਰਨ ਵਿੱਚ ਮਦਦ ਕੀਤੀ ਹੈ। ਉਨ੍ਹਾਂ ਕਿਹਾ ਕਿ ਅਸੀਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਿਲੇ ਨਿਰੰਤਰ ਸਹਿਯੋਗ ਲਈ ਤਹਿ ਦਿਲੋਂ ਧੰਨਵਾਦੀ ਹਾਂ।

ਇਸ ਮੌਕੇ ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ ਅਤੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਵੀ ਫ਼ੌਜ ਨਾਲ ਕੰਮ ਕਰਨ ਦੇ ਆਪਣੇ ਤਜਰਬੇ ਸਾਂਝੇ ਕੀਤੇ ਅਤੇ ਭਵਿੱਖ ਵਿੱਚ ਵੀ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਭਾਰਤੀ ਫ਼ੌਜ ਨੇ ਨਾਗਰਿਕਾਂ ਦੇ ਨਾਲ-ਨਾਲ ਰਾਸ਼ਟਰੀ ਸੇਵਾ ਵਿੱਚ ਸਿਵਲ ਡਿਫੈਂਸ, ਹੋਮ ਗਾਰਡ ਅਤੇ ਪੰਜਾਬ ਪੁਲਿਸ ਦੀ ਭੂਮਿਕਾ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦਿੱਤੀ।

ਇਸ ਮੌਕੇ ਭਾਰਤੀ ਫ਼ੌਜ ਨੇ ਡਵੀਜ਼ਨਲ ਕਮਿਸ਼ਨਰ ਅਤੇ ਡਿਪਟੀ ਕਮਿਸ਼ਨਰ ਨੂੰ ਦਿੱਤੇ ਸਹਿਯੋਗ ਲਈ ਉਨ੍ਹਾਂ ਨੂੰ ਸਨਮਾਨਿਤ ਕੀਤਾ, ਦੋਵਾਂ ਅਧਿਕਾਰੀਆਂ ਨੇ ਸਮਾਰੋਹ ਦਾ ਹਿੱਸਾ ਬਣਨ 'ਤੇ ਮਾਣ ਪ੍ਰਗਟ ਕੀਤਾ ਅਤੇ ਫ਼ੌਜ ਵੱਲੋਂ ਕੀਤੀ ਗਈ ਸਾਰਥਕ ਪਹਿਲਕਦਮੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਿਵਲ ਪ੍ਰਸ਼ਾਸਨ ਪੂਰੇ ਸਮਰਪਣ ਅਤੇ ਏਕਤਾ ਨਾਲ ਇਸੇ ਤਰ੍ਹਾਂ ਕੰਮ ਕਰਦਾ ਰਹੇਗਾ।

ਭਾਰਤੀ ਫ਼ੌਜ ਨੇ ਸਿਵਲ ਪ੍ਰਸ਼ਾਸਨ ਨੂੰ ਆਫ਼ਤ ਪ੍ਰਬੰਧਨ ਲਈ ਕੀਤੇ ਯਤਨਾਂ ਲਈ ਵੀ ਸਨਮਾਨਿਤ ਕੀਤਾ। ਸਥਾਨਕ ਫ਼ੌਜ ਦੇ ਅਧਿਕਾਰੀਆਂ ਨੇ ਕਿਹਾ ਕਿ ਫ਼ੌਜ ਲੌਜਿਸਟਿਕਸ, ਬੁਨਿਆਦੀ ਢਾਂਚਾ ਅਤੇ ਭਾਈਚਾਰਕ ਸ਼ਮੂਲੀਅਤ ਸਮੇਤ ਵੱਖ-ਵੱਖ ਪਹਿਲੂਆਂ ਵਿੱਚ ਸਿਵਲ ਪ੍ਰਸ਼ਾਸਨ ਦੀ ਭੂਮਿਕਾ ਦੀ ਸ਼ਲਾਘਾ ਕਰਦੀ ਹੈ।

# ਸੋਨਮ ਨੇ ਦਿਲ-ਕੰਬਾਊ ਇਕਬਾਲਨਾਮੇ 'ਚ ਕੀਤਾ ਪਤੀ ਦੇ ਕਤਲ ਦੀ ਸਾਜ਼ਿਸ਼ ਦਾ ਖ਼ੁਲਾਸਾ

**ਚੰਡੀਗੜ੍ਹ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਰਾਜਾ ਰਘੂਵੰਸ਼ੀ ਦੀ ਪਤਨੀ ਸੋਨਮ ਰਘੂਵੰਸ਼ੀ ਨੇ ਆਪਣੇ ਵਿਆਹ ਤੋਂ ਇੱਕ ਮਹੀਨੇ ਬਾਅਦ ਹੀ ਆਪਣੇ ਪਤੀ ਦੇ ਬੇਰਹਿਮੀ ਨਾਲ ਕਤਲ ਦੀ ਸਾਜ਼ਿਸ਼ ਰਚਣ ਦਾ ਇਕਬਾਲ ਕੀਤਾ ਹੈ।

ਐਨਡੀਟੀਵੀ ਦੀ ਰਿਪੋਰਟ ਦੇ ਅਨੁਸਾਰ, ਸੋਨਮ ਦੇ ਇਕਬਾਲੀਆ ਬਿਆਨ ਤੋਂ ਪਤਾ ਚੱਲਦਾ ਹੈ ਕਿ ਉਹ ਕੁਝ ਸਮੇਂ ਤੋਂ ਆਪਣੇ ਪਤੀ ਦੇ ਕਤਲ ਦੀ ਸਾਜ਼ਿਸ਼ ਘੜ ਰਹੀ ਸੀ ਤੇ ਇਸ ਕੰਮ ਨੂੰ ਅੰਜਾਮ ਦੇਣ ਲਈ ਆਪਣੇ ਕਥਿਤ ਪ੍ਰੇਮੀ ਰਾਜ ਕੁਸ਼ਵਾਹਾ ਦੀ ਵਰਤੋਂ ਕਰ ਰਹੀ ਸੀ।

ਜਾਂਚ ਵਿੱਚ ਇਹ ਵੀ ਖ਼ੁਲਾਸਾ ਹੋਇਆ ਹੈ ਕਿ ਸੋਨਮ ਨੇ ਇਸ ਅਪਰਾਧ ਨੂੰ ਅੰਜਾਮ ਦੇਣ ਲਈ ਤਿੰਨ ਆਦਮੀਆਂ ਨੂੰ ਭਾੜੇ 'ਤੇ ਰੱਖਿਆ ਸੀ ਅਤੇ ਰਾਜਾ ਨੂੰ ਇੱਕ ਯੋਜਨਾਬੱਧ ਹਮਲੇ ਵਿੱਚ ਬੇਰਹਿਮੀ ਨਾਲ ਮਾਰ ਦਿੱਤਾ ਗਿਆ।

ਰਿਪੋਰਟ ਕਤਲ ਦੀ ਸਾਜ਼ਿਸ਼ ਦੇ ਦਿਲਚਸਪ ਵੇਰਵਿਆਂ ਨੂੰ ਉਜਾਗਰ ਕਰਦੀ ਹੈ, ਜਿਸ ਵਿੱਚ ਸੋਨਮ ਦੀ ਕਥਿਤ ਸ਼ਮੂਲੀਅਤ ਤੇ ਉਸ ਦੇ ਪ੍ਰੇਮੀ ਰਾਜ ਕੁਸ਼ਵਾਹਾ ਦੀ ਭੂਮਿਕਾ ਸ਼ਾਮਲ ਹੈ। ਮਾਮਲੇ ਜਾਂਚ ਜਾਰੀ ਹੈ ਅਤੇ ਸੋਨਮ ਦੇ ਇਕਬਾਲੀਆ ਬਿਆਨ ਤੋਂ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਦੀ ਉਮੀਦ ਹੈ।

ਰਿਪੋਰਟ ਵਿੱਚ ਮਾਮਲੇ ਦਾ ਤਫ਼ਸੀਲ ਨਾਲ ਵੇਰਵਾ ਦਿੱਤਾ ਗਿਆ ਹੈ, ਜਿਸ ਵਿੱਚ ਜਾਂਚ ਅਤੇ ਹੁਣ ਤੱਕ ਹੋਈਆਂ ਗ੍ਰਿਫ਼ਤਾਰੀਆਂ ਸ਼ਾਮਲ ਹਨ। ਮੁਲਜ਼ਮਾਂ ਦੇ ਇਸ ਕਾਰੇ ਨੇ ਵਿਆਪਕ ਰੋਸ ਅਤੇ ਨਿੰਦਾ ਪੈਦਾ ਕੀਤੀ ਹੈ ਅਤੇ ਬਹੁਤ ਸਾਰੇ ਲੋਕਾਂ ਨੇ ਸੋਨਮ ਅਤੇ ਉਸਦੇ ਸਾਥੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

ਪੁਲਿਸ ਨੇ ਇਸ ਮਾਮਲੇ ਵਿੱਚ ਕਈ ਗ੍ਰਿਫ਼ਤਾਰੀਆਂ ਕੀਤੀਆਂ ਹਨ, ਜਿਨ੍ਹਾਂ ਵਿੱਚ ਰਾਜ ਕੁਸ਼ਵਾਹਾ ਅਤੇ ਕਥਿਤ ਤੌਰ 'ਤੇ ਸੁਪਾਰੀ ਲੈ ਕੇ ਕਤਲ ਕਰਨ ਵਾਲੇ ਤਿੰਨ ਵਿਅਕਤੀ ਸ਼ਾਮਲ ਹਨ।

ਸੋਨਮ ਦੇ ਪਰਿਵਾਰਕ ਮੈਂਬਰ ਵੀ ਜਾਂਚ ਵਿੱਚ ਸਹਿਯੋਗ ਕਰ ਰਹੇ ਹਨ ਅਤੇ ਉਸਦੇ ਭਰਾ ਗੋਵਿੰਦ ਨੇ ਸੋਨਮ ਦੀ ਕਾਰਵਾਈ ਦੀ ਮਹੀਨੇ ਬਾਅਦ ਹੀ ਆਪਣੇ ਪਤੀ ਦੇ ਬੇਰਹਿਮੀ ਨਾਲ ਕਤਲ ਦੀ ਸਾਜ਼ਿਸ਼ ਰਚਣ ਦਾ ਇਕਬਾਲ ਕੀਤਾ ਹੈ। ਐਨਡੀਟੀਵੀ ਦੀ ਰਿਪੋਰਟ ਦੇ ਅਨੁਸਾਰ, ਸੋਨਮ ਦੇ ਇਕਬਾਲੀਆ ਬਿਆਨ ਤੋਂ ਪਤਾ ਚੱਲਦਾ ਹੈ ਕਿ ਉਹ ਕੁਝ ਸਮੇਂ ਤੋਂ ਆਪਣੇ ਪਤੀ ਦੇ ਕਤਲ ਦੀ ਸਾਜ਼ਿਸ਼ ਘੜ ਰਹੀ ਸੀ ਤੇ ਇਸ ਕੰਮ ਨੂੰ ਅੰਜਾਮ ਦੇਣ ਲਈ ਆਪਣੇ ਕਥਿਤ ਪ੍ਰੇਮੀ ਰਾਜ ਕੁਸ਼ਵਾਹਾ ਕਥਿਤ ਤੌਰ 'ਤੇ ਨਿੰਦਾ ਕੀਤੀ ਹੈ ਅਤੇ ਰਾਜਾ ਲਈ ਇਨਸਾਫ਼ ਦੀ ਮੰਗ ਕੀਤੀ ਹੈ।

# ਐੱਸਟੀਪੀ ਦੇ ਸੋਧੇ ਪਾਣੀ ਨੂੰ ਸਿੰਜਾਈ ਲਈ ਵਰਤਣ ਲਈ 7 ਕਰੋੜ ਦੀ ਡੀਪੀਆਰ ਤਿਆਰ




**ਮਾਲੇਰਕੋਟਲਾ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਵਿਰਾਜ ਐੱਸ. ਤਿੜਕੇ ਦੀ ਅਗਵਾਈ ਹੇਠ ਜ਼ਿਲ੍ਹਾ ਵਾਤਾਵਰਨ ਕਮੇਟੀ ਦੀ ਮੀਟਿੰਗ ਹੋਈ ਜਿਸ ਦੌਰਾਨ ਕੌਮੀ ਗ੍ਰੀਨ ਟ੍ਰਿਬਿਊਨਲ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਨੂੰ ਲੈ ਕੇ ਚਰਚਾ ਅਤੇ ਜ਼ਿਲ੍ਹੇ ਵਿੱਚ ਚੱਲ ਰਹੀਆਂ ਵੱਖ-ਵੱਖ ਵਾਤਾਵਰਨ ਸਬੰਧੀ ਸਕੀਮਾਂ ਅਤੇ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਸਮੀਖਿਆ ਵੀ ਕੀਤੀ ਗਈ। ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਵਾਤਾਵਰਨ ਇੰਜਨੀਅਰ ਸਿਮਰਪ੍ਰੀਤ ਸਿੰਘ ਨੇ ਕੌਮੀ ਗ੍ਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ ਜਾਰੀ ਐਕਸ਼ਨ ਪਲਾਨ ਅਨੁਸਾਰ ਧਰਤੀ ਹੇਠਲੇ ਪਾਣੀ, ਹਵਾ ਤੇ ਵਾਤਾਵਰਨ ਨੂੰ ਪਲੀਤ ਹੋਣ ਤੋਂ ਰੋਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਨੂੰ ਪੇਸ਼ ਕੀਤਾ। ਡਿਪਟੀ ਕਮਿਸ਼ਨਰ ਨੇ ਸਾਰੇ ਸਰਕਾਰੀ ਵਿਭਾਗਾਂ ਨੂੰ ਐੱਨ.ਜੀ.ਟੀ. ਦੀਆਂ ਹਦਾਇਤਾਂ ਅਨੁਸਾਰ ਚੱਲ ਰਹੇ ਪ੍ਰਾਜੈਕਟਾਂ ਦੀ ਅਪਡੇਟ ਰਿਪੋਰਟ ਪੇਸ਼ ਕਰਨ ਅਤੇ ਬਕਾਇਆ ਕੰਮਾਂ ਨੂੰ ਨਿਯਤ ਸਮੇਂ ਅੰਦਰ ਪੂਰਾ ਕਰਨ। ਮੀਟਿੰਗ ਵਿੱਚ ਸੀਵਰੇਜ ਬੰਦੋਬਸਤ, ਘਰਾਂ ਦੇ ਕੂੜੇ ਦੀ ਵਿਗਿਆਨਕ ਢੰਗ ਨਾਲ ਸੰਭਾਲ, ਨਿਕਾਸੀ ਦੇ ਪਾਣੀਆਂ ਦੀ ਸਫ਼ਾਈ, ਈ-ਵੇਸਟ ਅਤੇ ਪਲਾਸਟਿਕ ਵੇਸਟ ਦੇ ਪ੍ਰਬੰਧ ਅਤੇ ਹਵਾ ਗੁਣਵੱਤਾ ਸੁਧਾਰ ਯਤਨਾਂ ਬਾਰੇ ਵਿਭਾਗਾਂ ਵੱਲੋਂ ਦਿੱਤੀਆਂ ਰਿਪੋਰਟਾਂ ਦਾ ਜਾਇਜ਼ਾ ਲੈਂਦਿਆਂ ਡੀਸੀ ਨੇ ਦੱਸਿਆ ਕਿ ਐੱਸ.ਟੀ.ਪੀ. ਦੇ ਸੋਧੇ ਗਏ ਪਾਣੀ ਨੂੰ ਸਿੰਜਾਈ ਲਈ ਵਰਤਣ ਲਈ ਕਰੀਬ 7 ਕਰੋੜ ਰੁਪਏ ਦੀ ਡੀ.ਪੀ.ਆਰ. ਤਿਆਰ ਕੀਤੀ ਗਈ ਹੈ ਜਿਸ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਕਰੀਬ 300 ਏਕੜ ਰਕਬੇ ਨੂੰ ਫ਼ਾਇਦਾ ਹੋਵੇਗਾ।

ਉਨ੍ਹਾਂ ਕਾਰਜ ਸਾਧਕ ਅਫ਼ਸਰ ਮਾਲੇਰਕੋਟਲਾ ਨੂੰ ਸ਼ਹਿਰ ਵਿੱਚ ਚੱਲ ਰਹੀਆਂ ਉਸਾਰੀਆਂ ਲਈ ਐੱਸ.ਟੀ.ਪੀ. ਦੇ ਸੋਧੇ ਗਏ ਪਾਣੀ ਦੀ ਵਰਤੋਂ ਯਕੀਨੀ ਬਣਾਉਣ ਲਈ ਲੋੜੀਂਦੀਆਂ ਕਾਰਵਾਈਆਂ ਮੁਕੰਮਲ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਸਥਾਨਕ ਸਰਕਾਰਾਂ ਅਤੇ ਪੰਚਾਇਤ ਰਾਜ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੌਮੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ।

ਡੀਸੀ ਨੇ ਸਫ਼ਾਈ ਬੋਰਡ, ਸਿਹਤ ਵਿਭਾਗ, ਪੀ.ਡਬਲਿਊ.ਡੀ., ਵਾਤਾਵਰਨ ਵਿਭਾਗ ਅਤੇ ਊਰਜਾ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਆਪੋ-ਆਪਣੇ ਵਿਭਾਗਾਂ ਅੰਦਰ ਚੱਲ ਰਹੇ ਵਾਤਾਵਰਨ ਪੱਖੀ ਯਤਨਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ।

# ਫ਼ੌਜ, ਨੀਮ ਫ਼ੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਸਿਖਲਾਈ ਕੋਰਸ 25 ਜੂਨ ਤੋਂ

**ਪਟਿਆਲਾ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਕਮਾਂਡਰ ਬਲਜਿੰਦਰ ਵਿਰਕ (ਸੇਵਾਮੁਕਤ) ਨੇ ਦੱਸਿਆ ਕਿ ਵਿਭਾਗ ਦੇ ਪ੍ਰੀ-ਰਿਕਰੂਟਮੈਂਟ ਸੈਂਟਰ ਵਿਖੇ ਫ਼ੌਜ ਅਤੇ ਨੀਮ ਫ਼ੌਜੀ ਬਲਾਂ ਵਿਚ ਭਰਤੀ ਹੋਣ ਲਈ ਕੇਵਲ ਪੰਜਾਬ ਦੇ ਬੱਚਿਆ ਲਈ ਪ੍ਰੀ-ਰਿਕਰੂਟਮੈਂਟ ਟ ?ਰੇਨਿੰਗ ਕੋਰਸ ਮਿਤੀ 25 ਜੂਨ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ, ਜਿਸ ਦਾ ਮੰਤਵ ਸੈਨਾ ਵਿਚ ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਬਾਕੀ ਸ਼੍ਰੇਣੀਆਂ ਦੇ ਬੱਚਿਆਂ ਨੂੰ ਫ਼ੌਜ, ਨੀਮ ਫ਼ੌਜੀ ਬਲਾਂ ਅਤੇ ਪੁਲਿਸ ਵਿੱਚ ਭਰਤੀ ਹੋਣ ਲਈ ਯੋਗ ਬਣਾਉਣਾ ਹੈ। ਇਹ ਕੋਰਸ 45 ਦਿਨ ਦਾ ਹੋਵੇਗਾ। ਜਿਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੌਰ 'ਤੇ ਭਰਤੀ ਹੋਣ ਲਈ ਲੋੜੀਂਦੇ ਮਿਆਰ ਲਈ ਤਿਆਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਨੂੰ ਲਿਖਤੀ ਇਮਤਿਹਾਨ ਦੀ ਤਿਆਰੀ ਵੀ ਕਰਵਾਈ ਜਾਵੇਗੀ।ਉਨ੍ਹਾਂ ਯੋਗਤਾ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਫ਼ੌਜ ਵਿੱਚ ਸਿਪਾਹੀ ਦੀ ਭਰਤੀ ਲਈ ਉਮੀਦਵਾਰ ਦੀ ਉਮਰ ਸਾਢੇ 17 ਤੋਂ 21 ਸਾਲ, ਕੱਦ 170 ਸੈਂਟੀਮੀਟਰ, ਛਾਤੀ 77 ਤੋਂ 82 ਸੈਂਟੀਮੀਟਰ ਅਤੇ ਵਜ਼ਨ 50 ਕਿੱਲੋ ਹੋਣਾ ਚਾਹੀਦਾ ਹੈ ਅਤੇ ਉਮੀਦਵਾਰ ਦਸਵੀਂ ਕਲਾਸ ਵਿੱਚ ਕੁੱਲ 45 ਫੀਸਦੀ ਅਤੇ ਹਰੇਕ ਵਿਸ਼ੇ ਵਿੱਚ 33% ਨੰਬਰਾਂ ਨਾਲ ਪਾਸ ਹੋਣ ਜ਼ਰੂਰੀ ਹੈ। ਕਲਰਕ/ਐਸ.ਕੇ.ਟੀ ਦੀ ਭਰਤੀ ਲਈ ਉਮੀਦਵਾਰਾਂ ਦੀ ਉਮਰ ਸਾਢੇ 17 ਤੋਂ 21 ਸਾਲ ਦੇ ਵਿਚਕਾਰ ਅਤੇ ਕੱਦ ਘੱਟੋ ਘੱਟ 162 ਸੈਂਟੀਮੀਟਰ ਹੋਣਾ ਜ਼ਰੂਰੀ ਹੈ। ਅੰਗਰੇਜ਼ੀ ਅਤੇ ਗਣਿਤ/ਅਕਾਊਂਟਿੰਗ/ਬੁਕ ਕੀਪਿੰਗ ਵਿਸ਼ਿਆਂ ਵਿਚ 50 ਫੀਸਦੀ ਨੰਬਰਾਂ ਨਾਲ ਪਾਸ ਹੋਣਾ ਜ਼ਰੂਰੀ ਹੈ।

ਚਾਹਵਾਨ ਉਮੀਦਵਾਰ ਆਪਣੇ ਪੜ੍ਹਾਈ ਦੇ ਸਰਟੀਫਿਕੇਟ, ਪਾਸਪੋਰਟ ਸਾਈਜ਼ ਫ਼ੋਟੋ, ਡਿਸਚਾਰਜ ਬੁੱਕ (ਕੇਵਲ ਸਾਬਕਾ ਸੈਨਿਕਾਂ ਦੇ ਬੱਚਿਆਂ ਲਈ) ਅਤੇ ਐਸ.ਸੀ ਜਾਤੀ ਦੇ ਉਮੀਦਵਾਰ ਆਪਣਾ ਜਾਤੀ ਦਾ ਸਰਟੀਫਿਕੇਟ ਨਾਲ ਲੈ ਕੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਪਟਿਆਲਾ, ਨੇੜੇ ਰੇਲਵੇ ਸਟੇਸ਼ਨ, ਵਿਖੇ ਆਪਣੇ ਨਾਮ ਦੀ ਰਜਿਸਟ ?ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਨੇ ਇਹ ਵੀ ਦੱਸਿਆ ਹੈ ਕਿ ਪਟਿਆਲਾ ਜ਼ਿਲ੍ਹੇ ਦੇ ਉਮੀਦਵਾਰ ਹੀ ਇਸ ਟ ?ਰੇਨਿੰਗ ਵਿਚ ਸ਼ਾਮਲ ਹੋ ਸਕਦੇ ਹਨ। ਪ੍ਰੀ-ਰਿਕਰੂਟਮੈਂਟ ਸੈਂਟਰ ਸਿਖਲਾਈ ਲਈ ਇੱਕ ਆਲ ਵੈਦਰ ਟਰੈਕ ਅਤੇ ਟ ?ਰੇਨਿੰਗ ਦੇ ਜ਼ਰੂਰੀ ਸਾਜੋ ਸਮਾਨ ਉਪਲਬਧ ਹਨ। ਵਧੇਰੇ ਜਾਣਕਾਰੀ ਲਈ ਫ਼ੋਨ ਨੰ.0175-2361188, 9876084592 ਕਿਸੇ ਵੀ ਕੰਮ ਕਾਜ ਵਾਲੇ ਦਿਨ ਸੰਪਰਕ ਕਰ ਸਕਦੇ ਹਨ।

# ਵਿਕਸਿਤ ਕ੍ਰਿਸ਼ੀ ਸੰਕਲਪ ਮੁਹਿੰਮ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ ਨੇ ਲਗਾਏ ਕਿਸਾਨ ਜਾਗਰੂਕਤਾ ਕੈਂਪ



**ਪਟਿਆਲਾ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲਾ, ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਭਾਰਤੀ ਖੇਤੀ ਖੋਜ ਪ੍ਰੀਸ਼ਦ ਦੀ ਤਕਨੀਕੀ ਸਹਾਇਤਾ ਨਾਲ ਵਿਕਸਿਤ ਕ੍ਰਿਸ਼ੀ ਸੰਕਲਪ ਮੁਹਿੰਮ ਦੇ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ ਪਟਿਆਲਾ ਵੱਲੋਂ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਰੋੜਗੜ੍ਹ, ਸਿਊਣਾ, ਰੌਂਗਲਾ ਅਤੇ ਲਚਕਾਣੀ ਵਿੱਚ ਕੈਂਪ ਲਗਾ ਕੇ ਕਿਸਾਨਾਂ ਨਾਲ ਵਿਗਿਆਨਕ ਜਾਣਕਾਰੀ ਸਾਂਝੀ ਕੀਤੀ ਗਈ। ਇਸ ਮੁਹਿੰਮ ਬਾਰੇ ਗੱਲ ਕਰਦਿਆਂ ਡਿਪਟੀ ਡਾਇਰੈਕਟਰ, ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਡਾ. ਹਰਦੀਪ ਸਿੰਘ ਸਭਿਖੀ ਨੇ ਦੱਸਿਆ ਕੇ ਕਿਸਾਨਾਂ ਨੂੰ ਝੋਨੇ ਦੀਆਂ ਵੱਖ-ਵੱਖ ਕਿਸਮਾਂ, ਇਹਨਾਂ ਦੀ ਲੁਆਈ ਦੇ ਢੁਕਵੇਂ ਸਮੇਂ, ਖਾਦ ਪ੍ਰਬੰਧਨ, ਬਾਗਬਾਨੀ ਅਤੇ ਭੋਜਨ ਪ੍ਰੋਸੈਸਿੰਗ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।ਆਪਣੇ ਭਾਸ਼ਣ ਦੇ ਵਿੱਚ ਡਾ. ਹਰਦੀਪ ਸਿੰਘ ਸਭਿਖੀ ਨੇ ਝੋਨੇ ਦੀ ਪਨੀਰੀ ਦੀ ਸਾਂਭ ਸੰਭਾਲ ਬਾਰੇ ਦੱਸਿਆ। ਡਾ. ਗੁਰਉਪਦੇਸ਼ ਕੌਰ ਪ੍ਰੋਫੈਸਰ (ਗ੍ਰਿਹ ਵਿਗਿਆਨ) ਨੇ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਆਯੋਜਿਤ ਕੀਤੇ ਜਾਂਦੇ ਕਿੱਤਾ ਮੁਖੀ ਸਿਖਲਾਈ ਕੋਰਸ ਅਤੇ ਪੌਸ਼ਟਿਕ ਖ਼ੁਰਾਕ ਦੀ ਜਾਣਕਾਰੀ ਹਾਜ਼ਰੀਨ ਨਾਲ ਸਾਂਝੀ ਕੀਤੀ।

# ਜਲ ਸੰਕਟ: ਨਗਰ ਨਿਗਮ ਖ਼ਿਲਾਫ਼ ਪ੍ਰਦਰਸ਼ਨ



**ਪਠਾਨਕੋਟ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਇਥੋਂ ਦੇ ਮੁਹੱਲਾ ਸੈਲੀ ਕੁਲੀਆਂ ਵਿੱਚ ਪਾਣੀ ਦੇ ਸੰਕਟ ਨੇ ਲੋਕਾਂ ਦੀ ਹਾਲਤ ਤਰਸਯੋਗ ਬਣਾ ਦਿੱਤੀ ਹੈ। ਇਸ ਕਾਰਨ ਇਲਾਕਾ ਵਾਸੀਆਂ ਨੇ ਨਗਰ ਨਿਗਮ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਅਤੇ ਇਲਾਕੇ ਵਿੱਚ ਨਵਾਂ ਟਿਊਬਵੈੱਲ ਲਗਾਉਣ ਦੀ ਮੰਗ ਕੀਤੀ। ਪ੍ਰਦਰਸ਼ਨ ਕਰਨ ਵਾਲਿਆਂ ਵਿੱਚ ਰੂਪਾ ਗੁਰੰਗ, ਮੁਖਤਿਆਰ ਸਿੰਘ, ਸੋਮ ਨਾਥ, ਜਨਕ ਰਾਜ, ਰਾਮ ਲਾਲ, ਸ਼ਾਮ ਲਾਲ, ਕਮਲੇਸ਼ ਕੁਮਾਰੀ, ਅੰਜੂ ਬਾਲਾ, ਰਜਨੀ, ਆਸ਼ਾ ਦੇਵੀ, ਸੁਨੀਤਾ ਰਾਣੀ ਆਦਿ ਸ਼ਾਮਲ ਸਨ।ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ 3 ਮਹੀਨੇ ਹੋ ਗਏ ਹਨ, ਇਲਾਕੇ ਵਿੱਚ ਪਾਣੀ ਦੀ ਕਿੱਲਤ ਬਣੀ ਹੋਈ ਹੈ। ਇਸ ਕਾਰਨ ਉਨ੍ਹਾਂ ਨੂੰ ਸੈਲੀ ਕੁਲੀਆਂ ਦੇ ਇੱਕ ਮੰਦਰ ਵਿੱਚ ਬਣੇ ਬੋਰ ਤੋਂ ਪਾਣੀ ਢੋਅ ਕੇ ਆਪਣੀਆਂ ਜ਼ਰੂਰਤਾਂ ਪੂਰੀਆਂ ਕਰਨੀਆਂ ਪੈ ਰਹੀਆਂ ਹਨ। ਗਰਮੀ ਕਾਰਨ ਉਨ੍ਹਾਂ ਦੀ ਸਮੱਸਿਆ ਵਿੱਚ ਹੋਰ ਵਾਧਾ ਹੋ ਗਿਆ ਹੈ ਪਰ ਨਿਗਮ ਨੇ ਅਜੇ ਤੱਕ ਉਨ੍ਹਾਂ ਦੀ ਇਹ ਸਮੱਸਿਆ ਹੱਲ ਨਹੀਂ ਕੀਤੀ ਹੈ। ਲੋਕਾਂ ਦੀ ਮੰਗ ਹੈ ਕਿ ਇਸ ਇਲਾਕੇ ਵਿੱਚ ਨਿਗਮ ਵੱਲੋਂ ਇੱਕ ਵੱਖਰਾ ਵੱਡਾ ਟਿਊਬਵੈੱਲ ਲਗਾਇਆ ਜਾਵੇ। ਨਗਰ ਨਿਗਮ ਦੇ ਐਕਸੀਅਨ ਪਰਮਜੋਤ ਸਿੰਘ ਨੇ ਸੰਪਰਕ ਕਰਨ 'ਤੇ ਕਿਹਾ ਕਿ ਉਕਤ ਇਲਾਕੇ ਵਿੱਚ ਇੱਕ ਨਵਾਂ ਟਿਊਬਵੈੱਲ ਲਗਾਉਣ ਦਾ ਪ੍ਰਸਤਾਵ ਪੰਜਾਬ ਸਰਕਾਰ ਨੂੰ ਭੇਜਿਆ ਗਿਆ ਹੈ। ਮਨਜ਼ੂਰੀ ਮਿਲਣ ਉਪਰੰਤ ਟੈਂਡਰ ਲਗਾ ਕੇ ਨਵਾਂ ਟਿਊਬਵੈਲ ਲਗਾ ਦਿੱਤਾ ਜਾਵੇਗਾ।

# ਸ਼ਿਵ ਸੈਨਾ ਹਿੰਦੁਸਤਾਨ ਦੇ ਧਾਰਮਿਕ ਵਿੰਗ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਨੇ ਸ਼੍ਰੀ ਹਨੂੰਮਾਨ ਚਾਲੀਸਾ ਪਾਠ ਦਾ ਇੱਕ ਸ਼ਾਨਦਾਰ ਸਮਾਗਮ ਆਯੋਜਿਤ ਕੀਤਾ




**ਪਟਿਆਲਾ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਸ਼ਿਵ ਸੈਨਾ ਹਿੰਦੁਸਤਾਨ ਦੇ ਧਾਰਮਿਕ ਵਿੰਗ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੀ ਅਗਵਾਈ ਹੇਠ, ਉੱਤਰੀ ਭਾਰਤ ਦੇ ਪ੍ਰਸਿੱਧ ਪ੍ਰਾਚੀਨ ਸ਼੍ਰੀ ਕਾਲੀ ਮਾਤਾ ਮੰਦਰ ਵਿੱਚ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਆਯੋਜਿਤ ਕੀਤਾ ਗਿਆ ਹੈ।

ਇਸ ਵਾਰ ਵੀ ਇਹ ਪਵਿੱਤਰ ਸਮਾਗਮ ਮੰਗਲਵਾਰ ਨੂੰ ਪ੍ਰਸਿੱਧ ਤੀਰਥ ਸਥਾਨ ਸ਼੍ਰੀ ਕਾਲੀ ਮਾਤਾ ਮੰਦਰ, ਪਟਿਆਲਾ ਵਿਖੇ ਆਯੋਜਿਤ ਕੀਤਾ ਗਿਆ ਸੀ। ਸ਼੍ਰੀ ਹਨੂੰਮਾਨ ਚਾਲੀਸਾ ਦਾ ਮੁੱਖ ਉਦੇਸ਼ ਹਫ਼ਤੇ ਵਿੱਚ ਇੱਕ ਵਾਰ ਸਨਾਤਨ ਧਰਮ ਦੇ ਪੈਰੋਕਾਰਾਂ ਨੂੰ ਇਕੱਠਾ ਕਰਨਾ ਅਤੇ ਉਨ੍ਹਾਂ ਨੂੰ ਧਾਰਮਿਕ ਅਤੇ ਸਮਾਜਿਕ ਤੌਰ 'ਤੇ ਜਾਗਰੂਕ ਕਰਨਾ ਹੈ।

ਇਸ ਮੌਕੇ 'ਤੇ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਵਿਆਸ ਪੀਠ ਤੋਂ ਸ਼੍ਰੀ ਭਾਰਤ ਭੂਸ਼ਣ ਜੀ ਨੇ ਆਪਣੇ ਸ਼ੁਭ ਸ਼ਬਦਾਂ ਨਾਲ ਸ਼ਰਧਾਲੂਆਂ ਨੂੰ ਭਗਤੀ ਦੇ ਸਮੁੰਦਰ ਵਿੱਚ ਡੁੱਬਾਇਆ। ਉਨ੍ਹਾਂ ਨੇ ਹਨੂੰਮਾਨ ਜੀ ਦੇ ਬ੍ਰਹਮ ਕਰਮਾਂ ਦਾ ਵਰਣਨ ਕਰਕੇ ਸ਼ਰਧਾਲੂਆਂ ਨੂੰ ਅਧਿਆਤਮਿਕ ਗਿਆਨ ਅਤੇ ਪ੍ਰੇਰਨਾ ਪ੍ਰਦਾਨ ਕੀਤੀ।

ਭਗਵਾਨ ਸ਼੍ਰੀ ਹਨੂੰਮਾਨ ਜੀ ਦੇ ਚਰਿੱਤਰ ਦੀ ਚਰਚਾ ਕਰਦੇ ਹੋਏ, ਉਨ੍ਹਾਂ ਕਿਹਾ ਕਿ ਸਨਾਤਨ ਧਰਮ ਦੇ ਪ੍ਰੇਮੀਆਂ ਨੂੰ ਉਨ੍ਹਾਂ ਦੇ ਚਰਿੱਤਰ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਸ਼ਿੰਗਾਰ ਦੀ ਭਾਵਨਾ ਤੋਂ ਦੂਰ ਰਹਿ ਕੇ ਸੇਵਾ ਦੀ ਭਾਵਨਾ ਨਾਲ ਆਪਣੇ ਫਰਜ਼ ਨਿਭਾਉਣੇ ਚਾਹੀਦੇ ਹਨ। ਜਿਸ ਤਰ੍ਹਾਂ ਸ਼੍ਰੀ ਹਨੂੰਮਾਨ ਜੀ ਹਮੇਸ਼ਾ ਸੇਵਕ ਹੋਣ ਦੀ ਭਾਵਨਾ ਨੂੰ ਪੂਰਾ ਕਰਦੇ ਸਨ ਅਤੇ ਕੋਈ ਵੀ ਵੱਡੀ ਜ਼ਿੰਮੇਵਾਰੀ ਜਾਂ ਕਾਰਜ ਕਰਨ ਤੋਂ ਬਾਅਦ, ਉਨ੍ਹਾਂ ਨੇ ਕਾਰਜ ਨੂੰ ਪੂਰਾ ਕਰਨ ਦਾ ਪੂਰਾ ਸਿਹਰਾ ਆਪਣੇ ਮਾਲਕ, ਆਪਣੇ ਪ੍ਰਭੂ ਸ਼੍ਰੀ ਰਾਮ ਜੀ ਦੇ ਚਰਨਾਂ ਦੀ ਕਿਰਪਾ ਨੂੰ ਦਿੱਤਾ। ਉਨ੍ਹਾਂ ਨੇ ਆਪਣੀ ਜ਼ਿੰਦਗੀ ਵਿੱਚ ਕਦੇ ਨਹੀਂ ਕਿਹਾ ਕਿ ਮੈਂ ਇਹ ਕਾਰਜ ਪੂਰਾ ਕਰ ਲਿਆ ਹੈ। ਉਨ੍ਹਾਂ ਹਮੇਸ਼ਾ ਵਾਅਦਾ ਕੀਤਾ ਕਿ ਮੈਂ ਸ਼੍ਰੀ ਰਾਮ ਜੀ ਦੀ ਕਿਰਪਾ ਨਾਲ ਇਹ ਕਾਰਜ ਪੂਰਾ ਕਰ ਸਕਦਾ ਹਾਂ। ਇਸੇ ਤਰ੍ਹਾਂ, ਸਨਾਤਨ ਹਿੰਦੂ ਧਰਮ ਦੇ ਪ੍ਰੇਮੀਆਂ ਨੂੰ ਵੀ ਹੰਕਾਰ ਤੋਂ ਦੂਰ ਰਹਿਣਾ ਚਾਹੀਦਾ ਹੈ ਅਤੇ ਸਨਾਤਨ ਹਿੰਦੂ ਧਰਮ ਲਈ ਆਪਣੇ ਸਾਰੇ ਫਰਜ਼ ਪੂਰੀ ਤਾਕਤ ਨਾਲ ਨਿਭਾਉਣੇ ਚਾਹੀਦੇ ਹਨ ਅਤੇ ਕਦੇ ਵੀ ਆਪਣੀ ਸਮਰੱਥਾ ਜਾਂ ਸ਼ਕਤੀ ਬਾਰੇ ਹੰਕਾਰੀ ਨਹੀਂ ਹੋਣਾ ਚਾਹੀਦਾ। ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਰਾਸ਼ਟਰੀ ਕਨਵੀਨਰ ਅਤੇ ਸੰਸਥਾਪਕ ਸ਼੍ਰੀ ਪਵਨ ਗੁਪਤਾ ਜੀ ਨੇ ਸਟੇਜ ਤੋਂ ਸੰਬੋਧਨ ਕਰਦੇ ਹੋਏ ਕਿਹਾ ਕਿ ਜੇਕਰ ਅਸੀਂ ਆਪਣੇ ਬੱਚਿਆਂ ਨੂੰ ਬਚਪਨ ਤੋਂ ਹੀ ਸਨਾਤਨ ਧਰਮ ਦੀਆਂ ਛੋਟੀਆਂ-ਛੋਟੀਆਂ ਰਸਮਾਂ ਅਤੇ ਕਦਰਾਂ-ਕੀਮਤਾਂ ਸਿਖਾਵਾਂਗੇ, ਤਾਂ ਉਹ ਭਵਿੱਖ ਵਿੱਚ ਮਹਾਰਾਣਾ ਪ੍ਰਤਾਪ ਵਰਗੇ ਬਹਾਦਰ ਅਤੇ ਧਾਰਮਿਕ ਸ਼ਖਸੀਅਤਾਂ ਬਣਨ ਦੇ ਯੋਗ ਹੋਣਗੇ। ਉਨ੍ਹਾਂ ਨੇ ਨੌਜਵਾਨਾਂ ਨੂੰ ਸੰਸਕ੍ਰਿਤ ਹੋਣ ਅਤੇ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਤਾਂ ਜੋ ਦੇਸ਼ ਵਿਰੋਧੀ ਅਤੇ ਸਨਾਤਨ ਵਿਰੋਧੀ ਤਾਕਤਾਂ ਦਾ ਮਜ਼ਬੂਤੀ ਨਾਲ ਮੁਕਾਬਲਾ ਕੀਤਾ ਜਾ ਸਕੇ ਅਤੇ ਸਨਾਤਨ ਧਰਮ ਪ੍ਰੇਮੀਆਂ ਨੂੰ ਸੰਗਠਿਤ ਕੀਤਾ ਜਾ ਸਕੇ।

ਇਸ ਮੌਕੇ ਪੰਡਿਤ ਬਦਰੀ ਪ੍ਰਸਾਦ ਧਰਮ, ਪ੍ਰਚਾਰਕ, ਸਕੱਤਰ ਜ਼ਿਲ੍ਹਾ ਪਟਿਆਲਾ, ਸ਼੍ਰੀ ਚੰਦਰ ਸ਼ਰਮਾ ਧਰਮ ਪ੍ਰਚਾਰਕ ਅਤੇ ਖਜ਼ਾਨਚੀ ਪੰਜਾਬ ਰਾਜ, ਸ਼੍ਰੀ ਸਵਤੰਤਰ ਰਾਜ ਪਾਸੀ ਪ੍ਰਧਾਨ ਸ਼ਿਵ ਸ਼ਕਤੀ ਲੰਗਰ ਕਮੇਟੀ ਪਟਿਆਲਾ, ਸ਼੍ਰੀ ਰਮੇਸ਼ ਕੰਬੋਜ ਧਰਮ ਪ੍ਰਚਾਰ ਸਕੱਤਰ, ਸ਼੍ਰੀ ਗੁੱਡੂ, ਸ਼੍ਰੀ ਰਾਮ ਖੇਲਾਵਨ, ਸ਼੍ਰੀ ਪੱਪੂ ਕੁਮਾਰ ਦੀ ਅਗਵਾਈ ਹੇਠ ਵਿਸ਼ੇਸ਼ ਸੇਵਾਦਾਰ ਮੌਜੂਦ ਸਨ, ਜੋ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਵੱਲੋਂ ਸੇਵਾ ਵਿੱਚ ਸਮਰਪਿਤ ਭਾਵਨਾ ਨਾਲ ਹਾਜ਼ਰ ਸਨ। ਇਨ੍ਹਾਂ ਤੋਂ ਇਲਾਵਾ, ਮਹਿਲਾ ਵਲੰਟੀਅਰਾਂ ਵਿੱਚ, ਸ਼੍ਰੀਮਤੀ ਸੁਮਨ ਗੁਪਤਾ, ਮਹਿਲਾ ਮੁੱਖ ਵਲੰਟੀਅਰ, ਪੰਜਾਬ ਪ੍ਰਧਾਨ, ਮਹਿਲਾ ਵਿੰਗ, ਸ਼੍ਰੀਮਤੀ ਗੀਤਾ ਗੋਇਲ, ਸੂਬਾ ਜਨਰਲ ਸਕੱਤਰ, ਮਹਿਲਾ ਇਕਾਈ, ਪੰਜਾਬ, ਸ਼੍ਰੀਮਤੀ ਨਿਰਮਲਾ ਪਰਾਸਰ, ਸ਼੍ਰੀਮਤੀ ਵੀਰਤਾ ਸ਼ਰਮਾ, ਸ਼੍ਰੀਮਤੀ ਸੁਨੀਤਾ ਰਾਣੀ, ਸ਼੍ਰੀਮਤੀ ਜਸਵੀਰ, ਆਦਿ ਮੌਜੂਦ ਸਨ।

# ਚੈਕ ਬਾਊਂਸ ਮਾਮਲੇ ਵਿਚ ਭਗੋੜਾ ਸੰਦੀਪ ਕੁਮਾਰ ਪੀ. ਓ. ਸਟਾਫ਼ ਵਲੋਂ ਗ੍ਰਿਫਤਾਰ



**ਪਟਿਆਲਾ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਮਾਨਯੋਗ ਅਦਾਲਤ ਜੱਜ ਪਲਵਿੰਦਰ ਸਿੰਘ ਜੀ ਦੀ ਅਦਾਲਤ ਵਲੋਂ ਸੰਦੀਪ ਕੁਮਾਰ ਪੁੱਤਰ ਭਗਵਾਨ ਦਾਸ ਵਾਸੀ ਮਕਾਨ ਨੰਬਰ 183 ਗਲੀ ਨੰਬਰ 6 ਜੁਝਾਰ ਨਗਰ ਪਟਿਆਲਾ ਨੂੰ ਚੈਕ ਬਾਊਂਸ ਦੇ ਕੇਸ ਵਿੱਚ ਅਦਾਲਤ ਵਿੱਚ ਪੇਸ਼ ਨਾ ਹੋਣ ਕਾਰਨ ਭਗੋੜਾ ਕਰਾਰ ਦਿੱਤਾ ਹੋਇਆ ਸੀ।

ਜਿਸ ਨੂੰ ਅੱਜ ਮਿਤੀ 11.06.2025 ਨੂੰ ਪੀ. ਓ. ਸਟਾਫ਼ ਦੀ ਟੀਮ ਨੇ ਸੰਦੀਪ ਕੁਮਾਰ ਨੂੰ ਗ੍ਰਿਫਤਾਰ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਜਿੱਥੇ ਉਸ ਨੂੰ ਨਿੱਜੀ ਮੁਚਲਕੇ ਤੇ ਅਗਲੀ ਪੇਸ਼ੀ ਤੱਕ ਜਮਾਨਤ ਕਰਵਾ ਲੈਣ ਤੱਕ ਰਿਹਾ ਕਰ ਦਿੱਤਾ।

# ਪੰਜਾਬ ਦਾ ਸਨਅਤੀ ਨਿਵੇਸ਼ ਪੂਰੀ ਤਰ੍ਹਾਂ ਠੱਪ: ਮਜੀਠੀਆ



**ਲੁਧਿਆਣਾ, 12 ਜੂਨ -ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਅੱਜ ਇਥੇ ਮੀਡੀਆ ਨਾਲ ਗੱਲ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਪਿਛਲੇ ਸਾਢੇ ਤਿੰਨ ਸਾਲ ਤੋਂ ਪੰਜਾਬ ਦਾ ਸਨਅਤੀ ਨਿਵੇਸ਼ ਪੂਰੀ ਤਰ੍ਹਾਂ ਠੱਪ ਹੈ, ਜਦਕਿ ਸਨਅਤਕਾਰ ਫਿਰੌਤੀਆਂ ਨਾਲ ਜੂਝ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਇਹ ਦੱਸਣ ਕਿ ਪਿਛਲੇ ਸਾਢੇ ਤਿੰਨ ਸਾਲ ਦੌਰਾਨ ਉਨ੍ਹਾਂ ਕਿਸੇ ਵੀ ਵੱਡੇ ਸਨਅਤੀ ਪ੍ਰਾਜੈਕਟ ਦਾ ਨੀਹ ਪੱਥਰ ਰੱਖਿਆ ਹੋਵੇ। ਉਨ੍ਹਾਂ ਚੁਣੌਤੀ ਦਿੱਤੀ ਕਿ ਜੇਕਰ ਮਾਨ ਨੇ ਕੋਈ ਨੀਂਹ ਪੱਥਰ ਰੱਖਿਆ ਹੈ ਤਾਂ ਉਸ ਦੀ ਤਸਵੀਰ ਜਨਤਕ ਕਰਨ। ਉਨ੍ਹਾਂ ਕਿਹਾ ਕਿ ਜਿਹੜੀ ਸਰਕਾਰ ਤਿੰਨ ਸਾਲ ਵਿੱਚ ਸਨਅਤੀ ਨੀਤੀ ਨਹੀਂ ਬਣਾ ਸਕੀ ਉਹ ਹੋਰ ਕੀ ਕਰ ਸਕਦੀ ਹੈ।ਅਕਾਲੀ ਆਗੂ ਨੇ ਕਿਹਾ ਕਿ ਐਡਵੋਕੇਟ ਪਰਉਪਕਾਰ ਸਿੰਘ ਘੁੰਮਣ ਨੂੰ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਲੜਨ ਵਾਸਤੇ ਜਾਣਿਆ ਜਾਂਦਾ ਹੈ। ਉਨ੍ਹਾਂ ਦਾ ਰਿਕਾਰਡ ਸਾਫ਼ ਸੁਥਰਾ ਹੈ ਤੇ ਉਹ ਇਕ ਸਮਾਜ ਸੇਵੀ ਵਜੋਂ ਕੰਮ ਕਰਦੇ ਹਨ। ਸ੍ਰੀ ਮਜੀਠੀਆ ਨੇ ਹਲਕੇ ਦੇ ਲੋਕਾਂ ਦੇ ਨਾਲ-ਨਾਲ ਅਕਾਲੀ ਦਲ ਦੇ ਰੁੱਸੇ ਆਗੂਆਂ ਨੂੰ ਵੀ ਅਪੀਲ ਕੀਤੀ ਕਿ ਉਹ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਲਈ ਘੁੰਮਣ ਦੀ ਹਮਾਇਤ ਕਰਨ। ਉਨ੍ਹਾਂ ਲੁਧਿਆਣਾ ਵਿੱਚ ਅਕਾਲੀ ਦਲ ਦੀ ਸਰਕਾਰ ਦੌਰਾਨ ਹੋਏ ਵਿਕਾਸ ਕੰਮਾਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਵਾਅਦਾ ਕੀਤਾ ਹੈ ਕਿ ਸਰਕਾਰ ਨੂੰ 24 ਹਜ਼ਾਰ ਏਕੜ ਉਪਜਾਊ ਜ਼ਮੀਨ ਧੱਕੇ ਨਾਲ ਐਕਵਾਇਰ ਨਹੀਂ ਕਰਨ ਦਿਆਂਗੇ।

# ਮਾਡਲ ਸਕੂਲ ਦੀ ਅਧਿਆਪਕ ਨੇ ਲੇਡੀ ਸਕਾਊਟ ਮਾਸਟਰ ਦਾ ਸਰਟੀਫਿਕੇਟ ਕੀਤਾ ਹਾਸਲ



**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਸੈਕੰਡਰੀ ਮਾਡਲ ਸਕੂਲ ਦੀ ਅਧਿਆਪਕਾ ਗੁਰਪ੍ਰੀਤ ਕੌਰ ਮੱਲੀ ਨੇ ਸਟੇਟ ਸਕਾਊਟ ਅਤੇ ਗਾਈਡ ਟ੍ਰੇਨਿੰਗ ਸੈਂਟਰ ਤਾਰਾ ਦੇਵੀ ( ਸ਼ਿਮਲਾ) ਵਿਖੇ 2/6/25 ਤੋਂ 8/6/25 ਤੱਕ ਪੰਜਾਬ ਭਰ ਤੋਂ ਆਏ ਅਧਿਆਪਕਾਂ ਨਾਲ ਕੈਂਪ ਲਗਾ ਕੇ ਲੇਡੀ ਸਕਾਊਟ ਮਾਸਟਰ ਦਾ ਸਰਟੀਫਿਕੇਟ ਹਾਸਲ ਕੀਤਾ। ਇਸ ਕੈਂਪ ਦੀ ਅਗਵਾਈ ਉਂਕਾਰ ਸਿੰਘ SOC (S) ਦੁਆਰਾ ਕੀਤੀ ਗਈ। ਇਸ ਮੌਕੇ ਦਰਸ਼ਨ ਸਿੰਘ ਬਰੇਟਾ (DOC Mansa), ਜਗਤਾਰ ਸਿੰਘ (DOC Sangrur) ਅਤੇ ਟੀ ਐਸ ਬੇਦੀ (LT) ਟੀਮ ਦਾ ਹਿੱਸਾ ਸਨ। ਸਕਾਊਟਿੰਗ ਅਤੇ ਗਾਈਡਿੰਗ ਬਾਰੇ ਲੈਕਚਰ ਦਿੱਤੇ ਗਏ। ਅਧਿਆਪਕਾਂ ਨੂੰ ਹਾਈਕਿੰਗ ਅਤੇ ਟ੍ਰੈਕਿੰਗ ਲਈ ਤਾਰਾ ਦੇਵੀ ਮੰਦਿਰ , ਹਨੂਮਾਨ ਮੰਦਿਰ ਅਤੇ ਸ਼ਿਮਲਾ ਵਿਖੇ ਲਜਾਇਆ ਗਿਆ।

# ਮੁੱਖ ਮੰਤਰੀ ਵੱਲੋਂ ਕਰਜ਼ਾ ਮੁਕਤੀ ਸਰਟੀਫਿਕੇਟ ਵੰਡਣ ਦੀ ਸ਼ੁਰੂਆਤ

## ਅੰਮ੍ਰਿਤਸਰ ਤੇ ਗੁਰਦਾਸਪੁਰ ਸਣੇ ਪੰਜ ਜ਼ਿਲ੍ਹਿਆਂ ਦੇ ਲਾਭਪਾਤਰੀਆਂ ਨੂੰ ਸਰਟੀਫਿਕੇਟ ਵੰਡੇ; ਕੇਂਦਰ ਤੇ ਸੂਬੇ ਦੇ ਪਿਛਲੀਆਂ ’ਤੇ ਨਿਸ਼ਾਨੇ ਸੇਧੇ

**ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਇਥੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਐਸਸੀ ਲੈਂਡ ਡਿਵੈਲਪਮੈਂਟ ਐਂਡ ਫਾਇਨਾਂਸ ਕਾਰਪੋਰੇਸ਼ਨ ਵੱਲੋਂ ਕਰਵਾਏ ਇੱਕ ਸਮਾਗਮ ਵਿੱਚ 4700 ਤੋਂ ਵੱਧ ਲਾਭਪਾਤਰੀਆਂ ਨੂੰ ਲਗਭਗ 68 ਕਰੋੜ ਰੁਪਏ ਦੇ ਕਰਜ਼ਾ ਮੁਕਤੀ ਸਰਟੀਫਿਕੇਟ ਵੰਡਣ ਦੀ ਸ਼ੁਰੂਆਤ ਕੀਤੀ ਹੈ।

ਸਮਾਗਮ ਦੌਰਾਨ ਅੰਮ੍ਰਿਤਸਰ, ਗੁਰਦਾਸਪੁਰ ਸਮੇਤ ਪੰਜ ਜ਼ਿਲ੍ਹਿਆਂ ਦੇ ਲਾਭਪਾਤਰੀਆਂ ਨੂੰ ਕਰਜ਼ਾ ਮੁਕਤੀ ਸਰਟੀਫਿਕੇਟ ਵੰਡੇ ਗਏ ਹਨ। ਇਸ ਮੌਕੇ ਮੁੱਖ ਮੰਤਰੀ ਮਾਨ ਨੇ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿੱਚ ਲੋਕ ਸੇਵਾ ਦੇ ਮੰਤਵ ਨੂੰ ਲੈ ਕੇ ਆਈ ਸੀ ਅਤੇ ਉਸ ਨੂੰ ਪੂਰਾ ਕਰਦਿਆਂ ਹੋਇਆਂ ਲੋਕਾਂ ਨੂੰ ਇਹ ਕਰਜ਼ਾ ਮੁਕਤੀ ਸਰਟੀਫਿਕੇਟ ਵੰਡੇ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਕਰਜ਼ਾ ਮੁਆਫ਼ੀ ਦੇ ਮਾਮਲੇ ਵਿੱਚ ਕੇਂਦਰ ਸਰਕਾਰ ਨੂੰ ਨਿਸ਼ਾਨਾ ਬਣਾਇਆ ਅਤੇ ਆਖਿਆ ਕਿ ਉਹ ਵੱਡੇ ਘਰਾਣਿਆਂ ਦੇ ਕਰਜ਼ੇ ਤਾਂ ਮੁਆਫ਼ ਕਰ ਸਕਦੇ ਹਨ ਪਰ ਕਿਸਾਨਾਂ ਦੇ ਕਰਜ਼ੇ ਨਹੀਂ ਮੁਆਫ਼ ਕਰਨਾ ਚਾਹੁੰਦੇ।



ਮੁੱਖ ਮੰਤਰੀ ਨੇ ਅਕਾਲੀ ਭਾਜਪਾ ਅਤੇ ਕਾਂਗਰਸ ਸਰਕਾਰਾਂ ਨੂੰ ਵੀ ਨਿਸ਼ਾਨਾ ਬਣਾਇਆ ਅਤੇ ਆਖਿਆ ਕਿ ਉਨ੍ਹਾਂ ਨੇ ਵੀ ਕਰਜ਼ੇ ਹੇਠ ਦੱਬੇ ਇਨ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਵਧੇਰੇ ਲੋਕ ਕਰਜ਼ੇ ਦੀ ਰਕਮ ਵਾਪਸ ਕਰ ਚੁੱਕੇ ਹਨ ਪਰ ਕੁਝ ਲੋਕ ਅਜਿਹੇ ਹਨ, ਜਿਨਾਂ ਦੀ ਮਾੜੀ ਆਰਥਿਕ ਸਥਿਤੀ ਦੇ ਕਾਰਨ ਉਹ ਕਰਜ਼ਾ ਵਾਪਸ ਨਹੀਂ ਕਰ ਸਕੇ। ਇਸ ਮੌਕੇ ਉਨ੍ਹਾਂ ਖਾਸਕਰ ਸ਼੍ਰੋਮਣੀ ਅਕਾਲੀ ਦਲ ਤੇ ਤਿੱਖੇ ਨਿਸ਼ਾਨੇ ਸੇਧੇ ਅਤੇ ਦੋਸ਼ ਲਾਇਆ ਕਿ ਜਦੋਂ ਉਨ੍ਹਾਂ ਕੋਲ ਸੂਬੇ ਦੀ ਸੱਤਾ ਨਹੀਂ ਰਹੀ ਤਾਂ ਹੁਣ ਉਹ ਧਰਮ ਦੀ ਸੱਤਾ ’ਤੇ ਕਬਜ਼ਾ ਬਣਾਈ ਰੱਖਣਾ ਚਾਹੁੰਦੇ ਹਨ।

ਉਨ੍ਹਾਂ ਨੇ ਸਾਬਕਾ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੂੰ ਵੀ ਨਿਸ਼ਾਨੇ ’ਤੇ ਰੱਖਿਆ ਤੇ ਆਖਿਆ ਕਿ ਜਦੋਂ ਤੱਕ ਉਹ ਵਿੱਤ ਮੰਤਰੀ ਰਹੇ, ਉਹ ਇੱਕ ਹੀ ਰਾਗ ਅਲਾਪਦੇ ਰਹੇ ਕਿ ਪੰਜਾਬ ਦਾ ਖਜ਼ਾਨਾ ਖਾਲੀ ਹੈ ਪਰ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਸਤਾ ਵਿੱਚ ਆਈ ਹੈ, ਸੂਬੇ ਦੇ ਵਿੱਤ ਮੰਤਰੀ ਨੇ ਕਦੇ ਵੀ ਖਜ਼ਾਨਾ ਖਾਲੀ ਹੋਣ ਦੀ ਗੱਲ ਨਹੀਂ ਕੀਤੀ। ਸਗੋਂ ਆਪ ਸਰਕਾਰ ਨੇ ਚੋਰ ਮੋਰੀਆਂ ਨੂੰ ਬੰਦ ਕੀਤਾ ਹੈ ਅਤੇ ਖਜ਼ਾਨੇ ਵਿੱਚ ਮਾਲੀਆ ਇਕੱਠਾ ਕੀਤਾ ਹੈ, ਜਿੰਨਾ ਵੀ ਮਾਲੀਆ ਇਕੱਠਾ ਕੀਤਾ ਉਹ ਲੋਕਾਂ ਦੀ ਸੇਵਾ ਲਈ ਵਰਤਿਆ ਜਾ ਰਿਹਾ ਹੈ।

# 18 ਗ੍ਰਾਮ ਨਸ਼ੀਲਾ ਪਦਾਰਥ, 4 ਗ੍ਰਾਮ ਅਫੀਮ ਅਤੇ 120 ਲੀਟਰ ਲਾਹਣ ਸਮੇਤ 5 ਗ੍ਰਿਫ਼ਤਾਰ

## ਨਸ਼ਾ ਤਸਕਰੀ/ਸਮੱਗਲਿੰਗ ਕਰਨ ਵਾਲੇ ਦੀ ਜਾਣਕਾਰੀ ਸੂਚਨਾ ਸੇਫ ਪੰਜਾਬ ਐਂਟੀ ਡਰੱਗ ਹੈਲਪਲਾਇਨ ਨੰਬਰ 97791-00200 ਤੇ ਦਿੱਤੀ ਜਾਵੇ : ਐਸ ਐਸ ਪੀ

**ਰੂਪ ਨਗਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਵਿਰੁੱਧ ਮੁਹਿੰਮ’ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਲਈ ਜ਼ਿਲ੍ਹਾ ਰੂਪਨਗਰ ਪੁਲਿਸ ਵੱਲੋਂ ਨਸ਼ੇ ਨੂੰ ਵੇਚਣ ਵਾਲਿਆਂ ਵਿਰੁੱਧ ਕਾਰਵਾਈਆਂ ਨਿਰੰਤਰ ਜਾਰੀ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਕਪਤਾਨ ਪੁਲਿਸ ਰੂਪਨਗਰ ਸ. ਗੁਲਨੀਤ ਸਿੰਘ ਖੁਰਾਨਾ ਨੇ ਦੱਸਿਆ ਕਿ ਡਾਇਰੈਕਟਰ ਜਨਰਲ ਪੁਲਿਸ ਪੰਜਾਬ ਸ਼੍ਰੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ ਰੂਪਨਗਰ ਰੇਂਜ ਰੂਪਨਗਰ ਸ. ਹਰਚਰਨ ਸਿੰਘ ਭੁੱਲਰ ਦੀ ਅਗਵਾਈ ਹੇਠ ਰੂਪਨਗਰ ਪੁਲਿਸ ਵੱਲੋਂ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਜਾ ਰਹੀ ਮੁਹਿੰਮ ÷ਯੁੱਧ ਨਸ਼ਿਆ ਵਿਰੁੱਧ÷ ਮੁਹਿੰਮ ਤਹਿਤ ਰੂਪਨਗਰ ਜ਼ਿਲ੍ਹਾ ਪੁਲਿਸ ਵੱਲੋਂ ਵੱਖ-ਵੱਖ ਮੁਕੱਦਮਿਆਂ ਵਿੱਚ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨਾਂ ਪਾਸੋਂ 18 ਗ੍ਰਾਮ ਨਸ਼ੀਲਾ ਪਦਾਰਥ/ਪਾਊਡਰ ਅਤੇ 4 ਗ੍ਰਾਮ ਅਫੀਮ ਬ੍ਰਾਮਦ ਕੀਤੀ ਗਈ ਅਤੇ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨਾਂ ਪਾਸੋਂ 120 ਲੀਟਰ ਲਾਹਣ ਬ੍ਰਾਮਦ ਕੀਤੀ। ਇਸ ਸਬੰਧੀ ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ



ਯੁੱਧ ਨਸ਼ਿਆ ਵਿਰੁੱਧ÷ ਮੁਹਿੰਮ ਦੀ ਲਗਾਤਾਰਤਾ ਵਿੱਚ ਜ਼ਿਲ੍ਹਾ ਪੁਲਿਸ ਵੱਲੋਂ ਵੱਖ-ਵੱਖ ਸਥਾਨਾ ਤੇ ਨਾਕਾਬੰਦੀਆਂ ਅਤੇ ਗਸ਼ਤਾ ਰਾਹੀ ਨਸ਼ਾ ਤਸਕਰਾਂ ਅਤੇ ਭੈੜੇ ਅਨਸਰਾਂ ਦੀ ਚੈਕਿੰਗ ਕੀਤੀ ਗਈ, ਜਿਸ ਦੌਰਾਨ ਥਾਣਾ ਸਿਟੀ ਰੂਪਨਗਰ ਵਲੋ ਬੰਦੀ ਗੁਰਪ੍ਰੀਤ ਸਿੰਘ ਵਾਸੀ ਪਿੰਡ ਕੋਠਾ ਥਾਣਾ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਨੂੰ ਗ੍ਰਿਫਤਾਰ ਕਰਕੇ ਉਨਾ ਪਾਸੋਂ 4 ਗ੍ਰਾਮ ਅਫੀਮ ਅਤੇ ਥਾਣਾ ਨੰਗਲ ਵੱਲੋ ਸੁਮਿਤ ਉਰਫ ਪੰਕਜ ਵਾਸੀ 573 ਇੰਦਰਾ ਨਗਰ ਨੰਗਲ, ਯਸ਼ ਵਾਸੀ 169 ਡੀ.ਐਸ.ਈ.ਈ.ਓ ਬਲਾਕ ਨੰਗਲ ਨੂੰ ਗ੍ਰਿਫਤਾਰ ਕਰਕੇ ਉਨਾ ਪਾਸੋਂ 18 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਕੀਤਾ ਗਿਆ ਅਤੇ ਉਨਾਂ ਖਿਲਾਫ ਐਨ.ਡੀ.ਪੀ.ਐਸ. ਐਕਟ ਤਹਿਤ ਮੁਕੱਦਮੇ ਦਰਜ਼ ਕੀਤੇ ਗਏ। ਇਸ ਤੋਂ ਇਲਾਵਾ ਥਾਣਾ ਸਦਰ ਰੂਪਨਗਰ ਵੱਲੋ ਭੁਪਿੰਦਰ ਸਿੰਘ ਉਰਫ ਲਾਡੀ ਵਾਸੀ ਪਿੰਡ ਲਾਡਲ ਅਤੇ ਸਤਨਾਮ ਸਿੰਘ ਉਰਫ ਸੱਤਾ ਵਾਸੀ ਪਿੰਡ ਬਟਾਰਲਾ ਥਾਣਾ ਨੂਰਪੁਰਬੇਦੀ ਨੂੰ ਗ੍ਰਿਫਤਾਰ ਕਰਕੇ ਉਨਾਂ ਪਾਸੋ 120 ਲੀਟਰ ਲਾਹਣ ਬ੍ਰਾਮਦ ਕੀਤੀ ਗਈ ਅਤੇ ਉਨ੍ਹਾਂ ਖਿਲਾਫ ਐਕਸਾਇਜ਼ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ।

ਇਸ ਤੋ ਇਲਾਵਾ ਪ੍ਰੋਜੇਕਟ ‘ਸੰਪਰਕ’ ਦੀ ਤਹਿਤ ਜਿਲ੍ਹਾ ਪੁਲਿਸ ਵਲੋਂ ਆਮ ਪਬਲਿਕ ਨੂੰ ਨਸ਼ਿਆ ਦੇ ਮਾੜੇ ਪ੍ਰਭਾਵਾ ਸਬੰਧੀ ਜਾਗਰਕ ਕਰਨ ਅਤੇ ਪੁਲਿਸ ਨਾਲ ਪਬਲਿਕ ਦਾ ਤਾਲਮੇਲ ਹੋਰ ਵਧਾਉਣ ਲਈ ਗਜਟਿਡ ਅਫਸਰਾਂ ਅਤੇ ਮੁੱਖ ਅਫਸਰ ਥਾਣਾ ਵਲੋ ਪਿੰਡਾ ਵਿੱਚ ਜਾਕੇ ਮੀਟਿੰਗਾ ਕੀਤੀਆਂ ਜਾ ਰਹੀਆਂ ਹਨ। ਐਸ.ਐਸ.ਪੀ. ਰੂਪਨਗਰ ਵਲੋਂ ਪਬਲਿਕ ਨੂੰ ਅਪੀਲ ਕੀਤੀ ਕਿ ਨਸ਼ੇ ਵਰਗੀ ਅਲਾਹਮਤ ਨੂੰ ਖਤਮ ਕਰਨ ਲਈ ਪੁਲਿਸ ਦਾ ਪੂਰਨ ਤੌਰ ਤੇ ਸਹਿਯੋਗ ਕੀਤਾ ਜਾਵੇ ਅਤੇ ਜੇਕਰ ਉਨ੍ਹਾਂ ਦੇ ਇਲਾਕਾ ਵਿੱਚ ਕੋਈ ਵਿਅਕਤੀ ਨਸ਼ਾਂ ਤਸਕਰੀ/ਸਮੱਗਲਿੰਗ ਕਰਦਾ ਹੈ ਤਾਂ ਉਸਦੀ ਸੂਚਨਾ ਸੇਫ ਪੰਜਾਬ ਐਂਟੀ ਡਰੱਗ ਹੈਲਪਲਾਇਨ ਨੰਬਰ 97791-00200 (ਵਟਸਐਪ ਚੈਟਬੋਟ) ਜਾ ਜਿਲ੍ਹਾ ਪੁਲਿਸ ਦੇ ਨੰਬਰਾ ਪਰ ਸਾਂਝੀ ਕੀਤੀ ਜਾਵੇ। ਜਾਣਕਾਰੀ ਦੇਣ ਵਾਲੇ ਦਾ ਨਾਮ ਅਤੇ ਪਤਾ ਗੁਪਤ ਰੱਖਿਆ ਜਾਵੇਗਾ।

# ਘਨੌਰ ਕਲਾਂ ਮਗਰੋਂ ਹੁਣ ਸ਼ੇਰਪੁਰ-ਧੂਰੀ ਮੁੱਖ ਸੜਕ ਭੁਰਨ ਲੱਗੀ

## ਗਾਜ਼ ਗਿਰਨ ਦੇ ਡਰੋਂ ਠੇਕੇਦਾਰ ਦੇ ਕਰਿੰਦੇ ਸੜਕਾਂ ’ਤੇ ਪੈਚ ਲਾਉਣ ਵਿੱਚ ਜੁਟੇ



**ਸ਼ੇਰਪੁਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਦੇ ਹਲਕਾ ਧੂਰੀ ਅੰਦਰ ਲੋਕ ਨਿਰਮਾਣ ਵਿਭਾਗ ਦੇ ਉੱਚ ਅਧਿਕਾਰੀਆਂ ਦੀ ਦੇਖ-ਰੇਖ ਵਿੱਚ ਮਹਿਜ਼ ਸੱਤ-ਅੱਠ ਮਹੀਨੇ ਪਹਿਲਾਂ ਬਣੀਆਂ ਨਵੀਆਂ ਸੜਕਾਂ ਭੁਰਨ ਲੱਗ ਗਈਆਂ ਹਨ। ਘਨੌਰ ਕਲਾਂ ਵਿਵਾਦਤ ਸੜਕ ਮਗਰੋਂ ਹੁਣ ਸ਼ੇਰਪੁਰ-ਧੂਰੀ ਮੁੱਖ ਸੜਕ ਭੁਰਨ ਲੱਗੀ ਹੈ ਜਦੋਂਕਿ ਗਾਜ਼ ਗਿਰਨ ਦੇ ਡਰੋਂ ਠੇਕੇਦਾਰ ਕਰਿੰਦੇ ਉਕਤ ਸੜਕ ’ਤੇ ਥਾਂ-ਥਾਂ ਟਾਕੀਆਂ ਲਗਾਉਣ ਵਿੱਚ ਤੇਜ਼ੀ ਨਾਲ ਜੁਟੇ ਹੋਏ ਹਨ। ਯਾਦ ਰਹੇ ਕਿ ਇਸਤੋਂ ਪਹਿਲਾਂ ਘਨੌਰੀ ਕਲਾਂ-ਘਨੌਰ ਕਲਾਂ ਸੜਕ ’ਤੇ ਘਾਹ ਉੱਗ ਆਉਣ ਦੀ ਸ਼ਿਕਾਇਤ ’ਤੇ ਮੁੱਖ ਮੰਤਰੀ ਨੇ ਸੜਕ ਮੁੜ ਬਣਾਉਣ ਤੇ ਠੇਕੇਦਾਰ ਖ਼ਿਲਾਫ਼ ਕਾਰਵਾਈ ਦੇ ਹੁਕਮ ਦਿੱਤੇ ਸਨ। ਇਸ ਸਬੰਧੀ 19 ਦਿਨਾਂ ਬਾਅਦ ਵੀ ਹਾਲੇ ਤੱਕ ਕੋਈ ਕਾਰਵਾਈ ਨਹੀਂ ਹੋਈ।

ਜਾਣਕਾਰੀ ਅਨੁਸਾਰ ਸ਼ੇਰਪੁਰ-ਧੂਰੀ ਮੁੱਖ ਸੜਕ ’ਤੇ ਠੇਕੇਦਾਰ ਦੇ ਕਰਿੰਦੇ ਜਹਾਂਗੀਰ ਦੇ ਪੁਲ ਦੇ ਦੋਵੇਂ ਪਾਸੇ ਇਸਤੋਂ ਅੱਗੇ ਧੂਰੀ ਵੱਲ ਤਕਰੀਬਨ ਅੱਧੀ ਦਰਜਨ ਤੋਂ ਵੱਧ ਥਾਵਾਂ ’ਤੇ ਭੁਰ ਰਹੀ ਸੜਕ ਨੂੰ ਮੁੜ ਪੁੱਟ ਕੇ ਉਸ ’ਤੇ ਮੁੜ ਪ੍ਰੀਮਿਕਸ ਪਾਉਣ ਲੱਗੇ ਹੋਏ ਹਨ। ਘਨੌਰੀ ਕਲਾਂ-ਰਾਜੋਮਾਜਰਾ ਸੜਕ ’ਤੇ ਵੀ ਠੇਕੇਦਾਰ ਦੇ ਕਰਿੰਦੇ ਲੋਕਾਂ ਦੇ ਖੇਤਾਂ ਵਿੱਚੋਂ ਚੁੱਕ ਕੇ ਹੁਣ ਬਰਮਾਂ ’ਤੇ ਮਿੱਟੀ ਪਾਉਂਦੇ ਵਿਖਾਈ ਦੇ ਰਹੇ ਹਨ। ਵਿਭਾਗ ਤੇ ਠੇਕੇਦਾਰਾਂ ਦੀ ਸਰਗਰਮੀ ਨੂੰ ਵੇਖਦਿਆਂ ਲੋਕਾਂ ਵਿੱਚ ਚਰਚਾ ਹੈ ਕਿ ਮਹਿਜ਼ ਸੱਤ-ਅੱਠ ਮਹੀਨਿਆਂ ’ਚ ਸੜਕਾਂ ਟੁੱਟ ਜਾਣ ਦੀ ਹੋਈ ਕਿਰਕਿਰੀ ਮਗਰੋਂ ਹੁਣ ਵਿਭਾਗ ਦੇ ਅਧਿਕਾਰੀ ਆਪਣਾ ਚੰਮ ਬਚਾਉਣ ਲਈ ਚਾਰਾਜੋਈ ਕਰ ਰਹੇ ਹਨ। ਕਿਰਤੀ ਕਿਸਾਨ ਯੂਨੀਅਨ ਦੇ ਭੁਪਿੰਦਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਦੇ ਆਪਣੇ ਹਲਕੇ ਵਿੱਚ ਸੜਕਾਂ ਦੀ ਹਾਲਤ ਦੀ ਉੱਚ ਪੱਧਰੀ ਜਾਂਚ ਮੰਗੀ ਅਤੇ ਵਿਭਾਗ ਦੇ ਸਬੰਧਤ ਜ਼ਿੰਮੇਵਾਰ ਅਧਿਕਾਰੀਆਂ ਨੂੰ ਕਟਿਹਰੇ ’ਚ ਖੜ੍ਹਾ ਕਰਨ ਦੀ ਮੰਗ ਰੱਖੀ।

# ਸੰਡੇ ਓਨ ਸਾਈਕਲ ਕਾਰਜਕ੍ਰਮ ਪਟਿਆਲਾ ਲੋਕੋਮੋਟਿਵ ਵਰਕਸ ’ਚ ਆਯੋਜਿਤ




**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡੋ ਇੰਡੀਆ ਯੋਜਨਾ ਅਤੇ ਫਿਟ ਇੰਡੀਆ ਮੁਹਿੰਮ ਅਧੀਨ ਸੰਡੇ ਓਨ ਸਾਈਕਲ ਕਾਰਜਕ੍ਰਮ ਪੀ ਐਲ ਡਬਲਯੂ ਸਪੋਰਟਸ ਐਸੋਸੀਅਸ਼ਨ ਵੱਲੋਂ ਪਟਿਆਲਾ ਲੋਕੋਮੋਟਿਵ ਵਰਕਸ ’ਚ ਆਯੋਜਿਤ ਕੀਤਾ ਗਿਆ।

ਇਸ ਸਾਈਕਲ ਰੈਲੀ ਨੂੰ ਸ਼੍ਰੀ ਰਾਜੇਸ਼ ਮੋਹਨ, ਪ੍ਰਿੰਸੀਪਲ ਮੁੱਖ ਪ੍ਰਸ਼ਾਸਕੀ ਅਧਿਕਾਰੀ (ਪੀ ਸੀ ਏ ਓ) ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ ਅਤੇ ਉਨ੍ਹਾਂ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਮਿਲ ਕੇ ਸਰਗਰਮ ਭਾਗੀਦਾਰੀ ਨਿਭਾਈ।

ਫਿਟਨੈੱਸ ਦੀ ਡੋਜ਼, ਅੱਧਾ ਘੰਟਾ ਰੋਜ਼ ਥੀਮ ਹੇਠ ਆਯੋਜਿਤ ਇਹ ਰੈਲੀ ਤੰਦਰੁਸਤ ਜੀਵਨਸ਼ੈਲੀ ਅਤੇ ਸਿਹਤਮੰਦ ਭਵਿੱਖ ਵੱਲ ਇਕ ਕਦਮ ਸੀ।

# ਨਾਭਾ ਜੇਲ੍ਹ ’ਚੋਂ ਨਸ਼ਾ ਬਰਾਮਦ

**ਨਾਭਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਨਵੀਂ ਜ਼ਿਲ੍ਹਾ ਜੇਲ੍ਹ ਵਿਖੇ ਬੰਦ ਦੋ ਹਵਾਲਾਤੀਆਂ ਕੋਲੋਂ ਕਥਿਤ 48 ਗ੍ਰਾਮ ਚਿੱਟਾ ਨਸ਼ੀਲਾ ਪਾਊਡਰ ਅਤੇ 47 ਗ੍ਰਾਮ ਸੁਲਫੇ ਦੇ ਨਾਲ ਮੋਬਾਈਲ ਬਰਾਮਦ ਕੀਤਾ ਗਿਆ। ਜੇਲ੍ਹ ਦੇ ਸਹਾਇਕ ਸੁਪਰਡੈਂਟ ਵੱਲੋਂ ਇਸ ਮਾਮਲੇ ਵਿਚ ਕੇਸ ਦਰਜ ਕਰਵਾਇਆ ਗਿਆ। ਨਾਭਾ ਸਦਰ ਪੁਲੀਸ ਨੂੰ ਪ੍ਰਾਪਤ ਸ਼ਿਕਾਇਤ ਅਨੁਸਾਰ ਵਾਰਡ ਨੰ. 4 ਦੀ ਬੈਰਕ ਨੰ. 3 ਵਿਖੇ ਬੰਦ ਹਵਾਲਾਤੀ ਜਸਪ੍ਰੀਤ ਸਿੰਘ ਵਾਸੀ ਖੂਨੀ ਮਾਜਰਾ ਮੁਹਾਲੀ ਦੀ ਤਲਾਸ਼ੀ ਦੌਰਾਨ ਉਸ ਕੋਲੋਂ ਟੇਪ ਨਾਲ ਲਪੇਟੇ ਦੋ ਪੈਕੇਟ ਬਰਾਮਦ ਕੀਤੇ ਗਏ ਜਿਨ੍ਹਾਂ ਵਿਚ ਉਕਤ ਨਸ਼ੀਲਾ ਸਾਮਾਨ ਪਾਇਆ ਗਿਆ। ਬੈਰਕ ਵਿਚ ਦੂਜੇ ਹਵਾਲਾਤੀ ਰਾਜਿੰਦਰ ਕੁਮਾਰ ਵਾਸੀ ਕੋਟਕਪੂਰਾ ਦੀ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ ਇੱਕ ਮੋਬਾਈਲ ਅਤੇ ਸਿਮ ਬਰਾਮਦ ਹੋਇਆ। ਸਦਰ ਪੁਲੀਸ ਵੱਲੋਂ ਕੇਸ ਦਰਜ ਕਰਕੇ ਇਸ ਤਸਕਰੀ ਬਾਰੇ ਪੜਤਾਲ ਸ਼ੁਰੂ ਕਰ ਦਿੱਤੀ ਗਈ ਹੈ।

# ਅੰਮ੍ਰਿਤਪਾਲ ਸਿੰਘ ਦੇ ਚਾਚਾ ਹਰਜੀਤ ਸਿੰਘ ਵੱਲੋਂ ਇਲਾਜ ਤੋਂ ਨਾਂਹ; ਵਾਪਸ ਜੇਲ੍ਹ ਭੇਜਿਆ

**ਬਠਿੰਡਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਅੰਮ੍ਰਿਤਪਾਲ ਸਿੰਘ ਦੇ ਚਾਚਾ ਹਰਜੀਤ ਸਿੰਘ, ਜੋ ਪਿਛਲੇ 15 ਦਿਨਾਂ ਤੋਂ ਭੁੱਖ ਹੜਤਾਲ ’ਤੇ ਹਨ, ਨੂੰ ਅਚਾਨਕ ਤਬੀਅਤ ਵਿਗੜਨ ਮਗਰੋਂ ਸ਼ਨਿੱਚਰਵਾਰ ਨੂੰ ਬਠਿੰਡਾ ਕੇਂਦਰੀ ਜੇਲ੍ਹ ਤੋਂ ਏਮਸ ਹਸਪਤਾਲ ਦਾਖਲ ਕਰਵਾਇਆ ਗਿਆ ਸੀ। ਹਸਪਤਾਲ ਵਿੱਚ ਪਿਸ਼ਾਬ ਨਾਲ ਸਬੰਧਤ ਸਮੱਸਿਆ ਦੇ ਨਤੀਜੇ ਵਜੋਂ ਕਈ ਜ਼ਰੂਰੀ ਟੈਸਟ ਕਰਵਾਏ ਗਏ। ਹਾਲਾਂਕਿ ਡਾਕਟਰਾਂ ਵੱਲੋਂ ਇਲਾਜ ਦੀ ਕੋਸ਼ਿਸ਼ ਕੀਤੀ ਗਈ, ਪਰ ਹਰਜੀਤ ਸਿੰਘ ਵੱਲੋਂ ਇਲਾਜ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਗਿਆ। ਅੰਮ੍ਰਿਤਪਾਲ ਸਿੰਘ ਦੇ ਵਕੀਲ ਹਰਪਾਲ ਸਿੰਘ ਖਾਰਾ ਨੇ ਮੀਡੀਆ ਨੂੰ ਦੱਸਿਆ ਕਿ ਰਾਤ ਕਰੀਬ 9:30 ਵਜੇ, ਉਨ੍ਹਾਂ ਨੂੰ ਮੁੜ ਵਾਪਸ ਜੇਲ੍ਹ ਭੇਜ ਦਿੱਤਾ ਗਿਆ। ਚੇਤੇ ਰਹੇ ਕਿ ਅੰਮ੍ਰਿਤਪਾਲ ਸਿੰਘ ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਹੈ ਤੇ ਇਕ ਵੇਲੇ ਕੌਮੀ ਸੁਰੱਖਿਆ ਐਕਟ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਹੈ।

# ਸ਼ਹਿਰੀ ਖੇਤਰ ਵਿੱਚ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਭਾਰੀ ਵਾਹਨਾਂ ਦੇ ਦਾਖ਼ਲੇ ’ਤੇ ਪਾਬੰਦੀ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਰਾਜਪੁਰਾ ਚੁੰਗੀ ਤੋਂ ਪੁਰਾਣਾ ਬੱਸ ਸਟੈਂਡ ਦੇ ਅੰਦਰ ਦੇ ਇਲਾਕੇ, ਪੁਰਾਣਾ ਬੱਸ ਸਟੈਂਡ ਤੋਂ ਫੁਆਰਾ ਚੌਂਕ (ਦੀ ਮਾਲ ਰੋਡ), ਫੁਆਰਾ ਚੌਂਕ ਲੋਅਰ ਮਾਲ ਤੋਂ ਮਹਿੰਦਰਾ ਕਾਲਜ ਅਤੇ ਮਹਿੰਦਰਾ ਕਾਲਜ ਤੋਂ ਸਨੌਰੀ ਅੱਡੇ ਦੇ ਅੰਦਰ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਭਾਰੀ ਵਾਹਨਾਂ ਦੇ ਦਾਖਲੇ ’ਤੇ ਪਾਬੰਦੀ ਲਗਾਈ ਹੈ।

5 ਅਗਸਤ 2025 ਤੱਕ ਲਾਗੂ ਰਹਿਣ ਵਾਲੇ ਇਨ੍ਹਾਂ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਜ਼ਿਲ੍ਹਾ ਪਟਿਆਲਾ ਦੇ ਸ਼ਹਿਰੀ ਖੇਤਰ ਅੰਦਰ ਭਾਰੀ ਵਾਹਨਾਂ ਦੀ ਆਵਾਜਾਈ ਬਹੁਤ ਜ਼ਿਆਦਾ ਵੱਧ ਗਈ ਹੈ, ਇਨ੍ਹਾਂ ਵਾਹਨਾਂ ਦੀ ਦਿਨ ਦੇ ਸਮੇਂ ਸ਼ਹਿਰ ਵਿੱਚ ਆਮਦ ਨਾਲ ਆਮ ਟ੍ਰੈਫਿਕ ਦੀ ਆਵਾਜਾਈ ਵਿੱਚ ਕਾਫ਼ੀ ਵਿਘਨ ਪੈ ਰਿਹਾ ਹੈ, ਜਿਸ ਨਾਲ ਲੰਮੇ ਸਮੇਂ ਜਾਮ ਲੱਗ ਜਾਂਦੇ ਹਨ। ਇਨ੍ਹਾਂ ਟ੍ਰੈਫਿਕ ਜਾਮਾਂ ਕਾਰਨ ਜਿੱਥੇ ਆਮ ਜਨਤਾ ਦੇ ਕੰਮਕਾਰ ਪ੍ਰਭਾਵਿਤ ਹੁੰਦੇ ਹਨ, ਉੱਥੇ ਨਾਲ ਹੀ ਬਿਮਾਰ/ਬਜ਼ੁਰਗ/ਮਰੀਜ਼/ਐਂਬੂਲੈਸਾਂ/ਸਕੂਲੀ ਬੱਚਿਆਂ ਦੇ ਇੱਕ ਥਾਂ ਤੋਂ ਦੂਜੀ ਥਾਂ ਸਮੇਂ ਸਿਰ ਪੁੱਜਣ ਵਿੱਚ ਵੀ ਵਿਘਨ ਪੈਂਦਾ ਹੈ, ਅਜਿਹੇ ਹਾਲਤਾਂ ਨਾਲ ਅਮਨ ਕਾਨੂੰਨ ਦੀ ਸਥਿਤੀ ਦੇ ਖਰਾਬ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਇਸ ਲਈ ਇਹ ਪਾਬੰਦੀ ਲਗਾਈ ਗਈ ਹੈ।

# ਬਾਬਾ ਸਾਹਿਬ ਦੇ ਬੁੱਤ ਦੇ ਮਾਮਲੇ ਵਿਚ ਜਸਵੀਰ ਸਿੰਘ ਗੜ੍ਹੀ ਕਰਨਗੇ ਅੱਜ ਫਿਲੌਰ ਦਾ ਦੌਰਾ

## ਬਾਬਾ ਸਾਹਿਬ ਦੇ ਬੁੱਤ ਦੀ ਬੇਹੁਰਮਤੀ ਦੇ ਮਾਮਲੇ ਵਿਚ ਵਿਚ ਕਮਿਸ਼ਨ ਵਲੋਂ ਡੀ.ਜੀ.ਪੀ. ਪੰਜਾਬ ਤੋਂ ਰਿਪੋਰਟ ਤਲਬ

**ਚੰਡੀਗੜ੍ਹ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸ.ਜਸਵੀਰ ਸਿੰਘ ਗੜ੍ਹੀ ਵਲੋਂ ਮੰਗਲਵਾਰ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਬੁੱਤ ਬੇਹੁਰਮਤੀ ਦੇ ਮਾਮਲੇ ਦੀ ਜਾਂਚ ਕਰਨ ਲਈ ਨੰਗਲ ਗੇਟ ਫਿਲੌਰ ਦਾ ਦੌਰਾ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਫਿਲੌਰ ਦੇ ਨੰਗਲ ਗੇਟ ਵਿਖੇ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਬੁੱਤ ਦੀ ਦੂਸਰੇ ਵਾਰ ਹੋਈ ਬੇਹੁਰਮਤੀ ਦੇ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਲਿਆ ਹੈ ਜਿਸ ਲਈ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਵਲੋਂ ਘਟਨਾ ਸਥਾਨ ਦਾ ਦੌਰਾ ਕਰਕੇ ਬੁੱਤ ਦੀ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾਵੇਗਾ।



ਬੁਲਾਰੇ ਨੇ ਦੱਸਿਆ ਕਿ ਫਿਲੌਰ ਦੇ ਨੰਗਲ ਗੇਟ ਵਿਖੇ ਸਥਿਤ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਬੁੱਤ ਦੂਸਰੀ ਵਾਰ ਹੋਈ ਬੇਹੁਰਮਤੀ ਦੇ ਮਾਮਲੇ ਵਿਚ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਵਲੋਂ ਪੰਜਾਬ ਦੇ ਡਾਇਰੈਕਟ ਜਨਰਲ ਆਫ਼ ਪੁਲਿਸ ਤੋਂ ਵੀ ਰਿਪੋਰਟ ਤਲਬ ਕੀਤੀ ਗਈ ਹੈ।

# ਪਿਤਾ ਬਲਕੌਰ ਸਿੰਘ ਵੱਲੋਂ ਸਿੱਧੂ ਮੂਸੇਵਾਲਾ ’ਤੇ ਬਣੀ ਦਸਤਾਵੇਜ਼ੀ ’ਤੇ ਰੋਕ ਲਾਉਣ ਦੀ ਮੰਗ

**ਮਾਨਸਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਸਿੱਧੂ ਨੇ ਮਹਾਰਾਸ਼ਟਰ ਦੇ ਡੀਜੀਪੀ ਤੇ ਜੁਹੂ ਪੁਲੀਸ ਨੂੰ ਪੱਤਰ ਲਿਖ ਕੇ ਬੀਬੀਸੀ ਵਰਲਡ ਸਰਵਿਸ ਵੱਲੋਂ ਸਿੱਧੂ ਮੂਸੇਵਾਲਾ ’ਤੇ ਬਣਾਈ ਡਾਕੂਮੈਂਟਰੀ ਫਿਲਮ ਉਪਰ ਰੋਕ ਲਾਉਣ ਦੀ ਮੰਗ ਕੀਤੀ ਹੈ।



ਬਲਕੌਰ ਸਿੰਘ ਨੇ ਲਿਖਿਆ ਹੈ ਕਿ ਜੁਹੂ ਵਿਚ ਇਸ ਦਸਤਾਵੇਜ਼ੀ ਦੀ ਰਿਲੀਜ਼ ਲਈ ਇਕ ਪ੍ਰੋਗਰਾਮ ਕੀਤਾ ਜਾ ਰਿਹਾ ਹੈ। ਦਸਤਾਵੇਜ਼ੀ ਵਿਚ ਦਾਅਵਾ ਕੀਤਾ ਜਾ ਰਿਹਾ ਹੈ ਕਿ ਸਿੱਧੂ ਮੂਸੇਵਾਲਾ ਬਾਰੇ ਜੋ ਦੱਸਿਆ ਅਤੇ ਦਿਖਾਇਆ ਜਾ ਜਾਵੇਗਾ, ਉਹ ਅੱਜ ਤੱਕ ਕਿਸੇ ਨੂੰ ਵੀ ਨਹੀਂ ਪਤਾ। ਉਨ੍ਹਾਂ ਕਿਹਾ ਕਿ ਦਸਤਾਵੇਜ਼ੀ ਸਿੱਧੂ ਮੂਸੇਵਾਲਾ ਦੀ ‘ਜ਼ਿੰਦਗੀ , ਰਾਜ਼ ਤੇ ਕਤਲ’ ਉੱਤੇ ਆਧਾਰਿਤ ਹੈ। ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੇ ਪੁੱਤਰ ਦੀ ਦਸਤਾਵੇਜ਼ੀ ਬਣਾਉਣ ਤੋਂ ਪਹਿਲਾਂ ਕਿਸੇ ਨੇ ਇਜਾਜ਼ਤ ਨਹੀਂ ਲਈ ਤੇ ਇਹ ਦਸਤਾਵੇਜ਼ੀ ਅਦਾਲਤ ਵਿਚ ਚੱਲ ਰਹੇ ਕੇਸ ਨੂੰ ਵੀ ਅਸਰ ਅੰਦਾਜ਼ ਕਰ ਸਕਦੀ ਹੈ। ਮੂਸੇਵਾਲਾ ਦੇ ਪਿਤਾ ਦਾ ਦਾਅਵਾ ਹੈ ਕਿ ਉਸ ਦੇ ਪੁੱਤਰ ਦੇ ਕਤਲ ਵਿਚ ਸ਼ਾਮਲ ਲੋਕਾਂ ਦੀ ਬੀਬੀਸੀ ਨੇ ਇੰਟਰਵਿਊ ਕੀਤੀ ਹੈ। ਇਸ ਲਈ ਉਨ੍ਹਾਂ ਮਹਾਰਾਸ਼ਟਰ ਤੇ ਜੁਹੂ ਪੁਲੀਸ ਨੂੰ ਸ਼ਿਕਾਇਤ ਕੀਤੀ ਹੈ।

# ਪਟਿਆਲਾ ਜ਼ਿਲ੍ਹੇ ਅੰਦਰ ਵੱਖ-ਵੱਖ ਤਰ੍ਹਾਂ ਦੇ ਸੰਗੀਤਕ ਯੰਤਰਾਂ ਅਤੇ ਪਟਾਕਿਆਂ ਦੀ ਵਰਤੋਂ ਨਾਲ ਆਵਾਜ਼ੀ ਪ੍ਰਦੂਸ਼ਣ ਫੈਲਾਉਣ ’ਤੇ ਪਾਬੰਦੀ

**ਪਟਿਆਲਾ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟਰੇਟ ਇਸ਼ਾ ਸਿੰਗਲ ਨੇ ਫ਼ੌਜਦਾਰੀ, ਜਾਬਤਾ, ਸੰਘਤਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਜ਼ਿਲ੍ਹੇ ਦੀਆਂ ਹੱਦਾਂ ਅੰਦਰ ਵੱਖ-ਵੱਖ ਤਰ੍ਹਾਂ ਦੇ ਸੰਗੀਤਕ ਯੰਤਰਾਂ ਅਤੇ ਪਟਾਕਿਆਂ ਦੀ ਵਰਤੋਂ ਨਾਲ ਆਵਾਜ਼ੀ ਪ੍ਰਦੂਸ਼ਣ ਫੈਲਾਉਣ ’ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ ਜੋ 5 ਅਗਸਤ 2025 ਤੱਕ ਲਾਗੂ ਰਹਿਣਗੇ। ਹੁਕਮਾਂ ਅਨੁਸਾਰ ਵੱਖ-ਵੱਖ ਰਾਜਨੀਤਿਕ ਪਾਰਟੀਆਂ, ਜਥੇਬੰਦੀਆਂ ਦੇ ਆਗੂਆਂ ਤੇ ਅਹੁਦੇਦਾਰਾਂ ਵੱਲੋਂ ਕੀਤੇ ਜਾਣ ਵਾਲੇ ਜਲਸਿਆਂ, ਰੈਲੀਆਂ, ਰੋਸ ਧਰਨੇ ਆਦਿ ਮੌਕੇ ’ਤੇ ਅਤੇ ਕਿਸੇ ਵੀ ਐਨ.ਜੀ.ਓਜ਼, ਪ੍ਰਾਈਵੇਟ, ਸਮਾਜਿਕ, ਧਾਰਮਿਕ, ਵਪਾਰਕ ਸੰਸਥਾਵਾਂ/ਅਦਾਰਿਆਂ ਆਦਿ ਦੇ ਪ੍ਰਬੰਧਕਾਂ/ਅਹੁਦੇਦਾਰਾਂ ਵੱਲੋਂ ਵੱਖ-ਵੱਖ ਪ੍ਰੋਗਰਾਮ, ਸਮਾਗਮ ਆਦਿ ਮੌਕੇ ਕਿਸੇ ਵੀ ਇਮਾਰਤ, ਜਨਤਕ ਸਥਾਨਾਂ, ਖੁੱਲ੍ਹੇ ਸਥਾਨਾਂ, ਪੰਡਾਲਾਂ ਵਿੱਚ ਲਾਊਡ ਸਪੀਕਰ ਆਦਿ ਦੀ ਵਰਤੋਂ ਲਈ ਕਿਸੇ ਵੱਲੋਂ ਵੀ ਵਿਆਹ ਸ਼ਾਦੀਆਂ, ਖੁਸ਼ੀ ਦੇ ਮੌਕਿਆਂ ਅਤੇ ਵੱਖ-ਵੱਖ ਮੌਕਿਆਂ ਆਦਿ ’ਤੇ ਮੈਰਿਜ ਪੈਲਸਾਂ, ਕਲੱਬਾਂ, ਹੋਟਲਾਂ ਅਤੇ ਖੁੱਲ੍ਹੇ ਸਥਾਨ ਆਦਿ ਵਿੱਚ ਡੀ.ਜੇ. ਆਰਕੈਸਟਰਾ, ਸੰਗੀਤਕ ਯੰਤਰ ਆਦਿ ਸਬੰਧਤ ਉਪ ਮੰਡਲ ਮੈਜਿਸਟਰੇਟ ਕੋਲੋਂ ਪੰਜਾਬ ਇੰਸਟਰੂਮੈਂਟ (ਕੰਟਰੋਲ ਆਫ ਨੁਆਇਸ) ਐਕਟ, 1956 ਵਿੱਚ ਦਰਜ ਸ਼ਰਤਾਂ ਸਹਿਤ ਲਿਖਤੀ ਪ੍ਰਵਾਨਗੀ ਤੋਂ ਬਿਨਾਂ ਨਹੀਂ ਚਲਾਏ ਜਾਣਗੇ। ਲਾਊਡ ਸਪੀਕਰ ਅਤੇ ਕਿਸੇ ਵੀ ਹੋਰ ਸੰਗੀਤਕ/ਆਵਾਜ਼ੀ ਯੰਤਰ ਆਦਿ ਚਲਾਉਣ ਦੀ ਪ੍ਰਵਾਨਗੀ ਲੈਣ ਦੇ ਬਾਵਜੂਦ ਵੀ ਰਾਤ 10:00 ਵਜੇ ਤੋਂ ਸਵੇਰੇ 6:00 ਵਜੇ ਤੱਕ ਉਕਤ ਕਿਸੇ ਵੀ ਆਵਾਜ਼ੀ ਅਤੇ ਸੰਗੀਤਕ ਯੰਤਰਾਂ ਆਦਿ ਦੇ ਕਿਸੇ ਵੀ ਇਮਾਰਤ ਅਤੇ ਸਥਾਨ ਵਿੱਚ ਚਲਾਉਣ/ਵਜਾਉਣ ’ਤੇ ਮੁਕੰਮਲ ਪਾਬੰਦੀ ਹੋਵੇਗੀ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਕਿਸੇ ਵੀ ਵਿਅਕਤੀ ਵੱਲੋਂ, ਸਬੰਧਤ ਉਪ ਮੰਡਲ ਮੈਜਿਸਟ੍ਰੇਟ ਪਾਸੋਂ ਪ੍ਰਵਾਨਗੀ ਲੈਣ ਦੇ ਬਾਵਜੂਦ ਜਿਨ੍ਹਾਂ-ਜਿਨ੍ਹਾਂ ਥਾਵਾਂ ’ਤੇ ਇਹ ਲਾਊਡ ਸਪੀਕਰ, ਆਵਾਜ਼ੀ/ਸੰਗੀਤਕ ਯੰਤਰ ਆਦਿ ਚਲਾਏ ਜਾਣਗੇ, ਦੀ ਆਵਾਜ਼ ਪ੍ਰੋਗਰਾਮ/ਸਮਾਗਮ ਵਾਲੇ ਸਥਾਨ, ਧਾਰਮਿਕ ਸਥਾਨ ਅਤੇ ਇਮਾਰਤ ਦੀ ਚਾਰਦੀਵਾਰੀ ਦੇ ਦਾਇਰੇ ਅੰਦਰ ਰਹਿਣੀ ਚਾਹੀਦੀ ਹੈ, ਜੋ ਕਿ ਭਾਰਤ ਸਰਕਾਰ ਵੱਲੋਂ ਜਾਰੀ “ ਨੁਆਇਸ ਪਲਿਊਸ਼ਨ (ਰੈਗੂਲੇਸ਼ਨ ਐਂਡ ਕੰਟਰੋਲ) ਰੂਲਜ਼, 2000” ਤਹਿਤ ਜਾਰੀ ਨੋਟੀਫਿਕੇਸ਼ਨ ਮਿਤੀ 14/2/2000 ਵਿੱਚ ਵੱਖ-ਵੱਖ ਸਥਾਨਾਂ ਲਈ ਨਿਰਧਾਰਤ ਕੀਤੇ ਆਵਾਜ਼ੀ, ਸਟੈਂਡਰਡ (ਸਬੰਧਤ ਜਗ੍ਹਾ ਦੇ ਆਵਾਜ਼ੀ ਸਟੈਂਡਰਡ) ਤੋਂ, ਕਿਸੇ ਵੀ ਹਾਲਤ ਵਿੱਚ ਵੱਧ ਨਹੀਂ ਹੋਣੀ ਚਾਹੀਦੀ। ਕਿਸੇ ਵੀ ਆਵਾਜ਼ੀ/ਸੰਗੀਤਕ ਯੰਤਰ, ਮਸ਼ੀਨ ਆਦਿ ਜਿਸ ਦੇ ਚੱਲਣ ’ਤੇ ਪੈਦਾ ਹੋਣ ਵਾਲੀ ਆਵਾਜ਼ ਵੱਖ-ਵੱਖ ਸਥਾਨਾਂ ਲਈ ਨਿਰਧਾਰਤ ਕੀਤੀ ਆਵਾਜ਼ੀ ਸੀਮਾ ਤੋਂ ਵੱਧ ਹੋਵੇਗੀ, ਨੂੰ ਚਲਾਉਣ/ਵਜਾਉਣ ’ਤੇ ਮੁਕੰਮਲ ਪਾਬੰਦੀ ਹੋਵੇਗੀ। ਇਹ ਹੁਕਮ ਜ਼ਿਲ੍ਹੇ ਵਿੱਚ 5 ਅਗਸਤ 2025 ਤੱਕ ਲਾਗੂ ਰਹਿਣਗੇ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਮਾਣਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਆਵਾਜ਼ੀ ਅਤੇ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਸਬੰਧੀ ਅਤੇ ਲੋਕ ਹਿੱਤ ਵਿੱਚ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਵਿੱਚ ਕਿਸੇ ਵੱਲੋਂ ਵੀ ਅਜਿਹੇ ਪਟਾਕੇ ਜਿਨ੍ਹਾਂ ਦੇ ਚਲਾਏ ਜਾਣ ’ਤੇ, ਚੱਲਣ ਵਾਲੇ ਸਥਾਨ ਤੋਂ ਚਾਰ ਮੀਟਰ ਦੇ ਦਾਇਰੇ ਅੰਦਰ 125 ਡੀ.ਬੀ. (ਏ ਆਈ) ਜਾਂ 145 ਡੀ.ਬੀ (ਸੀ) ਪੀ.ਕੇ. ਤੋਂ ਵੱਧ ਆਵਾਜ਼/ਧਮਕ ਪੈਦਾ ਹੁੰਦੀ ਹੋਵੇ ਅਤੇ ਜਿਆਦਾ ਧੂੰਆਂ ਛੱਡਣ ਤੇ ਵਾਤਾਵਰਣ ਵਿੱਚ ਪ੍ਰਦੂਸ਼ਣ ਫੈਲਾਉਣ ਵਾਲੇ ਪਟਾਕਿਆਂ ਦੇ ਬਣਾਉਣ, ਵੇਚਣ ਅਤੇ ਸਟੋਰ ਕਰਨ ’ਤੇ ਮੁਕੰਮਲ ਪਾਬੰਦੀ ਹੋਵੇਗੀ। ਇਸ ਤੋਂ ਇਲਾਵਾ ਪਾਬੰਦੀਸ਼ੁਦਾ ਧਮਾਕਾਖੇਜ ਸਮੱਗਰੀ ਬਣਾਉਣ, ਵੇਚਣ ਅਤੇ ਇਸ ਪਾਬੰਦੀਸ਼ੁਦਾ ਧਮਾਕਾਖੇਜ਼ ਸਮੱਗਰੀ ਦੇ ਪਟਾਕਿਆਂ ਵਿੱਚ ਵਰਤਣ ’ਤੇ ਵੀ ਮੁਕੰਮਲ ਪਾਬੰਦੀ ਹੋਵੇਗੀ। ਇਹ ਪਾਬੰਦੀ ਨਿਰਧਾਰਤ ਆਵਾਜ਼ ਅਤੇ ਰੰਗ/ਰੌਸ਼ਨੀ ਪੈਦਾ ਕਰਨ ਵਾਲੇ ਪਟਾਕਿਆਂ ’ਤੇ ਲਾਗੂ ਨਹੀਂ ਹੋਵੇਗੀ। ਇਸ ਤੋਂ ਇਲਾਵਾ ਕਿਸੇ ਵੱਲੋਂ ਵੀ ਕਿਸੇ ਵੀ ਸਥਾਨ ’ਤੇ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਪਟਾਖੇ ਚਲਾਉਣ ’ਤੇ ਮੁਕੰਮਲ ਪਾਬੰਦੀ ਹੋਵੇਗੀ। ਕਿਸੇ ਸਮੱਰਥ ਅਧਿਕਾਰੀ ਵੱਲੋਂ ਐਲਾਨੇ ਸਾਇਲੈਂਸ ਜੋਨ ਜਿਵੇਂ ਮੰਤਰਾਲਾ, ਇਨਵਾਇਰਮੈਂਟ, ਜੰਗਲਾਤ, ਹਸਪਤਾਲਾਂ, ਵਿਦਿਅਕ ਸੰਸਥਾਵਾਂ, ਅਦਾਲਤਾਂ, ਧਾਰਮਿਕ ਸਸਥਾਵਾਂ ਆਦਿ ਦੇ 100 ਮੀਟਰ ਦੇ ਘੇਰੇ ਵਿੱਚ ਪਟਾਕੇ ਚਲਾਉਣ ’ਤੇ ਪੂਰਨ ਪਾਬੰਦੀ ਹੋਵੇਗੀ। ਕਿਸੇ ਵੀ ਸਥਾਨ ਅਤੇ ਗੱਡੀਆਂ ਆਦਿ ਵਿੱਚ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਕਿਸੇ ਖਾਸ ਹਾਲਾਤ ਨੂੰ ਛੱਡ ਕੇ ਹਾਰਨ ਵਜਾਉਣ ’ਤੇ ਮੁਕੰਮਲ ਪਾਬੰਦੀ ਹੋਵੇਗੀ। ਇਸ ਤੋਂ ਇਲਾਵਾ ਕਿਸੇ ਤਰ੍ਹਾਂ ਦੇ ਪ੍ਰੈਸ਼ਰ ਹਾਰਨ, ਵੱਖ-ਵੱਖ ਆਵਾਜ਼, ਸੰਗੀਤ ਵਾਲੇ ਅਤੇ ਕਿਸੇ ਤਰ੍ਹਾਂ ਦਾ ਆਵਾਜ਼ੀ ਪ੍ਰਦੂਸ਼ਣ ਪੈਦਾ ਕਰਨ ਵਾਲੇ ਹਾਰਨ ਨੂੰ ਕਿਸੇ ਵੀ ਸਥਾਨ ’ਤੇ ਵਜਾਉਣ ’ਤੇ ਪੂਰਨ ਪਾਬੰਦੀ ਹੋਵੇਗੀ। ਪ੍ਰੈਸ਼ਰ ਹਾਰਨ ਅਤੇ ਹੋਰ ਅਜਿਹੇ ਹਾਰਨ ਜੋ ਆਵਾਜ਼ੀ ਪ੍ਰਦੂਸ਼ਣ ਪੈਦਾ ਕਰਦੇ ਹੋਣ, ਦੇ ਬਣਾਉਣ ਅਤੇ ਵੇਚਣ ’ਤੇ ਵੀ ਪੂਰਨ ਪਾਬੰਦੀ ਹੋਵੇਗੀ।

ਮਨਾਹੀ ਹੁਕਮਾਂ ਅਨੁਸਾਰ ਕਿਸੇ ਵੀ ਇਮਾਰਤ, ਵਪਾਰਕ ਸਥਾਨਾਂ, ਜਨਤਕ ਥਾਵਾਂ, ਸਿਨੇਮਿਆਂ, ਮਾਲ, ਹੋਟਲ, ਰੈਸਟੋਰੈਂਟ ਅਤੇ ਮੇਲਿਆਂ ਦੇ ਪ੍ਰਬੰਧਕਾਂ/ਮਾਲਕਾਂ ਵੱਲੋਂ ਕਿਸੇ ਵੀ ਹਾਲਤ ਵਿੱਚ ਉੱਚੀ ਆਵਾਜ਼ ਅਤੇ ਧਮਕ ਪੈਦਾ ਕਰਨ ਵਾਲੇ ਸੰਗੀਤ ਅਤੇ ਅਸ਼ਲੀਲ ਗੀਤ ਚਲਾਏ ਜਾਣ ’ਤੇ ਵੀ ਪੂਰਨ ਤੌਰ ’ਤੇ ਪਾਬੰਦੀ ਹੋਵੇਗੀ।

ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜਾਰੀ ਹੁਕਮਾਂ ਅਨੁਸਾਰ ਪਟਿਆਲਾ ਜ਼ਿਲ੍ਹੇ ਵਿੱਚ ਸਥਿਤ ਕਿਸੇ ਵੀ ਪਟਾਕਾ ਫੈਕਟਰੀ/ਯੂਨਿਟ ਵਿੱਚ ਮਾਣਯੋਗ ਸੁਪਰੀਮ ਕੋਰਟ ਆਫ ਇੰਡੀਆ ਵੱਲੋਂ ਆਵਾਜ਼ ਪ੍ਰਦੂਸ਼ਣ ਅਤੇ ਵਾਤਾਵਰਣ ਪ੍ਰਦੂਸ਼ਣ ਰੋਕਣ ਸਬੰਧੀ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਿਰਧਾਰਤ ਆਵਾਜ਼/ਧਮਕ ਪੈਦਾ ਕਰਨ ਵਾਲੇ ਅਤੇ ਨਿਰਧਾਰਤ ਸਾਈਜ਼ ਵਾਲੇ ਪਟਾਕੇ ਹੀ ਤਿਆਰ ਕੀਤੇ ਜਾਣਗੇ।

ਨਿਰਧਾਰਤ ਆਵਾਜ਼ੀ ਸੀਮਾ ਤੋਂ ਵੱਧ ਆਵਾਜ਼/ਧਮਕ ਪੈਦਾ ਕਰਨ ਵਾਲੇ ਪਟਾਕਿਆਂ, ਵਾਤਾਵਰਣ ਵਿੱਚ ਪ੍ਰਦੂਸ਼ਣ ਫੈਲਾਉਣ ਵਾਲੇ ਪਟਾਕਿਆਂ ਅਤੇ ਪਾਬੰਦੀਸ਼ੁਦਾ ਧਮਾਕਾਖੇਜ਼ ਸਮੱਗਰੀ ਬਣਾਉਣ ’ਤੇ ਪੂਰਨ ਤੌਰ ’ਤੇ ਪਾਬੰਦੀ ਹੋਵੇਗੀ ਇਹ ਹੁਕਮ ਸਰਕਾਰੀ ਮਸ਼ੀਨਰੀ ਅਤੇ ਐਮਰਜੈਂਸੀ ਦੀ ਸਥਿਤੀ ਵਿੱਚ ਲਾਗੂ ਨਹੀਂ ਹੋਵੇਗਾ।

ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਪੈਸੇ ਦੀ ਲਾਲਸਾ ਵਿੱਚ ਅਕਾਲੀਆਂ ਨੇ ਐਸ.ਜੀ.ਪੀ.ਸੀ. ਨੂੰ ‘ਸ਼੍ਰੋਮਣੀ ਗੋਲਕ ਪ੍ਰਬੰਧਕ ਕਮੇਟੀ’ ਬਣਾ ਕੇ ਰੱਖ ਦਿੱਤਾ : ਮੁੱਖ ਮੰਤਰੀ

**ਅੰਮ੍ਰਿਤਸਰ, 12 ਜੂਨ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਅਕਾਲੀ ਆਗੂਆਂ ’ਤੇ ਤਿੱਖਾ ਨਿਸ਼ਾਨਾ ਸਾਧਦਿਆਂ ਦੋਸ਼ ਲਾਇਆ ਕਿ ਉਨ੍ਹਾਂ ਨੇ ਪੈਸੇ ਦੇ ਲਾਲਚ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਨੂੰ ‘ਸ਼੍ਰੋਮਣੀ ਗੋਲਕ ਪ੍ਰਬੰਧਕ ਕਮੇਟੀ’ ਬਣਾ ਕੇ ਰੱਖ ਦਿੱਤਾ।

ਅੱਜ ਇੱਥੇ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਬਾਦਲਾਂ ਨੇ ਧਾਰਮਿਕ ਮਾਮਲਿਆਂ ਵਿੱਚ ਦਖ਼ਲ ਦੇਣ ਲਈ ਆਪਣੀ ਸਿਆਸੀ ਤਾਕਤ ਦੀ ਦੁਰਵਰਤੋਂ ਕੀਤੀ ਅਤੇ ਇੱਥੋਂ ਤੱਕ ਕਿ ਆਪਣੇ ਨਿੱਜੀ ਹਿੱਤਾਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰਾਂ ਦੀ ਨਿਯੁਕਤੀ ਵਿੱਚ ਪਾਰਦਰਸ਼ਤਾ ਅਤੇ ਨਿਰਪੱਖਤਾ ਨਹੀਂ ਰੱਖੀ। ਉਨ੍ਹਾਂ ਨੇ ਦਾਅਵਾ ਕੀਤਾ ਕਿ ਪੈਸੇ ਦੀ ਲਾਲਸਾ ਵਿੱਚ ਅਕਾਲੀਆਂ ਨੇ ਸਿੱਖਾਂ ਦੀ ਵੱਕਾਰੀ ਸੰਸਥਾ ਸ਼੍ਰੋਮਣੀ ਕਮੇਟੀ ਦੀ ਪਵਿੱਤਰਤਾ ਨੂੰ ਢਾਹ ਲਾਈ ਹੈ ਅਤੇ ਸੌੜੇ ਸਿਆਸੀ ਲਾਭ ਲਈ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ, ਦੋਵਾਂ ਦੀ ਦੁਰਵਰਤੰਤ ਕੀਤੀ। ਭਗਵੰਤ ਸਿੰਘ ਮਾਨ ਨੇ ਅਕਾਲੀਆਂ ਵੱਲੋਂ ਲੋਕਾਂ ਨੂੰ ਹਨੇਰੇ ਵਿੱਚ ਰੱਖਣ ਅਤੇ ਆਪਣੇ ਏਜੰਡੇ ਪੂਰੇ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਨੂੰ ਤੋੜ-ਮਰੋੜ ਕੇ ਪੇਸ਼ ਕਰਨ ਦਾ ਦੋਸ਼ ਲਾਇਆ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਅਕਾਲੀਆਂ ਨੇ ਨਾ ਸਿਰਫ਼ ਸਰਕਾਰੀ ਖਜ਼ਾਨੇ ਨੂੰ ਸਗੋਂ ਧਾਰਮਿਕ ਸੰਸਥਾਵਾਂ ਨਾਲ ਸਬੰਧਤ ਫੰਡਾਂ ਨੂੰ ਵੀ ਲੁੱਟਿਆ। ਉਨ੍ਹਾਂ ਨੇ ਅਕਾਲੀਆਂ ਦੇ ਸਾਸ਼ਨ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਇਨ੍ਹਾਂ ਨੇ ਸਿਆਸੀ ਅਤੇ ਧਾਰਮਿਕ ਤੌਰ ’ਤੇ ਸ਼ੋਸ਼ਣ ਕੀਤਾ ਜਿਸ ਨਾਲ ਪੰਜਾਬ ਨੂੰ ਬਹੁਤ ਜ਼ਿਆਦਾ ਨੁਕਸਾਨ ਭੁਗਤਣਾ ਪਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਕਾਲੀ ਲੀਡਰਸ਼ਿਪ ਦੌਰਾਨ ਗਰੀਬਾਂ ਨੂੰ ਅਣਗੌਲਿਆ ਕੀਤਾ ਜਾਂਦਾ ਸੀ ਜਦਕਿ ਪ੍ਰਭਾਵਸ਼ਾਲੀ ਲੋਕਾਂ ਨੇ ਸੂਬੇ ਨੂੰ ਲੁੱਟਿਆ।

ਮੁੱਖ ਮੰਤਰੀ ਨੇ ਕਿਹਾ ਕਿ ਅਕਾਲੀਆਂ ਨੇ ਸਮਾਜ ਦੇ ਦੱਬੇ-ਕੁਚਲੇ ਅਤੇ ਕਮਜ਼ੋਰ ਵਰਗਾਂ ਦਾ ਸ਼ੋਸ਼ਣ ਕੀਤਾ ਜਿਸ ਕਰਕੇ ਹੁਣ ਉਨ੍ਹਾਂ ਨੂੰ ਇਸ ਦੇ ਨਤੀਜੇ ਭੁਗਤਣੇ ਪੈ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਅਕਾਲੀਆਂ ਨੂੰ ਸੂਬੇ ਵਿਰੁੱਧ ਕੀਤੇ ਅਪਰਾਧਾਂ ਲਈ ਕਦੇ ਵੀ ਮੁਆਫ਼ ਨਹੀਂ ਕਰਨਗੇ। ਮੁੱਖ ਮੰਤਰੀ ਨੇ ਕਿਹਾ, ਗਰੀਬਾਂ ਅਤੇ ਇਮਾਨਦਾਰ ਲੋਕਾਂ ਦੀਆਂ ਅਰਦਾਸਾਂ ਹਮੇਸ਼ਾ ਪਰਮਾਤਮਾ ਤੱਕ ਪਹੁੰਚਦੀਆਂ ਹਨ ਅਤੇ ਇਸੇ ਲਈ ਬਾਦਲਾਂ ਨੂੰ ਹੁਣ ਆਪਣੇ ਪਾਪਾਂ ਦੀ ਕੀਮਤ ਚੁਕਾਉਣੀ ਪੈ ਰਹੀ ਹੈ।

# ਭਿਆਨਕ ਸੜਕ ਹਾਦਸੇ 'ਚ 7 ਬੱਚਿਆਂ ਦੇ ਪੀੜ੍ਹਤ ਮਾਪਿਆਂ ਨੂੰ ਇਨਸਾਫ਼ ਦਿਵਾਉਣ ਦਾ ਮੁੱਖ ਮੰਤਰੀ ਨੇ ਦਿੱਤਾ ਭਰੋਸਾ

**➢ ਪਰਿਵਾਰਾਂ ਨੂੰ ਹਰ ਹਾਲ ਵਿੱਚ ਇਨਸਾਫ ਮਿਲੇਗਾ ➢ ਗੈਰ-ਕਾਨੂੰਨੀ ਮਾਈਨਿੰਗ ਅਤੇ ਓਵਰਲੋਡ ਵਾਹਨਾਂ ਖਿਲਾਫ਼ ਸਖ਼ਤ ਕਾਰਵਾਈ ਦਾ ਐਲਾਨ**



ਸਮਾਣਾ (ਪਟਿਆਲਾ), 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਿਆਨਕ ਸੜਕ ਹਾਦਸੇ ਵਿੱਚ ਜਾਨ ਗੁਆਉਣ ਵਾਲੇ 7 ਬੱਚਿਆਂ ਦੇ ਪੀੜਤ ਮਾਪਿਆਂ ਨੂੰ ਅੱਜ ਇਨਸਾਫ ਦਿਵਾਉਣ ਦਾ ਭਰੋਸਾ ਦਿੱਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਜਾਂਚ ਵਿੱਚ ਰੁਕਾਵਟਾਂ ਖੜ੍ਹੀਆਂ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕਰਨ ਦਾ ਐਲਾਨ ਕੀਤਾ।

ਪੀੜਤ ਪਰਿਵਾਰਾਂ ਨਾਲ ਦੁੱਖ ਵੰਡਾਉਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮੰਦਭਾਗੀ ਘਟਨਾ ਵਿੱਚ ਹੋਣਹਾਰ ਵਿਦਿਆਰਥੀ ਸਾਥੋਂ ਹਮੇਸ਼ਾ ਲਈ ਵਿਛੜ ਗਏ। ਉਨ੍ਹਾਂ ਨੇ ਇਸ ਹਾਦਸੇ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਦੱਸਦਿਆਂ ਦੁੱਖ ਜ਼ਾਹਰ ਕੀਤਾ। ਭਗਵੰਤ ਸਿੰਘ ਮਾਨ ਨੇ ਭਰੋਸਾ ਦਿਵਾਇਆ ਕਿ ਸੂਬਾ ਸਰਕਾਰ ਗਮਗੀਨ ਪਰਿਵਾਰਾਂ ਦੇ ਨਾਲ ਡਟ ਕੇ ਖੜ੍ਹੀ ਹੈ ਅਤੇ ਇਨਸਾਫ ਦਿਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਮੰਤਰੀ ਨੇ ਦ੍ਰਿੜਤਾ ਨਾਲ ਕਿਹਾ ਕਿ ਇਸ ਦਿਲ ਕੰਬਾਊ ਹਾਦਸੇ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਇਨ੍ਹਾਂ ਵਿਰੁੱਧ ਮਿਸਾਲੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਕੇਸ ਨੂੰ ਲਮਕਾਉਣ ਅਤੇ ਇਨਸਾਫ ਵਿੱਚ ਅੜਿੱਕੇ ਖੜ੍ਹੇ ਕਰਨ ਦੀ ਕੋਸ਼ਿਸ਼ ਕਰਨ ਵਾਲੇ ਭਾਵੇਂ ਕਿੰਨੇ ਹੀ ਅਸਰ-ਰਸੂਖ ਵਾਲੇ ਹੀ ਕਿਉਂ ਨਾ ਹੋਣ, ਨੂੰ ਸਜ਼ਾ ਦਾ ਸਾਹਮਣਾ ਕਰਨਾ ਪਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹਾ ਕਰਨਾ ਘਿਨਾਉਣਾ ਜੁਰਮ ਹੈ ਅਤੇ ਇਸ ਦੇ ਦੋਸ਼ੀਆਂ ਨੂੰ ਸਜ਼ਾ ਮਿਲਣ ਨਾਲ ਬਾਕੀਆਂ ਨੂੰ ਸਬਕ ਮਿਲੇਗਾ। ਇਸ ਦੌਰਾਨ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਗੈਰ-ਕਾਨੂੰਨੀ ਮਾਈਨਿੰਗ ਅਤੇ ਓਵਰਲੋਡ ਵਾਹਨਾਂ ਵਿਰੁੱਧ ਕਾਰਵਾਈ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕਰੇਗੀ। ਉਨ੍ਹਾਂ ਕਿਹਾ ਕਿ ਪੁਲਿਸ ਅਤੇ ਟਰਾਂਸਪੋਰਟ ਵਿਭਾਗਾਂ ਨੂੰ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਭਗਵੰਤ ਸਿੰਘ ਮਾਨ ਨੇ ਇਨ੍ਹਾਂ ਅਪਰਾਧਾਂ ਨੂੰ ਨਾ-ਮੁਆਫ ਕਰਨ ਯੋਗ ਦੱਸਦਿਆਂ ਕਿਹਾ ਕਿ ਸਰਕਾਰ ਕਿਸੇ ਨੂੰ ਵੀ ਆਮ ਲੋਕਾਂ ਦੀ ਜਾਨ ਨੂੰ ਖਤਰੇ ਵਿੱਚ ਪਾਉਣ ਦੀ ਇਜਾਜ਼ਤ ਨਹੀਂ ਦੇਵੇਗੀ।

ਹਾਦਸੇ ਵਿੱਚ ਵਿਛੜਣ ਵਾਲਿਆਂ ਨੂੰ ਸ਼ਰਧਾਂਜਲੀ ਦਿੰਦੇ ਹੋਏ ਮੁੱਖ ਮੰਤਰੀ ਨੇ ਮ੍ਰਿਤਕ ਬੱਚਿਆਂ ਦੀ ਯਾਦ ਵਿੱਚ ਪਾਰਕ ਬਣਾਉਣ ਦਾ ਵੀ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਹ ਯਾਦਗਾਰ ਦੁਖਦਾਈ ਹਾਦਸੇ ਦੇ ਪੀੜਤ ਵਿਦਿਆਰਥੀਆਂ ਪ੍ਰਤੀ ਸ਼ਰਧਾਂਜਲੀ ਹੋਵੇਗੀ। ਇਸ ਤੋਂ ਇਲਾਵਾ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਸਮਾਣਾ ਤੋਂ ਪਾਤੜਾਂ ਤੱਕ ਮੌਜੂਦਾ ਸੜਕ ਨੂੰ ਚਾਰ-ਮਾਰਗੀ ਸੜਕ ਵਜੋਂ ਅਪਗ੍ਰੇਡ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਆਵਾਜਾਈ ਜ਼ਿਆਦਾ ਹੋਣ ਕਾਰਨ ਇਸ ਸੜਕ 'ਤੇ ਅਕਸਰ ਹਾਦਸੇ ਵਾਪਰਦੇ ਹਨ, ਜਿਸ ਨਾਲ ਲੋਕਾਂ ਦੀ ਸੁਰੱਖਿਆ ਲਈ ਇੱਥੋਂ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨਾ ਜ਼ਰੂਰੀ ਹੋ ਜਾਂਦਾ ਹੈ। ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਸਮਾਣਾ ਦੇ ਸਰਕਾਰੀ ਹਸਪਤਾਲ ਨੂੰ ਅਪਗ੍ਰੇਡ ਕੀਤਾ ਜਾਵੇਗਾ ਅਤੇ ਅਤਿ-ਆਧੁਨਿਕ ਬੁਨਿਆਦੀ ਢਾਂਚੇ ਨਾਲ ਲੈਸ ਕੀਤਾ ਜਾਵੇਗਾ।

## ਡਿਪਟੀ ਕਮਿਸ਼ਨਰ ਨੇ ਸਮਾਣਾ ਹਾਦਸੇ ਦੇ ਪੀੜਤ ਮਾਪਿਆਂ ਨਾਲ ਬਿਤਾਏ ਭਾਵਨਾਤਮਕ ਪਲ

# ਪਰਿਵਾਰਕ ਮੈਂਬਰਾਂ ਨੇ ਧੰਨਵਾਦ ਕਰਦਿਆਂ ਕਿਹਾ; ਡਿਪਟੀ ਕਮਿਸ਼ਨਰ ਦੇ ਦਖਲ ਨਾਲ 24 ਘੰਟਿਆਂ ਦੇ ਅੰਦਰ ਹੀ ਮੁੱਖ ਮੰਤਰੀ ਨੇ ਉਨ੍ਹਾਂ ਦੀਆਂ ਮੰਗਾਂ ਮੰਨੀਆਂ

ਸਮਾਣਾ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅੱਜ ਦੁਪਹਿਰ ਤੋਂ ਸ਼ਾਮ ਤੱਕ ਦਾ ਸਮਾਂ ਸਮਾਣਾ ਸੜਕ ਹਾਦਸੇ ਦੇ ਪੀੜਤ ਪਰਿਵਾਰਾਂ ਨਾਲ ਭਾਵੁਕ ਸਾਂਝ ਪਾਉਂਦਿਆਂ ਬਿਤਾਇਆ ਅਤੇ ਮਾਪਿਆਂ, ਖਾਸ ਕਰਕੇ ਆਪਣੀ ਜਾਨ ਗੁਆਉਣ ਵਾਲੇ ਬੱਚਿਆਂ ਦੀਆਂ ਮਾਵਾਂ ਨਾਲ ਹਮਦਰਦੀ ਪ੍ਰਗਟਾਈ।

ਇਸ ਦੌਰਾਨ ਮਾਪਿਆਂ ਨੇ ਆਪਣੇ ਬੱਚਿਆਂ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਬੱਚਿਆਂ ਵੱਲੋਂ ਸੰਜੋਏ ਸੁਪਨਿਆਂ ਬਾਰੇ ਦੱਸਿਆ, ਜਿਸ 'ਤੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਹ ਅਰਦਾਸ ਕਰਦੇ ਹਨ ਕਿ ਪਰਮਾਤਮਾ ਅਜਿਹਾ ਦੁੱਖ ਕਿਸੇ ਮਾਂ ਨੂੰ ਨਾ ਦੇਵੇ ਤੇ ਦੁਖੀ ਪਰਿਵਾਰਿਕ ਮੈਂਬਰਾਂ ਨੂੰ ਇਸ ਪਹਾੜ ਜਿੱਡੇ ਭਾਣੇ ਨੂੰ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਉਨ੍ਹਾਂ ਦੇ ਨਾਲ ਏਡੀਸੀ ਇਸ਼ਾ ਸਿੰਗਲ ਅਤੇ ਐਸਡੀਐਮ ਸਮਾਣਾ ਰਿਚਾ ਗੋਇਲ ਵੀ ਮੌਜੂਦ ਸਨ।



ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਸਮਾਣਾ ਸੜਕ ਹਾਦਸੇ ਦੇ ਪੀੜਤ ਪਰਿਵਾਰਾਂ ਨਾਲ ਭਾਵੁਕ ਸਾਂਝ ਪਾਉਂਦੇ ਹੋਏ।

ਡਾ. ਪ੍ਰੀਤੀ ਯਾਦਵ ਨੇ ਮਾਪਿਆਂ ਨੂੰ ਆਪਣਾ ਨਿੱਜੀ ਨੰਬਰ ਦਿੰਦਿਆਂ ਕਿਹਾ ਕਿ ਉਹ ਕਿਸੇ ਵੀ ਸਮੇਂ ਉਨ੍ਹਾਂ ਨੂੰ ਸੰਪਰਕ ਕਰ ਸਕਦੇ ਹਨ ਅਤੇ ਉਹ ਸਦਾ ਸਾਰੇ ਮਾਪਿਆਂ ਦੀ ਸੇਵਾ ਵਿੱਚ ਹਾਜ਼ਰ ਰਹਿਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅੱਜ ਜਿਸ ਤਰ੍ਹਾਂ ਪੀੜਤ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਹੁਕਮ ਜਾਰੀ ਕੀਤੇ ਹਨ, ਉਸ ਅਨੁਸਾਰ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇਗੀ।

ਇਸ ਦੌਰਾਨ ਬੱਚਿਆਂ ਦੀਆਂ ਮਾਵਾਂ ਨੇ ਬੀਤੇ ਦਿਨ ਦੀ ਗਲਤਫਹਿਮੀ 'ਤੇ ਅਫ਼ਸੋਸ ਜ਼ਾਹਰ ਕਰਦਿਆਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਦਾ ਉਚੇਚਾ ਧੰਨਵਾਦ ਕੀਤਾ ਕਿ ਉਨ੍ਹਾਂ ਦੇ ਦਖਲ ਨਾਲ 24 ਘੰਟਿਆਂ ਦੇ ਅੰਦਰ ਹੀ ਮੁੱਖ ਮੰਤਰੀ ਉਨ੍ਹਾਂ ਕੋਲ ਆਏ ਅਤੇ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਮੰਨ ਲਈਆਂ ਗਈਆਂ ਹਨ।

# ਇੰਦਰਪ੍ਰੀਤ ਸਿੰਘ ਬਡੂੰਗਰ ਇੰਸਪੈਕਟਰ ਤੋਂ ਪ੍ਰਮੋਟ ਹੋ ਕੇ ਬਣੇ ਡੀ ਐਸ ਪੀ



ਪਟਿਆਲਾ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੇ ਪੁਲਸ ਵਿਭਾਗ ਵੱਲੋਂ ਮਿਹਨਤੀ ਅਤੇ ਅਨੁਭਵੀ ਇੰਸਪੈਕਟਰਾਂ ਨੂੰ ਪ੍ਰਮੋਟ ਕਰ ਕੇ ਡਿਪਟੀ ਸੁਪਰਡੈਂਟ ਆਫ਼ ਪੁਲਿਸ (ਡੀ ਐਸ ਪੀ ) ਦੇ ਅਹੁਦੇ ਤੇ ਨਿਯੁਕਤ ਕੀਤਾ ਗਿਆ ਹੈ। ਇਸੇ ਤਹਿਤ ਸਾਬਕਾ ਐਸਜੀਪੀਸੀ ਪ੍ਰਧਾਨ ਪ੍ਰੋਫੈਸਰ ਕ੍ਰਿਪਾਲ ਸਿੰਘ ਬਡੂੰਗਰ ਦੇ ਸਪੁੱਤਰ ਅਤੇ ਪਹਿਲਾ ਤੋਂ ਹੀ ਤਾਇਨਾਤ ਡੀ ਐਸ ਪੀ ਹਰਦੀਪ ਸਿੰਘ ਬਡੂੰਗਰ ਦੇ ਭਰਾ ਇੰਦਰਪ੍ਰੀਤ ਸਿੰਘ ਬਡੂੰਗਰ ਨੂੰ ਡੀ ਐਸ ਪੀ ਵਜੋਂ ਪ੍ਰਮੋਟ ਕੀਤਾ ਗਿਆ ਹੈ। ਇਸ ਮੌਕੇ ਉਨਾਂ ਦੇ ਪਿਤਾ, ਭਰਾ ਅਤੇ ਦੋਸਤਾਂ ਨੇ ਕੇਕ ਕੱਟ ਕੇ ਖੁਸ਼ੀ ਜ਼ਾਹਰ ਕੀਤੀ। ਦੱਸਣਯੋਗ ਹੈ ਕਿ 1999 ਵਿੱਚ ਬਤੌਰ ਏ ਐਸ ਆਈ ਭਰਤੀ ਹੋਣ ਮਗਰੋਂ ਇੰਦਰਪ੍ਰੀਤ ਸਿੰਘ ਬਡੂੰਗਰ ਵੱਖ ਵੱਖ ਜ਼ਿਲ੍ਹਿਆਂ ਵਿੱਚ ਐਸਐਚਓ, ਵਿਜੀਲੈਂਸ ਵਿਭਾਗ, ਚੌਂਕੀ ਇੰਚਾਰਜ ਅਤੇ ਜ਼ਿਲ੍ਹਾ ਟ੍ਰੈਫਿਕ ਇੰਚਾਰਜ ਵਜੋਂ ਸੇਵਾ ਨਿਭਾ ਚੁੱਕੇ ਹਨ ਅਤੇ ਹੁਣ ਉਨਾਂ ਨੂੰ ਗੁਰੂਆਂ ਦੀ ਧਰਤੀ ਫਤਿਹਗੜ੍ਹ ਸਾਹਿਬ ਤੋਂ ਡੀਐਸਪੀ ਵਜੋਂ ਤਰੱਕੀ ਮਿਲੀ ਹੈ। ਅਕਾਲ ਪੁਰਖ ਦਾ ਸ਼ੁਕਰਾਨਾ ਕਰਦਿਆ ਇੰਦਰਪ੍ਰੀਤ ਸਿੰਘ ਬਡੂੰਗਰ ਨੇ ਕਿਹਾ ਕਿ ਉਹ ਆਪਣੇ ਪਿਤਾ ਦੇ ਫਲਸਫਿਆਂ ਤੇ ਚਲਦਿਆ ਪਹਿਲਾਂ ਵਾਂਗ ਹੀ ਆਪਣੀ ਨਵੀਂ ਭੂਮਿਕਾ ਵਿੱਚ ਸ਼ੁੱਧਤਾ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ।ਉਨਾਂ ਕਿਹਾ ਕਿ ਇਹ ਦਿਨ ਮੇਰੇ ਕਰੀਅਰ ਦਾ ਸਭ ਤੋਂ ਯਾਦਗਾਰ ਪਲ ਹੈ। ਮੈਂ ਆਪਣੀ ਟੀਮ ਨਾਲ ਪੰਜਾਬ ਦੇ ਲੋਕਾਂ ਦੀ ਸੇਵਾ ਕਰਨ ਲਈ ਹਮੇਸ਼ਾ ਤਿਆਰ ਰਹਾਂਗਾ।

# ਦੋ ਨਵੇਂ ਊਰਜਾ ਯੂਨਿਟਾਂ ਨੂੰ ਪ੍ਰਵਾਨਗੀ ਤੇ ਲਾਲਪੁਰਾ ਵੱਲੋਂ ਪ੍ਰਧਾਨ ਮੰਤਰੀ ਅਤੇ ਊਰਜਾ ਮੰਤਰੀ ਦਾ ਧੰਨਵਾਦ

ਰੂਪ ਨਗਰ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਕੇਂਦਰੀ ਊਰਜਾ ਮੰਤਰੀ ਸ਼੍ਰੀ ਮਨੋਹਰ ਲਾਲ ਖੱਟਰ ਦਾ ਦਿਲੋਂ ਧੰਨਵਾਦ ਕੀਤਾ ਹੈ।



ਉਨ੍ਹਾਂ ਕਿਹਾ ਕਿ ਰੂਪਨਗਰ ਥਰਮਲ ਪਲਾਂਟ ਬਾਰੇ ਮੋਦੀ ਸਰਕਾਰ ਵੱਲੋਂ ਲਿਆ ਗਿਆ ਇਹ ਇਤਿਹਾਸਕ ਫੈਸਲਾ ਪੰਜਾਬ ਦੇ ਨਾਲ-ਨਾਲ ਪੂਰੇ ਉੱਤਰੀ ਭਾਰਤ ਦੀਆਂ ਊਰਜਾ ਜ਼ਰੂਰਤਾਂ ਨੂੰ ਪੂਰਾ ਕਰੇਗਾ।

ਲਾਲਪੁਰਾ ਨੇ ਦੱਸਿਆ ਕਿ ਕੇਂਦਰੀ ਮੰਤਰੀ ਸ਼੍ਰੀ ਮਨੋਹਰ ਲਾਲ ਖੱਟਰ ਨੇ ਰੂਪਨਗਰ ਥਰਮਲ ਪਲਾਂਟ ਵਿੱਚ 800-800 ਮੈਗਾਵਾਟ ਦੇ ਦੋ ਨਵੇਂ ਊਰਜਾ ਯੂਨਿਟ ਲਗਾਉਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਹ ਕੁੱਲ 1,600 ਮੈਗਾਵਾਟ ਦੀ ਨਵੀਂ ਉਤਪਾਦਨ ਸਮਰੱਥਾ ਹੋਵੇਗੀ। ਇਸ ਤੋਂ ਇਲਾਵਾ, ਪੰਜਾਬ ਲਈ ਕੁੱਲ 2,400 ਮੈਗਾਵਾਟ ਦੇ ਵਾਧੂ ਬਿਜਲੀ ਉਤਪਾਦਨ ਪ੍ਰੋਜੈਕਟਾਂ ਨੂੰ ਹਰੀ ਝੰਡੀ ਮਿਲ ਗਈ ਹੈ।

ਇਹ ਪ੍ਰੋਜੈਕਟ ਲੱਖਾਂ ਲੋਕਾਂ ਨੂੰ ਸਸਤੀ ਅਤੇ ਨਿਰਵਿਘਨ ਬਿਜਲੀ ਪ੍ਰਦਾਨ ਕਰੇਗਾ। ਨਾਲ ਹੀ, ਇਹ ਪੰਜਾਬ ਦੀ ਊਰਜਾ ਸਵੈ-ਨਿਰਭਰਤਾ ਨੂੰ ਮਜ਼ਬੂਤ ਕਰੇਗਾ ਅਤੇ ਉਦਯੋਗਿਕ ਵਿਕਾਸ ਨੂੰ ਇੱਕ ਨਵੀਂ ਦਿਸ਼ਾ ਦੇਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਕੋਲੇ ਦੀ ਸਪਲਾਈ ਦੀ ਵੱਧ ਤੋਂ ਵੱਧ ਸੀਮਾ 1,000 ਕਿਲੋਮੀਟਰ ਤੋਂ ਵਧਾ ਕੇ 1,500 ਕਿਲੋਮੀਟਰ ਤੋਂ ਉੱਪਰ ਕਰ ਦਿੱਤੀ ਗਈ ਹੈ, ਤਾਂ ਜੋ ਬਾਲਣ ਸਪਲਾਈ ਵਿੱਚ ਕੋਈ ਰੁਕਾਵਟ ਨਾ ਆਵੇ।

ਇਸ ਮੌਕੇ ਅਜੈਵੀਰ ਸਿੰਘ ਲਾਲਪੁਰਾ ਨੇ ਕਿਹਾ, ਇਹ ਫੈਸਲਾ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਜੀ ਦੀ ਦੂਰਦਰਸ਼ੀ ਅਗਵਾਈ ਅਤੇ ਊਰਜਾ ਮੰਤਰੀ ਸ਼੍ਰੀ ਮਨੋਹਰ ਲਾਲ ਖੱਟਰ ਜੀ ਦੀ ਵਚਨਬੱਧਤਾ ਦਾ ਨਤੀਜਾ ਹੈ। ਇਸ ਇਤਿਹਾਸਕ ਪਹਿਲਕਦਮੀ ਨਾਲ, ਆਉਣ ਵਾਲੇ ਸਮੇਂ ਵਿੱਚ ਰੂਪਨਗਰ ਉੱਤਰੀ ਭਾਰਤ ਦਾ ਊਰਜਾ ਸ਼ਕਤੀ ਦਾ ਮੁੱਖ ਕੇਂਦਰ ਬਣ ਜਾਵੇਗਾ। ਇਹ ਸਿਰਫ਼ ਥਰਮਲ ਪਲਾਂਟ ਦਾ ਵਿਸਥਾਰ ਨਹੀਂ ਹੈ, ਸਗੋਂ ਰੂਪਨਗਰ ਦੇ ਵਿਕਾਸ ਦੀ ਇੱਕ ਨਵੀਂ ਕਹਾਣੀ ਦੀ ਸ਼ੁਰੂਆਤ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰੋਜੈਕਟ ਨਾ ਸਿਰਫ਼ ਬਿਜਲੀ ਦੀ ਸਮੱਸਿਆ ਨੂੰ ਹੱਲ ਕਰੇਗਾ, ਸਗੋਂ ਇਹ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਵੀ ਪ੍ਰਦਾਨ ਕਰੇਗਾ ਅਤੇ ਸਥਾਨਕ ਆਰਥਿਕਤਾ ਨੂੰ ਮਜ਼ਬੂਤ ਕਰੇਗਾ। ਰੂਪਨਗਰ ਦੇ ਵਿਕਾਸ ਬਾਰੇ ਉਨ੍ਹਾਂ ਕਿਹਾ, ਜੇਕਰ ਮੋਦੀ ਜੀ ਹਨ, ਤਾਂ ਇਹ ਬਿਲਕੁਲ ਸੰਭਵ ਹੈ। ਇਹ ਤੋਹਫ਼ਾ ਰੂਪਨਗਰ ਲਈ ਮਾਣ ਵਾਲੀ ਗੱਲ ਹੈ ਅਤੇ ਇਸ ਲਈ ਮੈਂ ਪ੍ਰਧਾਨ ਮੰਤਰੀ ਮੋਦੀ ਜੀ ਅਤੇ ਊਰਜਾ ਮੰਤਰੀ ਖੱਟਰ ਜੀ ਦਾ ਦਿਲੋਂ ਧੰਨਵਾਦ ਕਰਦਾ ਹਾਂ।

## ਪਟਿਆਲਾ ਮੋਦੀ ਪਲਾਜਾ ਪੀਰ ਦੀ ਦਰਗਾਹ ਤੇ ਚੌਥਾ ਭੰਡਾਰਾ ਕਰਵਾਇਆ

# ਹਰ ਇਨਸਾਨ ਨੂੰ ਸਾਰੇ ਧਰਮਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ: ਅਮਰਿੰਦਰ ਬਜਾਜ



ਪਟਿਆਲਾ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਜੂਨ ਲੋਕ ਭਲਾਈ ਕੰਮਾਂ ਚਮੋਹਰੀ ਲੋਕ ਭਲਾਈ ਯੂਥ ਕਲੱਬ ਪਟਿਆਲਾ ਵੱਲੋਂ ਹਰ ਸਾਲ ਦੀ ਤਰ੍ਹਾ ਇਸ ਵਾਰ ਵੀ ਮੋਦੀ ਪਲਾਜਾ ਨਾਭਾ ਗੇਟ ਲੱਖ ਦਾਤਾ ਲਾਲਾਂ ਵਾਲੇ ਪੀਰ ਦੀ ਦਰਗਾਹ ਤੇ ਚੌਥਾ ਵਿਸ਼ਾਲ ਭੰਡਾਰਾ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿਚ ਵਿਸ਼ੇਸ਼ ਤੌਰ ਤੇ ਪਹੁੰਚੇ ਇੰਦਰਮੋਹਨ ਬਜਾਜ ਅਤੇ ਅਮਰਿੰਦਰ ਸਿੰਘ ਬਜਾਜ ਨੇ ਸੰਗਤ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਇਨਸਾਨ ਨੂੰ ਸਾਰੇ ਧਰਮਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਗਰੀਬ ਜਰੂਰਤਮੰਦ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ। ਇਸ ਮੌਕੇ ਕਲੱਬ ਪ੍ਰਧਾਨ ਹਰਮੇਸ਼ ਸਿੰਘ ਪਹਿਲਵਾਨ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਹੋ ਕੇ ਚੰਗੇ ਕੰਮਾਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ।

ਇਸ ਭੰਡਾਰੇ ਵਿਚ ਖੀਰ ਜਲੇਬੀਆਂ, ਪੂਰੀਆਂ ਆਦਿ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਾਰਡ ਦੇ ਐਮ.ਸੀ. ਅਵਤਾਰ ਸਿੰਘ ਤਾਰੀ, ਗੁਰਿੰਦਰ ਸਿੰਘ, ਭਰਤ ਕੁਮਾਰ, ਸੋਨੂੰ ਮਾਜ਼ਰੀ, ਜਸਪਾਲ ਕੌਰ, ਗੋਲੂ, ਪਰਮਵੀਰ, ਤਰਲੋਚਨ ਸਿੰਘ, ਸ਼ਮੀਲ ਕੁਰੈਸ਼ੀ, ਹਰਜਿੰਦਰ ਸਿੰਘ, ਹਨੀ ਕੁਮਾਰ, ਪੰਛੀ ਪਟਿਆਲਾ, ਸੁਰਿੰਦਰ ਕੁਮਾਰ, ਹਰਨੇਕ ਮਹਿਲ ਆਦਿ ਵੀ ਮੌਜੂਦ ਸਨ।

# ਆਈਆਈਟੀ ਰੋਪੜ 'ਡਿਜੀਟਲ ਖੇਤੀਬਾੜੀ' ਵਿੱਚ ਪ੍ਰੋਗਰਾਮ ਸ਼ੁਰੂ ਕਰੇਗਾ



ਰੂਪ ਨਗਰ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (ਆਈਆਈਟੀ), ਰੋਪੜ 'ਡਿਜੀਟਲ ਖੇਤੀਬਾੜੀ' ਵਿੱਚ ਇੱਕ ਨਵੇਂ ਪ੍ਰੋਗਰਾਮ ਸ਼ੁਰੂ ਕਰੇਗਾ, ਇਹ ਖੁਲਾਸਾ ਡਾਇਰੈਕਟਰ, ਪ੍ਰੋ. ਰਾਜੀਵ ਆਹੂਜਾ ਨੇ ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਪ੍ਰੋ. ਪੁਸ਼ਪੇਂਦਰ ਪਾਲ ਸਿੰਘ, ਡੀਨ (ਓਪਰੇਸ਼ਨ, ਐਲੂਮਨੀ, ਪਲੇਸਮੈਂਟ ਅਤੇ ਰਣਨੀਤੀ - ਸੀਏਪੀਐਸ) ਵੀ ਇਸ ਮੌਕੇ ਮੌਜੂਦ ਸਨ। ਇਸ ਮੌਕੇ ਪ੍ਰੋ. ਰਾਜੀਵ ਆਹੂਜਾ ਨੇ ਜ਼ੋਰ ਦੇ ਕੇ ਕਿਹਾ ਕਿ ÷ਪੰਜਾਬ ਨੂੰ ਨਵੀਨਤਾ ਵਿੱਚ ਦੇਸ਼ ਦੀ ਅਗਵਾਈ ਕਰਨੀ ਚਾਹੀਦੀ ਹੈ, ਇਸਨੂੰ ਭਾਰਤ ਦਾ ਸਭ ਤੋਂ ਨਵੀਨਤਾਕਾਰੀ ਰਾਜ ਬਣਨਾ ਚਾਹੀਦਾ ਹੈ।÷ ਉਨ੍ਹਾਂ ਨੇ ਸੀਮਾਵਾਂ ਨੂੰ ਅੱਗੇ ਵਧਾਉਣ ਅਤੇ ਖੋਜ, ਨਵੀਨਤਾ ਅਤੇ ਸਵਦੇਸ਼ੀ ਨਿਰਮਾਣ ਨੂੰ ਅੱਗੇ ਵਧਾਉਣ ਦੇ ਆਈਆਈਟੀ ਰੋਪੜ ਦੇ ਮਿਸ਼ਨ ਨੂੰ ਦੁਹਰਾਇਆ।

ਪ੍ਰੋ. ਰਾਜੀਵ ਆਹੂਜਾ ਨੇ ਇਹ ਵੀ ਦੱਸਿਆ ਕਿ ਭਾਰਤ ਲਈ ਆਪਣਾ ਘਰੇਲੂ ਨਿਰਮਾਣ ਵਾਤਾਵਰਣ ਬਣਾਉਣਾ ਅਤੇ ਆਯਾਤ 'ਤੇ ਘੱਟ ਨਿਰਭਰ ਹੋਣਾ ਕਿੰਨਾ ਜ਼ਰੂਰੀ ਹੈ। ਮੀਡੀਆ ਗੱਲਬਾਤ ਵਿੱਚ ਸੰਸਥਾ ਦੀ ਅਗਵਾਈ ਹੇਠ ਕਈ ਮੁੱਖ ਪਹਿਲਕਦਮੀਆਂ 'ਤੇ ਡੂੰਘਾਈ ਨਾਲ ਚਰਚਾ ਕੀਤੀ ਗਈ। ਇਨ੍ਹਾਂ ਵਿੱਚ ਖੇਤੀਬਾੜੀ ਲਈ ਏਆਈ-ਅਧਾਰਤ ਹੱਲ ਵਿਕਸਤ ਕਰਨ 'ਤੇ ਕੇਂਦ੍ਰਿਤ ਐਗਰੀਟੈਕ ਪ੍ਰੋਜੈਕਟ ਸ਼ਾਮਲ ਸਨ। ਰੱਖਿਆ ਤਕਨਾਲੋਜੀ ਦੇ ਖੇਤਰ ਵਿੱਚ, ਇਕੱਠ ਨੂੰ ਆਈਆਈਟੀ ਰੋਪੜ ਦੇ ਸਰਗਰਮ ਡਰੋਨ ਸਿਖਲਾਈ ਪ੍ਰੋਗਰਾਮਾਂ ਦੇ ਨਾਲ-ਨਾਲ ਡਰੋਨ ਨਿਰਮਾਣ ਵਿੱਚ ਵਿਸਤਾਰ ਕਰਨ ਦੀਆਂ ਇਸਦੀਆਂ ਮਹੱਤਵਾਕਾਂਖੀ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਸੰਸਥਾ ਨੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਸਟਾਰਟਅੱਪਸ, ਐਮਐਸਐਮਈ, ਉੱਦਮੀਆਂ ਅਤੇ ਹੋਰ ਈਕੋਸਿਸਟਮ ਹਿੱਸੇਦਾਰਾਂ ਲਈ ਮੁੱਲ ਪੈਦਾ ਕਰਨ ਦੀ ਆਪਣੀ ਵਚਨਬੱਧਤਾ 'ਤੇ ਵੀ ਜ਼ੋਰ ਦਿੱਤਾ।

ਵਿਆਪਕ ਸਿੱਖਿਆ ਸੰਦਰਭ ਦੇ ਸੰਬੰਧ ਵਿੱਚ, ਪ੍ਰੋ. ਆਹੂਜਾ ਨੇ ਦੇਸ਼ ਵਿੱਚ ਇੱਕ ਹੁਨਰਮੰਦ ਕਾਰਜਬਲ ਦੀ ਤੁਰੰਤ ਲੋੜ ਬਾਰੇ ਦੱਸਿਆ। ਉਨ੍ਹਾਂ ਨੇ ਆਈਆਈਟੀ ਰੋਪੜ ਏਆਈ ਮਾਈਨਰ ਕੋਰਸ ਦੇ ਸਫਲਤਾ ਕੋਰਸਾਂ ਦਾ ਜ਼ਿਕਰ ਕੀਤਾ, ਜੋ ਕਿ ਸਾਰੇ ਦੇਸ਼ਾਂ ਵਿੱਚ ਹਰ ਕਿਸੇ ਲਈ ਖੁੱਲ੍ਹਾ ਹੈ।

ਉਨ੍ਹਾਂ ਨੇ ਆਈਆਈਟੀ ਰੋਪੜ ਬੀਐਸਸੀ-ਬੀ.ਐਡ. ਪ੍ਰੋਗਰਾਮ ਬਾਰੇ ਵੀ ਸਾਂਝਾ ਕੀਤਾ, ਜੋ ਕਿ ਭਾਰਤ ਵਿੱਚ 'ਦੁਰਘਟਨਾਤਮਕ ਸਿੱਖਿਆ' ਰੁਝਾਨ ਨੂੰ ਉਲਟਾਉਣ ਦੀ ਪ੍ਰਕਿਰਿਆ ਦੇ ਹਿੱਸੇ ਵਜੋਂ, ਭਾਵੁਕ ਅਤੇ ਚੰਗੀ ਤਰ੍ਹਾਂ ਸਿਖਲਾਈ ਪ੍ਰਾਪਤ ਸਿੱਖਿਅਕਾਂ ਨੂੰ ਸਿਖਲਾਈ ਦੇਣ ਲਈ ਤਿਆਰ ਕੀਤਾ ਗਿਆ ਹੈ। ਆਈਆਈਟੀ ਰੋਪੜ 'ਡਿਜੀਟਲ ਖੇਤੀਬਾੜੀ ਅਤੇ ਏਕੀਕ੍ਰਿਤ ਸਰਕਟ ਡਿਜ਼ਾਈਨ ਅਤੇ ਤਕਨਾਲੋਜੀ' ਵਿੱਚ ਪ੍ਰੋਗਰਾਮ ਸ਼ੁਰੂ ਕਰੇਗਾ। \
ਉਨ੍ਹਾਂ ਨੇ ਸਤਲੁਜ ਦਰਿਆ ਦੇ ਨੇੜੇ ਮਿਲੇ ਟੈਂਟਲਮ ਧਾਤ ਦੇ ਭੰਡਾਰਾਂ ਨੂੰ ਸ਼ਾਮਲ ਕਰਨ ਵਾਲੇ ਇੱਕ ਸਿਵਲ ਇੰਜੀਨੀਅਰਿੰਗ ਖੋਜ ਪ੍ਰੋਜੈਕਟ ਅਤੇ ਆਈਆਈਟੀ ਰੋਪੜ ਵਿਖੇ ਉਦਯੋਗ ਅਕਾਦਮਿਕ ਸਹਿਯੋਗ ਅਤੇ ਨਵੀਨਤਾ ਬਾਰੇ ਵੀ ਖੁਲਾਸਾ ਕੀਤਾ।

# ਅਗਨੀਵੀਰ ਭਰਤੀ ਲਈ ਲਿਖਤੀ ਪੇਪਰ ਦੀ ਤਿਆਰੀ ਲਈ ਨੌਜਵਾਨ ਸੀ-ਪਾਈਟ ਕੈਂਪ ਬੋੜਾਵਾਲ ਸੰਪਰਕ ਕਰਨ

ਬਰਨਾਲਾ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸਿਖਲਾਈ ਅਧਿਕਾਰੀ ਸੀ-ਪਾਈਟ ਕੈਂਪ ਕਾਲਝਰਾਣੀ ਕੈਪਟਨ ਲਖਵਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਏ.ਆਰ.ਓ. ਪਟਿਆਲਾ ਦੀ ਆਰਮੀ ਅਗਨੀਵੀਰ ਭਰਤੀ ਲਈ ਆਨ-ਲਾਈਨ ਲਿਖਤੀ ਪੇਪਰ 30 ਜੂਨ 2025 ਤੋਂ ਸ਼ੁਰੂ ਹੋਣ ਦੀ ਸੰਭਾਵਨਾ ਹੈ ਜਿਸ ਕਰਕੇ ਜ਼ਿਲ੍ਹਾ ਬਰਨਾਲਾ, ਮਾਨਸਾ ਅਤੇ ਸੰਗਰੂਰ ਦੇ ਨੌਜਵਾਨਾਂ ਲਈ ਲਿਖਤੀ ਪੇਪਰ ਦੀ ਤਿਆਰੀ ਦਾ ਆਖਰੀ ਬੈਚ ਸ਼ੁਰੂ ਕਰ ਦਿੱਤਾ ਗਿਆ ਹੈ ।

ਉਹਨਾਂ ਬਰਨਾਲਾ, ਮਾਨਸਾ ਅਤੇ ਸੰਗਰੂਰ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਸੀ-ਪਾਈਟ ਕੈਂਪ ਬੋੜਾਵਾਲ ਵਿਖੇ ਆ ਕੇ ਲਿਖਤੀ ਪੇਪਰ ਦੀ ਤਿਆਰੀ ਕਰਨ । ਉਨ੍ਹਾਂ ਕਿਹਾ ਕਿ ਉਕਤ ਜ਼ਿਲ੍ਹਿਆਂ ਦੇ ਪੂਰਵ ਸਿਖਲਾਈ ਲੈਣ ਦੇ ਚਾਹਵਾਨ ਨੌਜਵਾਨ ਮਿਤੀ 6 ਜੂਨ 2025 ਤੋਂ ਕਿਸੇ ਵੀ ਦਿਨ ਸਵੇਰੇ 09:00 ਵਜੇ ਨਿੱਜੀ ਤੌਰ 'ਤੇ ਸੀ-ਪਾਈਟ ਕੈਂਪ, ਪਿੰਡ ਬੋੜਾਵਾਲ ਜ਼ਿਲ੍ਹਾ ਮਾਨਸਾ ਵਿਖੇ ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਆਨ-ਲਾਈਨ ਅਪਲਾਈ ਕੀਤੇ ਫਾਰਮ ਦੀ ਫੋਟੋ ਕਾਪੀ, ਅਧਾਰ ਕਾਰਡ ਦੀ ਫੋਟੋ ਕਾਪੀ, 02 ਤਾਜ਼ਾ ਪਾਸਪੋਰਟ ਸਾਈਜ਼ ਫੋਟੋ, ਜਾਤੀ ਸਰਟੀਫਿਕੇਟ ਅਤੇ ਰੈਜ਼ੀਡੈਂਸੀ ਸਰਟੀਫਿਕੇਟ ਦੀ ਫੋਟੋ ਕਾਪੀ ਦਸਤਾਵੇਜ਼ ਸਮੇਤ ਨਿੱਜੀ ਤੌਰ 'ਤੇ ਪਹੁੰਚ ਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਹਨਾਂ ਦੱਸਿਆ ਕਿ ਸਿਖਲਾਈ ਦੌਰਾਨ ਨੌਜਵਾਨਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖਾਣਾ ਅਤੇ ਰਿਹਾਇਸ਼ ਮੁਫ਼ਤ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ 98148-50214, 90563-35220 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਟਰੈਵਲ ਏਜੰਸੀ ਦਾ ਲਾਇਸੈਂਸ ਰੱਦ; ਲਾਈਸੈਂਸੀ ਨੇ ਲਾਈਸੈਂਸ ਸਰੰਡਰ ਕਰਨ ਦੀ ਦਿੱਤੀ ਸੀ ਦਰਖਾਸਤ

ਬਰਨਾਲਾ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵਲੋਂ ਪਾਸ ਕੀਤੇ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਰੂਲਜ਼ 2013 ਅਤੇ ਅਮੈਂਡਮੈਂਟ ਰੂਲਜ਼ 2014 ਅਧੀਨ ਟਰੈਵਲ ਏਜੰਸੀ ਅਤੇ ਟਿਕਟਿੰਗ ਏਜੰਟ ਦਾ ਕੰਮ ਕਰਨ ਹਿਤ ਜਾਰੀ ਲਾਇਸੈਂਸ ਮਿਆਦ ਪੁੱਗਣ 'ਤੇ ਰੱਦ ਕੀਤਾ ਗਿਆ ਹੈ। ਇਹ ਲਾਇਸੈਂਸ ਜ਼ਿਲ੍ਹਾ ਮੈਜਿਸਟ੍ਰੇਟ ਬਰਨਾਲਾ ਸ੍ਰੀ ਟੀ ਬੈਨਿਥ ਵਲੋਂ ਜਾਰੀ ਹੁਕਮਾਂ 'ਤੇ ਰੱਦ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਸਬੰਧਤ ਲਾਈਸੈਂਸੀ ਵਲੋਂ ਲਾਈਸੈਂਸ ਸਰੰਡਰ ਕਰਨ ਦੀ ਦਿੱਤੀ ਦਰਖਾਸਤ ਅਤੇ ਐੱਸ ਐੱਸ ਪੀ ਬਰਨਾਲਾ ਵਲੋਂ ਪ੍ਰਾਪਤ ਰਿਪੋਰਟ ਦੇ ਆਧਾਰ 'ਤੇ ਸ੍ਰੀ ਰਿੰਕੂ ਪ੍ਰਿੰਸ ਗੋਇਲ ਪੁੱਤਰ ਸ੍ਰੀ ਕੇਵਲ ਕ੍ਰਿਸ਼ਨ ਗੋਇਲ ਵਾਸੀ 8. No. B-AA-DCC, St. No. 10 2, ਕੇ.ਸੀ ਰੋਡ, ਬਰਨਾਲਾ ਦੇ ਨਾਮ 'ਤੇ ਜਾਰੀ ਫਰਮ M/s ਜੀ. ਟਰੈਵਲ ਵਰਲਡ ਦਾ ਲਾਈਸੈਂਸ ਨੰਬਰ 42/M.A/DM/BNL ਨੂੰ ਨਿਯਮਾਂ ਤਹਿਤ ਰੱਦ ਕੀਤਾ ਹੈ।

# ਆਮਦਨ ਕਰ ਵਿਭਾਗ ਦੇ ਜਾਂਚ ਡਾਇਰੈਕਟੋਰੇਟ ਨੇ ਆਗਾਮੀ ਵਿਧਾਨ ਸਭਾ ਉਪ ਚੋਣਾਂ 'ਚ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਕੀਤੇ ਪੁਖ਼ਤਾ ਪ੍ਰਬੰਧ

ਜਲੰਧਰ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਚੋਣ ਕਮਿਸ਼ਨ ਦੇ ਹੁਕਮਾਂ ਤਹਿਤ ਆਮਦਨ ਕਰ ਵਿਭਾਗ ਦੇ ਜਾਂਚ ਡਾਇਰੈਕਟੋਰੇਟ ਨੇ ਆਗਾਮੀ ਵਿਧਾਨ ਸਭਾ ਉਪ ਚੋਣਾਂ 2025 (64-ਲੁਧਿਆਣਾ ਪੱਛਮੀ) ਵਿੱਚ ਕਾਲੇ ਧਨ ਦੀ ਵਰਤੋਂ ਨੂੰ ਰੋਕਣ ਲਈ ਪੁਖ਼ਤਾ ਪ੍ਰਬੰਧ ਕੀਤੇ ਹਨ।

ਇੰਸਪੈਕਟਰ ਇਨਕਮ ਟੈਕਸ ਇਨਵੈਸਟੀਗੇਸ਼ਨ ਵਿੰਗ ਜਲੰਧਰ ਮਨਵਿੰਦਰਬੀਰ ਸਿੰਘ ਅਸੀਜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਬੰਧ ਵਿੱਚ ਜਾਣਕਾਰੀ/ਸ਼ਿਕਾਇਤਾਂ ਪ੍ਰਾਪਤ ਕਰਨ ਲਈ ਪੰਜਾਬ ਰਾਜ ਲਈ ਇਨਕਮ ਟੈਕਸ ਦਫ਼ਤਰ, ਜਲੰਧਰ ਵਿਖੇ ਇੱਕ ਟੋਲ-ਫ੍ਰੀ ਨੰਬਰ (1800-180-2141) ਅਤੇ ਇੱਕ ਵਟਸਐਪ ਨੰਬਰ (7589166713) ਵਾਲਾ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ, ਜੋ ਕਿ 24 ਘੰਟੇ ਕੰਮ ਕਰਦਾ ਹੈ। ਲੋਕਾਂ ਨੂੰ ਇਸ ਨੰਬਰ 'ਤੇ ਕਾਲ ਕਰਨ ਅਤੇ ਚੋਣ ਪ੍ਰਕਿਰਿਆ ਨੂੰ ਗਲਤ ਢੰਗ ਨਾਲ ਪ੍ਰਭਾਵਿਤ ਕਰਨ ਲਈ ਵਰਤੇ ਜਾਂਦੀ ਨਕਦੀ ਜਾਂ ਹੋਰ ਕੀਮਤੀ ਚੀਜ਼ਾਂ ਨਾਲ ਸਬੰਧਤ ਖਾਸ ਜਾਣਕਾਰੀ ਦੇਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਕਾਲ ਕਰਨ ਵਾਲਿਆਂ ਦੀ ਪਛਾਣ ਗੁਪਤ ਰੱਖੀ ਜਾਵੇਗੀ।

ਜ਼ਿਲ੍ਹੇ ਵਿੱਚ ਉਪ ਚੋਣ ਸਬੰਧੀ ਸ਼ਿਕਾਇਤਾਂ ਦੇ ਨਿਪਟਾਰੇ ਲਈ ਅਧਿਕਾਰੀਆਂ ਅਤੇ ਇੰਸਪੈਕਟਰਾਂ ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਸੂਚਨਾ ਦੀ ਪ੍ਰਮਾਣਿਕਤਾ ਦੇ ਆਧਾਰ 'ਤੇ ਅਤੇ ਜਾਂਚ ਤੋਂ ਬਾਅਦ ਕਾਨੂੰਨ ਅਨੁਸਾਰ ਢੁਕਵੇਂ ਮਾਮਲਿਆਂ 'ਚ ਨਕਦੀ ਆਦਿ ਜ਼ਬਤ ਕਰਨ ਦੀ ਕਾਰਵਾਈ ਕੀਤੀ ਜਾਵੇਗੀ। ਇਹ ਟੀਮਾਂ ਜ਼ਿਲ੍ਹਾ ਚੋਣ ਅਫ਼ਸਰ (ਡੀ.ਈ.ਓ.) ਦੇ ਜ਼ਿਲ੍ਹਾ ਕੰਟਰੋਲ ਰੂਮ ਦੇ ਨਾਲ-ਨਾਲ ਜ਼ਿਲ੍ਹਾ ਪੱਧਰ 'ਤੇ ਹੋਰ ਏਜੰਸੀਆਂ ਨਾਲ ਨਜ਼ਦੀਕੀ ਤਾਲਮੇਲ ਵਿੱਚ ਕੰਮ ਕਰਨਗੀਆਂ। ਚੋਣ ਪ੍ਰਕਿਰਿਆ ਦੌਰਾਨ ਬੇਹਿਸਾਬ ਨਕਦੀ ਦੇ ਪ੍ਰਬੰਧਨ ਵਿੱਚ ਸੰਭਾਵਿਤ ਤੌਰ 'ਤੇ ਸ਼ਾਮਲ ਵਿਅਕਤੀਆਂ, ਸਥਾਨਾਂ ਅਤੇ ਗਤੀਵਿਧੀਆਂ 'ਤੇ ਸਖ਼ਤ ਨਜ਼ਰ ਰੱਖੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਏਅਰ ਇੰਟੈਲੀਜੈਂਸ ਯੂਨਿਟ (AIU) ਪੰਜਾਬ ਰਾਜ ਦੇ ਸਾਰੇ ਹਵਾਈ ਅੱਡਿਆਂ ਦੇ ਨਾਲ-ਨਾਲ ਰਾਜ ਲਈ ਵਪਾਰਕ ਉਡਾਣਾਂ ਦੀ ਸੇਵਾ ਕਰਨ ਵਾਲੇ ਹਵਾਈ ਅੱਡਿਆਂ 'ਤੇ ਕਾਰਜਸ਼ੀਲ ਹੈ। ਇਹ ਯੂਨਿਟ ਹਵਾਈ ਮਾਰਗ ਰਾਹੀਂ ਨਕਦੀ ਦੀ ਆਵਾਜਾਈ 'ਤੇ ਤਿੱਖੀ ਨਜ਼ਰ ਰੱਖ ਰਹੇ ਹਨ। ਇਸੇ ਤਰ੍ਹਾਂ ਰੇਲਵੇ ਰਾਹੀਂ ਨਕਦੀ ਆਦਿ ਦੀ ਆਵਾਜਾਈ 'ਤੇ ਵੀ ਰੇਲਵੇ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਨਿਗਰਾਨੀ ਰੱਖੀ ਜਾ ਰਹੀ ਹੈ।

ਬੈਂਕ ਖਾਤਿਆਂ ਤੋਂ ਇੱਕ ਨਿਸ਼ਚਿਤ ਸੀਮਾ ਤੋਂ ਵੱਧ ਨਕਦੀ ਕਢਵਾਉਣ ਨਾਲ ਸਬੰਧਤ ਜਾਣਕਾਰੀ ਪ੍ਰਾਪਤ ਕੀਤੀ ਜਾ ਰਹੀ ਹੈ ਅਤੇ ਸ਼ੱਕੀ ਲੈਣ-ਦੇਣ ਦੀ ਪਛਾਣ ਕਰਨ ਅਤੇ ਉਚਿਤ ਕਾਰਵਾਈ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ।

ਡਾਇਰੈਕਟੋਰੇਟ ਉਮੀਦਵਾਰਾਂ ਦੀਆਂ ਜਾਇਦਾਦਾਂ ਅਤੇ ਦੇਣਦਾਰੀਆਂ ਨੂੰ ਘੋਸ਼ਿਤ ਕਰਨ ਵਾਲੇ ਹਲਫ਼ਨਾਮਿਆਂ ਦੀ ਵੀ ਜਾਂਚ ਕਰੇਗਾ ਅਤੇ ਜੇਕਰ ਇਸ ਨਾਲ ਸਬੰਧਤ ਕੋਈ ਵੀ ਜਾਣਕਾਰੀ ਛੁਪੀ ਹੋਈ ਹੈ, ਤਾਂ ਉਸ ਦੀ ਸੂਚਨਾ ਚੋਣ ਕਮਿਸ਼ਨ ਨੂੰ ਦਿੱਤੀ ਜਾਵੇਗੀ। ਇਸੇ ਤਰ੍ਹਾਂ ਜੇਕਰ ਉਮੀਦਵਾਰਾਂ ਵੱਲੋਂ ਚੋਣ ਖਰਚੇ ਸਬੰਧੀ ਕੋਈ ਇਤਰਾਜ਼ਯੋਗ ਜਾਣਕਾਰੀ ਇਕੱਠੀ ਕੀਤੀ ਜਾਂਦੀ ਹੈ ਤਾਂ ਉਸ ਦੀ ਸੂਚਨਾ ਚੋਣ ਕਮਿਸ਼ਨ ਨੂੰ ਵੀ ਦਿੱਤੀ ਜਾਵੇਗੀ।

# ਜ਼ਿਆਦਾ ਤਰ ਸੜਕੀ ਹਾਦਸੇ ਸ਼ਰਾਬ ਪੀ ਕੇ ਅਤੇ ਓਵਰਸਪੀਡ ਵਹੀਕਲਜ਼ ਚਲਾਉਣ ਨਾਲ ਵਾਪਰਦੇ ਹਨ:ਇੰਸਪੈਕਟਰ ਰਾਮਕੇਸ

ਪਟਿਆਲਾ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸੜਕ ਸੁਰੱਖਿਆ ਫੋਰਸ ਪਟਿਆਲਾ ਰੇਂਜ ਵਲੋਂ ਏਂ ਡੀ ਜੀ ਪੀ ਟ੍ਰੈਫਿਕ ਏਂ ਐਸ ਰਾਏ ਦੀ ਸਰਪ੍ਰਸਤੀ ਅਤੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ,ਪਾਵਰ ਹਾਊਸ ਯੂਥ ਕਲੱਬ , ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗਵੱਖ ਵੱਖ ਵਹੀਕਲਜ਼ ਉਪਰ ਰਿਫਲੈਕਟਰ ਲਗਾਉਣ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਇੰਸਪੈਕਟਰ ਰਾਮਕੇਸ ਰੇਜ ਅਫ਼ਸਰ ਸੜਕ ਸੁਰੱਖਿਆ ਫੋਰਸ ਪਟਿਆਲਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ,ਮੈਂਬਰ ਜ਼ਿਲ੍ਹਾ ਸਾਝ ਕੇਂਦਰ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਨੇ ਕੀਤੀ, ਵਿਸ਼ੇਸ ਤੌਰ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਹਰਮਨਜੀਤ ਸਿੰਘ ਰੰਧਾਵਾ, ਲੱਕੀ ਹਰਦਾਸਪੁਰ, ਨੇ ਸ਼ਿਰਕਤ ਕੀਤੀ। ਇਸ ਮੌਕੇ ਇੰਸਪੈਕਟਰ ਰਾਮਕੇਸ ਰੇਜ ਅਫ਼ਸਰ ਸੜਕ ਸੁਰੱਖਿਆ ਫੋਰਸ ਪਟਿਆਲਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਪਾਵਰ ਹਾਊਸ ਯੂਥ ਕਲੱਬ ਅਤੇ ਯੂਥ ਫੈਡਰੇਸ਼ਨ ਆਫ ਇੰਡੀਆ ਵਲੋਂ ਵਾਹਨਾਂ ਉਪਰ ਰਫਲੈਕਟਲਰ ਲਗਾਉਣੇ ਪ੍ਰਸੰਸਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਟਿੱਪਰ ਡਰਾਈਵਰ ਨੂੰ ਕਿਹਾ ਕਿ ਉਹੋ ਆਪਣੇ ਟਿੱਪਰ ਓਵਰਲੋਡ ਨਾ ਕਰਨ ਅਤੇ ਓਵਰ ਸਪੀਡ ਨਾਲ ਨਾ ਚਲਾਉਣ ਜੇਕਰ ਇਹਨਾਂ ਦੀ ਉਲੰਘਣਾ ਕੀਤੀ ਤਾਂ ਉਹਨਾਂ ਦੇ ਟਿੱਪਰ ਜ਼ਬਤ ਕੀਤੇ ਜਾਣਗੇ। ਉਹਨਾਂ ਹੋਰਨਾਂ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਕਿ ਉਹੋ ਆਪਣੇ ਦੋ ਪਹੀਆ ਵਾਹਨ ਉਪਰ ਹੈਲਮਟ ਅਤੇ ਚਾਰ ਪਹੀਆ ਵਾਹਨ ਚਲਾਉਂਦੇ ਹੋਏ ਸੀਟ ਬੈਲਟ ਦੀ ਵਰਤੋਂ ਨਾ ਕਰਨਾ ਅਤੇ ਮੋਬਾਇਲ ਫੋਨ ਦੀ ਵਰਤੋਂ ਐਕਸੀਡੈਂਟ ਦਾ ਮੁੱਖ ਕਾਰਨ ਬਣਦੀ ਹੈ, ਇਸ ਲਈ ਵਾਹਨ ਚਾਲਕ ਪੂਰੀ ਸੂਝਬੂਝ ਨਾਲ ਵਾਹਨ ਚਲਾਉਣ ਅਤੇ ਓਵਰਟੇਕ ਨਾ ਕਰਨ, ਸਪੀਡ ਹੌਲੀ ਰੱਖਣ ਅਤੇ ਟਰੈਫਿਕ ਨਿਯਮਾ ਦੀ ਪਾਲਣਾਂ ਕਰਨ। ਉਹਨਾਂ ਕਿਹਾ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਨਾ ਕਰਨ ਵਾਲੇ ਵਿਅਕਤੀਆਂ ਨਾਲ ਸਖ਼ਤੀ ਕੀਤੀ ਜਾਵੇਗੀ ਅਤੇ ਉਹਨਾਂ ਦੇ ਚਲਾਨ ਕੱਟੇ ਜਾਣਗੇ। ਇਸ ਮੌਕੇ 100 ਦੇ ਕਰੀਬ ਟਰੈਕਟਰ ਟਰਾਲੀਆਂ, ਟਿੱਪਰ, ਟਰੱਕ ਅਤੇ ਹੋਰਨਾਂ ਵਹੀਕਲਜ਼ ਉਪਰ ਰਿਫਲੈਕਟਰ ਲਗਾਏ ਗਏ। ਇਸ ਮੌਕੇ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਉਨ੍ਹਾਂ ਦੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵਲੋਂ ਹੁਣ ਤੱਕ ਪਟਿਆਲਾ ਜ਼ਿਲ੍ਹੇ ਵਿੱਚ ਵੱਖ ਵੱਖ ਥਾਵਾਂ ਉਪਰ ਸੜਕ ਸੁਰੱਖਿਆ ਫੋਰਸ ਅਤੇ ਪਟਿਆਲਾ ਟਰੈਫਿਕ ਪੁਲਿਸ ਦੇ ਸਹਿਯੋਗ ਨਾਲ ਹੁਣ ਤੱਕ ਵੱਖ ਵੱਖ ਵਾਹਨਾਂ ਉਪਰ ਤਕਰੀਬਨ 6000 ਤੋਂ ਉੱਪਰ ਰਿਫਲੈਕਟਰ ਲਗਾਏ ਜਾ ਚੁੱਕੇ ਹਨ ਅਤੇ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ।




# ਮਲੇਰੀਆ ਦੀ ਰੋਕਥਾਮ ਸਾਡੀ ਸਭ ਦੀ ਜ਼ਿੰਮੇਵਾਰੀ: ਸਿਵਲ ਸਰਜਨ



ਬਰਨਾਲਾ, 12 ਜੂਨ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਅਤੇ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਨਿਰਦੇਸ਼ਾਂ ਅਨੁਸਾਰ ਜੂਨ ਮਹੀਨੇ ਨੂੰ ਮਲੇਰੀਆ ਵਿਰੋਧੀ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ। ਮਲੇਰੀਆ ਦੀ ਰੋਕਥਾਮ ਸਾਡੀ ਸਭ ਦੀ ਜ਼ਿੰਮੇਵਾਰੀ ਹੈ ਤੇ ਆਪਣਾ ਆਲਾ ਦੁਆਲਾ ਸਾਫ ਰੱਖਕੇ ਸਿਹਤ ਵਿਭਾਗ ਵੱਲੋਂ ਚਲਾਈ ਇਸ ਮੁਹਿੰਮ ਵਿਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਿਵਲ ਸਰਜਨ ਬਰਨਾਲਾ ਡਾ. ਬਲਜੀਤ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਡਾਇਰੈਕਟਰ ਸਿਹਤ ਵਿਭਾਗ ਪੰਜਾਬ ਦੇ ਪੱਤਰ ਅਨੁਸਾਰ ਜ਼ਿਲ੍ਹਾ ਬਰਨਾਲਾ ਅਧੀਨ ਪੈਂਦੇ ਸਰਕਾਰੀ/ ਪ੍ਰਾਈਵੇਟ ਹਸਪਤਾਲਾਂ (ਐਲੋਪੈਥੀ, ਹੋਮਿਓਪੈਥੀ ਅਤੇ ਅਯੁਰਵੈਦਿਕ ) ਵਿੱਚ ਡਾਕਟਰਾਂ ਅਤੇ ਸਟਾਫ਼ ਦੇ ਸਹਿਯੋਗ ਨਾਲ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਅਤੇ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ।

ਡਾ. ਮੁਨੀਸ਼ ਕੁਮਾਰ ਜ਼ਿਲ੍ਹਾ ਐਪੀਡੋਮੋਲੋਜਿਸਟ ਗੁਰਮੇਲ ਸਿੰਘ ਢਿੱਲੋਂ, ਸੁਰਿੰਦਰ ਸਿੰਘ ਸਿਹਤ ਸੁਪਰਵਾਇਜ਼ਰ ਨੇ ਦੱਸਿਆ ਕਿ ਮਲੇਰੀਆ ਐਨਾਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਜੇਕਰ ਤੇਜ਼ ਬੁਖਾਰ ,ਸਿਰ ਦਰਦ, ਉਲਟੀ ਜੀ ਕੱਚਾ ਹੋਣਾ, ਕਾਂਬੇ ਨਾਲ ਬੁਖਾਰ ਹੋਣ ਤੋਂ ਬਾਅਦ ਸਰੀਰ ਦਰਦ ਅਤੇ ਪਸੀਨਾ ਆਉਣਾ ਆਦਿ ਲੱਛਣ ਹੋਣ ਤਾਂ ਤੁਰੰਤ ਖੂਨ ਦੀ ਜਾਂਚ ਅਤੇ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਜੇਕਰ ਮਲੇਰੀਆ ਦਾ ਸਹੀ ਸਮੇਂ ਜਾਂ ਪੂਰਾ ਇਲਾਜ ਨਾ ਕਰਵਾਇਆ ਜਾਵੇ ਤਾਂ ਕਈ ਵਾਰੀ ਖਤਰੇ ਦਾ ਕਾਰਨ ਵੀ ਬਣ ਸਕਦਾ ਹੈ। ਇਹ ਮੱਛਰ ਖੜ੍ਹੇ ਸਾਫ ਪਾਣੀ ਵਿਚ ਪੈਦਾ ਹੁੰਦੇ ਹਨ । ਇਹ ਮੱਛਰ ਰਾਤ ਤੇ ਸਵੇਰ ਵੇਲੇ ਕੱਟਦੇ ਹਨ। ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫਸਰ, ਹਰਜੀਤ ਸਿੰਘ ਜ਼ਿਲ੍ਹਾ ਬੀ ਸੀ ਸੀ ਕੋਆਰਡੀਨੇਟਰ ਨੇ ਦੱਸਿਆ ਕਿ ਮਲੇਰੀਆ ਅਤੇ ਡੇਂਗੂ ਤੋਂ ਬਚਾਅ ਲਈ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਜਾਗਰੂਕਤਾ ਪੈਂਫਲੈਟਸ ਅਤੇ ਸੱਥਾਂ 'ਚ ਗਰੁੱਪ ਮੀਟਿੰਗਾਂ ਕਰਕੇ ਮਲੇਰੀਆ ਤੋਂ ਬਚਾਅ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਘਰਾਂ ਦੇ ਆਲੇ ਦੁਆਲੇ ਛੋਟੇ ਟੋਏ, ਟਾਇਰ ,ਗਮਲੇ, ਖੇਲਾਂ ਅਤੇ ਫਰਿੱਜ ਦੀ ਬੈਕ ਟਰੇਅ ਆਦਿ 'ਚ ਪਾਣੀ ਹਫਤੇ 'ਚ ਇੱਕ ਦਿਨ ਖੁਸ਼ਕ ਦਿਨ ਵਜੋਂ ਮਨਾ ਕੇ ਸੁਕਾਉਣਾ ਚਾਹੀਦਾ ਹੈ।

# ਦਿੱਲੀ ਗੁਰਦੁਆਰਾ ਕਮੇਟੀ ਨੇ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

## ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸਿੱਖਾਂ ਨੂੰ ਸਰਵਉਚ ਤਖ਼ਤ ਦਿੱਤਾ, 52 ਰਾਜੇ ਛੁਡਾਏ: ਕਾਲਕਾ, ਕਾਹਲੋਂ

**ਕੌਮੀ ਪੱਤ੍ਰਿਕਾ**

ਨਵੀਂ ਦਿੱਲੀ, 12 ਜੂਨ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਗੁਰਮਤਿ ਸਮਾਗਮ ਹੋਏ ਜਿਹਨਾਂ ਵਿਚ ਰਾਗੀ ਸਿੰਘਾਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਗੁਰੂ ਨਾਲ ਜੋੜਿਆ। ਮੁੱਖ ਸਮਾਗਮ ਗੁਰਦੁਆਰਾ ਮਜਨੂੰ ਕਾ ਟਿੱਲਾ ਵਿਖੇ ਹੋਇਆ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸਮੂਹ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਦੀ ਲੱਖ-ਲੱਖ ਵਧਾਈ ਅਤੇ ਸੰਗਤਾਂ ਨੂੰ ਗੁਰਸਿੱਖੀ ਜੀਵਨ ਜਾਚ ਨਾਲ ਜੁੜਨ ਲਈ ਪ੍ਰੇਰਿਆ। ਉਹਨਾਂ ਕਿਹਾ ਕਿ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਸਾਨੂੰ ਸਰਵਉਚ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਦਿੱਤਾ ਤੇ ਸਾਨੂੰ ਮੀਰੀ-ਪੀਰੀ ਦੇ ਸਿਧਾਂਤ ਨਾਲ ਜੋੜਿਆ। ਉਹਨਾਂ ਕਿਹਾ ?ਕਿ 400 ਸਾਲਾਂ ਤੋਂ ਇਸ ਤਖ਼ਤ ਨੇ ਹੀ ਸਿੱਖ ਕੌਮ ਦੀ ਅਗਵਾਈ ਕੀਤੀ ਤੇ ਸਮੇਂ-ਸਮੇਂ 'ਤੇ ਆਏ ਸੰਕਟਾਂ ਤੇ ਮਸਲਿਆਂ ਦੇ ਮਾਮਲੇ ਵਿਚ ਸਾਡਾ ਮਾਰਗ ਦਰਸ਼ਨ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕੀਤਾ। ਉਹਨਾਂ ਕਿਹਾ ਕਿ ਇੰਨਾ ਹੀ ਨਹੀਂ ਗੁਰੂ ਸਾਹਿਬ ਨੇ ਗਵਾਲੀਅਰ ਦੇ ਕਿਲ੍ਹੇ ਤੋਂ 52 ਰਾਜਿਆਂ ਨੂੰ ਆਪਣੇ ਨਾਲ ਛੁਡਵਾਇਆ ਜਿਸਨੂੰ ਸਾਰੀ ਸਿੱਖ ਕੌਮ ਬੰਦੀ ਛੋੜ ਦਿਵਸ ਵਜੋਂ ਮਨਾਉਂਦੀ ਹੈ। ਉਹਨਾਂ ਕਿਹਾ ਕਿ ਅੱਜ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਸਿੱਖਾਂ ਦੇ ਪੰਜ ਤਖ਼ਤਾਂ ਵਿਚ ਦੁਬਿਧਾ ਵਾਲੀ ਸਥਿਤੀ ਤੇ ਟਕਰਾਅ ਵਾਲੀ ਸਥਿਤੀ ਬਣੀ ਹੋਈ ਹੈ ਤੇ ਸਿੱਖਾਂ ਦੀ ਸਰਵਉਚ ਸੰਸਥਾ ਸ਼੍ਰੋਮਣੀ ਕਮੇਟੀ ਇਹਨਾਂ ਹਾਲਾਤਾਂ ਨਾਲ ਨਜਿੱਠਣ ਤੇ ਸਮੁੱਚੀ ਕੌਮ ਨੂੰ ਇਕਜੁੱਟ ਕਰਨ ਵਿਚ ਨਾਕਾਮ ਸਾਬਤ ਹੋਈ ਹੈ। ਉਹਨਾਂ ਕਿਹਾ ਕਿ ਬਤੌਰ ਪ੍ਰਬੰਧਕ ਅਸੀਂ ਵੱਡੀ ਦੁਬਿਧਾ ਵਿਚ ਹਾਂ ਕਿ ਕਿਸ ਤਖ਼ਤ ਦਾ ਹੁਕਮ ਮੰਨੀਏ ਤੇ ਕਿਸਦਾ ਨਾ ਮੰਨੀਏ। ਜੇਕਰ ਦਾ ਹੁਕਮ ਮੰਨਦੇ ਹਾਂ ਤਾਂ ਦੂਜਾ ਤਖ਼ਤ ਨਾਰਾਜ਼ ਹੋ ਜਾਂਦਾ ਹੈ। ਉਹਨਾਂ ਕਿਹਾ ਕਿ ਅਸੀਂ ਅਕਾਲ ਪੁਰਖ ਅੱਗੇ ਅਰਦਾਸ ਕਰਦੇ ਹਾਂ ਕਿ ਇਹ ਹਾਲਾਤ ਜਲਦੀ ਤੋਂ ਜਲਦੀ ਖ਼ਤਮ ਹੋਣ ਤੇ ਪੂਰੀ ਕੌਮ ਵਿਚ ਇਕਜੁੱਟਤਾ ਬਣੇ। ਬਾਲਾ ਸਾਹਿਬ ਹਸਪਤਾਲ ਦੀ ਗੱਲ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਕਮੇਟੀ ਦੀ ਮੌਜੂਦਾ ਟੀਮ ਨੇ ਕੋਰੋਨਾ ਕਾਲ ਵਿਚ ਬਾਲਾ ਜੀ ਹਸਪਤਾਲ ਦਾ ਪਹਿਲਾ ਫੇਜ਼ ਸ਼ੁਰੂ ਕੀਤਾ ਸੀ ਜਦੋਂ ਮੁਫਤ ਡਾਇਲਸਿਸ ਦੀ ਸਹੂਲਤ ਦਿੱਤੀ ਗਈ ਸੀ। ਉਹਨਾਂ ਕਿਹਾ ਕਿ ਅੱਜ ਤੱਕ ਲੱਖਾਂ ਲੋਕ ਇਸ ਸਹੂਲਤ ਦਾ ਲਾਭ ਲੈ ਚੁੱਕੇ ਹਨ। ਉਹਨਾਂ ਦੱਸਿਆ ਕਿ ਭਲਕੇ 13 ਜੂਨ ਨੂੰ ਦੂਜੇ ਪੜਾਅ ਤਹਿਤ ਪੂਰੇ ਹਸਪਤਾਲ ਦੀ ਸਹੂਲਤ ਸ਼ੁਰੂ ਕੀਤੀ ਜਾ ਰਹੀ ਹੈ ਤੇ ਸਵੇਰੇ ਸ੍ਰੀ ਆਖੰਡ ਪਾਠ ਦਾ ਭੋਗ ਪੈਣ ਉਪਰੰਤ ਅਰਦਾਸ ਕਰ ਕੇ ਇਸਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਮੌਕੇ ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰਾਖੀ ਗੁਪਤਾ ਅਤੇ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਦਿੱਲੀ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਵੀ ਹਾਜ਼ਰੀ ਭਰਨਗੇ। ਉਹਨਾਂ ਦੱਸਿਆ ਕਿ ਇਸ ਹਸਪਤਾਲ ਵਿਚ ਹਰ ਆਧੁਨਿਕ ਸਹੂਲਤ ਪ੍ਰਦਾਨ ਕੀਤੀ ਗਈ ਹੈ ਤੇ ਸਰਕਾਰੀ ਹਸਪਤਾਲ ਵਾਂਗੂ ਸਸਤੀਆਂ ਇਲਾਜ ਦਰਾਂ 'ਤੇ ਲੋਕਾਂ ਦਾ ਇਲਾਜ ਹੋਵੇਗਾ ਤੇ ਲੋੜਵੰਦਾਂ ਵਾਸਤੇ ਓ ਪੀ ਡੀ ਸਹੂਲਤ ਮੁਫਤ ਹੋਵੇਗੀ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੌਕੇ ਹੁੰਮ ਹੁੰਮਾ ਕੇ ਪਹੁੰਚਣ ਕਿਉਂਕਿ ਇਹ ਬਹੁਤ ਇਤਿਹਾਸਕ ਦਿਹਾੜਾ ਹੈ ਜਦੋਂ ਅਸੀਂ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ ਇਸ ਹਸਪਤਾਲ ਨੂੰ ਸ਼ੁਰੂ ਕਰਨ ਜਾ ਰਹੇ ਹਾਂ।

## ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਹਵਾਈ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ

**ਕੌਮੀ ਪੱਤ੍ਰਿਕਾ**

ਅੰਮ੍ਰਿਤਸਰ, 12 ਜੂਨ । ਦਮਦਮੀ ਟਕਸਾਲ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ



ਗੁਜਰਾਤ ਦੇ ਅਹਿਮਦਾਬਾਦ ਤੋਂ ਲੰਡਨ ਜਾ ਰਹੀ ਏਅਰ ਇੰਡੀਆ ਦੀ ਉਡਾਣ 19 171 ਦੇ ਅਹਿਮਦਾਬਾਦ ਵਿਖੇ ਹੋਏ ਹਵਾਈ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਹਾਦਸਾ ਦਿਲ ਨੂੰ ਗਹਿਰਾ ਸਦਮਾ ਦੇਣ ਵਾਲਾ ਹੈ, ਸਾਡੀਆਂ ਭਾਵਨਾਵਾਂ ਪੀੜਤਾਂ ਦੇ ਪਰਿਵਾਰਾਂ ਅਤੇ ਅਜ਼ੀਜ਼ਾਂ ਨਾਲ ਹਨ। ਉਨ੍ਹਾਂ ਨੇ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਜਪਾ ਦੇ ਪੰਜਾਬ ਅਤੇ ਚੰਡੀਗੜ੍ਹ ਮਾਮਲਿਆਂ ਦੇ ਇੰਚਾਰਜ ਸ੍ਰੀ ਵਿਜੇ ਰੂਪਾਨੀ ਸਮੇਤ ਇਸ ਦੁਖਦਾਈ ਹਾਦਸੇ ਵਿੱਚ ਆਪਣੀਆਂ ਕੀਮਤੀ ਜਾਨਾਂ ਗੁਆਉਣ ਵਾਲੇ ਸਾਰੇ ਯਾਤਰੀਆਂ ਅਤੇ ਹਾਦਸੇ ਦੀ ਲਪੇਟ 'ਚ ਆਏ ਸਥਾਨਕ ਮੈਡੀਕਲ ਕਾਲਜ ਦੇ ਡਾਕਟਰਾਂ ਦੇ ਰਿਹਾਇਸ਼ੀ ਅਤੇ ਹੋਸਟਲ ਇਮਾਰਤ ਵਿੱਚ ਮੌਜੂਦ ਲੋਕਾਂ ਦੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ। ਉਨਾਂ ਹਾਦਸੇ ਦਾ ਸ਼ਿਕਾਰ ਹੋਣ ਵਾਲੇ ਜ਼ਖਮੀਆਂ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਇਸ ਘਟਨਾ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲਿਆਂ ਦੀਆਂ ਆਤਮਾਵਾਂ ਨੂੰ ਸ਼ਾਂਤੀ ਦੇਣ ਅਤੇ ਪੀੜਤਾਂ ਦੇ ਪਰਿਵਾਰਾਂ ਅਤੇ ਉਨ੍ਹਾਂ ਦੇ ਅਜ਼ੀਜ਼ਾਂ ਨੂੰ ਇਸ ਘਾਟੇ ਨੂੰ ਸਹਿਣ ਕਰਨ ਦੀ ਤਾਕਤ ਦੇਣ।

## ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਦਾ ਸਫਲ ਆਯੋਜਨ

ਸੰਗਰੂਰ,12 ਜੂਨ- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਅਤੇ ਭਾਰਤੀ ਖੇਤੀ ਖੋਜ ਪ੍ਰੀਸ਼ਦ, ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪਹਿਲਕਦਮੀ ਅਧੀਨ ਦੇਸ਼ ਵਿਆਪੀ ਵਿਕਸਿਤ ਕ੍ਰਿਸ਼ੀ ਸੰਕਲਪ ਅਭਿਆਨ ਵਿੱਚ ਹਿੱਸਾ ਲੈਂਦਿਆਂ 29 ਮਈ ਤੋਂ 12 ਜੂਨ 2025 ਤੱਕ ਸੰਗਰੂਰ ਜ਼ਿਲ੍ਹੇ ਦੇ 7 ਬਲਾਕਾਂ ਦੇ 100 ਤੋਂ ਵੱਧ ਪਿੰਡਾਂ ਵਿੱਚ ਸਾਉਣੀ ਦੀਆਂ ਫਸਲਾਂ ਦੀਆਂ ਨਵੀਆਂ ਤਕਨੀਕਾਂ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਕਿਸਾਨ ਭਲਾਈ ਸਕੀਮਾਂ ਬਾਰੇ ਕਿਸਾਨ ਵੀਰਾਂ ਅਤੇ ਬੀਬੀਆਂ ਨੂੰ ਜਾਗਰੂਕ ਕੀਤਾ ਗਿਆ। ਨਿਰਦੇਸ਼ਕ ਪਸਾਰ ਸਿੱਖਿਆ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਅਤੇ ਡਾਇਰੈਕਟਰ, ਆਈਸੀਏਆਰ - ਅਟਾਰੀ, ਲੁਧਿਆਣਾ ਦੀ ਰਹਿਨੁਮਾਈ ਹੇਠ ਅਤੇ ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੀ ਯੋਗ ਅਗਵਾਈ ਹੇਠ ਕਿਸਾਨਾਂ ਤੱਕ ਵੱਧ ਤੋਂ ਵੱਧ ਪਹੁੰਚ ਦੇ ਮੰਤਵ ਨਾਲ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਖੇਤੀ ਮਾਹਿਰਾਂ ਦੀਆਂ ਤਿੰਨ ਟੀਮਾਂ ਦਾ ਗਠਨ ਕੀਤਾ ਗਿਆ ਸੀ। ਜਿਸ ਵਿੱਚ ਡਾ. ਗੁਰਬੀਰ ਕੌਰ, ਡਾ. ਰਵਿੰਦਰ ਕੌਰ , ਡਾ. ਸੁਨੀਲ ਕੁਮਾਰ, ਡਾ. ਵਿਤਾਸਤਾ, ਡਾ. ਰੁਕਿੰਦਰ ਪ੍ਰੀਤ ਸਿੰਘ ਧਾਲੀਵਾਲ ਅਤੇ ਮੈਡਮ ਅਮਰਪ੍ਰੀਤ ਕੌਰ ਸ਼ਾਮਲ ਸਨ। ਇਹਨਾਂ ਟੀਮਾਂ ਵੱਲੋਂ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਦੀਆਂ ਪ੍ਰਮਾਨਿਤ ਕਿਸਮਾਂ, ਬਿਜਾਈ ਦੇ ਢੁਕਵੇਂ ਸਮੇਂ, ਸੁਧਰੇ ਕਾਸ਼ਤਕਾਰੀ ਢੰਗ, ਖਾਦਾਂ ਅਤੇ ਕੀਟਨਾਸ਼ਕਾਂ ਦੀ ਸੁਚੱਜੀ ਵਰਤੋਂ, ਮਿੱਟੀ- ਪਾਣੀ ਪਰਖ, ਸਿੰਚਾਈ ਵਾਲੇ ਪਾਣੀ ਦੀ ਬੱਚਤ, ਫ਼ਸਲੀ-ਵਿਭਿੰਨਤਾ, ਖੇਤੀ ਮਸ਼ੀਨਰੀ, ਬਾਗਬਾਨੀ, ਝੋਨੇ ਦੀ ਪਰਾਲੀ ਦਾ ਪ੍ਰਬੰਧਨ, ਗ੍ਰਹਿ ਪ੍ਰਬੰਧ, ਜੈਵਿਕ ਖੇਤੀ, ਐਗਰੋ-ਪ੍ਰੋਸੈਸਿੰਗ ਅਤੇ ਖੇਤੀ ਸਹਾਇਕ ਧੰਦਿਆਂ ਬਾਰੇ ਜਾਣਕਾਰੀ ਦਿੱਤੀ ਗਈ। ਡਾ. ਮਨਦੀਪ ਸਿੰਘ ਨੇ ਕਿਸਾਨ ਵੀਰਾਂ ਅਤੇ ਬੀਬੀਆਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨਾਲ ਜੁੜਣ ਦਾ ਸੱਦਾ ਦਿੱਤਾ ਤਾਂ ਜੋ ਉਹ ਵਿਗਿਆਨਕ ਖੇਤੀ ਦੇ ਲੜ ਲੱਗ ਕੇ ਆਪਣੀ ਖੇਤੀ ਆਮਦਨ ਵਧਾ ਸਕਣ ਅਤੇ ਸੁਚੱਜੀ ਵਿਉਂਤਬੰਦੀ ਕਰਕੇ ਖੇਤੀ ਖਰਚੇ ਘਟਾ ਸਕਣ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੁੱਖ ਮੰਤਰੀ ਸ਼ਹਿਰੀਸਵਾਮਿਤਵ ਯੋਜਨਾ ਦੇ ਲਾਭਕਾਰਾਂ ਨੂੰ ਦਿੱਤਾ ਤੋਹਫਾ

**ਕੌਮੀ ਪੱਤ੍ਰਿਕਾ**

ਚੰਡੀਗੜ੍ਹ, 12 ਜੂਨ- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਮੁੱਖ ਮੰਤਰੀ ਸ਼ਹਿਰੀ ਸਵਾਮਿਤਵ ਯੋਜਨਾ ਦੇ ਲਾਭਕਾਰਾਂ ਨੂੰ ਤੋਹਫਾ ਦਿੰਦੇ ਹੋਏ ਸੂਬੇ ਦੇ ਵੱਖ-ਵੱਖ ਜਿਲ੍ਹਿਆਂ ਦੇ 250 ਯੋਗ ਲਾਭਕਾਰਾਂ ਨੂੰ ਉਨ੍ਹਾਂ ਦੀ ਦੁਕਾਨਾਂ ਦੀ ਰਜਿਸਟਰੀਆਂ ਸੌਂਪੀਆਂ। ਇਸ ਤੋਂ ਪਹਿਲਾਂ ਵੀ ਇਸ ਯੋਜਨਾ ਤਹਿਤ ਸੂਬੇ ਵਿੱਚ ਲਗਭਗ 6 ਹਜਾਰ ਯੋਗ ਲਾਭਕਾਰਾਂ ਨੂੰ ਇਹ ਲਾਭ ਦਿੱਤਾ ਜਾ ਚੁੱਕਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਚਕੂਲਾ ਦੇ ਸੈਕਟਰ-1 ਸਥਿਤ ਲੋਕ ਨਿਰਮਾਣ ਵਿਭਾਗ ਰੈਸਟ ਹਾਊਸ ਵਿੱਚ ਪ੍ਰਬੰਧਿਤ ਮੁੱਖ ਮੰਤਰੀ ਸ਼ਹਿਰੀ ਸਵਾਮਿਤਵ ਯੋਜਨਾ ਤਹਿਤ ਰਜਿਸਟਰੀ ਵੰਡ ਸਮਾਰੋਹ ਵਿੱਚ ਪੂਰੇ ਸੂਬੇ ਤੋਂ ਆਏ ਲਾਭਕਾਰਾਂ ਨੂੰ ਦੁਕਾਨਾਂ ਦੀ ਰਜਿਸਟਰੀ ਸੌਂਪ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਰੈਸਟ ਹਾਊਸ ਪਰਿਸਰ ਵਿੱਚ ਸੂਚਨਾ, ਜਨ ਸੰਪਰਕ ਅਤੇ ਭਾਸ਼ਾ ਵਿਭਾਗ ਵੱਲੋਂ ਸਰਕਾਰ ਦੇ ਪਿਛਲੇ 11 ਸਾਲਾਂ ਦੀ ਉਪਲਬਧੀਆਂ 'ਤੇ ਲਗਾਈ ਗਈ ਪ੍ਰਦਰਸ਼ਨੀ ਦਾ ਉਦਘਾਟਨ ਅਤੇ ਅਵਲੋਕਨ ਕੀਤਾ। ਇਸ ਮੌਕੇ 'ਤੇ ਸੂਚਨਾ, ਜਨ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਨਰਲ ਸ੍ਰੀ ਕੇ.ਐਮ. ਪਾਂਡੂਰੰਗ ਵੀ ਮੌਜੂਦ ਰਹੇ। ਸਮਾਰੋਹ ਨੂੰ ਸੰਬੋਧਿਤ ਕਰਦੇ ਹੋਏ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਦੁਕਾਨਾਂ ਦੀ ਇਹ ਰਜਿਸਟਰੀਆਂ ਸਿਰਫ ਕਾਗਜ਼ ਦਾ ਟੁਕੜਾ ਨਹੀ ਸਗੋ ਉਨ੍ਹਾਂ ਦੇ ਸਪਨਿਆਂ ਦਾ ਭੰਡਾਰ ਹੈ। ਇੰਨ੍ਹਾਂ ਰਜਿਸਟਰੀਆਂ ਵਜੋ ਜੋ ਸੂਰਜ ਉਦੈ ਅੱਜ ਹੋਇਆ ਹੈ, ਉਸ ਦੀ ਰੋਸ਼ਨੀ ਹਰਿਆਣਾ ਦੇ ਹਰ ਘਰ ਤੱਕ ਪਹੁੰਚੇਗੀ। ਸਾਡੀ ਸਰਕਾਰ ਦਾ ਟੀਚਾ ਕੋਈ ਵੀ ਯੋਗ ਨਾਗਰਿਕ ਸਰਕਾਰੀ ਯੋਜਨਾਵਾਂ ਦੇ ਲਾਭ ਤੋਂ ਵਾਂਝਾ ਨਾ ਰਹੇ। ਉਨ੍ਹਾਂ ਨੇ ਕਿਹਾ ਕਿ ਅੱਜ ਅਸੀਂ ਇੱਥੇ ਸਿਰਫ ਕੁੱਝ ਕਾਗਜਾਤ, ਕੁੱਝ ਰਜਿਸਟਰੀਆਂ ਸੌਂਪਣ ਲਈ ਹੀ ਇੱਕਠਾ ਨਹੀਂ ਹੋਏ ਹਨ। ਅਸੀਂ ਇੱਥੇ ਤੁਹਾਡੇ ਸਪਨਿਆਂ ਨੂੰ ਪੰਖ ਦੇਣ ਲਈ, ਤੁਹਾਡੀ ਆਉਣ ਵਾਲੀ ਪੀੜੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਅਤੇ ਤਹਾਨੂੰ ਤੁਹਾਡੀ ਆਪਣੀ ਜਮੀਨ ਦਾ, ਆਪਣੀ ਦੁਕਾਨ ਦਾ ਕਾਨੂੰਨੀ ਰੂਪ ਨਾਲ ਮੌਲਿਕ ਬਨਾਉਣ ਲਈ ਇੱਕਠਾ ਹੋਏ ਹਨ। ਉਨ੍ਹਾਂ ਨੇ ਕਿਹਾ ਕਿ ਸੂਬੇ ਦੇ ਸ਼ਹਿਰਾਂ ਵਿੱਚ ਕਈ ਅਜਿਹੀ ਬਸਤੀਆਂ ਅਤੇ ਕਲੋਨੀਆਂ ਸਨ, ਜਿੱਥੇ ਸਾਲਾਂ ਤੋਂ ਵਸੇ ਪਰਿਵਾਰਾਂ ਦੇ ਕੋਲ ਆਪਣੀ ਸੰਪਤੀ ਦਾ ਮਾਲਿਕਾਨਾ ਹੱਕ ਨਹੀਂ ਸੀ। ਸ਼ਹਿਰਾਂ ਵਿੱਚ ਵੀ ਸਾਡੇ ਭਰਾ-ਭੈਣਾਂ ਇਸ ਸਮਸਿਆ ਨਾਲ ਲੰਬੇ ਸਮੇਂ ਤੋਂ ਜੂਝ ਰਹੇ ਹਨ। ਇਸ ਨੂੰ ਦੇਖਦੇ ਹੋਏ ਸੂਬਾ ਸਰਕਾਰ ਨੇ ਫੈਸਲਾ ਕੀਤਾ ਕਿ 20 ਸਾਲ ਤੋਂ ਵੱਧ ਸਮੇਂ ਤੋਂ ਕਿਰਾਏ ਜਾਂ ਲੀਜ਼ ਅਤੇ ਲਾਇਸੈਂਸ ਫੀਸ 'ਤੇ ਚੱਲ ਰਹੀ ਪਾਲਿਕਾਵਾਂ ਦੀ ਦੁਕਾਨਾਂ ਤੇ ਮਕਾਨਾਂ ਦੀ




ਮਲਕੀਅਤ ਉਨ੍ਹਾਂ 'ਤੇ ਕਾਬਿਜ ਵਿਅਕਤੀਆਂ ਨੂੰ ਹੀ ਦਿੱਤੀ ਜਾਵੇਗੀ। ਇਸੀ ਸੋਚ ਦੇ ਨਾਲ ਸੂਬਾ ਸਰਕਾਰ ਨੇ ਮੁੱਖ ਮੰਤਰੀ ਸ਼ਹਿਰੀ ਸਵਾਮਿਤਵ ਯੋਜਨਾ ਦੀ ਸ਼ੁਰੂਆਤ ਕੀਤੀ। ਸਾਡਾ ਟੀਚਾ ਸਪਸ਼ਟ ਸੀ, ਹਰਿਆਣਾ ਦੇ ਹਰ ਨਾਗਰਿਕ ਨੂੰ, ਚਾਹੇ ਉਹ ਪਿੰਡ ਵਿੱਚ ਰਹਿੰਦਾ ਹੋਵੇ ਜਾਂ ਸ਼ਹਿਰ ਵਿੱਚ, ਉਸ ਨੂੰ ਆਪਣੀ ਸੰਪਤੀ ਦਾ ਪੂਰਾ ਅਤੇ ਨਿਬੀਵਿਵਾਦ ਅਧਿਕਾਰ ਮਿਲੇ। ਅੱਜ ਇੱਥੇ ਜੋ ਸਵਾਮਿਤਵ ਪੱਤਰ ਅਤੇ ਰਜਿਸਟਰੀਆਂ ਸੌਂਪੀਆਂ ਜਾ ਰਹੀਆਂ ਹਨ, ਇਹ ਤੁਹਾਡੇ ਸਵਾਭੀਮਾਨ ਦਾ ਦਸਤਾਵੇਜ ਹੈ, ਇਹ ਤੁਹਾਡੇ ਭਵਿੱਖ ਦੀ ਸੁਰੱਖਿਆ ਗਾਰੰਟੀ ਹੈ ਅਤੇ ਸਾਲਾਂ ਤੋਂ ਚੱਲੇ ਆ ਰਹੇ ਭੂਮੀ ਵਿਵਾਦਾਂ ਦਾ ਅੰਤ ਹੈ। ਮੁੱਖ ਮੰਤਰੀ ਨੇ ਕਿਹਾ ਕਿ ਲਾਲ ਡੋਰੇ ਤਹਿਤ ਪਿੰਡ ਵਿੱਚ ਕਿਸੇ ਤਰ੍ਹਾ ਦੀ ਸੰਪਤੀ ਦਾ ਮਾਲ ਰਿਕਾਰਡ ਨਹੀਂ ਹੋਇਆ ਕਰਦਾ ਸੀ ਅਤੇ ਮਕਾਨ ਜਾਂ ਪਲਾਟ ਦੀ ਖਰੀਦ ਤੇ ਵਿਕਰੀ ਦੇ ਸਮੇਂ ਰਜਿਸਟਰੀ ਨਈਂ ਹੁੰਦੀ ਸੀ। ਅਜਿਹੀ ਸੰਪਤੀ 'ਤੇ ਬੈਂਕ ਤੋਂ ਕਰਜਾ ਵੀ ਨਹੀਂ ਮਿਲਦਾ ਸੀ ਅਤੇ ਮਾਲਿਕਾਨਾ ਹੱਕ 'ਤੇ ਵੀ ਝਗੜੇ ਹੁੰਦੇ ਰਹਿੰਦੇ ਸਨ।ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਇਸ ਦਰਦ ਨੂੰ ਸਮਝਿਆ ਅਤੇ ਸੰਕਲਪ ਲਿਆ ਕਿ ਦੇਸ਼ ਦੇ ਹਰ ਨਾਗਰਿਕ ਨੂੰ ਉਸ ਦੀ ਸੰਪਤੀ ਦਾ ਅਧਿਕਾਰ ਮਿਲਣਾ ਚਾਹੀਦਾ ਹੈ ਅਤੇ ਇਸੀ ਸੰਕਲਪ ਨਾਲ ਸਵਾਮਿਤਵ ਯੋਜਨਾ ਦਾ ਜਨਮ ਹੋਇਆ। ਇਹ ਯੋਜਨਾ ਅੱਜ ਲੱਖਾਂ ਪਰਿਵਾਰਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰ ਯੋਗ ਲਾਭਕਾਰ ਨੂੰ ਉਸ ਦਾ ਹੱਕ ਮਿਲੇ ਇਸ ਦੇ ਲਈ ਸੂਬਾ ਸਰਕਾਰ ਨੇ ਪਿਛਲੇ 11 ਸਾਲਾਂ ਵਿੱਚ ਅਨੇਕ ਕਾਨੂੰਨੀ ਵਿਵਾਦਾਂ ਦਾ ਹੱਲ ਕੀਤਾ ਹੈ।

# ਵਿਜੇ ਰੁਪਾਨੀ ਕੌਣ ਹਨ? ਏਅਰ ਇੰਡੀਆ ਜਹਾਜ਼ ਹਾਦਸੇ ਦੌਰਾਨ ਉਨ੍ਹਾਂ ਦੀ ਚਰਚਾ ਕਿਉਂ ਹੋ ਰਹੀ ਹੈ?

**ਕੌਮੀ ਪੱਤ੍ਰਿਕਾ**

ਅਹਿਮਦਾਬਾਦ, 12 ਜੂਨ। ਤੋਂ ਲੰਡਨ ਗੈਟਵਿਕ ਜਾਣ ਵਾਲੀ ਫਲਾਈਟ 19171 ਅੱਜ ਉਡਾਣ ਭਰਨ



ਤੋਂ ਬਾਅਦ ਹਾਦਸਾਗ੍ਰਸਤ ਹੋ ਗਈ। ਇਹ ਫਲਾਈਟ ਅਹਿਮਦਾਬਾਦ ਤੋਂ ਦੁਪਹਿਰ 1338 ਵਜੇ ਰਵਾਨਾ ਹੋਈ। ਬੋਇੰਗ 787-8 ਜਹਾਜ਼ ਵਿੱਚ 242 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਸਵਾਰ ਸਨ। ਖਾਸ ਗੱਲ ਇਹ ਹੈ ਕਿ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੂਪਾਨੀ ਵੀ ਜਹਾਜ਼ ਵਿੱਚ ਸਵਾਰ ਸਨ। ਉਨ੍ਹਾਂ ਦੇ ਟਿਕਾਣੇ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਵਿਜੇ ਰੂਪਾਨੀ ਗੁਜਰਾਤ ਦੇ 16ਵੇਂ ਮੁੱਖ ਮੰਤਰੀ ਬਣੇ। ਉਨ੍ਹਾਂ ਨੇ 2016 ਤੋਂ 2021 ਤੱਕ ਇਹ ਅਹੁਦਾ ਸੰਭਾਲਿਆ। ਉਹ ਭਾਰਤੀ ਜਨਤਾ ਪਾਰਟੀ ਲਈ ਰਾਜਕੋਟ ਪੱਛਮੀ, ਗੁਜਰਾਤ ਤੋਂ ਵਿਧਾਇਕ ਸਨ। ਇਸ ਤੋਂ ਇਲਾਵਾ, ਉਹ ਭਾਜਪਾ ਤੋਂ ਰਾਜ ਸਭਾ ਮੈਂਬਰ ਵੀ ਰਹਿ ਚੁੱਕੇ ਹਨ। ਵਿਜੇ ਰੂਪਾਨੀ ਆਪਣੀ ਪੜ੍ਹਾਈ ਦੌਰਾਨ ਭਾਜਪਾ ਦੇ ਵਿਦਿਆਰਥੀ ਵਿੰਗ ਏਬੀਵੀਪੀ ਵਿੱਚ ਸ਼ਾਮਲ ਹੋ ਗਏ। ਉਹ 1971 ਵਿੱਚ ਆਰਐਸਐਸ ਨਾਲ ਜੁੜੇ। ਭਾਜਪਾ ਦੇ ਗਠਨ ਤੋਂ ਬਾਅਦ ਵੀ ਉਹ ਪਾਰਟੀ ਨਾਲ ਜੁੜੇ ਰਹੇ। 1976 ਦੀ ਐਮਰਜੈਂਸੀ ਦੌਰਾਨ ਉਨ੍ਹਾਂ ਨੇ 11 ਮਹੀਨੇ ਜੇਲ੍ਹ ਵਿੱਚ ਬਿਤਾਏ। ਉਹ 1996 ਤੋਂ 1997 ਤੱਕ ਰਾਜਕੋਟ ਦੇ ਮੇਅਰ ਰਹੇ। 1998 ਵਿੱਚ ਉਨ੍ਹਾਂ ਨੂੰ ਭਾਜਪਾ ਦੀ ਗੁਜਰਾਤ ਇਕਾਈ ਦਾ ਸਕੱਤਰ ਬਣਾਇਆ ਗਿਆ। ਉਹ 2006 ਵਿੱਚ ਗੁਜਰਾਤ ਟੂਰਿਜ਼ਮ ਦੇ ਚੇਅਰਮੈਨ ਬਣੇ। ਉਹ 2006 ਤੋਂ 2012 ਤੱਕ ਰਾਜ ਸਭਾ ਮੈਂਬਰ ਬਣੇ। ਉਹ 2013 ਵਿੱਚ ਨਰਿੰਦਰ ਮੋਦੀ ਦੇ ਕਾਰਜਕਾਲ ਦੌਰਾਨ ਗੁਜਰਾਤ ਮਿਊਂਸੀਪਲ ਵਿੱਤ ਬੋਰਡ ਦੇ ਚੇਅਰਮੈਨ ਰਹੇ। ਉਨ੍ਹਾਂ 2014 ਵਿੱਚ ਰਾਜਕੋਟ ਪੱਛਮੀ ਤੋਂ ਵਿਧਾਇਕ ਚੋਣ ਜਿੱਤੀ। 2014 ਵਿੱਚ ਆਨੰਦੀਬੇਨ ਪਟੇਲ ਦੀ ਸਰਕਾਰ ਦੌਰਾਨ ਉਨ੍ਹਾਂ ਨੂੰ ਟਰਾਂਸਪੋਰਟ ਮੰਤਰੀ ਬਣਾਇਆ ਗਿਆ। ਉਹ 2016 ਵਿੱਚ ਗੁਜਰਾਤ ਭਾਜਪਾ ਦੇ ਪ੍ਰਧਾਨ ਬਣੇ। ਉਹ 7 ਅਗਸਤ 2016 ਨੂੰ ਗੁਜਰਾਤ ਦੇ ਮੁੱਖ ਮੰਤਰੀ ਬਣੇ। 2017 ਵਿੱਚ, ਭਾਜਪਾ ਨੇ ਗੁਜਰਾਤ ਵਿੱਚ ਚੋਣ ਜਿੱਤੀ ਅਤੇ ਰੂਪਾਨੀ ਨੂੰ ਦੁਬਾਰਾ ਮੁੱਖ ਮੰਤਰੀ ਬਣਾਇਆ ਗਿਆ। ਦੱਸਿਆ ਜਾ ਰਿਹਾ ਹੈ ਕਿ ਰੂਪਾਨੀ ਦੀ ਪਤਨੀ ਅੰਜਲੀ ਰੂਪਾਨੀ ਲੰਡਨ ਵਿੱਚ ਹੈ ਅਤੇ ਮੰਨਿਆ ਜਾ ਰਿਹਾ ਹੈ ਕਿ ਸਾਬਕਾ ਮੁੱਖ ਮੰਤਰੀ ਉਨ੍ਹਾਂ ਨੂੰ ਵਾਪਸ ਲਿਆਉਣ ਗਏ ਸਨ। ਸਾਬਕਾ ਮੰਤਰੀ ਭੂਪੇਂਦਰ ਸਿੰਘ ਚੁਡਾਸਮਾ ਨੇ ਕਿਹਾ ਕਿ ਉਨ੍ਹਾਂ ਦਾ ਗੁਜਰਾਤ ਵਿਦਿਆਪੀਠ ਵਿੱਚ ਇੱਕ ਪ੍ਰੋਗਰਾਮ ਸੀ। ਉੱਥੋਂ ਵਾਪਸ ਆਉਣ ਤੋਂ ਬਾਅਦ ਜਦੋਂ ਉਹ ਦੁਪਹਿਰ ਦਾ ਖਾਣਾ ਖਾ ਰਹੇ ਸਨ ਤਾਂ ਉਨ੍ਹਾਂ ਨੇ ਟੀਵੀ ਚਾਲੂ ਕਰ ਦਿੱਤਾ। ਇਸ ਦੌਰਾਨ ਉਨ੍ਹਾਂ ਨੂੰ ਅਹਿਮਦਾਬਾਦ ਤੋਂ ਲੰਡਨ ਜਾਣ ਵਾਲੀ ਫਲਾਈਟ ਦੇ ਹਾਦਸੇ ਦੀ ਖ਼ਬਰ ਮਿਲੀ। ਉਹ ਚਿੰਤਤ ਹੋ ਗਏ ਕਿਉਂਕਿ ਉਨ੍ਹਾਂ ਨੂੰ ਪਤਾ ਸੀ ਕਿ ਰੂਪਾਨੀ ਇਸ ਫਲਾਈਟ ਵਿੱਚ ਲੰਡਨ ਲਈ ਰਵਾਨਾ ਹੋਣ ਵਾਲੇ ਹਨ। ਹਾਲਾਂਕਿ, ਉਨ੍ਹਾਂ ਨੂੰ ਇਹ ਨਹੀਂ ਪਤਾ ਸੀ ਕਿ ਉਹ ਇਸ ਫਲਾਈਟ ਵਿੱਚ ਹਨ। ਉਨ੍ਹਾਂ ਤੁਰੰਤ ਟੀਵੀ ਬੰਦ ਕਰ ਦਿੱਤਾ ਅਤੇ ਗਾਂਧੀਨਗਰ ਸਥਿਤ ਆਪਣੇ ਘਰ ਪਹੁੰਚ ਗਏ। ਰੁਪਾਨੀ ਦਾ ਸੀਟ ਨੰਬਰ 24 ਦੱਸਿਆ ਜਾ ਰਿਹਾ ਹੈ।

## ਮਾਂ ਦੀ ਬੀਮਾਰੀ ਨੇ ਜਵਾਨ ਪੁੱਤ ਤੋਂ ਮਜ਼ਬੂਰੀ 'ਚ ਕਰਾਇਆ ਇਹ ਕੰਮ

ਗੁਰਦਾਸਪੁਰ 12 ਜੂਨ। ਧਾਰੀਵਾਲ ਪੁਲਸ ਸਟੇਸ਼ਨ ਦੀ ਪੁਲਸ ਨੇ 24 ਘੰਟਿਆਂ ਦੇ ਅੰਦਰ ਮੋਬਾਈਲ ਦੀ ਦੁਕਾਨ ਦੀ ਕੰਧ ਪਾੜ ਕੇ ਅੰਦਰੋਂ ਮੋਬਾਇਲ ਫੋਨ ਅਤੇ ਅਸੈਸਰੀ ਚੋਰੀ ਕਰਨ ਵਾਲੇ ਇੱਕ ਨੌਜਵਾਨ ਨੂੰ ਗ੍ਰਿਫਤਾਰ ਕੀਤਾ । ਚੋਰ ਦੀ ਗ੍ਰਿਫਤਾਰੀ ਸੀਸੀਟੀਵੀ ਫੁਟੇਜ ਅਤੇ ਆਲੇ ਦੁਆਲੇ ਦੇ ਲੋਕਾਂ ਕੋਲੋਂ ਪੁੱਛਗਿੱਛ ਤੋਂ ਬਾਅਦ ਕੀਤੀ ਗਈ। ਹਾਲਾਂਕਿ 20 ਵਰਿਆਂ ਦੇ ਨੌਜਵਾਨ ਚੋਰ ਦੀ ਇਹ ਪਹਿਲੀ ਚੋਰੀ ਹੈ ਤੇ ਪੁਲਸ ਅਨੁਸਾਰ ਚੋਰ ਨੇ ਦੱਸਿਆ ਹੈ ਕਿ ਉਸ ਨੇ ਪਹਿਲੀ ਵਾਰ ਆਪਣੀ ਮਾਂ ਦੀ ਬੀਮਾਰੀ ਦਾ ਇਲਾਜ ਕਰਾਉਣ ਲਈ ਇਹ ਚੋਰੀ ਕੀਤੀ ਹੈ। ਪੁਲਸ ਨੇ ਚੋਰੀ ਦੇ 27 ਮੋਬਾਈਲ ਅਤੇ ਇੱਕ ਸਪੀਕਰ ਵੀ ਚੋਰ ਕੋਲੋਂ ਬਰਾਮਦ ਕੀਤਾ ਹੈ ਜਦਕਿ ਬਾਕੀ ਸਾਮਾਨ ਬਾਰੇ ਪੁੱਛਗਿੱਛ ਜਾਰੀ ਹੈ । ਦੁਕਾਨ ਦੇ ਮਾਲਕ ਗੌਰਵ ਲੂਥਰਾ ਨੇ ਦੱਸਿਆ ਕਿ ਉਸ ਦੀ ਮੋਬਾਇਲ ਰਿਪੇਅਰ ਦੀ ਦੁਕਾਨ ਧਾਰੀਵਾਲ ਦੀ ਨਹਿਰ ਕਿਨਾਰੇ ਹੈ । ਪਰਸੋਂ ਸਵੇਰ ਜਦੋਂ ਉਹ ਦੁਕਾਨ 'ਤੇ ਆਇਆ ਤਾਂ ਉਸ ਨੇ ਦੇਖਿਆ ਕਿ ਦੁਕਾਨ ਦੇ ਅੰਦਰ ਚੋਰੀ ਹੋ ਚੁੱਕੀ ਹੈ। ਰਿਪੇਅਰ ਕਰਨ ਲਈ ਆਏ ਮਹਿੰਗੇ ਮੋਬਾਈਲ ਅਤੇ ਮੋਬਾਇਲ ਅਸੈਸਰੀ ਨਾਲ ਹੋਰ ਕੀਮਤੀ ਸਾਮਾਨ ਅਤੇ ਔਜ਼ਾਰ ਚੋਰੀ ਹੋ ਚੁੱਕੇ ਹਨ। ਚੋਰ ਨੇ ਦੁਕਾਨ ਦੇ ਅੰਦਰ ਕੈਮਰੇ ਤੋੜਨ ਦੀ ਵੀ ਕੋਸ਼ਿਸ਼ ਕੀਤੀ ਪਰ ਉਸ ਦੀ ਤਸਵੀਰ ਕੈਮਰੇ ਵਿੱਚ ਕੈਦ ਹੋ ਗਈ ਸੀ । ਜਿਸ ਦੀ ਸ਼ਿਕਾਇਤ ਉਸ ਨੇ ਧਾਰੀਵਾਲ ਥਾਣੇ ਦੀ ਪੁਲਸ ਨੂੰ ਕੀਤੀ। ਉੱਥੇ ਹੀ ਡੀ.ਐੱਸ.ਪੀ ਕੁਲਵੰਤ ਸਿੰਘ ਨੇ ਦੱਸਿਆ ਕਿ ਸੀਸੀਟੀਵੀ ਫੁਟੇਜ ਅਤੇ ਆਸ ਪਾਸ ਦੇ ਲੋਕਾਂ ਕੋਲੋਂ ਚੋਰ ਬਾਰੇ ਲਏ ਗਏ ਵੇਰਵੇ ਦੇ ਅਧਾਰ 'ਤੇ ਚੋਰ ਦੀ ਪਹਿਚਾਣ ਕਰ ਲਈ ਗਈ ਅਤੇ ਵਿਜੇ ਨਾਮ ਦੇ 20 ਵਰਿਆਂ ਦੇ ਲੁਧਿਆਣਾ ਮੁਹੱਲਾ ਧਾਰੀਵਾਲ ਵਿਖੇ ਰਹਿਣ ਵਾਲੇ ਨੌਜਵਾਨ ਨੂੰ 27 ਮੋਬਾਈਲ ਅਤੇ ਇੱਕ ਸਪੀਕਰ ਸਮੇਤ ਗ੍ਰਿਫਤਾਰ ਕਰ ਲਿਆ ਗਿਆ ਹੈ । ਉਸ ਦੇ ਖਿਲਾਫ ਚੋਰੀ ਦਾ ਪਹਿਲਾਂ ਕੋਈ ਮਾਮਲਾ ਦਰਜ ਨਹੀਂ ਹੈ ਅਤੇ ਉਸ ਦੇ ਕਹਿਣ ਮੁਤਾਬਕ ਉਸ ਨੇ ਇਹ ਚੋਰੀ ਘਰ ਦੀ ਮਜ਼ਬੂਰੀ ਅਤੇ ਆਪਣੀ ਮਾਂ ਦੀ ਬੀਮਾਰੀ ਦੇ ਇਲਾਜ ਕਾਰਨ ਕੀਤੀ ਹੈ।

# ਕੇਂਦਰੀ ਕਰਮਚਾਰੀਆਂ ਨੂੰ ਲੱਗ ਸਕਦਾ ਹੈ ਝਟਕਾ

**ਕੌਮੀ ਪੱਤ੍ਰਿਕਾ**

ਨਵੀਂ ਦਿੱਲੀ, 12 ਜੂਨ। ਕੇਂਦਰ ਸਰਕਾਰ ਨੇ 16 ਜਨਵਰੀ 2025 ਨੂੰ 8ਵੇਂ ਤਨਖਾਹ ਕਮਿਸ਼ਨ ਦੇ ਗਠਨ ਨੂੰ ਮਨਜ਼ੂਰੀ ਦੇ ਦਿੱਤੀ ਹੈ, ਪਰ ਇਸਦਾ ਅਜੇ ਤੱਕ ਰਸਮੀ ਤੌਰ 'ਤੇ ਗਠਨ ਨਹੀਂ ਕੀਤਾ ਗਿਆ ਹੈ। ਨਾ ਤਾਂ ਚੇਅਰਮੈਨ ਅਤੇ ਨਾ ਹੀ ਹੋਰ ਮੁੱਖ ਮੈਂਬਰਾਂ ਦੀ ਨਿਯੁਕਤੀ ਕੀਤੀ ਗਈ ਹੈ। ਇੰਨਾ ਹੀ ਨਹੀਂ, ਅਜੇ ਤੱਕ ਸੰਦਰਭ ਦੀਆਂ ਸ਼ਰਤਾਂ ਨੂੰ ਵੀ ਅੰਤਿਮ ਰੂਪ ਨਹੀਂ ਦਿੱਤਾ ਗਿਆ ਹੈ। ਕੇਂਦਰ ਸਰਕਾਰ ਦੇ 1.2 ਕਰੋੜ ਤੋਂ ਵੱਧ ਕਰਮਚਾਰੀ ਅਤੇ ਪੈਨਸ਼ਨਰ ਅਗਲੇ ਤਨਖਾਹ ਕਮਿਸ਼ਨ ਲਈ ਸੰਦਰਭ ਦੀਆਂ ਸ਼ਰਤਾਂ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ। ਅਜਿਹੀ ਸਥਿਤੀ ਵਿੱਚ, ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ 1 ਜਨਵਰੀ, 2026 ਤੋਂ ਇਸਦੇ ਲਾਗੂ ਹੋਣ ਦੀਆਂ ਉਮੀਦਾਂ ਹੁਣ ਲਗਭਗ ਖਤਮ ਹੋ ਗਈਆਂ ਹਨ। ਜਦੋਂ ਕਿ ਸੱਤਵੇਂ ਤਨਖਾਹ ਕਮਿਸ਼ਨ ਦੀ ਮਿਆਦ 31 ਦਸੰਬਰ 2025 ਨੂੰ ਖਤਮ ਹੋ ਰਹੀ ਹੈ, ਹੁਣ ਕਰਮਚਾਰੀਆਂ ਲਈ ਸਮੇਂ ਸਿਰ ਨਵੇਂ ਤਨਖਾਹ ਸਕੇਲ ਦਾ ਲਾਭ ਪ੍ਰਾਪਤ ਕਰਨਾ ਬਹੁਤ ਮੁਸ਼ਕਲ ਹੈ। ਜੇਕਰ ਅਸੀਂ ਪਿਛਲੇ ਦੋ ਤਨਖਾਹ ਕਮਿਸ਼ਨਾਂ (ਛੇਵੇਂ ਅਤੇ ਸੱਤਵੇਂ) ਦੀ ਪ੍ਰਕਿਰਿਆ 'ਤੇ ਨਜ਼ਰ ਮਾਰੀਏ, ਤਾਂ ਰਿਪੋਰਟ ਤਿਆਰ ਕਰਨ ਅਤੇ ਇਸਨੂੰ ਲਾਗੂ ਕਰਨ ਵਿੱਚ ਔਸਤਨ 2 ਤੋਂ 2.5 ਸਾਲ ਲੱਗੇ। ਛੇਵਾਂ ਤਨਖਾਹ ਕਮਿਸ਼ਨ ਅਕਤੂਬਰ 2006 ਵਿੱਚ ਗਠਿਤ ਕੀਤਾ ਗਿਆ ਸੀ ਅਤੇ ਮਾਰਚ 2008 ਵਿੱਚ ਆਪਣੀ ਰਿਪੋਰਟ ਪੇਸ਼ ਕੀਤੀ ਗਈ ਸੀ। ਇਸਨੂੰ ਅਗਸਤ 2008 ਵਿੱਚ ਮਨਜ਼ੂਰੀ ਦਿੱਤੀ ਗਈ ਸੀ ਅਤੇ 1 ਜਨਵਰੀ 2006 ਤੋਂ ਲਾਗੂ ਕੀਤਾ ਗਿਆ ਸੀ। ਇਸੇ ਤਰ੍ਹਾਂ, 7ਵਾਂ ਤਨਖਾਹ ਕਮਿਸ਼ਨ ਫਰਵਰੀ 2014 ਵਿੱਚ ਗਠਿਤ ਕੀਤਾ ਗਿਆ ਸੀ। ਇਸਨੇ ਨਵੰਬਰ 2015 ਵਿੱਚ ਆਪਣੀ ਰਿਪੋਰਟ ਪੇਸ਼ ਕੀਤੀ। ਇਸਨੂੰ ਜੂਨ 2016 ਵਿੱਚ ਕੈਬਨਿਟ ਦੀ ਪ੍ਰਵਾਨਗੀ ਮਿਲੀ ਅਤੇ 1 ਜਨਵਰੀ 2016 ਤੋਂ ਲਾਗੂ ਕੀਤਾ ਗਿਆ। ਦੋਵਾਂ ਮਾਮਲਿਆਂ ਵਿੱਚ, ਸਿਫ਼ਾਰਸ਼ਾਂ ਪਿਛਲੀ ਤਾਰੀਖ ਤੋਂ ਲਾਗੂ ਹੋ ਗਈਆਂ ਅਤੇ ਬਕਾਇਆ ਰਕਮ ਦਾ ਭੁਗਤਾਨ ਵੀ ਪੜਾਅਵਾਰ ਕੀਤਾ ਗਿਆ। ਇਸ ਵੇਲੇ, 8ਵੇਂ ਤਨਖਾਹ ਕਮਿਸ਼ਨ ਦੀ ਸਥਿਤੀ ਕਾਫ਼ੀ ਅਧੂਰੀ ਹੈ। ਹਾਲਾਂਕਿ ਸਰਕਾਰ ਨੇ 35 ਸਟਾਫ ਅਸਾਮੀਆਂ ਲਈ ਡੈਪੂਟੇਸ਼ਨ ਸਰਕੂਲਰ ਜਾਰੀ ਕੀਤਾ ਹੈ, ਨਾ ਤਾਂ ਚੇਅਰਮੈਨ ਅਤੇ ਨਾ ਹੀ ਮੈਂਬਰਾਂ ਦਾ ਐਲਾਨ ਕੀਤਾ ਗਿਆ ਹੈ। ਨਾਲ ਹੀ, ਸਰਕਾਰ ਟੀਓਆਰ ਨੂੰ ਅੰਤਿਮ ਰੂਪ ਦੇਣ ਵਿੱਚ ਰੁੱਝੀ ਹੋਈ ਹੈ। ਜੇਕਰ ਕਮਿਸ਼ਨ ਹੁਣ 2025 ਦੇ ਅਖੀਰ ਵਿੱਚ ਜਾਂ 2026 ਦੇ ਸ਼ੁਰੂ ਵਿੱਚ ਗਠਿਤ ਹੁੰਦਾ ਹੈ, ਤਾਂ ਰਿਪੋਰਟ 2027 ਜਾਂ 2028 ਤੱਕ ਆ ਜਾਵੇਗੀ ਅਤੇ ਇਸਨੂੰ ਲਾਗੂ ਕਰਨ ਵਿੱਚ ਹੋਰ 6-8 ਮਹੀਨੇ ਲੱਗ ਸਕਦੇ ਹਨ। ਯਾਨੀ, ਨਵੀਆਂ ਸਿਫਾਰਸ਼ਾਂ 2028 ਤੱਕ ਹੀ ਲਾਗੂ ਕੀਤੀਆਂ ਜਾਣਗੀਆਂ। ਹਾਂ, ਜੇਕਰ ਸਰਕਾਰ ਚਾਹੁੰਦੀ ਹੈ, ਤਾਂ ਉਹ ਉਨ੍ਹਾਂ ਨੂੰ 1 ਜਨਵਰੀ, 2026 ਤੋਂ ਪ੍ਰਭਾਵੀ ਬਣਾ ਸਕਦੀ ਹੈ ਅਤੇ ਬਕਾਏ ਦਾ ਭੁਗਤਾਨ ਕਰ ਸਕਦੀ ਹੈ, ਜਿਵੇਂ ਕਿ ਪਿਛਲੀ ਵਾਰ ਕੀਤਾ ਗਿਆ ਸੀ। ਹਾਲਾਂਕਿ, ਇਹ ਪੂਰੀ ਤਰ੍ਹਾਂ ਰਾਜਨੀਤਿਕ ਇੱਛਾ ਸ਼ਕਤੀ ਅਤੇ ਵਿੱਤੀ ਸਥਿਤੀ 'ਤੇ ਨਿਰਭਰ ਕਰੇਗਾ। ਤੁਹਾਨੂੰ ਦੱਸ ਦੇਈਏ ਕਿ ਕਰਮਚਾਰੀ ਸੰਗਠਨਾਂ ਵੱਲੋਂ ਸਰਕਾਰ ਨੂੰ ਸੁਝਾਅ ਦਿੱਤੇ ਗਏ ਹਨ, ਜਿਸ ਵਿੱਚ 5 ਮੈਂਬਰਾਂ ਵਾਲੇ ਪਰਿਵਾਰ ਦੇ ਆਧਾਰ 'ਤੇ ਘੱਟੋ-ਘੱਟ ਤਨਖਾਹ ਤੈਅ ਕਰਨ, ਤਨਖਾਹ ਪੱਧਰਾਂ ਦਾ ਰਲੇਵਾਂ, ਹਰ ਪੰਜ ਸਾਲਾਂ ਬਾਅਦ ਪੈਨਸ਼ਨ ਦੀ ਮਿਆਦ ਵਿੱਚ ਸੋਧ ਅਤੇ 12 ਸਾਲਾਂ ਬਾਅਦ ਕਮਿਊਟਿਡ ਪੈਨਸ਼ਨ ਦੀ ਬਹਾਲੀ ਵਰਗੇ ਮੁੱਦੇ ਸ਼ਾਮਲ ਹਨ। ਇਸ ਤੋਂ ਇਲਾਵਾ, ਕਰਮਚਾਰੀਆਂ ਦੀ ਮੰਗ ਹੈ ਕਿ ਮੂਲ ਤਨਖਾਹ ਵਿੱਚ 50

# ਇੰਤਕਾਲ, ਰਪਟ ਐਂਟਰੀ ਅਤੇ ਫਰਦ ਬਦਰ ਦੀਆਂ ਸੇਵਾਵਾਂ ਵੀ ਹੁਣ ਆਨਲਾਈਨ ਹਾਸਲ ਹੋਣਗੀਆਂ

**ਕੌਮੀ ਪੱਤ੍ਰਿਕਾ**

ਅੰਮ੍ਰਿਤਸਰ, 12 ਜੂਨ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਅੱਜ 'ਈਜ਼ੀ ਜਮ?ਹਾਂਬੰਦੀ'ਪੋਰਟਲ ਦੀ ਸ਼ੁਰੂਆਤ ਕੀਤੀ ਜਿਸ ਨਾਲ ਪੰਜਾਬ ਨੇ ਆਪਣੇ ਨਾਗਰਿਕਾਂ ਨੂੰ ਭ੍ਰਿਸ਼ਟਾਚਾਰ ਮੁਕਤ, ਸੁਚਾਰੂ, ਪ੍ਰੇਸ਼ਾਨੀ ਰਹਿਤ ਅਤੇ ਪਾਰਦਰਸ਼ੀ ਸੇਵਾਵਾਂ ਦੇਣ ਵਿੱਚ ਸਫਲਤਾ ਦਾ ਨਵਾਂ ਮੁਕਾਮ ਹਾਸਲ ਕੀਤਾ ਹੈ। ਦੋਵਾਂ ਆਗੂਆਂ ਨੇ ਕਿਹਾ ਕਿ ਇਸ ਸ਼ੁਰੂਆਤ ਨਾਲ ਮਾਲ ਵਿਭਾਗ ਦੀਆਂ ਪ੍ਰਮੁੱਖ ਸੇਵਾਵਾਂ ਪ੍ਰਦਾਨ ਕਰਨ ਦੀ ਪ੍ਰਕਿਰਿਆ ਵਿੱਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਪੁੱਟਣ ਲਈ ਇੱਕ ਹੋਰ ਇਤਿਹਾਸਕ ਕਦਮ ਚੁੱਕਿਆ ਹੈ। ਇਨ੍ਹਾਂ ਸੇਵਾਵਾਂ ਨਾਲ ਹਰੇਕ ਸਾਲ ਲੱਖਾਂ ਲੋਕਾਂ ਦਾ ਸਿੱਧਾ ਵਾਹ ਪੈਂਦਾ ਹੈ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਪੰਜਾਬ ਨੇ 'ਈਜ਼ੀ ਰਜਿਸਟਰੀ' ਦੀ ਸ਼ੁਰੂਆਤ ਕੀਤੀ ਸੀ,ਜਿਸਦਾ ਉਦੇਸ਼ ਜਾਇਦਾਦ ਦੀ ਰਜਿਸਟਰੀ ਨੂੰ ਸਰਲ ਅਤੇ ਪਾਰਦਰਸ਼ੀ ਬਣਾਉਣਾ ਅਤੇ ਭ੍ਰਿਸ਼ਟਾਚਾਰ ਨੂੰ ਮੁਕੰਮਲ ਤੌਰ 'ਤੇ ਖਤਮ ਕਰਨਾ ਹੈ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਮੋਹਾਲੀ ਵਿੱਚ 'ਈਜ਼ੀ ਰਜਿਸਟਰੀ' ਦਾ ਉਪਰਾਲਾ ਸ਼ੁਰੂ ਕੀਤਾ ਸੀ ਅਤੇ ਇਹ ਲੋਕਾਂ ਲਈ ਵੱਡੀ ਸਫਲਤਾ ਸਾਬਤ ਹੋਇਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਮਹੀਨੇ ਇਸ ਪੂਰੇ ਜ਼ਿਲ੍ਹੇ ਤੋਂ ਭ੍ਰਿਸ਼ਟਾਚਾਰ ਦੀ ਇਕ ਵੀ ਸ਼ਿਕਾਇਤ ਦਰਜ ਨਹੀਂ ਕੀਤੀ ਗਈ ਜੋ ਇਸ ਪਹਿਲਕਦਮੀ ਦੀ ਸ਼ਾਨਦਾਰ ਸਫਲਤਾ ਨੂੰ ਦਰਸਾਉਂਦਾ ਹੈ। ਦੋਵਾਂ ਆਗੂਆਂ ਨੇ ਕਿਹਾ ਕਿ ਇਸ 'ਈਜ਼ੀ ਰਜਿਸਟਰੀ' ਨੂੰ 15 ਜੁਲਾਈ ਤੱਕ ਪੂਰੇ ਪੰਜਾਬ ਵਿੱਚ ਲਾਗੂ ਕਰ ਦਿੱਤਾ ਜਾਵੇਗਾ। ਦੋਵਾਂ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦਾ ਵਾਅਦਾ ਕੀਤਾ ਸੀ ਅਤੇ ਅੱਜ ਇੱਥੋਂ ਸ਼ੁਰੂ ਹੋਈ 'ਈਜ਼ੀ ਜਮ?ਹਾਂਬੰਦੀ' ਪੋਰਟਲ ਦੀ ਇਨਕਲਾਬੀ ਪਹਿਲ ਸਾਡੀ ਸਰਕਾਰ ਦੀ ਇਮਾਨਦਾਰੀ, ਨੇਕ ਨੀਅਤ, ਪਾਰਦਰਸ਼ਤਾ ਅਤੇ ਲੋਕ-ਪੱਖੀ ਉਪਰਾਲਿਆਂ ਨੂੰ ਦਰਸਾਉਂਦੀ ਹੈ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਪੋਰਟਲ ਲੋਕਾਂ ਨੂੰ ਪੰਜ ਮੁੱਖ ਸੇਵਾਵਾਂ ਪ੍ਰਦਾਨ ਕਰੇਗਾ ਜਿਨ੍ਹਾਂ ਵਿੱਚ ਵਟਸਐਪ 'ਤੇ ਜਮ?ਹਾਂਬੰਦੀ ਪ੍ਰਾਪਤ ਕਰਨਾ, ਇੰਤਕਾਲ ਕਰਵਾਉਣ, ਰਪਟ ਐਂਟਰੀ ਅਤੇ ਫਰਦ ਬਦਰ (ਜ਼ਮੀਨ ਰਿਕਾਰਡਾਂ ਵਿੱਚ ਸੁਧਾਰ) ਲਈ ਆਨਲਾਈਨ ਸੇਵਾਵਾਂ ਹਾਸਲ ਹੋਣਗੀਆਂ। ਇਸ ਦਾ ਵਿਸਥਾਰ ਵਿੱਚ ਪ੍ਰਗਟਾਵਾ ਕਰਦਿਆਂ ਉਨ੍ਹਾਂ ਕਿਹਾ ਕਿ ਵਟਸਐਪ ਰਾਹੀਂ ਜਮ?ਹਾਂਬੰਦੀ ਪ੍ਰਾਪਤ ਕਰਨ ਦਾ ਫੈਸਲਾ ਲੋਕਾਂ ਨੂੰ ਵੱਡੇ ਪੱਧਰ 'ਤੇ ਸਹੂਲਤ ਪ੍ਰਦਾਨ ਕਰੇਗਾ ਕਿਉਂਕਿ ਹਰ ਸਾਲ 40 ਲੱਖ ਲੋਕਾਂ ਨੂੰ ਜ਼ਮੀਨੀ ਰਿਕਾਰਡ ਦੀਆਂ ਫਰਦਾਂ (ਜਮ?ਹਾਂਬੰਦੀ) ਪ੍ਰਾਪਤ ਕਰਨ ਲਈ ਜਾਂ ਤਾਂ ਆਪਣੇ ਪਟਵਾਰੀ ਕੋਲ ਗੇੜੇ ਕੱਢਣੇ ਪੈਂਦੇ ਸਨ ਜਾਂ ਫਰਦ ਕੇਂਦਰਾਂ 'ਤੇ ਜਾਣਾ ਪੈਂਦਾ ਸੀ। ਹਾਲਾਂਕਿ, ਦੋਵਾਂ ਆਗੂਆਂ ਨੇ ਕਿਹਾ ਕਿ ਹੁਣ ਜ਼ਮੀਨੀ ਰਿਕਾਰਡ ਲਈ ਪਟਵਾਰੀ ਕੋਲ ਜਾਣ, ਕਤਾਰਾਂ ਵਿੱਚ ਖੜ੍ਹੇ ਹੋਣ ਜਾਂ ਰਿਸ਼ਵਤ ਦੇਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਲੋਕਾਂ ਨੂੰ ਸਿਰਫ਼ 'ਈਜ਼ੀ ਵੈੱਬਸਾਈਟ' 'ਤੇ ਜਾ ਕੇ ਆਪਣੇ ਵੇਰਵੇ ਦਰਜ ਕਰਨੇ ਹਨ ਅਤੇ ਉਨ੍ਹਾਂ ਨੂੰ ਜਮ?ਹਾਂਬੰਦੀ ਦੀ ਕਾਪੀ ਮੁਫ਼ਤ ਵਿੱਚ ਮਿਲ ਜਾਵੇਗੀ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਜਮ?ਹਾਂਬੰਦੀ ਉਪਰ ਡਿਜੀਟਲ ਤੌਰ 'ਤੇ ਦਸਤਖਤ ਹੋਣਗੇ ਅਤੇ ਇਸ ਉਪਰ ਕਿਊ.ਆਰ. ਕੋਡ ਵੀ ਹੋਵੇਗਾ ਜਿਸ ਨਾਲ ਕੋਈ ਵੀ ਜ਼ਮੀਨੀ ਰਿਕਾਰਡ ਦੀ ਤਸਦੀਕ ਕਰਨ ਲਈ ਕਿਊ.ਆਰ. ਕੋਰਡ ਨੂੰ ਸਕੈਨ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਦੇ 99 ਫੀਸਦੀ ਪਿੰਡਾਂ ਦਾ ਜ਼ਮੀਨੀ ਰਿਕਾਰਡ ਡਿਜੀਟਾਈਜ਼ ਕਰ ਦਿੱਤਾ ਹੈ, ਸਾਰੇ ਜ਼ਮੀਨੀ ਰਿਕਾਰਡ ਇਸ ਸੇਵਾ ਰਾਹੀਂ ਪ੍ਰਾਪਤ ਕੀਤੇ ਜਾ ਸਕਦੇ ਹਨ ਅਤੇ ਨਾਲ ਹੀ ਬਾਕੀ ਰਹਿੰਦੇ ਪਿੰਡਾਂ ਨੂੰ ਵੀ ਅਗਲੇ ਦੋ ਮਹੀਨਿਆਂ ਵਿੱਚ ਡਿਜੀਟਾਈਜ਼ ਕਰ ਦਿੱਤਾ ਜਾਵੇਗਾ। ਆਨਲਾਈਨ ਇੰਤਕਾਲ ਸੇਵਾ ਬਾਰੇ ਵੇਰਵੇ ਦਿੰਦੇ ਹੋਏ ਦੋਵਾਂ ਆਗੂਆਂ ਨੇ ਕਿਹਾ ਕਿ ਹਰ ਸਾਲ ਅੱਠ ਲੱਖ ਇੰਤਕਾਲ ਹੁੰਦੇ ਹਨ ਜਿਨ੍ਹਾਂ ਵਿੱਚ 6 ਲੱਖ ਜ਼ਮੀਨ ਦੀ ਰਜਿਸਟਰੀ ਉਪਰੰਤ ਅਤੇ 2 ਲੱਖ ਵਿਰਾਸਤੀ ਇੰਤਕਾਲ ਸ਼ਾਮਲ ਹਨ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਜ਼ਮੀਨ ਖਰੀਦਣ ਜਾਂ ਵਿਰਾਸਤੀ ਜਾਇਦਾਦ ਦੀ ਮਲਕੀਅਤ ਲਈ ਇੰਤਕਾਲ ਵਾਸਤੇ ਮਹੀਨਿਆਂ ਬੱਧੀ ਭੱਜ-ਦੌੜ ਕਰਨੀ ਪੈਂਦੀ ਸੀ ਅਤੇ ਵੱਡੀਆਂ ਰੁਕਾਵਟਾਂ ਖੜ੍ਹੀਆਂ ਹੁੰਦੀਆਂ ਸਨ। ਉਨ੍ਹਾਂ ਕਿਹਾ ਕਿ ਹੁਣ ਪਟਵਾਰੀ ਲੋਕਾਂ ਦੇ ਰਾਹ ਵਿੱਚ ਰੋੜਾ ਨਹੀਂ ਬਣ ਸਕਦੇ ਅਤੇ ਨਾ ਹੀ ਇਸ ਕੰਮ ਲਈ ਕਿਸੇ ਨੂੰ ਰਿਸ਼ਵਤ ਦੇਣ ਦੀ ਲੋੜ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਆਪਣੀ ਜ਼ਮੀਨ ਦੀ ਰਜਿਸਟਰੀ ਕਰਵਾਉਂਦਾ ਹੈ ਤਾਂ ਇਸ ਦਾ ਇੰਤਕਾਲ ਆਪਣੇ ਆਪ 30 ਦਿਨਾਂ ਦੇ ਅੰਦਰ ਹੋ



ਜਾਵੇਗਾ। ਵਿਰਾਸਤੀ ਜ਼ਮੀਨ ਦੇ ਮਾਮਲੇ ਵਿੱਚ ਬਿਨੈਕਾਰ 'ਈਜ਼ੀ ਜਮ?ਹਾਂਬੰਦੀ' ਵੈੱਬਸਾਈਟ 'ਤੇ ਇੰਤਕਾਲ ਲਈ ਆਨਲਾਈਨ ਅਰਜ਼ੀ ਜਮ?ਹਾਂ ਕਰਵਾ ਸਕਦੇ ਹਨ ਅਤੇ 30 ਦਿਨਾਂ ਦੇ ਨਿਰਧਾਰਤ ਸਮੇਂ ਦੇ ਅੰਦਰ ਇੰਤਕਾਲ ਹੋ ਜਾਵੇਗਾ। ਇਸ ਬਾਰੇ ਉਸ ਨੂੰ ਸਮੁੱਚੀ ਪ੍ਰਕਿਰਿਆ ਦੇ ਹਰ ਕਦਮ ਦਾ ਵਟਸਐਪ ਰਾਹੀਂ ਅਪਡੇਟ ਮਿਲੇਗਾ। ਰਪਟ ਐਂਟਰੀ ਬਾਰੇ ਗੱਲ ਕਰਦਿਆਂ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹਰ ਸਾਲ, ਲਗਭਗ 2 ਲੱਖ ਰਪਟ ਐਂਟਰੀਆਂ (ਅਦਾਲਤੀ ਹੁਕਮਾਂ ਜਾਂ ਕਰਜ਼ੇ ਬਾਰੇ ਇੰਦਰਾਜ) ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਹੁਣ ਦਸਤੀ ਪ੍ਰਕਿਰਿਆ ਜਾਂ ਦਫਤਰਾਂ ਦੇ ਝੰਜਟ ਵਿੱਚ ਪੈਣ ਦੀ ਕੋਈ ਲੋੜ ਨਹੀਂ। ਉਨ੍ਹਾਂ ਕਿਹਾ ਕਿ ਹਰ ਕੇਸ ਦਸਤੀ ਕਾਰਵਾਈ ਜਾਂ ਲਾਲ-ਫੀਤਾਸ਼ਾਹੀ ਤੋਂ ਬਿਨਾਂ ਹੀ ਪਟਵਾਰੀ ਤੋਂ ਸਿੱਧਾ ਡਿਜੀਟਲ ਰੂਪ ਵਿੱਚ ਤਬਦੀਲ ਹੋ ਜਾਵੇਗਾ। ਦੋਵਾਂ ਆਗੂਆਂ ਨੇ ਕਿਹਾ ਕਿ ਅਦਾਲਤੀ ਹੁਕਮਾਂ ਲਈ ਇਕ ਦਿਨ ਦੇ ਅੰਦਰ ਅਤੇ ਕਰਜ਼ਿਆਂ ਲਈ ਸੱਤ ਦਿਨਾਂ ਦੇ ਅੰਦਰ ਰਪਟ ਐਂਟਰੀ ਕੀਤੀ ਜਾਵੇਗੀ। ਫਰਦ ਬਦਰ (ਜ਼ਮੀਨ ਰਿਕਾਰਡ ਵਿੱਚ ਸੋਧ) ਬਾਰੇ ਜਾਣਕਾਰੀ ਦਿੰਦਿਆਂ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹਰ ਸਾਲ ਲਗਭਗ 60,000 ਫਰਦ ਬਦਰ (ਰਿਕਾਰਡ ਵਿੱਚ ਸੋਧ) ਬਾਰੇ ਬੇਨਤੀਆਂ ਪ੍ਰਾਪਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਜ਼ਮੀਨੀ ਰਿਕਾਰਡ (ਜਿਵੇਂ ਕਿ ਨਾਮ ਵਿੱਚ ਸੋਧ) ਵਿੱਚ ਗਲਤੀਆਂ ਨੂੰ ਠੀਕ ਕਰਨ ਲਈ ਲੋਕਾਂ ਨੂੰ ਹੁਣ ਸਰਕਾਰੀ ਦਫ਼ਤਰਾਂ ਦੇ ਚੱਕਰ ਲਾਉਣ ਜਾਂ ਤਹਿਸੀਲਦਾਰਾਂ ਦੇ ਰਹਿਮੋ-ਕਰਮ 'ਤੇ ਰਹਿਣ ਦੀ ਲੋੜ ਨਹੀਂ ਪਵੇਗੀ। ਦੋਵਾਂ ਆਗੂਆਂ ਨੇ ਕਿਹਾ ਕਿ ਇਸ ਸਬੰਧੀ ਹੁਣ ਲੋੜੀਂਦੇ ਦਸਤਾਵੇਜ਼ਾਂ ਵਾਲਾ ਸਧਾਰਨ ਫਾਰਮ ਆਨਲਾਈਨ ਜਮ?ਹਾਂ ਕੀਤਾ ਜਾ ਸਕਦਾ ਹੈ ਅਤੇ ਅਰਜ਼ੀ ਦੀ ਪ੍ਰਕਿਰਿਆ 15 ਦਿਨਾਂ ਦੀ ਸਮਾਂ ਸੀਮਾ ਅੰਦਰ ਕੀਤੀ ਜਾਵੇਗੀ ਅਤੇ ਨਾਲ ਹੀ ਇਨ੍ਹਾਂ ਸੇਵਾਵਾਂ ਲਈ ਨਾਮਾਤਰ ਅਰਜ਼ੀ ਫੀਸ ਵੀ ਆਨਲਾਈਨ ਅਦਾ ਕੀਤੀ ਜਾਵੇਗੀ।